ਵੀਰਵਾਰ, 18 ਜੂਨ, 2026
4 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 17

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 18 JUNE, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਭਾਜਪਾ ਦੇ ਮਨਸੂਬੇ ਪਛਾੜ ਦੇਵੇਗਾ ਪੰਜਾਬ : ਧਾਲੀਵਾਲ

## ਸੂਬਾ ਸਕੱਤਰੇਤ ਦੀ ਮੀਟਿੰਗ 'ਚ ਭਖਦੇ ਮਸਲਿਆਂ 'ਤੇ ਵਿਚਾਰਾਂ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**
ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੀ ਸੂਬਾ ਸਕੱਤਰੇਤ ਦੀ ਮੀਟਿੰਗ ਬੀਤੇ ਦਿਨੀਂ ਹੋਈ, ਜਿਸ ਵਿਚ ਸਾਰੇ ਸੂਬਾ ਸਕੱਤਰੇਤ ਮੈਂਬਰ ਹਾਜ਼ਰ ਸਨ। ਮੀਟਿੰਗ ਵਿਚ ਜਿਨ੍ਹਾਂ ਅਹਿਮ ਏਜੰਡਿਆਂ 'ਤੇ ਵਿਚਾਰ-ਵਟਾਂਦਰਾ ਕਰਕੇ ਫੈਸਲੇ ਲਏ ਗਏ, ਉਹਨਾਂ ਵਿਚ ਸਾਲ 2027 ਦੇ ਸ਼ੁਰੂ ਵਿਚ ਪੰਜਾਬ ਵਿਚ ਵਿਧਾਨ ਸਭਾ ਦੀਆਂ ਹੋਣ ਜਾ ਰਹੀਆਂ ਚੋਣਾਂ, ਪੰਜਾਬ ਦੇ ਵੱਖ-ਵੱਖ ਵਰਗਾਂ ਦੇ ਮਸਲੇ, ਪੰਜਾਬ ਨਾਲ ਕੇਂਦਰ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ ਤਹਿਤ ਪਾਣੀਆਂ ਦਾ ਸੁਆਲ, ਚੰਡੀਗੜ੍ਹ 'ਤੇ ਪੰਜਾਬ ਦਾ ਹੱਕ, ਪੰਜਾਬੀ ਭਾਸ਼ਾ 'ਤੇ ਹਮਲਾ, ਬੀ ਬੀ ਐੱਮ ਬੀ ਵਿੱਚੋਂ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨਾ, ਐੱਸ ਆਈ ਆਰ ਰਾਹੀਂ ਵੋਟਾਂ ਕੱਟਣ ਦੀਆਂ ਗੋਂਦਾਂ, ਬੇਰੁਜ਼ਗਾਰੀ, ਅਮਨ-ਕਾਨੂੰਨ ਦੀ ਬੁਰੀ ਤਰ੍ਹਾਂ ਨਿੱਘਰ ਚੁੱਕੀ ਸਥਿਤੀ, ਮੁਕਤ ਵਪਾਰ ਸਮਝੌਤੇ ਰਾਹੀਂ ਕਿਸਾਨੀ ਖਾਸ ਕਰ ਪੰਜਾਬ ਦੇ ਕਿਸਾਨਾਂ 'ਤੇ ਪੈਣ ਵਾਲੇ ਤਬਾਹਕੁਨ ਪ੍ਰਭਾਵ, ਨਸ਼ਿਆਂ ਦਾ ਪ੍ਰਕੋਪ, ਇਸੇ ਤਰ੍ਹਾਂ ਮਜ਼ਦੂਰ-ਵਿਰੋਧੀ ਚਾਰ ਲੇਬਰ ਕੋਡਜ਼, ਫਿਰਕਾਪ੍ਰਸਤੀ ਕੰਟਰੈਕਟ/ਆਊਟ ਸੋਰਸ ਸਿਸਟਮ ਰਾਹੀਂ ਮਜ਼ਦੂਰਾਂ ਦਾ ਆਰਥਕ ਸੋਸ਼ਣ, ਨਰੇਗਾ ਖਤਮ ਕਰਨਾ, ਮੁਲਾਜ਼ਮਾਂ ਦਾ 18 ਫੀਸਦੀ ਡੀ ਏ ਨਾ ਦਿੱਤਾ ਜਾਣਾ, ਦੂਸਰੇ ਸੂਬਿਆਂ ਵਾਂਗ ਪੰਜਾਬ ਵਿਚ ਵੀ ਭਾਜਪਾ ਵੱਲੋਂ ਚੋਣਾਂ ਵਿਚ ਵਰਤੇ ਜਾਣ ਵਾਲੇ ਸੰਭਾਵੀ ਖਤਰਨਾਕ ਤਰੀਕੇ ਆਦਿ ਸ਼ਾਮਲ ਸਨ।

ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਇਨ੍ਹਾਂ ਮੁੱਦਿਆਂ 'ਤੇ ਹੋਈ ਚਰਚਾ ਅਤੇ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਵੇਂ ਪਹਿਲਾਂ ਹੀ ਇਨ੍ਹਾਂ ਮਸਲਿਆਂ ਨੂੰ ਲੈ ਕੇ ਸਮੁੱਚੇ ਪੰਜਾਬ ਦੇ ਜ਼ਿਲਿਆਂ ਅਤੇ ਵੱਡੇ ਸ਼ਹਿਰਾਂ ਵਿਚ ਲੋਕਾਂ ਨੂੰ ਜਾਗਰੂਕ ਕਰਨ ਲਈ ਪਾਰਟੀ ਵੱਲੋਂ ਕਨਵੈਨਸ਼ਨਾਂ ਕਰਨ ਦੇ ਦਿੱਤੇ ਸੱਦੇ ਤਹਿਤ 12 ਜ਼ਿਲ੍ਹਿਆਂ ਵਿਚ ਸਫਲ ਕਨਵੈਨਸ਼ਨਾਂ ਕੀਤੀਆਂ ਜਾ ਚੁੱਕੀਆਂ ਹਨ ਅਤੇ ਬਾਕੀ ਰਹਿੰਦੇ ਜ਼ਿਲ੍ਹਿਆਂ ਵੱਲੋਂ ਵੀ ਕਨਵੈਨਸ਼ਨਾਂ ਦੀਆਂ ਤਰੀਕਾਂ ਤੈਅ ਕੀਤੀਆਂ ਜਾ ਰਹੀਆਂ ਹਨ, ਜਿਸ ਤੋਂ ਬਾਅਦ ਅਗਲੀਆਂ ਸਰਗਰਮੀਆਂ ਦੀ ਰੂਪ-ਰੇਖਾ ਤਿਆਰ ਕਰਕੇ ਲੋਕ ਲਾਮਬੰਦੀ ਕਰਦੇ ਹੋਏ ਸੰਘਰਸ਼ ਜਾਰੀ ਰੱਖਿਆ ਜਾਵੇਗਾ।

ਸਕੱਤਰੇਤ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਮੋਦੀ ਸਰਕਾਰ ਵੱਲੋਂ ਦੇਸ਼ ਵਿਚ ਫਿਰਕਾਪ੍ਰਸਤ ਤਾਕਤਾਂ ਨੂੰ ਜਿਵੇਂ ਖੁੱਲ੍ਹੀ ਛੁੱਟੀ ਦਿੱਤੀ ਹੋਈ ਹੈ, ਉਸ ਦਾ ਹੀ ਸਿੱਟਾ ਹੈ ਕਿ ਦੇਸ਼ ਵਿਚ ਘੱਟ-ਗਿਣਤੀਆਂ ਪ੍ਰਤੀ ਖਾਸ ਕਰ ਮੁਸਲਿਮ ਭਾਈਚਾਰੇ ਵਿਰੁੱਧ ਨਫ਼ਰਤ ਦਾ ਮਾਹੌਲ ਪੈਦਾ ਕਰ ਦਿੱਤਾ ਗਿਆ ਹੈ, ਉਹਨਾਂ ਦੇ ਧਾਰਮਿਕ ਸਥਾਨਾਂ ਨੂੰ ਮਨਮਰਜ਼ੀ ਦੇ ਤਰੀਕੇ ਨਾਲ ਵਿਵਾਦਤ ਦੱਸ ਕੇ ਹਿੰਦੂ-ਮੁਸਲਮਾਨਾਂ ਵਿਚ ਝਗੜੇ ਕਰਵਾਏ ਜਾ ਰਹੇ ਹਨ ਅਤੇ ਫਿਰਕੂ ਧਰੁਵੀਕਰਨ ਕੀਤਾ ਜਾ ਰਿਹਾ ਹੈ, ਨਫਰਤੀ ਪ੍ਰਚਾਰ ਜ਼ੋਰ-ਸ਼ੋਰ ਨਾਲ ਜਾਰੀ ਹੈ, ਜਿਸ ਨਾਲ ਧਾਰਮਿਕ ਘੱਟ-ਗਿਣਤੀ ਭਾਈਚਾਰੇ ਵਿਚ ਡਰ ਅਤੇ ਸਹਿਮ ਦਾ ਮਹੌਲ ਸਿਰਜਿਆ ਜਾ ਰਿਹਾ ਹੈ।

ਸੰਵਿਧਾਨਕ ਸੰਸਥਾਵਾਂ ਦੀ ਨਿਰਪੱਖਤਾ ਨੂੰ ਖਤਮ ਕਰਕੇ ਪੂਰੀ ਤਰ੍ਹਾਂ ਬੀਜੇਪੀ ਦੀਆਂ ਸੰਸਥਾਵਾਂ ਬਣਾ ਦਿੱਤਾ ਗਿਆ ਹੈ। ਚੋਣ ਕਮਿਸ਼ਨ ਦੀ ਭੂਮਿਕਾ ਬੇਹੱਦ ਇਕਪਾਸੜ ਹੋ ਚੁੱਕੀ ਹੈ। ਐੱਸ ਆਈ ਆਰ ਦੇ ਬਹਾਨੇ ਵਿਰੋਧੀਆਂ ਦੀਆਂ ਵੱਡੇ ਪੱਧਰ 'ਤੇ ਵੋਟਾਂ ਕੱਟੀਆਂ ਜਾ ਰਹੀਆਂ ਹਨ, ਜਿਵੇਂ ਪਹਿਲਾਂ ਯੂ ਪੀ, ਮਹਾਰਾਸ਼ਟਰ, ਬਿਹਾਰ ਤੇ ਬੰਗਾਲ ਵਿਚ 25 ਤੋਂ 30 ਫੀਸਦੀ ਤੱਕ ਵੋਟਾਂ ਕੱਟੀਆਂ ਗਈਆਂ। ਹੁਣ ਪੰਜਾਬ ਵਿਚ 37 ਲੱਖ ਵੋਟਾਂ ਕੱਟਣ ਦਾ ਰਾਹ ਪੱਧਰਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਨਿਆਂ ਪਾਲਿਕਾ ਦੀ ਗਰਿਮਾ ਨੂੰ ਵੀ ਕਾਫੀ ਹੱਦ ਤੱਕ ਢਾਹ ਲੱਗ ਚੁੱਕੀ ਹੈ। ਅਦਾਲਤਾਂ ਦੇ ਅਨੇਕਾਂ ਫੈਸਲਿਆਂ 'ਤੇ ਸੁਆਲ ਉਠ ਰਹੇ ਹਨ। ਕੇਂਦਰ ਵਲੋਂ ਰਾਜਾਂ ਦੀ ਸੰਘੀ ਘੁੱਟ ਕੇ ਫੈਡਰਲ ਢਾਂਚੇ ਨੂੰ ਤਹਿਸ-ਨਹਿਸ ਕੀਤਾ ਜਾ ਰਿਹਾ ਹੈ। ਈ ਡੀ, ਸੀ ਬੀ ਆਈ, ਐੱਨ ਆਈ ਏ ਵਰਗੀਆਂ ਏਜੰਸੀਆਂ ਦੀ ਵਰਤੋਂ ਖੁੱਲ੍ਹੇਆਮ ਵਿਰੋਧੀ ਪਾਰਟੀਆਂ ਨੂੰ ਅਤੇ ਲੋਕ-ਪੱਖੀ ਆਗੂਆਂ ਨੂੰ ਦਬਾਉਣ ਲਈ ਕੀਤੀ ਜਾ ਰਹੀ ਹੈ। ਪੰਜਾਬ ਵਿਚ ਜਲਦੀ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਨੂੰ ਵੀ ਭਾਜਪਾ ਬੰਗਾਲ, ਬਿਹਾਰ ਵਾਂਗ ਜਿੱਤਣ ਦੀਆਂ ਵਿਉਂਤਬੰਦੀਆਂ ਕਰ ਰਹੀ ਹੈ। ਹੰਕਾਰ ਨਾਲ ਸੱਦਾ ਦੇ ਰਹੀ ਹੈ ਕਿ ਬੰਗਾਲ ਤੋਂ ਬਾਅਦ ਹੁਣ ਪੰਜਾਬ ਦੀ ਵਾਰੀ ਹੈ। ਇਸ ਤਰ੍ਹਾਂ ਦੀ ਭਾਸ਼ਾ ਖਤਰਨਾਕ ਹਾਲਾਤ ਪੈਦਾ ਕਰਨ ਦੇ ਸੰਕੇਤ ਦਿੰਦੀ ਹੈ। ਕਮਿਊਨਿਸਟ ਪਾਰਟੀ ਅਜਿਹੇ ਮਹੌਲ ਪ੍ਰਤੀ ਲੋਕਾਂ ਨੂੰ ਮੰਦੇ ਮਨਸੂਬਿਆਂ ਤੋਂ ਸੁਚੇਤ ਕਰ ਰਹੀ ਹੈ ਅਤੇ ਪੰਜਾਬ ਬਾਰੇ ਕੋਈ ਭਰਮ ਪਾਲਣ ਵਾਲਿਆਂ ਨੂੰ ਦੱਸਣਾ ਚਾਹੁੰਦੀ ਹੈ ਕਿ ਇਹ ਸੂਬਾ ਬੰਗਾਲ ਜਾਂ ਬਿਹਾਰ ਨਹੀਂ, ਇਥੋਂ ਦੇ ਲੋਕ ਨਫ਼ਰਤ ਦੇ ਬੀਜ ਬੀਜਣ ਵਾਲਿਆਂ ਨੂੰ ਚੰਗੀ ਤਰ੍ਹਾਂ ਪਛਾੜਦੇ ਹਨ। ਅਜੇ ਹੁਣੇ ਹੁਣੇ ਹੋਈਆਂ ਨਗਰ ਨਿਗਮ, ਨਗਰ ਪਾਲਿਕਾ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਵਿਚ ਭਾਜਪਾ ਦੇ 1100 ਤੋਂ ਵੱਧ ਉਮੀਦਵਾਰਾਂ ਦੀਆਂ ਜ਼ਮਾਨਤਾਂ ਜ਼ਬਤ ਕਰਵਾ ਕੇ ਸ਼ੀਸ਼ਾ

• ਬਾਕੀ ਸਫਾ 2 'ਤੇ

# ਐਡਵੋਕੇਟ ਰਜਿੰਦਰ ਮੰਡ ਦਾ 57 ਸਾਲ ਦੀ ਉਮਰ 'ਚ ਦੇਹਾਂਤ

**ਜਲੰਧਰ (ਗਿਆਨ ਸੈਦਪੁਰੀ, ਸ਼ੈਲੀ ਐਲਬਰਟ)**
'ਨਵਾਂ ਜ਼ਮਾਨਾ' ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਜਲੰਧਰ ਦੇ ਟਰੱਸਟੀ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਮੈਂਬਰ ਐਡਵੋਕੇਟ ਰਜਿੰਦਰ ਸਿੰਘ ਮੰਡ ਨਹੀਂ ਰਹੇ। ਇਸ ਬੇਹੱਦ ਦੁਖਦਾਈ ਖ਼ਬਰ ਨਾਲ ਕਮਿਊਨਿਸਟ, ਅਗਾਂਹਵਧੂ ਅਤੇ ਵਕਾਲਤੀ ਸਫ਼ਾਂ ਅੰਦਰ ਸੰਨਾਟਾ ਛਾ ਗਿਆ ਹੈ। ਉਹ ਕੁਝ ਸਮੇਂ ਤੋਂ ਬਿਮਾਰ ਸਨ। ਕੁਝ ਦਿਨ ਪਹਿਲਾਂ ਉਨ੍ਹਾ ਨੂੰ ਜਲੰਧਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਸੀ। ਸਿਹਤ ਵਿੱਚ ਸੁਧਾਰ ਨਾ ਹੁੰਦਾ ਵੇਖ ਕੇ ਉਨ੍ਹਾ ਨੂੰ ਡੀ ਐੱਮ ਸੀ ਲੁਧਿਆਣਾ ਲਿਜਾਇਆ ਗਿਆ, ਉੱਥੇ ਉਨ੍ਹਾ ਬੁੱਧਵਾਰ ਤੜਕੇ ਇੱਕ ਵਜੇ ਆਖ਼ਰੀ ਸਾਹ ਲਿਆ। ਉਸ ਵੇਲੇ ਉਨ੍ਹਾ ਦੀ ਜੀਵਨ ਸਾਥਣ ਹਰਦੀਪ ਕੌਰ ਮੰਡ ਤੇ ਬੇਟਾ ਮਨਰਾਜ ਮੰਡ ਉਨ੍ਹਾ ਦੇ ਕੋਲ ਸਨ।

ਐਡਵੋਕੇਟ ਰਜਿੰਦਰ ਮੰਡ ਤੇ ਉਨ੍ਹਾ ਦੇ ਪਰਵਾਰ ਨੇ ਲੰਘੀ 5 ਜੂਨ ਨੂੰ ਆਪਣੇ ਪਿਤਾ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦਾ ਸਿਮਰਤੀ ਸਮਾਗਮ ਮਨਾਇਆ ਸੀ। ਸਮਾਗਮ ਉਪਰੰਤ ਐਡਵੋਕੇਟ ਮੰਡ ਆਪਣੇ ਸੰਗੀ-ਸਾਥੀਆ ਨਾਲ ਸਲਾਹ-ਮਸ਼ਵਰੇ ਕਰਦੇ ਰਹੇ ਕਿ ਅਗਲਾ ਸਿਮਰਤੀ ਸਮਾਗਮ ਇਸ ਤਰ੍ਹਾਂ ਮਨਾਇਆ ਜਾਵੇ ਕਿ ਇਹ ਸਮਾਜੀ, ਸਿਆਸੀ ਤੇ ਹੋਰ ਮੁੱਦਿਆਂ 'ਤੇ ਇੱਕ ਯਾਦਗਾਰੀ ਸੰਵਾਦ ਰਚਾਉਂਦਾ ਹੋਇਆ ਸਫ਼ਲ ਸੈਮੀਨਾਰ ਹੋ ਨਿੱਬੜੇ। ਐਡਵੋਕੇਟ ਸ਼ੁਗਲੀ 5 ਜੂਨ 2025 ਨੂੰ ਸਦੀਵੀ ਵਿਛੋੜਾ ਦੇ ਗਏ ਸਨ। 15 ਜੂਨ 2025 ਨੂੰ ਮੰਡ ਹੁਰਾਂ ਨੇ ਆਪਣੇ ਪਿਤਾ ਦੀ ਯਾਦ ਵਿੱਚ ਕਰਵਾਏ ਸਮਾਗਮ ਨੂੰ 'ਜ਼ਿੰਦਗੀ ਦਾ ਜਸ਼ਨ' ਨਾਂਅ ਦਿੱਤਾ ਸੀ। ਇਹ ਕਿਸੇ ਦੇ ਵੀ ਚਿੱਤ-ਚੇਤੇ ਨਹੀਂ ਸੀ ਕਿ ਇੱਕ ਸਾਲ ਬਾਅਦ ਉਹ (ਮੰਡ) ਸਭ ਨੂੰ ਰੋਂਦਿਆਂ-ਕੁਰਲਾਂਦਿਆਂ ਛੱਡ ਜਾਣਗੇ।



29 ਜੂਨ 1969 ਨੂੰ ਪੈਦਾ ਹੋਏ ਰਜਿੰਦਰ ਸਿੰਘ ਮੰਡ ਬਹੁਪੱਖੀ ਸ਼ਖਸੀਅਤ ਸਨ। ਉਹ ਕਈ ਖੇਤਰਾਂ ਵਿੱਚ ਸਰਗਰਮ ਰਹਿ ਕੇ ਆਪਣੀ ਨਿਵੇਕਲੀ ਪਛਾਣ ਬਣਾ ਗਏ। ਉਹ 1991 ਤੋਂ 1993 ਤੱਕ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਦੇ ਜਨਰਲ ਸਕੱਤਰ ਰਹੇ।

ਅੱਜ ਉਨ੍ਹਾ ਦੇ ਪਿੰਡ ਮੰਡ ਮੌੜ ਵਿਖੇ ਬਹੁਤ ਸਾਰੇ ਲੋਕ ਮਾਤਾ ਮਹਿੰਦਰ ਕੌਰ ਅਤੇ ਪਤਨੀ ਨਾਲ ਦੁੱਖ ਸਾਂਝਾ ਕਰਨ ਪਹੁੰਚੇ। 'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ, ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਪ੍ਰੈੱਸ ਕਲੱਬ ਜਲੰਧਰ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਥਾਪਾ, ਉੱਘੇ ਬੁੱਧੀਜੀਵੀ ਸਤਨਾਮ ਚਾਨਾ, ਸੰਤੋਸ਼ ਬਰਾੜ ਤੋਂ ਇਲਾਵਾ ਵਕੀਲ ਭਾਈਚਾਰਾ ਤੇ ਰਿਸ਼ਤੇਦਾਰਾਂ ਨੇ ਮਾਤਾ ਜੀ ਅਤੇ ਪਤਨੀ ਹਰਦੀਪ ਕੌਰ ਮੰਡ ਨਾਲ ਦੁੱਖ ਸਾਂਝਾ ਕੀਤਾ। ਇਸੇ ਦੌਰਾਨ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ, ਸਾਬਕਾ ਸੂਬਾ ਸਕੱਤਰ ਬੰਤ ਸਿੰਘ ਬਰਾੜ, ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ, ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਕਾਮਰੇਡ ਜਗਰੂਪ, ਸੀ ਪੀ ਆਈ ਜ਼ਿਲ੍ਹਾ ਮੋਗਾ ਦੇ ਸਕੱਤਰ ਕੁਲਦੀਪ ਭੋਲਾ, ਮਨਰੇਗਾ ਮਜ਼ਦੂਰ ਯੂਨੀਅਨ ਦੇ ਆਗੂ ਕਸ਼ਮੀਰ ਗਦਾਈਆ, ਗੁਲਜ਼ਾਰ ਸਿੰਘ ਗੋਰੀਆ ਜਨਰਲ ਸਕੱਤਰ ਭਾਰਤੀ ਖੇਤ ਮਜ਼ਦੂਰ ਯੂਨੀਅਨ, ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਬਲਦੇਵ ਸਿੰਘ ਨੂਰਪੁਰੀ, ਸਵਰਨ ਸਿੰਘ ਟਹਿਣਾ, ਕੁਲ ਹਿੰਦ ਕਿਸਾਨ ਸਭਾ ਦੇ ਆਗੂ ਬਲਦੇਵ ਸਿੰਘ ਨਿਹਾਲਗੜ੍ਹ, ਬਲਕਰਨ ਸਿੰਘ ਬਰਾੜ, ਮਹਾਂਵੀਰ ਸਿੰਘ ਗਿੱਲ, ਸੂਰਤ ਸਿੰਘ ਧਰਮਕੋਟ, ਕੁਲਵੰਤ ਸਿੰਘ ਮੌਲਵੀਵਾਲ, ਲਖਬੀਰ ਸਿੰਘ ਨਿਜ਼ਾਮਪੁਰ, ਸੁਰਿੰਦਰ ਸਿੰਘ ਢੰਡੀਆਂ, ਬਲਕਾਰ ਸਿੰਘ ਵਲਟੋਹਾ ਤੇ ਸੀ ਪੀ ਆਈ ਜਲੰਧਰ ਦੇ ਸਕੱਤਰ ਰਛਪਾਲ ਕੈਲੇ ਨੇ ਐਡਵੋਕੇਟ ਰਜਿੰਦਰ ਸਿੰਘ ਮੰਡ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਟਰੱਸਟੀ ਐਡਵੋਕੇਟ ਰਾਜਿੰਦਰ ਸਿੰਘ ਮੰਡ ਦੀ ਮੌਤ 'ਤੇ ਦੇਸ਼ ਭਗਤ ਯਾਦਗਾਰ ਕਮੇਟੀ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਦੇਸ਼ ਭਗਤ ਯਾਦਗਾਰ ਹਾਲ ਵਿਖੇ ਹੰਗਾਮੀ ਸ਼ੋਕ ਬੈਠਕ ਉਪਰੰਤ ਹਾਜ਼ਰ ਮੈਂਬਰਾਂ ਅਤੇ ਪੁੱਜੇ ਸ਼ੋਕ ਸੁਨੇਹਿਆਂ ਮੁਤਾਬਕ ਜਾਣਕਾਰੀ ਸਾਂਝੀ ਕਰਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਨੇ ਦੱਸਿਆ ਕਿ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਇਤਿਹਾਸ, ਲਾਇਬ੍ਰੇਰੀ, ਮਿਊਜ਼ੀਅਮ, ਆਡਿਟ ਅਤੇ ਦੇਖਰੇਖ ਕਮੇਟੀ ਦੇ ਕ੍ਰਮਵਾਰ ਕਨਵੀਨਰ ਚਰੰਜੀ ਲਾਲ ਕੰਗਣੀਵਾਲ, ਹਰਵਿੰਦਰ ਭੰਡਾਲ, ਸੁਰਿੰਦਰ ਕੁਮਾਰੀ ਕੋਛੜ ਅਤੇ ਰਣਜੀਤ ਸਿੰਘ ਔਲਖ ਤੋਂ ਇਲਾਵਾ ਕਮੇਟੀ ਦੇ ਮੀਤ ਪ੍ਰਧਾਨ ਡਾ. ਪਰਮਿੰਦਰ ਸਿੰਘ, ਸਹਾਇਕ ਸਕੱਤਰ ਪ੍ਰੋ.

• ਬਾਕੀ ਸਫਾ 2 'ਤੇ

# ਨੀਟ ਦੀ ਪ੍ਰੀਖਿਆ ਤੋਂ ਪਹਿਲਾਂ ਖੁਦਕੁਸ਼ੀ

**ਦੇਹਰਾਦੂਨ (ਨ ਜ਼ ਸ)**
ਨੀਟ ਦੀ ਪ੍ਰੀਖਿਆਰਥਣ 23 ਸਾਲਾ ਰੀਆ ਕੁਮਾਰੀ ਨੇ ਮੰਗਲਵਾਰ ਸਵੇਰੇ ਦੇਹਰਾਦੂਨ ਦੇ ਚੰਦਰਬਨੀ ਖੇਤਰ ਵਿੱਚ ਆਪਣੇ ਘਰ ਵਿੱਚ ਕਥਿਤ ਤੌਰ 'ਤੇ ਖੁਦਕੁਸ਼ੀ ਕਰ ਲਈ। ਰੀਆ ਨੇ 12ਵੀਂ ਜਮਾਤ ਵਿੱਚ 96.7 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਸਨ ਅਤੇ ਬਾਅਦ ਵਿੱਚ ਕਾਲਜ ਟਾਪਰ ਬਣੀ। ਉਹ ਨੀਟ ਪ੍ਰੀਖਿਆ ਦੀ ਤਿਆਰੀ ਕਰ ਰਹੀ ਸੀ ਅਤੇ 21 ਜੂਨ ਨੂੰ ਹੋਣ ਵਾਲੀ ਦੁਬਾਰਾ ਪ੍ਰੀਖਿਆ ਨੂੰ ਲੈ ਕੇ ਕਥਿਤ ਤੌਰ 'ਤੇ ਤਣਾਅ ਵਿੱਚ ਸੀ। ਅਧਿਕਾਰੀਆਂ ਮੁਤਾਬਕ ਮੌਕੇ ਤੋਂ ਬਰਾਮਦ ਹੋਏ ਇੱਕ ਸੁਸਾਈਡ ਨੋਟ ਵਿੱਚ ਉਸ ਨੇ ਲਿਖਿਆ, 'ਮੈਂ ਤੁਹਾਨੂੰ ਪਿਆਰ ਕਰਦੀ ਹਾਂ, ਪਾਪਾ; ਮੈਨੂੰ ਮਾਫ ਕਰਨਾ। ਇਹ ਕਿਸੇ ਦੀ ਗਲਤੀ ਕਾਰਨ ਨਹੀਂ; ਇਹ ਮੇਰੀ ਅਯੋਗਤਾ ਕਾਰਨ ਹੈ।' ਸਰਕਲ ਅਫਸਰ ਥਾਣਾ ਸਦਰ ਅੰਕਿਤ ਕੰਧਾਰੀ ਨੇ ਕਿਹਾ, 'ਪਟੇਲ ਨਗਰ ਥਾਣੇ ਵਿੱਚ ਰਿਪੋਰਟ ਮਿਲੀ ਸੀ ਕਿ ਚੰਦਰਮਣੀ ਵਿੱਚ ਰੀਆ ਨਾਂਅ ਦੀ ਕੁੜੀ ਨੇ ਖੁਦਕੁਸ਼ੀ ਕਰ ਲਈ ਹੈ। ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਕਿ ਸਵੇਰੇ 10.30 ਵਜੇ ਦੇ ਕਰੀਬ ਜਦੋਂ ਉਸ ਦੀ ਮਾਂ ਉਸ ਨੂੰ ਨਾਸ਼ਤੇ ਲਈ ਬੁਲਾ ਰਹੀ ਸੀ, ਤਾਂ ਉਸ ਨੇ ਦਰਵਾਜ਼ਾ ਨਹੀਂ ਖੋਲ੍ਹਿਆ। ਜਦੋਂ ਦਰਵਾਜ਼ਾ ਖੋਲ੍ਹਿਆ ਗਿਆ ਤਾਂ ਪਤਾ ਲੱਗਾ ਕਿ ਉਸ ਨੇ ਫਾਹਾ ਲੈ ਲਿਆ ਹੈ। ਪਿਆਰ ਅਤੇ ਮੁਆਫੀ ਦਾ ਪ੍ਰਗਟਾਵਾ ਕਰਨ ਵਾਲਾ ਛੋਟਾ ਜਿਹਾ ਸੁਸਾਈਡ ਨੋਟ ਮਿਲਣ ਦੇ ਬਾਵਜੂਦ ਕੁੜੀ ਵਿੱਚ ਡਿਪਰੈਸ਼ਨ ਜਾਂ ਵਿਵਹਾਰ ਵਿੱਚ ਤਬਦੀਲੀਆਂ ਦੇ ਕੋਈ ਪਹਿਲਾਂ ਕੋਈ ਸੰਕੇਤ ਨਹੀਂ ਮਿਲੇ ਸਨ।' ਜਿੱਥੋਂ ਤੱਕ ਮਾਪਿਆਂ ਦਾ ਸਵਾਲ ਹੈ, ਉਨ੍ਹਾਂ ਕਿਹਾ ਕਿ ਕੁੜੀ ਉਸ ਰਾਤ ਉਨ੍ਹਾਂ ਨਾਲ 'ਜਾਗਰਣ'

• ਬਾਕੀ ਸਫਾ 2 'ਤੇ

# ਧੀਆਂ ਵੱਲੋਂ ਪਿਤਾ ਨੂੰ ਸਭ ਤੋਂ ਅਨਮੋਲ ਤੋਹਫਾ

**ਨਵੀਂ ਦਿੱਲੀ (ਨ ਜ਼ ਸ)**-ਗਾਜ਼ੀਆਬਾਦ ਇਲਾਕੇ ਦੇ ਪਿੰਡ ਮੋਰਟਾ ਦੇ 45 ਸਾਲਾ ਜਯੰਤ ਤਿਆਗੀ ਦਾ ਜਿਗਰ (ਲਿਵਰ) ਅਤੇ ਗੁਰਦਾ (ਕਿਡਨੀ) ਦੋਵੇਂ ਫੇਲ੍ਹ ਹੋਣ ਬਾਰੇ ਪਤਾ ਲੱਗਿਆ ਤਾਂ ਪਰਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ, ਪਰ ਇਸ ਮੁਸ਼ਕਲ ਘੜੀ ਵਿੱਚ ਜਯੰਤ ਦੀਆਂ ਦੋਵੇਂ ਧੀਆਂ ਢਾਲ ਬਣ ਕੇ ਖੜ੍ਹੀਆਂ ਹੋ ਗਈਆਂ। ਵੱਡੀ ਧੀ ਰਿਸ਼ੀਕਾ ਤਿਆਗੀ, ਜਿਸ ਨੇ ਹਾਲ ਹੀ ਵਿੱਚ ਬੀ ਟੈੱਕ ਦੀ ਪੜ੍ਹਾਈ ਮੁਕੰਮਲ ਕੀਤੀ ਹੈ ਅਤੇ ਕੁਝ ਮਹੀਨਿਆਂ ਵਿੱਚ ਉਸ ਦਾ ਵਿਆਹ ਹੋਣ ਵਾਲਾ ਹੈ, ਨੇ ਆਪਣਾ ਇੱਕ ਗੁਰਦਾ ਦੇਣ ਬਾਰੇ ਸਹੁਰੇ ਪਰਵਾਰ ਨੂੰ ਦੱਸਿਆ, ਤਾਂ ਉਨ੍ਹਾਂ ਨੇ ਵੀ ਰਿਸ਼ੀਕਾ ਦੇ ਇਸ ਨੇਕ ਫੈਸਲੇ ਦੀ ਪੂਰੀ ਹਮਾਇਤ ਕੀਤੀ। ਛੋਟੀ ਧੀ ਖੁਸ਼ੀ, ਜੋ ਬੀ ਟੈੱਕ ਦੇ ਪਹਿਲੇ ਸਾਲ ਦੀ ਵਿਦਿਆਰਥਣ ਹੈ, ਨੇ ਵੀ ਜਿਗਰ ਦਾ ਇੱਕ ਹਿੱਸਾ ਦੇਣ ਦਾ ਐਲਾਨ ਕਰ ਦਿੱਤਾ। ਨੋਇਡਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਸੋਮਵਾਰ ਸਰਜਰੀ ਸਫਲ ਰਹੀ।



ਜਯੰਤ ਦੇ ਕਰੀਬੀ ਦੋਸਤ ਅਮਿਤ ਰੰਜਨ ਨੇ ਦੱਸਿਆ ਕਿ ਦੋਵੇਂ ਧੀਆਂ ਵਾਰ-ਵਾਰ ਇੱਕੋ ਗੱਲ ਕਹਿੰਦੀਆਂ ਸਨ, "ਜੇਕਰ ਸਾਡੇ ਪਾਪਾ ਸਾਡੇ ਕੋਲ ਹਨ, ਤਾਂ ਸਾਡੇ ਕੋਲ ਸਭ ਕੁਝ ਹੈ।" ਦੋਵਾਂ ਧੀਆਂ ਦੇ ਜਜ਼ਬੇ ਦੀ ਚਰਚਾ ਹੋ ਰਹੀ ਹੈ, ਜਿਨ੍ਹਾਂ ਨੇ ਫਾਦਰਜ਼ ਡੇਅ ਦੇ ਮੌਕੇ 'ਤੇ ਆਪਣੇ ਪਿਤਾ ਨੂੰ 'ਜ਼ਿੰਦਗੀ' ਦਾ ਸਭ ਤੋਂ ਅਨਮੋਲ ਤੋਹਫਾ ਦਿੱਤਾ ਹੈ।

## 'ਸਾਡੀ ਜੋੜੀ ਸਭ ਤੋਂ ਮਸ਼ਹੂਰ'



**ਪੈਰਿਸ** : ਜੀ-7 ਸੰਮੇਲਨ ਦੌਰਾਨ ਜਦੋਂ ਆਗੂ ਸਮੂਹਕ ਤਸਵੀਰ ਲਈ ਇਕੱਠੇ ਹੋਏ ਤਾਂ ਪ੍ਰਧਾਨ ਮੰਤਰੀ ਮੋਦੀ ਅਤੇ ਇਟਲੀ ਦੀ ਪ੍ਰਧਾਨ ਮੰਤਰੀ ਮੇਲੋਨੀ ਨੇ ਨਿੱਘ ਨਾਲ ਇੱਕ-ਦੂਜੇ ਦਾ ਸੁਆਗਤ ਕੀਤਾ। ਇਸ ਬਾਰੇ ਸਾਂਝੀ ਕੀਤੀ ਗਈ ਇੱਕ ਵੀਡੀਓ ਵਿੱਚ ਮੋਦੀ ਸੋਸ਼ਲ ਮੀਡੀਆ 'ਤੇ ਉਨ੍ਹਾਂ ਦੀ ਪ੍ਰਸਿੱਧੀ ਦਾ ਜ਼ਿਕਰ ਕਰਦੇ ਦਿਖਾਈ ਦਿੱਤੇ, ਜਿਸ 'ਤੇ ਮੇਲੋਨੀ ਨੇ ਮਜ਼ਾਕ ਵਿੱਚ ਕਿਹਾ: "ਹਾਂ, ਅਸੀਂ ਇੰਸਟਾਗ੍ਰਾਮ 'ਤੇ ਸਭ ਤੋਂ ਮਸ਼ਹੂਰ ਜੋੜਾ ਹਾਂ।"

# ਵਿਸ਼ਵ ਕੱਪ 'ਚ ਮੈਸੀ ਦੀ ਪਹਿਲੀ ਹੈਟ੍ਰਿਕ



**ਕੈਨਸਸ ਸਿਟੀ (ਨ ਜ਼ ਸ)**-ਅਰਜਨਟੀਨਾ ਦੇ ਸਟਾਰ ਫੁੱਟਬਾਲਰ ਲਿਓਨਲ ਮੈਸੀ ਨੇ ਬੁੱਧਵਾਰ ਆਪਣੀ ਪਹਿਲੀ ਵਿਸ਼ਵ ਕੱਪ ਹੈਟ੍ਰਿਕ ਬਣਾਈ। ਉਸ ਨੇ ਆਪਣਾ ਪਹਿਲਾ ਫੀਫਾ ਵਿਸ਼ਵ ਕੱਪ ਮੈਚ 17 ਜੂਨ, 2006 ਨੂੰ ਖੇਡਿਆ ਸੀ। 39 ਸਾਲਾ ਮੈਸੀ ਨੇ ਅਲਜੀਰੀਆ ਵਿਰੁੱਧ 17ਵੇਂ, 60ਵੇਂ ਅਤੇ 76ਵੇਂ ਮਿੰਟ ਵਿੱਚ ਗੋਲ ਕੀਤੇ। ਉਹ 78 ਮਿੰਟ ਬਾਅਦ ਮੈਦਾਨ ਛੱਡ ਕੇ ਚਲਾ ਗਿਆ। ਮੈਸੀ ਦੇ ਜ਼ਬਰਦਸਤ ਪ੍ਰਦਰਸ਼ਨ ਨੇ ਅਰਜਨਟੀਨਾ ਨੂੰ ਗਰੁੱਪ 'ਜੇ' ਦੇ ਮੈਚ ਵਿੱਚ ਅਲਜੀਰੀਆ ਨੂੰ 3-0 ਨਾਲ ਹਰਾਉਣ ਵਿੱਚ ਮਦਦ ਕੀਤੀ। ਮੈਸੀ ਨੇ ਫੀਫਾ ਵਿਸ਼ਵ ਕੱਪ ਦੇ ਇਤਿਹਾਸ ਵਿੱਚ ਸਭ ਤੋਂ ਵੱਧ 16 ਗੋਲ ਕਰਨ ਦੇ ਰਿਕਾਰਡ ਦੀ ਬਰਾਬਰੀ ਕੀਤੀ, ਜੋ ਪਹਿਲਾਂ ਜਰਮਨੀ ਦੇ ਮਿਰੋਸਲਾਵ ਕਲੋਜ਼ ਦੇ ਨਾਂਅ ਸੀ। ਮੈਸੀ ਪੁਰਤਗਾਲ ਦੇ ਕ੍ਰਿਸਟੀਆਨੋ ਰੋਨਾਲਡੋ ਤੋਂ ਬਾਅਦ ਪੰਜ ਵੱਖ-ਵੱਖ ਵਿਸ਼ਵ ਕੱਪਾਂ ਵਿੱਚ ਗੋਲ ਕਰਨ ਵਾਲਾ ਦੁਨੀਆ ਦਾ ਦੂਜਾ ਫੁੱਟਬਾਲਰ ਬਣ ਗਿਆ ਹੈ। ਮੈਸੀ ਆਪਣੇ ਕੈਰੀਅਰ ਦਾ ਰਿਕਾਰਡ ਛੇਵਾਂ ਵਿਸ਼ਵ ਕੱਪ ਖੇਡ ਰਿਹਾ ਹੈ। ਉਸ ਨੇ 20 ਸਾਲ ਪਹਿਲਾਂ ਇਸੇ ਦਿਨ ਸਰਬੀਆ ਅਤੇ ਮੋਂਟੇਨੇਗਰੋ ਵਿਰੁੱਧ ਮੈਚ ਵਿੱਚ ਆਪਣਾ ਵਿਸ਼ਵ ਕੱਪ ਡੈਬਿਊ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਪਾਰਟੀ ਪਾਟ ਗਈ ਊ ਊਧਵ ਠਾਕਰੇ ਦੀ,
ਐੱਮ ਪੀ ਗਏ ਫਿਰ ਅੱਠ-ਨੌਂ ਛੱਡ ਬੇਲੀ।
ਓਸੇ ਘੜੀ ਤੋਂ ਬੁਰਾ ਸੀ ਵਕਤ ਆਇਆ,
ਊਧਵ-ਰਾਜ ਜਦ ਹੋਏ ਸਨ ਅੱਡ ਬੇਲੀ।
ਚੱਲਦੀ ਸੋਹਣੀ ਸੀ ਟੱਬਰ ਦੀ ਰਾਜਨੀਤੀ,
ਫਸਾਈ ਚਿੱਕੜ ਦੇ ਵਿੱਚ ਆ ਗੱਡ ਬੇਲੀ।
ਵੱਖਰੇ ਚੱਲਣ ਨਹੀਂ 'ਕੱਠੇ ਉਹ ਹੋਣ ਜੋਗੇ,
ਸਾਹਮਣੇ ਖੂਹ ਤਾਂ ਪਿੱਛੇ ਕੋਈ ਖੱਡ ਬੇਲੀ।
ਜਵਾਕਾਂ ਵਰਗਾ ਸ਼ਰੀਕਾ ਸਨ ਕਰਨ ਲੱਗੇ,
ਮਨਾਂ ਦੇ ਵਿੱਚ ਸੀ ਕੁਰਸੀ ਦੀ ਭੁੱਖ ਬੇਲੀ।
ਸੋਚਿਆ ਰਾਜ ਦਾ ਲਾਭ ਨਹੀਂ ਹਾਣ ਦੋਵਾਂ,
ਬਹਿ ਗਏ ਦੋਵੇਂ ਸਹੇੜ ਕਈ ਦੁੱਖ ਬੇਲੀ।

-ਤੀਸ ਮਾਰ ਖਾਂ

# ਊਧਵ ਠਾਕਰੇ ਨੂੰ ਵੱਡਾ ਧੱਕਾ

**ਨਵੀਂ ਦਿੱਲੀ** : ਮਹਾਰਾਸ਼ਟਰ ਵਿੱਚ ਊਧਵ ਠਾਕਰੇ ਦੀ ਪਾਰਟੀ ਸ਼ਿਵਸੈਨਾ (ਯੂ ਬੀ ਟੀ) ਨੂੰ ਇੱਕ ਹੋਰ ਬਹੁਤ ਵੱਡਾ ਝਟਕਾ ਲੱਗਾ, ਜਦੋਂ ਉਸ ਦੇ 9 ਵਿੱਚੋਂ 6 ਲੋਕ ਸਭਾ ਮੈਂਬਰਾਂ ਨੇ ਬਗਾਵਤ ਕਰਕੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਸ਼ਿਵਸੈਨਾ ਵਿੱਚ ਸ਼ਾਮਲ ਹੋਣ ਲਈ ਬੁੱਧਵਾਰ ਸਵੇਰੇ 9:30 ਵਜੇ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਇੱਕ ਚਿੱਠੀ ਭੇਜੀ। ਇਸ ਬਗਾਵਤ ਦੇ ਬਾਅਦ ਰਾਜ ਸਭਾ ਮੈਂਬਰ ਸੰਜੇ ਰਾਊਤ ਨੇ ਦਿੱਲੀ ਵਿੱਚ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਆਪਣਾ ਗੁੱਸਾ ਜ਼ਾਹਰ ਕਰਦਿਆਂ ਬਾਗੀ ਸੰਸਦ ਮੈਂਬਰਾਂ ਨੂੰ ਸ਼ਰੇਆਮ ਗਾਲਾਂ ਕੱਢੀਆਂ। ਜਦੋਂ ਮੀਡੀਆ ਨੇ ਇਸ ਬਾਰੇ ਪੁੱਛਿਆ ਤਾਂ ਰਾਊਤ ਨੇ ਸਫਾਈ ਦਿੰਦੇ ਹੋਏ ਕਿਹਾ ਕਿ ਮਰਾਠੀ ਭਾਸ਼ਾ ਵਿੱਚ ਅਜਿਹੇ ਸ਼ਬਦ ਆਮ ਬੋਲਚਾਲ ਦਾ ਹਿੱਸਾ ਹਨ। ਸ਼ਿਵਸੈਨਾ ਵਿੱਚ 4 ਸਾਲਾਂ ਦੇ ਅੰਦਰ

• ਬਾਕੀ ਸਫਾ 2 'ਤੇ



## ਪੰਜਾਬ ਸਰਕਾਰ 'ਰੰਗਲਾ ਪੰਜਾਬ ਮੁਹਿੰਮ' ਅਧੀਨ ਸਮਾਣਾ 'ਚ 2 ਕਰੋੜ ਰੁਪਏ ਖਰਚੇਗੀ : ਵਿਧਾਇਕ ਚੇਤਨ ਸਿੰਘ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਰੰਗਲਾ ਪੰਜਾਬ ਮੁਹਿੰਮ' ਅਧੀਨ ਸਮਾਣਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਲਗਭਗ 2 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਸ਼ੁਰੂ ਕਰਵਾਏ ਜਾ ਰਹੇ ਹਨ। ਇਹ ਪ੍ਰਗਟਾਵਾ ਹਲਕਾ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ ਨੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ।ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਅਤੇ ਹਰਜਿੰਦਰ ਸਿੰਘ ਮਿੰਟੂ ਜੋੜਾਮਾਜਰਾ ਵੀ ਹਾਜ਼ਰ ਸਨ।ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦੇ ਵਿਕਾਸ ਲਈ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ। ਵਾਰਡ ਨੰਬਰ 1: 17 ਲੱਖ 92 ਹਜ਼ਾਰ 500 ਰੁਪਏ (ਪਲੱਛ ਪੱਤੀ),ਵਾਰਡ ਨੰਬਰ 7: 10 ਲੱਖ 66 ਹਜ਼ਾਰ ਰੁਪਏ (ਬੋਧੀ ਕਲੋਨੀ),ਵਾਰਡ ਨੰਬਰ 8: 17 ਲੱਖ 83 ਹਜ਼ਾਰ ਰੁਪਏ,ਵਾਰਡ ਨੰਬਰ 9: 8 ਲੱਖ 80 ਹਜ਼ਾਰ ਰੁਪਏ, 20 ਲੱਖ 92 ਹਜ਼ਾਰ ਰੁਪਏ ਅਤੇ 33 ਲੱਖ ਰੁਪਏ ਦੀ ਲਾਗਤ ਨਾਲ ਧਰਮਸ਼ਾਲਾਵਾਂ (ਰਾਮ ਬਸਤੀ ਵਾਲੀ ਧਰਮਸ਼ਾਲਾ ਅਤੇ ਉਦ ਭਗਤੀ ਵਾਲੀ ਧਰਮਸ਼ਾਲਾ) ਦੀ ਮੁਰੰਮਤ ਕਰਵਾਈ ਜਾਵੇਗੀ।,ਵਾਰਡ ਨੰਬਰ 19: 5 ਲੱਖ 65 ਹਜ਼ਾਰ ਰੁਪਏ, 9 ਲੱਖ 21 ਹਜ਼ਾਰ ਰੁਪਏ ਅਤੇ 11 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾਣਗੇ।ਉਨ੍ਹਾਂ ਅੱਗੇ ਗੱਲਬਾਤ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਸੂਬੇ ਦੀ ਪਹਿਲੀ ਅਜਿਹੀ ਸਰਕਾਰ ਹੈ, ਜਿਸ ਨੇ ਚੋਣਾਂ ਦੌਰਾਨ ਕੀਤੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ ਹਨ। ਇਸ ਦੇ ਨਾਲ ਹੀ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਮਰੀਜ਼ਾਂ ਨੂੰ ਮੁਫ਼ਤ ਉਪਹਾਰ ਵਜੋਂ ਦਿੱਤੀ ਗਈ ਹੈ।

## ਸਨੀ ਸੰਦੀਪ ਦੇ ਨਵੇਂ ਗੀਤ 'ਆਈ ਨੀਡ ਯੂ' ਦਾ ਪੋਸਟਰ ਰਿਲੀਜ਼



**ਦੋਰਾਹਾ (ਹਰਮਿੰਦਰ ਸੇਠ)**-ਪ੍ਰੀਤ ਸਾਹਿਤ ਸਦਨ (ਰਜਿ.) ਸਮਰਾਲਾ ਚੌਂਕ, ਲੁਧਿਆਣਾ ਅਤੇ ਮਾਸਟਰ ਬੋਧ ਰਾਜ ਅਰੋੜਾ, ਮਿਊਜ਼ਿਕ ਕਾਲਜ ਲੁਧਿਆਣਾ ਵੱਲੋਂ ਉਭਰਦੇ ਗਾਇਕ ਸਨੀ ਸੰਦੀਪ ਦੇ ਨਵੇਂ ਗੀਤ ਆਈ ਨੀਡ ਯੂ ਦਾ ਪੋਸਟਰ ਰਿਲੀਜ਼ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਗਾਇਕ ਸਨੀ ਸੰਦੀਪ ਨੇ ਦੱਸਿਆ ਕਿ ਇਹ ਗੀਤ ਇੱਕ ਸੁਰੀਲਾ ਅਤੇ ਭਾਵਨਾਤਮਕ ਪ੍ਰੇਮ ਗੀਤ ਹੈ, ਜਿਸ ਵਿੱਚ ਪਿਆਰ, ਜਜ਼ਬਾਤਾਂ ਅਤੇ ਰਿਸ਼ਤਿਆਂ ਦੀ ਖੂਬਸੂਰਤੀ ਨੂੰ ਬਹੁਤ ਹੀ ਖਾਸ ਅੰਦਾਜ਼ ਵਿੱਚ ਪੇਸ਼ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਗੀਤ ਦੇ ਬੋਲ ਅਤੇ ਮਿਊਜ਼ਿਕ ਨੂੰ ਦਰਸ਼ਕਾਂ ਵੱਲੋਂ ਖੂਬ ਪਸੰਦ ਕੀਤਾ ਜਾ ਰਿਹਾ ਹੈ ਅਤੇ ਇਹ ਗੀਤ ਨੌਜਵਾਨ ਵਰਗ ਦੇ ਦਿਲਾਂ ਨੂੰ ਛੂਹ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਹ ਗੀਤ ਯੂਟਿਊਬ 'ਤੇ ਰਿਲੀਜ਼ ਕੀਤਾ ਜਾ ਚੁੱਕਾ ਹੈ, ਜਿੱਥੇ ਸਰੋਤਿਆਂ ਵੱਲੋਂ ਇਸ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

## ਕ੍ਰਿਸ਼ੀ ਵਿਗਿਆਨ ਕੇਂਦਰ ਤੇ ਨਬਾਰਡ ਵੱਲੋਂ ਕਿਸਾਨ ਜਾਗਰੂਕਤਾ ਪ੍ਰੋਗਰਾਮ



**ਦਿੜ੍ਹਬਾ (ਜਸਵੀਰ ਲਾਡੀ)**-ਕ੍ਰਿਸ਼ੀ ਵਿਗਿਆਨ ਕੇਂਦਰ, ਖੇੜੀ ਅਤੇ ਨਬਾਰਡ ਦੇ ਸਹਿਯੋਗ ਨਾਲ ਜੀਨੀਅਸ ਫਾਰਮਰ ਪ੍ਰੋਡਿਊਸਰ ਕੰਪਨੀ, ਲਹਿਰਾਗਾਗਾ ਵੱਲੋਂ ਕਿਸਾਨਾਂ ਲਈ ਬੀਮਾ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਗੁਰਦੁਆਰਾ ਸਾਹਿਬ, ਘੋੜੇਨਾਬ ਵਿਖੇ ਹੋਏ ਪ੍ਰੋਗਰਾਮ ਵਿੱਚ ਡਾਕਟਰ ਮਨਦੀਪ ਸਿੰਘ, ਡਾਕਟਰ ਉਕਪਿੰਦਰ ਸਿੰਘ ਅਤੇ ਏ ਡੀ ਓ ਕੁਲਵੰਤ ਸਿੰਘ ਨੇ ਵੱਖ-ਵੱਖ ਫਸਲਾਂ ਬਾਰੇ ਜਾਣਕਾਰੀ ਦਿੱਤੀ। ਕਿਸਾਨਾਂ ਨੂੰ ਬੀਮਾ ਯੋਜਨਾ, ਫਸਲ ਬੀਮਾ, ਨਵੀਆਂ ਤਕਨੀਕਾਂ ਅਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਬੀਮਾ ਦਾਅਵਿਆਂ ਦੀ ਪ੍ਰਕਿਰਿਆ, ਫਾਇਦੇ ਅਤੇ ਬੈਂਕਿੰਗ ਸੇਵਾਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਝੋਨੇ ਵਿਚ ਖਾਦ ਦੇ ਪ੍ਰਬੰਧ ਬਾਰੇ ਜਾਣਕਾਰੀ ਦਿੱਤੀ। ਖੇਤ ਵਿੱਚ ਜਾ ਕੇ ਝੋਨੇ ਦੀ ਪਨੀਰੀ ਬਾਰੇ ਜਾਣਕਾਰੀ ਦਿੱਤੀ ਅਤੇ ਮੂੰਗੀ ਦੀ ਫ਼ਸਲ ਵਿੱਚ ਬੀਮਾਰੀ ਅਤੇ ਕੀਟਾਂ ਦੀ ਪਹਿਚਾਣ ਅਤੇ ਉਨ੍ਹਾਂ ਦੇ ਪ੍ਰਬੰਧ ਬਾਰੇ ਜਾਣਕਾਰੀ ਦਿੱਤੀ ਗਈ।ਨਵੀਆਂ ਫਸਲ ਉਤਪਾਦਕ ਤਕਨੀਕਾਂ ਅਤੇ ਬੀਜ ਉਪਲਬਧਤਾ, ਮਾਰਕੀਟਿੰਗ ਅਤੇ ਭੰਡਾਰਨ ਸਬੰਧੀ ਜਾਣਕਾਰੀ ਦਿੱਤੀ ਗਈ।ਐਫ ਪੀ ਓ ਵੱਲੋਂ ਹੁਸ਼ਿਆਰ ਸਿੰਘ, ਕਰਮਜੀਤ ਸਿੰਘ, ਸਰਦੂਲ ਸਿੰਘ ਅਤੇ ਨਾਜ਼ਰ ਸਿੰਘ ਨੇ ਆਏ ਮਹਿਮਾਨਾਂ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ।

## ਅਵਾਰਾ ਕੁੱਤਿਆਂ, ਬੇਸਹਾਰਾ ਪਸ਼ੂਆਂ, ਸੜਕਾਂ ਤੇ ਸਫ਼ਾਈ ਦੇ ਪ੍ਰਬੰਧਾਂ ਲਈ ਵਫ਼ਦ ਈ ਓ ਨੂੰ ਮਿਲਿਆ



**ਸੰਗਰੂਰ (ਪ੍ਰਵੀਨ ਸਿੰਘ)**-ਸ਼ਹਿਰ 'ਚ ਅਵਾਰਾ ਕੁੱਤਿਆਂ, ਪਸ਼ੂਆਂ ਤੇ ਵੱਖ-ਵੱਖ ਥਾਂਵਾਂ 'ਤੇ ਲੱਗੇ ਕੂੜੇ ਦੇ ਢੇਰਾਂ ਨੂੰ ਚੁਕਵਾਉਣ, ਲੀਕ ਸੀਵਰੇਜ, ਟੁੱਟੀਆਂ/ਖੱਡਿਆਂ ਵਾਲੀਆਂ ਸੜਕਾਂ ਅਤੇ ਸਫਾਈ ਦੇ ਮਾੜੇ ਪ੍ਰਬੰਧ ਨੂੰ ਸੁਧਾਰਨ ਲਈ ਅੱਜ ਸੰਗਰੂਰ ਸ਼ਹਿਰ ਵਿਕਾਸ ਮੰਚ ਦਾ ਇੱਕ ਭਰਵਾਂ ਵਫ਼ਦ ਕਾਰਜਸਾਧਕ ਅਫਸਰ ਸ੍ਰੀ ਅਸ਼ਵਨੀ ਕੁਮਾਰ ਨੂੰ ਮਿਲਿਆ। ਮੰਚ ਦੇ ਮੈਂਬਰ ਅਮ੍ਰਿਤ ਗਰਗ, ਮਨਧੀਰ ਸਿੰਘ, ਬਸ਼ੇਸ਼ਰ ਰਾਮ ਤੇ ਮਾਸਟਰ ਪਰਮਵੇਦ ਨੇ ਦੱਸਿਆ ਕਿ ਈ.ਓ ਨਾਲ ਸੁਖਾਵੇਂ ਮਾਹੌਲ ਤੇ ਲੰਮੀ ਗੱਲਬਾਤ ਦੌਰਾਨ ਹੋਈ ਮੀਟਿੰਗ ਬਾਰੇ ਦੱਸਿਆ ਕਿ ਈ.ਓ ਸੰਗਰੂਰ ਨੇ ਦੱਸਿਆ ਕਿ ਝਨੇੜੀ ਗਊਸ਼ਾਲਾ ਐਸਡੀਐਮ ਭਵਾਨੀਗੜ੍ਹ ਅਧੀਨ ਹੈ। ਉਨ੍ਹਾਂ ਤੋਂ ਜਲਦੀ ਇਜਾਜ਼ਤ ਲੈ ਕੇ ਛੇਤੀ ਹੀ ਅਵਾਰਾ ਪਸ਼ੂਆਂ ਨੂੰ ਝਨੇੜੀ ਗਊਸ਼ਾਲਾ 'ਚ ਛੱਡ ਦਿੱਤਾ ਜਾਵੇਗਾ।ਅਵਾਰਾ ਕੁੱਤਿਆਂ ਬਾਰੇ ਕਿਹਾ ਕਿ ਇਨ੍ਹਾਂ ਲਈ ਜਲਦੀ ਥਾਂ ਤਲਾਸ਼ ਕੇ, ਸ਼ੈਲਟਰ ਹਾਊਸ ਬਣਾ ਕੇ ਗਲੀਆਂ, ਮੁਹੱਲਿਆਂ ਤੇ ਜਨਤਕ ਥਾਂਵਾਂ ਤੋਂ ਚੁੱਕ ਕੇ ਸ਼ੈਲਟਰ ਹਾਊਸ ਵਿੱਚ ਲਿਆਂਦਾ ਜਾਵੇਗਾ।ਕੂੜੇ ਦੇ ਢੇਰਾਂ ਬਾਰੇ ਕਿਹਾ ਕਿ ਜਿਨ੍ਹਾਂ ਥਾਂਵਾਂ 'ਤੇ ਢੇਰ ਪਏ ਹਨ, ਜਲਦੀ ਚੁਕਵਾਏ ਜਾਣਗੇ, ਜਿੱਥੇ ਲੋਕ ਸੜਕਾਂ ਉਪਰ ਹੀ ਪਸ਼ੂਆਂ ਨੂੰ ਚਾਰਾ ਪਾਉਂਦੇ ਹਨ, ਉਸ ਬਾਰੇ ਕਿਹਾ ਕਿ ਉਥੇ ਚਾਰਾ ਨਾ ਪਾਉਣ ਲਈ ਬੈਨਰ ਲਾਏ ਜਾਣਗੇ।ਉਨ੍ਹਾਂ ਕਿਹਾ ਕਿ ਸੀਵਰੇਜ ਤੇ ਸੜਕਾਂ ਦੀ ਮੁਰੰਮਤ ਸ਼ੁਰੂ ਹੈ।

## ਫ਼ੌਜ 'ਚ ਭਰਤੀ ਹੋਏ ਨੌਜਵਾਨਾਂ ਨੂੰ ਲਖਵਿੰਦਰ ਸਿੰਘ ਨੇ ਸਨਮਾਨਤ ਕੀਤਾ



**ਭੀਖੀ (ਧਰਮਵੀਰ ਸ਼ਰਮਾ)**-ਨੌਜਵਾਨ ਲੜਕੇ-ਲੜਕੀਆਂ ਦੇ ਫੌਜ ਵਿੱਚ ਅਗਨੀਵੀਰ ਭਰਤੀ ਹੋਣ 'ਤੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕਰਨ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਪੰਜਾਬ ਪੁਲਸ ਦੇ ਜਵਾਨ ਲਖਵਿੰਦਰ ਸਿੰਘ ਭੀਖੀ ਵਲੋਂ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਅਗਨੀਵੀਰ ਹਰਜਿੰਦਰ ਸਿੰਘ, ਅਰਸ਼ਦੀਪ ਸਿੰਘ, ਬੂਟਾ ਸਿੰਘ, ਸੰਦੀਪ ਸਿੰਘ, ਸਤਨਾਮ ਸਿੰਘ ਤੇ ਕਮਾਂਡੋ ਪੁਲਿਸ ਪੂਜਾ ਸ਼ਰਮਾ ਦਾ ਲਖਵਿੰਦਰ ਸਿੰਘ ਵੱਲੋਂ ਸ਼ਹਿਰ ਦੇ ਮੋਹਤਬਰਾਂ ਦੀ ਰਹਿਨੁਮਾਈ ਹੇਠ ਸਨਮਾਨ ਕੀਤਾ ਗਿਆ। ਲਖਵਿੰਦਰ ਸਿੰਘ ਨੇ ਨੌਜਵਾਨਾਂ ਦੀ ਮਿਹਨਤ, ਲਗਨ ਅਤੇ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਮ ਘਰਾਂ ਦੇ ਨੌਜਵਾਨ ਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਆਪਣੀ ਮਿਹਨਤ ਦੇ ਸਹਾਰੇ ਵੱਡੀਆਂ ਕਾਮਯਾਬੀਆਂ ਹਾਸਲ ਕਰ ਸਕਦੇ ਹਨ। ਉਨ੍ਹਾਂ ਭਰਤੀ ਹੋਏ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ। ਬਸਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸਰਵਰ ਕੁਰੈਸ਼ੀ ਨੇ ਕਿਹਾ ਕਿ ਇਲਾਕੇ ਲਈ ਮਾਣ ਵਾਲੀ ਗੱਲ ਹੈ ਕਿ ਇਹ ਨੌਜਵਾਨ ਆਪਣੀ ਮਿਹਨਤ ਸਦਕਾ ਇਸ ਮੁਕਾਮ 'ਤੇ ਪਹੁੰਚੇ ਹਨ ਤੇ ਉਨਾਂ ਹੋਰ ਨੌਜਵਾਨਾਂ ਨੂੰ ਵੀ ਸਮਾਜਿਕ ਕੁਰੀਤੀਆਂ ਤੋਂ ਦੂਰ ਰਹਿ ਕੇ ਦੇਸ਼ ਅਤੇ ਸਮਾਜ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਸਮਾਰੋਹ ਦੌਰਾਨ ਹਾਜ਼ਰ ਲੋਕਾਂ ਵਲੋਂ ਕੋਚ ਅਮ੍ਰਿਤ ਸਿੰਘ ਤੇ ਸਹਾਇਕ ਕੋਚ ਇੰਦਰ ਸਮੇਤ ਨੌਜਵਾਨਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਪੰਜਾਬ 'ਚ ਮੁੜ ਬਣੇਗੀ ਆਮ ਆਦਮੀ ਪਾਰਟੀ ਦੀ ਸਰਕਾਰ : ਹੈਪੀ ਗਰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਹੈਪੀ ਗਰਗ ਨੇ ਦਾਅਵਾ ਕੀਤਾ ਹੈ ਕਿ ਪੰਜਾਬ ਦੇ ਸੂਝਵਾਨ ਲੋਕ ਸੂਬੇ ਵਿੱਚ ਮੁੜ 'ਆਪ' ਦੀ ਸਰਕਾਰ ਬਣਾਉਣ ਲਈ ਪੂਰੀ ਤਰ੍ਹਾਂ ਕਾਹਲੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਦੇ ਵਿਕਾਸ ਅਤੇ ਲੋਕ ਭਲਾਈ ਲਈ ਇਤਿਹਾਸਕ ਕਦਮ ਚੁੱਕੇ ਹਨ।ਹੈਪੀ ਗਰਗ ਨੇ ਆਖਿਆ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਵਿਰੋਧੀ ਪਾਰਟੀਆਂ ਦੇ ਗੁੰਮਰਾਹਕੁੰਨ ਪ੍ਰਚਾਰ ਨੂੰ ਨਕਾਰ ਕੇ, 'ਆਪ' ਦੇ ਹੱਕ ਵਿੱਚ ਇੱਕ ਵਾਰ ਫਿਰ ਵੱਡਾ ਫਤਵਾ ਦੇਣਗੇ।ਉਨ੍ਹਾਂ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਹਜ਼ਾਰਾਂ ਨੌਜਵਾਨਾਂ ਨੂੰ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦੇਣਾ, ਬਿਜਲੀ ਦੇ ਬਿੱਲ ਜ਼ੀਰੋ ਕਰਨਾ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਸਿਹਤ ਸਹੂਲਤਾਂ ਤੇ ਸਰਕਾਰੀ ਸਕੂਲਾਂ ਦਾ ਕਾਇਆ-ਕਲਪ ਕਰਨਾ ਅਜਿਹੇ ਮਿਸਾਲੀ ਕਾਰਜ ਹਨ, ਜਿਨ੍ਹਾਂ ਨੇ ਆਮ ਲੋਕਾਂ ਦਾ ਦਿਲ ਜਿੱਤਿਆ ਹੈ।ਹੈਪੀ ਗਰਗ ਨੇ ਜ਼ੋਰ ਦੇ ਕੇ ਕਿਹਾ ਕਿ ਰਵਾਇਤੀ ਪਾਰਟੀਆਂ ਕੋਲ ਅੱਜ ਕੋਈ ਮੁੱਦਾ ਨਹੀਂ ਬਚਿਆ, ਜਿਸ ਕਰਕੇ ਉਹ ਬੁਖਲਾਹਟ ਵਿੱਚ ਹਨ।

## ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਰਜਿਸਟ੍ਰੇਸ਼ਨ ਸ਼ੁਰੂ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਮਹਿਲਾਵਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਸੰਗਰੂਰ ਵਿੱਚ ਯੋਗ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।ਇਸ ਯੋਜਨਾ ਰਾਹੀਂ ਯੋਗ ਮਹਿਲਾਵਾਂ ਨੂੰ ਮਾਸਿਕ ਵਿੱਤੀ ਸਹਾਇਤਾ ਪ੍ਰਦਾਨ ਕਰਕੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਦਾ ਉਦੇਸ਼ ਰੱਖਿਆ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੀ ਪ੍ਰਦੀਪ ਸਿੰਘ ਗਿੱਲ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਸੰਗਰੂਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਲਈ ਚਲਾਈ ਜਾ ਰਹੀ ਇਸ ਮਹੱਤਵਪੂਰਨ ਯੋਜਨਾ ਅਧੀਨ 18 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਯੋਗ ਮਹਿਲਾਵਾਂ ਨੂੰ ਮਾਸਿਕ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਆਮ ਵਰਗ ਨਾਲ ਸਬੰਧਤ ਯੋਗ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਯੋਗ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੀ ਸਹਾਇਤਾ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਵੇਗੀ।

# ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਲਈ ਜਲੰਧਰ ਵਿਖੇ ਵਿਸ਼ਾਲ ਕਨਵੈਂਸ਼ਨ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹੱਕੀ ਮੰਗਾਂ ਮਨਾਉਣ ਅਤੇ ਸਰਕਾਰ ਵਿਰੁੱਧ ਅਗਲੇ ਤਿੱਖੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕਰਨ ਲਈ 'ਪੰਜਾਬ ਪੈਨਸ਼ਨਰਜ਼ ਸਾਂਝਾ ਮੋਰਚਾ' ਵੱਲੋਂ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਇੱਕ ਵਿਸ਼ਾਲ ਸੂਬਾ ਪੱਧਰੀ ਕਨਵੈਂਸ਼ਨ ਕੀਤੀ ਗਈ। ਇਸ ਮਹੱਤਵਪੂਰਨ ਇਕੱਠ ਵਿੱਚ ਪੂਰੇ ਪੰਜਾਬ ਭਰ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਪੈਨਸ਼ਨਰਾਂ, ਖ਼ਾਸ ਕਰਕੇ ਬਜ਼ੁਰਗ ਸੀਨੀਅਰ ਪੈਨਸ਼ਨਰਾਂ ਨੇ ਸ਼ਿਰਕਤ ਕੀਤੀ। ਇਸ ਦੌਰਾਨ 'ਪੰਜਾਬ ਫੌਰੈਸਟ ਪੈਨਸ਼ਨਰਜ਼ ਐਸੋਸੀਏਸ਼ਨ' ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਵਣ ਵਿਭਾਗ ਦੇ ਪੈਨਸ਼ਨਰਾਂ ਨੇ ਬਹੁਤ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਆਪਣੀ ਹਾਜ਼ਰੀ ਦਰਜ ਕਰਵਾਈ।

ਇਸ ਵਿਸ਼ਾਲ ਕਨਵੈਂਸ਼ਨ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਪੈਨਸ਼ਨਰਾਂ ਦੇ ਭਖਦੇ ਮਸਲਿਆਂ ਅਤੇ ਮੰਗਾਂ ਬਾਰੇ ਵਿਚਾਰ-ਚਰਚਾ ਕੀਤੀ। ਸੂਬਾਈ ਆਗੂਆਂ ਨੇ ਪੰਜਾਬ ਸਰਕਾਰ ਦੇ ਅੜੀਅਲ ਵਤੀਰੇ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਸੇਵਾ-ਮੁਕਤ ਮੁਲਾਜ਼ਮਾਂ ਨਾਲ ਲਗਾਤਾਰ ਬੇਇਨਸਾਫ਼ੀ ਕੀਤੀ ਜਾ ਰਹੀ ਹੈ। ਬੁਲਾਰਿਆਂ ਨੇ ਮੁੱਖ ਮੰਗਾਂ ਨੂੰ ਉਭਾਰਦਿਆਂ ਜ਼ੋਰ ਦਿੱਤਾ ਕਿ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ (ਡੀ.ਏ.) ਦਾ ਰਹਿੰਦਾ ਸਾਰਾ ਬਕਾਇਆ ਬਿਨਾਂ ਕਿਸੇ ਦੇਰੀ ਦੇ ਇੱਕੋ ਕਿਸ਼ਤ ਵਿੱਚ ਜਾਰੀ ਕੀਤਾ ਜਾਵੇ। ਇਸ ਦੇ ਨਾਲ ਹੀ 2.59 ਦੇ ਗੁਣਾਂਕ (ਅਨੁਪਾਤ) ਨਾਲ ਪੈਨਸ਼ਨਾਂ ਦੀ ਸੁਧਾਈ (ਫਿਕਸੇਸ਼ਨ) ਕਰਕੇ ਉਸ ਦਾ ਬਣਦਾ ਬਕਾਇਆ ਤੁਰੰਤ ਪੈਨਸ਼ਨਰਾਂ ਦੇ ਖਾਤਿਆਂ ਵਿੱਚ ਪਾਇਆ ਜਾਵੇ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਹਾਲੇ ਵੀ ਅੱਖਾਂ ਨਾ ਖੋਲ੍ਹੀਆਂ, ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੀ 'ਪੰਜਾਬ ਫੌਰੈਸਟ ਪੈਨਸ਼ਨਰਜ਼ ਐਸੋਸੀਏਸ਼ਨ' ਦੀ ਲੀਡਰਸ਼ਿਪ ਵਿੱਚ ਸੱਤਪਾਲ ਸਿੰਘ ਸੂਬਾਈ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਅਤੇ ਰਵੀ ਕੁਮਾਰ ਬਰਗਾੜੀ ਸਰਕਲ ਪ੍ਰਧਾਨ, ਫ਼ਿਰੋਜ਼ਪੁਰ ਸ਼ਾਮਿਲ ਸਨ। ਉਨ੍ਹਾਂ ਦੇ ਨਾਲ ਹੀ ਚਮਕੌਰ ਸਿੰਘ ਮੀਤ ਪ੍ਰਧਾਨ, ਦਰਸ਼ਨ ਸਿੰਘ ਪ੍ਰਧਾਨ, ਰਜਿੰਦਰ ਕੁਮਾਰ ਸੀਨੀਅਰ ਮੀਤ ਪ੍ਰਧਾਨ, ਜਗਦੀਸ਼ ਕੁਮਾਰ, ਜਲੰਧਰ ਤੋਂ ਅਮਰਜੀਤ ਪਾਲ ਅਤੇ ਪਟਿਆਲਾ ਤੋਂ ਗੁਰਮੀਤ ਸਿੰਘ ਟਿਵਾਣਾ ਸਮੇਤ ਕਈ ਪ੍ਰਮੁੱਖ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ। ਫੌਰੈਸਟ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਅਤੇ ਜਨਰਲ ਸਕੱਤਰ ਮੁਹਿੰਦਰ ਸਿੰਘ ਧਾਲੀਵਾਲ ਨੇ ਸਾਂਝੇ ਤੌਰ 'ਤੇ ਐਲਾਨ ਕੀਤਾ ਕਿ ਪੰਜਾਬ ਪੈਨਸ਼ਨਰਜ਼ ਸਾਂਝਾ ਮੋਰਚਾ ਵੱਲੋਂ ਵਿੱਢੇ ਜਾਣ ਵਾਲੇ ਹਰ ਇੱਕ ਅੰਦੋਲਨ ਅਤੇ ਸੰਘਰਸ਼ ਵਿੱਚ ਵਣ ਵਿਭਾਗ ਦੇ ਪੈਨਸ਼ਨਰ ਤਨ-ਮਨ-ਧਨ ਨਾਲ ਵੱਧ-ਚੜ੍ਹ ਕੇ ਹਿੱਸਾ ਲੈਣਗੇ। ਉਨ੍ਹਾਂ ਸਰਕਾਰ ਵੱਲੋਂ ਹੱਕ ਮੰਗਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਤੇ ਕੀਤੇ ਜਾਂਦੇ ਜਬਰ ਦੀ ਵੀ ਕਰੜੀ ਨਿੰਦਾ ਕੀਤੀ। ਆਗੂਆਂ ਨੇ ਆਖਿਆ ਕਿ ਆਪਣੇ ਜਮਹੂਰੀ ਹੱਕਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਮੁਲਾਜ਼ਮਾਂ 'ਤੇ ਲਾਠੀਚਾਰਜ ਕਰਨਾ ਅਤੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣਾ ਬੇਹੱਦ ਸ਼ਰਮਨਾਕ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਇਹ ਦਮਨਕਾਰੀ ਨੀਤੀ ਬੰਦ ਕਰੇ ਅਤੇ ਮੇਜ਼ 'ਤੇ ਬੈਠ ਕੇ ਪੈਨਸ਼ਨਰਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਦਾ ਸਨਮਾਨਜਨਕ ਹੱਲ ਕੱਢੇ।

## ਜੀਤ ਰਾਵਲ ਟਰੱਸਟ ਨੇ ਸਕੂਲੀ ਬੱਚਿਆਂ ਦੀ ਟ੍ਰੇਨਿੰਗ ਕਰਵਾਈ



**ਸਮਰਾਲਾ (ਸੁਰਜੀਤ ਸਿੰਘ)**-ਸੋਨਾਲੀ ਜੀਤ ਰਾਵਲ ਚੈਰੀਟੇਬਲ ਟਰੱਸਟ ਵੱਲੋਂ ਸਕੂਲੀ ਬੱਚਿਆਂ ਲਈ ਡਰਾਇੰਗ, ਪੇਂਟਿੰਗ ਦੀ ਟ੍ਰੇਨਿੰਗ ਕਰਵਾਈ ਗਈ।ਇਸ ਟ੍ਰੇਨਿੰਗ ਪ੍ਰੋਗਰਾਮ ਵਿਚ 15 ਸਕੂਲੀ ਬੱਚਿਆਂ ਨੇ ਭਾਗ ਲਿਆ।ਬੱਚਿਆਂ ਨੂੰ ਮਾਸਟਰ ਜਨਕ ਰਾਜ ਵੱਲੋਂ ਡਰਾਇੰਗ ਪੇਂਟਿੰਗ ਸਿਖਲਾਈ ਦਿੱਤੀ ਗਈ।ਟ੍ਰੇਨਿੰਗ ਦੇ ਆਖਰੀ ਦਿਨ ਬੱਚਿਆਂ ਦਾ ਟੈਸਟ ਲਿਆ ਗਿਆ ਅਤੇ ਉਹਨਾਂ ਨੂੰ ਇਨਾਮ ਅਤੇ ਪ੍ਰਮਾਣ ਪੱਤਰ ਤਕਸੀਮ ਕੀਤੇ ਗਏ।ਇਸ ਤੋਂ ਪਹਿਲਾਂ ਕਮਲ ਕਲੋਨੀ ਸਮਰਾਲਾ ਵਿਚ ਰੈਲੀ ਵੀ ਕੱਢੀ ਗਈ।ਜਿਸ ਵਿਚ ਕੰਨਿਆ ਭਰੂਣ ਹੱਤਿਆ ਮਹਾਂ ਪਾਪ ਹੈ, ਨਸ਼ਾ ਛੱਡੋ ਸਮਾਜ ਨਾਲ ਨਾਤਾ ਜੋੜੋ, ਨਸ਼ਾ ਮੁਕਤ ਅਭਿਆਨ ਦੇਸ਼ ਦੇ ਲਈ ਵਰਦਾਨ, ਬੇਟਾ ਬੇਟੀ ਇੱਕ ਸਮਾਨ ਬੇਟੀ ਨੂੰ ਦਿਓ ਪੂਰਾ ਸਨਮਾਨ, ਕਰੋ ਯੋਗ ਰਹੋ, ਨਿਰੋਗ ਆਦਿ ਸਲੋਗਨਾਂ ਨਾਲ ਰੈਲੀ ਕੱਢੀ ਗਈ।ਇਸ ਡਰਾਇੰਗ ਪੇਂਟਿੰਗ ਵਿਚ ਸੀਨੀਅਰ ਬੱਚਿਆਂ ਵਿਚ ਹਸ਼ਮੀਤ ਕੌਰ ਨੂੰ ਪਹਿਲਾ, ਕੀਰਤਜੋਤ ਕੌਰ ਨੂੰ ਦੂਜਾ, ਧਰੁਵਦੀਪ ਸਿੰਘ ਨੂੰ ਤੀਜਾ ਇਨਾਮ ਦਿੱਤਾ ਗਿਆ ਅਤੇ ਜੂਨੀਅਰ ਬੱਚਿਆਂ ਵਿਚ ਕਰਮਵੀਰ ਸਿੰਘ ਨੂੰ ਪਹਿਲਾ, ਕਰਨਵੀਰ ਸਿੰਘ ਨੂੰ ਦੂਜਾ, ਬੰਨੀ ਕੌਰ ਨੂੰ ਤੀਜਾ ਅਤੇ ਸਾਂਝੀ ਨੂੰ ਕੰਸੋਲੀਡੇਟਡ ਇਨਾਮ ਦਿੱਤਾ ਗਿਆ।ਮਹਿੰਦੀ ਪ੍ਰਤੀਯੋਗਤਾ ਵਿਚ ਕੀਰਤਜੋਤ ਕੌਰ ਨੂੰ ਪਹਿਲਾ, ਹਸ਼ਮੀਤ ਕੌਰ ਨੂੰ ਦੂਜਾ, ਸਾਨੀਆ ਅਤੇ ਬੰਨੀ ਅਤੇ ਸਾਂਝੀ ਨੂੰ ਵੀ ਇਨਾਮ ਦਿੱਤੇ ਗਏ।ਇਸ ਨਾਲ ਹੀ ਇਹਨਾਂ ਡਰਾਇੰਗ ਪੇਂਟਿੰਗ ਟ੍ਰੇਨਿੰਗ ਵਿਚ ਭਾਗ ਲੈਣ ਵਾਲਿਆਂ ਨੂੰ ਵੀ ਇਨਾਮ ਅਤੇ ਪ੍ਰਮਾਣ ਪੱਤਰ ਦਿੱਤੇ ਗਏ।ਇਸ ਮੌਕੇ ਤੇ ਬੱਚਿਆਂ ਦੇ ਮਾਤਾ ਪਿਤਾ ਵੀ ਹਾਜ਼ਰ ਸਨ।ਟਰੱਸਟ ਦੇ ਟਰੱਸਟੀ ਬਿਮਲਾ ਰਾਣੀ, ਡਰਾਇੰਗ ਪੇਂਟਿੰਗ ਦੇਣ ਵਾਲੇ ਮਾਸਟਰ ਜਨਕ ਰਾਜ ਵੀ ਹਾਜ਼ਰ ਸਨ।

## ਭਵਾਨੀਗੜ੍ਹ ਪੁਲਸ ਦੀ ਵੱਡੀ ਕਾਰਵਾਈ, 26 ਗ੍ਰਿਫ਼ਤਾਰ



**ਭਵਾਨੀਗੜ੍ਹ (ਰਾਜ ਖੁਰਮੀ)**-ਸਬ-ਡਵੀਜ਼ਨ ਭਵਾਨੀਗੜ੍ਹ ਪੁਲਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਚਲਾਈ ਜਾ ਰਹੀ ਕਾਰਵਾਈ ਦੌਰਾਨ ਮਹੱਤਵਪੂਰਨ ਸਫ਼ਲਤਾ ਹਾਸਲ ਕੀਤੀ ਗਈ ਹੈ।ਇਹ ਜਾਣਕਾਰੀ ਦਿੰਦਿਆਂ ਡਾ. ਰਵਜੋਤ ਕੌਰ ਗਰੇਵਾਲ ਐੱਸ.ਐੱਸ.ਪੀ. ਸੰਗਰੂਰ ਨੇ ਦੱਸਿਆ ਕਿ 10 ਜੂਨ ਤੋਂ 16 ਜੂਨ ਤੱਕ ਪੁਲਸ ਨੇ ਵੱਖ-ਵੱਖ ਮਾਮਲਿਆਂ ਵਿੱਚ ਕੁੱਲ 26 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਹੈ।ਐੱਸ.ਐੱਸ.ਪੀ. ਨੇ ਦੱਸਿਆ ਕਿ ਇਸ ਦੌਰਾਨ ਐਨ.ਡੀ.ਪੀ.ਐੱਸ. ਐਕਟ ਤਹਿਤ 6 ਮੁਕੱਦਮੇ ਦਰਜ ਕੀਤੇ ਗਏ, ਜਿਨ੍ਹਾਂ ਵਿੱਚ 12 ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 42 ਗ੍ਰਾਮ ਹੈਰੋਇਨ (ਚਿੱਟਾ) ਅਤੇ 400 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ।ਇਸੇ ਤਹਿਤ ਨਸ਼ੇ ਦੇ ਆਦੀ 5 ਵਿਅਕਤੀਆਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੀ ਕਾਊਂਸਲਿੰਗ ਕਰਕੇ ਉਨ੍ਹਾਂ ਦੀ ਸਹਿਮਤੀ ਨਾਲ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਵਾਇਆ ਗਿਆ ਅਤੇ ਇਲਾਜ ਸ਼ੁਰੂ ਕਰਵਾਇਆ ਗਿਆ।ਪੁਲਸ ਵੱਲੋਂ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਮੁਹਿੰਮ ਵੀ ਲਗਾਤਾਰ ਜਾਰੀ ਹੈ।ਇਸ ਦੌਰਾਨ 59 ਵਿਅਕਤੀਆਂ ਦੀ ਜਾਂਚ ਕਰਕੇ ਧਾਰਾ 172 ਬੀ.ਐਨ.ਐੱਸ.ਐੱਸ. ਤਹਿਤ ਕਾਰਵਾਈ ਕੀਤੀ ਗਈ। ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ 80 ਵਾਹਨਾਂ ਦੇ ਚਲਾਨ ਕੀਤੇ ਗਏ।ਇਸ ਤੋਂ ਇਲਾਵਾ 25 ਦਰਖ਼ਾਸਤਾਂ ਦਾ ਨਿਪਟਾਰਾ ਕੀਤਾ ਗਿਆ। ਉਪ ਕਪਤਾਨ ਸਤਨਾਮ ਸਿੰਘ ਪੁਲਸ ਭਵਾਨੀਗੜ੍ਹ ਅਤੇ ਮੁੱਖ ਅਫ਼ਸਰ ਰਮਨਦੀਪ ਸਿੰਘ ਥਾਣਾ ਭਵਾਨੀਗੜ੍ਹ ਵੱਲੋਂ ਟ੍ਰੈਫਿਕ ਨਿਯਮਾਂ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕਤਾ ਮੀਟਿੰਗਾਂ ਵੀ ਕਰਵਾਈਆਂ ਗਈਆਂ।ਐੱਸ.ਐੱਸ.ਪੀ. ਨੇ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪੁਲਿਸ ਅਤੇ ਲੋਕਾਂ ਦੇ ਸਾਂਝੇ ਯਤਨ ਬਹੁਤ ਜ਼ਰੂਰੀ ਹਨ। ਇਸੇ ਮੰਤਵ ਨਾਲ ਵੱਖ-ਵੱਖ ਥਾਵਾਂ 'ਤੇ ਵੀ.ਡੀ.ਸੀ. ਕਮੇਟੀਆਂ, ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਮੋਹਤਬਰ ਵਿਅਕਤੀਆਂ ਨਾਲ ਮੀਟਿੰਗਾਂ ਕਰਕੇ ਲੋਕਾਂ ਨੂੰ ਨਸ਼ਿਆਂ ਦੇ ਖ਼ਤਰਨਾਕ ਨਤੀਜਿਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਸਬੰਧੀ ਜਾਣਕਾਰੀ ਬਿਨਾਂ ਕਿਸੇ ਡਰ ਦੇ ਪੁਲਸ ਨਾਲ ਸਾਂਝੀ ਕਰਨ, ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਦਾਅਵਾ ਕੀਤਾ ਕਿ ਨਸ਼ਿਆਂ ਦਾ ਧੰਦਾ ਕਰਨ ਵਾਲਿਆਂ ਖ਼ਿਲਾਫ਼ ਭਵਿੱਖ ਵਿੱਚ ਵੀ ਸਖ਼ਤ ਅਤੇ ਨਿਰੰਤਰ ਕਾਰਵਾਈ ਜਾਰੀ ਰਹੇਗੀ।

# ਪੁਲਸ ਵੱਲੋਂ ਤੜਕਸਾਰ ਵੱਡੇ ਪੱਧਰ 'ਤੇ ਸਰਚ ਅਪਰੇਸ਼ਨ; ਡਰੱਗ ਹਾਟਸਪਾਟ ਖੇਤਰਾਂ ਦੀ ਚੈਕਿੰਗ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਮੁੱਖ ਮੰਤਰੀ ਪੰਜਾਬੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਫ਼ਰੀਦਕੋਟ ਪੁਲਸ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ ਜਦੋਂ ਐਸ.ਐਸ.ਪੀ. ਗੁਰਬੰਸ ਸਿੰਘ ਬੈਂਸ ਦੀ ਅਗਵਾਈ ਹੇਠ ਸਮੁੱਚੇ ਜ਼ਿਲ੍ਹੇ ਵਿੱਚ ਤੜਕਸਾਰ ਇੱਕ ਵੱਡਾ ਕਾਰਡਨ ਐਂਡ ਸਰਚ ਓਪਰੇਸ਼ਨ ਚਲਾਇਆ ਗਿਆ। ਇਸ ਵਿਸ਼ੇਸ਼ ਆਪਰੇਸ਼ਨ ਦਾ ਮੁੱਖ ਮਨੋਰਥ ਬਿਕਵਾਲੀ ਦੇ ਕੇਂਦਰਾਂ 'ਤੇ ਨਸ਼ੇ ਦੀ ਸਪਲਾਈ ਚੇਨ ਨੂੰ ਪੂਰੀ ਤਰ੍ਹਾਂ ਤੋੜਨਾ ਹੈ। ਐਸ.ਐਸ.ਪੀ. ਫ਼ਰੀਦਕੋਟ ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਇਹ ਆਪਰੇਸ਼ਨ ਸਪੈਸ਼ਲ ਡਾਇਰੈਕਟਰ ਜਨਰਲ ਆਫ ਪੁਲਸ (ਕਾਨੂੰਨ ਤੇ ਵਿਵਸਥਾ) ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਦੀਆਂ ਹਦਾਇਤਾਂ 'ਤੇ ਚਲਾਇਆ ਗਿਆ।ਜ਼ਿਲ੍ਹੇ ਦੀਆਂ ਸਾਰੀਆਂ 3 ਸਬ-ਡਵੀਜਨਾਂ ਵਿੱਚ ਡੀ.ਐਸ.ਪੀ. ਰੈਂਕ ਦੇ ਗਜ਼ਟਿਡ ਅਧਿਕਾਰੀਆਂ ਦੀ ਸਿੱਧੀ ਨਿਗਰਾਨੀ ਹੇਠ 150 ਤੋਂ ਵੱਧ ਪੁਲਿਸ ਕਰਮਚਾਰੀਆਂ ਦੀਆਂ ਵੱਖ-ਵੱਖ ਟੀਮਾਂ ਗਠਿਤ ਕੀਤੀਆਂ ਗਈਆਂ।ਇਹਨਾਂ ਟੀਮਾਂ ਨੇ ਨਸ਼ਾ ਤਸਕਰਾਂ ਦੇ ਸ਼ੱਕੀ ਠਿਕਾਣਿਆਂ ਅਤੇ ਡਰੱਗ ਹਾਟਸਪਾਟ ਏਰੀਆ ਵਿੱਚ ਅਚਨਚੇਤ ਬਾਰੀਕੀ ਨਾਲ ਸਰਚ ਆਪਰੇਸ਼ਨ ਚਲਾਇਆ।ਆਪਰੇਸ਼ਨ ਦੌਰਾਨ ਪੁਲਸ ਵੱਲੋਂ ਸੰਵੇਦਨਸ਼ੀਲ ਖੇਤਰਾਂ ਨੂੰ ਪੂਰੀ ਤਰ੍ਹਾਂ ਘੇਰ ਕੇ ਅੰਦਰ ਆਉਣ ਅਤੇ ਬਾਹਰ ਜਾਣ ਵਾਲੇ ਸਾਰੇ ਰਸਤਿਆਂ 'ਤੇ ਸਖ਼ਤ ਨਾਕਾਬੰਦੀ ਕੀਤੀ ਗਈ।ਇਸ ਦੌਰਾਨ ਆਉਣ-ਜਾਣ ਵਾਲੇ ਸ਼ੱਕੀ ਵਾਹਨਾਂ ਅਤੇ ਵਿਅਕਤੀਆਂ ਦੀ ਤਲਾਸ਼ੀ ਲਈ ਗਈ।ਪੁਲਸ ਵੱਲੋਂ ਖ਼ਾਸ ਕਰਕੇ ਉਨ੍ਹਾਂ ਵਿਅਕਤੀਆਂ ਦੇ ਠਿਕਾਣਿਆਂ 'ਤੇ ਰੇਡ ਕੀਤੀ ਗਈ, ਜਿਨ੍ਹਾਂ ਖ਼ਿਲਾਫ਼ ਪਹਿਲਾਂ ਐਨ.ਡੀ.ਪੀ.ਐਸ. ਐਕਟ ਤਹਿਤ ਮੁਕਦਮੇ ਦਰਜ ਹਨ।ਇਸ ਦੌਰਾਨ ਕਈ ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਰਾਊਂਡ-ਅੱਪ ਵੀ ਕੀਤਾ ਗਿਆ।ਐਸ.ਐਸ.ਪੀ. ਨੇ ਅੱਗੇ ਖੁਲਾਸਾ ਕਰਦਿਆਂ ਦੱਸਿਆ ਕਿ ਪੁਲਸ ਵੱਲੋਂ ਨਸ਼ਾ ਤਸਕਰਾਂ ਦੇ ਆਰਥਿਕ ਲੱਕ ਨੂੰ ਤੋੜਨ ਲਈ ਵੀ ਵੱਡੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

ਨਸ਼ੇ ਦੀ ਕਾਲੀ ਕਮਾਈ ਨਾਲ ਬਣਾਈਆਂ ਚੱਲ-ਅਚੱਲ ਪ੍ਰਾਪਰਟੀਆਂ ਨੂੰ ਵੈਰੀਫਾਈ ਕਰਨ ਉਪਰੰਤ, ਸਾਲ 2026 ਦੌਰਾਨ ਹੁਣ ਤੱਕ ਨਸ਼ਾ ਤਸਕਰਾਂ ਦੀ 30 ਲੱਖ ਰੁਪਏ ਤੋਂ ਜ਼ਿਆਦਾ ਦੀ ਜਾਇਦਾਦ ਸਬੰਧਤ ਅਥਾਰਟੀ ਪਾਸੋਂ ਮਨਜ਼ੂਰੀ ਹਾਸਲ ਕਰਕੇ ਫ਼ਰੀਜ਼ (ਜ਼ਬਤ) ਕਰਵਾਈ ਜਾ ਚੁੱਕੀ ਹੈ।ਉਨ੍ਹਾਂ ਸਾਫ਼ ਚੇਤਾਵਨੀ ਦਿੱਤੀ ਕਿ ਨਸ਼ਾ ਤਸਕਰੀ ਦੇ ਕਾਲੇ ਧੰਦੇ ਵਿੱਚ ਸ਼ਾਮਲ ਕਿਸੇ ਵੀ ਮਾੜੇ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਲਾਇਨਜ਼ ਕਲੱਬ ਮੁਕਤਸਰ ਆਜ਼ਾਦ ਨੇ ਮਨਾਇਆ ਸਥਾਪਨਾ ਦਿਵਸ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਲਾਇਨਜ਼ ਕਲੱਬ ਮੁਕਤਸਰ ਆਜ਼ਾਦ ਵੱਲੋਂ ਕਲੱਬ ਦਾ 32ਵਾਂ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਕਲੱਬ ਦੇ ਪ੍ਰਧਾਨ ਲਾਇਨ ਰਾਹੁਲ ਸਚਦੇਵਾ ਨੇ ਕੀਤੀ।ਇਸ ਮੌਕੇ ਕਲੱਬ ਮੈਂਬਰਾਂ ਵੱਲੋਂ ਕੇਕ ਕੱਟ ਕੇ ਸਥਾਪਨਾ ਦਿਵਸ ਦੀ ਖੁਸ਼ੀ ਮਨਾਈ ਗਈ।ਨਾਲ ਹੀ ਕਲੱਬ ਦੀ ਸਥਾਪਨਾ 'ਚ ਅਹਿਮ ਯੋਗਦਾਨ ਪਾਉਣ ਵਾਲੇ ਚਾਰਟਰ ਮੈਂਬਰਾਂ ਲਾਇਨ ਬੂਟਾ ਰਾਮ ਕਮਰਾ, ਲਾਇਨ ਡਾ. ਵਿਜੇ ਸੁਖੀਜਾ, ਲਾਇਨ ਦਲਜੀਤ ਸਿੰਘ ਕੰਡਾ, ਲਾਇਨ ਸਤਪਾਲ ਗੁੰਬਰ ਤੇ



ਲਾਇਨ ਸਵਿਤਾ ਗੁੰਬਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਸਮਾਗਮ ਦੌਰਾਨ ਲਾਇਨ ਬੂਟਾ ਰਾਮ ਕਮਰਾ ਨੇ ਕਲੱਬ ਦੇ 32 ਸਾਲਾਂ ਦੇ ਸਫ਼ਰ ਤੇ ਇਤਿਹਾਸ ਬਾਰੇ ਜਾਣਕਾਰੀ ਸਾਂਝੀ ਕੀਤੀ।ਕਲੱਬ ਦੇ ਪ੍ਰਧਾਨ ਲਾਇਨ ਰਾਹੁਲ ਸਚਦੇਵਾ ਨੇ ਚਾਰਟਰ ਮੈਂਬਰਾਂ ਤੇ ਸਮੂਹ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਲੱਬ ਨੇ ਸਮਾਜ ਸੇਵਾ ਦੇ ਖੇਤਰ ਵਿੱਚ ਹਮੇਸ਼ਾ ਅਹਿਮ ਭੂਮਿਕਾ ਨਿਭਾਈ ਹੈ।ਲਾਇਨ ਸਤਪਾਲ ਗੁੰਬਰ ਨੇ ਕਲੱਬ ਵੱਲੋਂ ਸਮਾਜ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।ਸਮਾਗਮ ਦੇ ਅੰਤ 'ਚ ਚਾਰਟਰ ਮੈਂਬਰ ਲਾਇਨ ਡਾ. ਵਿਜੇ ਸੁਖੀਜਾ ਨੇ ਹਾਜ਼ਰ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ।

## ਸਫਾ 1 ਦੇ ਬਾਕੀ...

### ਪੰਜਾਬ ਭਾਜਪਾ ਦੇ...

ਵਿਖਾ ਦਿੱਤਾ ਹੈ। ਪੰਜਾਬ ਦੀ ਮਾਨ ਸਰਕਾਰ ਦੀ ਕਾਰਗੁਜ਼ਾਰੀ 'ਤੇ ਚਰਚਾ ਕਰਦਿਆਂ ਸਕੱਤਰੇਤ ਨੇ ਨੋਟ ਕੀਤਾ ਕਿ ਪੰਜਾਬ ਦੇ ਸਿਰ ਇਸ ਸਰਕਾਰ ਨੇ ਆਪਣਾ ਸਮਾਂ ਪੂਰਾ ਹੋਣ ਤੱਕ 5 ਲੱਖ ਕਰੋੜ ਦਾ ਕਰਜ਼ਾ ਚੜ੍ਹਾ ਦੇਣਾ ਹੈ, ਇਸ ਸਰਕਾਰ ਨੇ ਪੰਜਾਬ ਦੇ ਬੁਨਿਆਦੀ ਮਸਲਿਆਂ ਨੂੰ ਕੇਂਦਰ ਦੇ ਦਬਾਅ ਥੱਲੇ ਨਜ਼ਰਅੰਦਾਜ਼ ਕੀਤਾ ਹੋਇਆ ਹੈ। ਭਾਵੇਂ ਉਹ ਚੰਡੀਗੜ੍ਹ 'ਤੇ ਪੰਜਾਬ ਦਾ ਹੱਕ, ਦਰਿਆਈ ਪਾਣੀਆਂ ਦੇ ਵਿਵਾਦ ਸੰਬੰਧੀ, ਪੰਜਾਬੀ ਭਾਸ਼ਾ, ਬੀ ਬੀ ਐੱਮ ਬੀ ਦੀ ਸਥਾਈ ਮੈਂਬਰੀ ਖੁਸ ਜਾਣਾ, ਪੰਜਾਬੀ ਬੋਲਦੇ ਇਲਾਕੇ, ਪੰਜਾਬ ਦੀ ਕਿਸਾਨੀ ਦੇ ਗੰਭੀਰ ਮਸਲੇ, ਮਜ਼ਦੂਰ-ਵਿਰੋਧੀ ਚਾਰ ਲੇਬਰ ਕੋਡਜ਼, ਬਿਜਲੀ ਬਿੱਲ, ਸੀਡ ਬਿੱਲ ਆਦਿ ਬਾਰੇ ਸਰਕਾਰ ਜਾਂ 'ਆਪ' ਕੋਈ ਗੰਭੀਰਤਾ ਵਿਖਾਉਣ ਦੀ ਬਜਾਏ ਡੰਗ-ਟਪਾਊ ਤਰੀਕੇ ਨਾਲ ਹੀ ਵਿਚਰ ਰਹੀ ਹੈ। ਇਸ ਰਵੱਈਏ ਦੇ ਐਨ ਉਲਟ ਇਹ ਸਰਕਾਰ ਪੰਜਾਬ ਦੇ ਲੋਕਾਂ ਦੇ ਮੁੱਦਿਆਂ ਨੂੰ ਨਜ਼ਰਅੰਦਾਜ਼ ਹੀ ਨਹੀਂ ਕਰ ਰਹੀ, ਸਗੋਂ ਹੱਕ ਮੰਗਦੇ ਕਿਸਾਨਾਂ, ਮਜ਼ਦੂਰਾਂ, ਬੇਰੁਜ਼ਗਾਰਾਂ ਆਦਿ ਦੇ ਸੰਘਰਸ਼ਾਂ ਨੂੰ ਕੁਚਲਣ ਲਈ ਪੁਲਸ ਦੀ ਅੰਨ੍ਹੇਵਾਹ ਵਰਤੋਂ ਰਾਹੀ ਲਾਠੀਚਾਰਜ, ਪਾਣੀ ਦੀਆਂ ਬੁਛਾੜਾਂ, ਕੇਸ ਦਰਜ ਕਰਨ ਵਰਗੇ ਗੈਰ-ਜਮਹੂਰੀ ਤਰੀਕੇ ਅਪਨਾ ਕੇ ਜਬਰ ਕਰ ਰਹੀ ਹੈ। ਨਸ਼ੇ, ਬੇਰੁਜ਼ਗਾਰੀ, ਸਿਹਤ, ਸਿੱਖਿਆ, ਚੋਰੀਆਂ, ਕਤਲ, ਡਾਕੇ, ਫਿਰੌਤੀਆਂ ਬਾਰੇ ਇਹਨਾਂ ਹਾਕਮਾਂ ਨੇ ਅੱਖਾਂ ਬੰਦ ਕੀਤੀਆਂ ਹੋਈਆਂ ਹਨ। ਪੰਜਾਬ ਸੀ ਪੀ ਆਈ ਇਹਨਾਂ ਸਾਰੇ ਮੁੱਦਿਆਂ ਨੂੰ ਜਲਦੀ ਹੋਣ ਜਾ ਰਹੀਆਂ ਚੋਣਾਂ ਦੌਰਾਨ ਹੋਰ ਵੀ ਜ਼ੋਰਦਾਰ ਢੰਗ ਨਾਲ ਉਠਾਏਗੀ।

### ਊਧਵ ਠਾਕਰੇ ਨੂੰ...

ਇਹ ਦੂਜਾ ਵੱਡਾ ਪਾੜ ਹੈ। ਜੂਨ 2022 ਵਿੱਚ ਸ਼ਿੰਦੇ ਦੀ ਅਗਵਾਈ ਵਿੱਚ 39 ਵਿਧਾਇਕ ਪਾਰਟੀ ਤੋਂ ਵੱਖ ਹੋ ਗਏ ਸਨ, ਜਿਸ ਕਾਰਨ ਊਧਵ ਠਾਕਰੇ ਦੀ ਸਰਕਾਰ ਡਿੱਗ ਗਈ ਸੀ ਅਤੇ ਬਾਅਦ ਵਿੱਚ ਸ਼ਿੰਦੇ ਗੁੱਟ ਨੂੰ ਹੀ ਅਸਲੀ ਸ਼ਿਵਸੈਨਾ ਦਾ ਨਾਂਅ ਅਤੇ 'ਧਨੁਸ਼-ਬਾਣ' ਦਾ ਚੋਣ ਨਿਸ਼ਾਨ ਮਿਲਿਆ ਸੀ। ਰਾਊਤ ਨੇ ਦਾਅਵਾ ਕੀਤਾ ਕਿ ਬਾਗੀ ਸੰਸਦ ਮੈਂਬਰਾਂ ਨੂੰ ਖਰੀਦਣ ਲਈ 50-50 ਕਰੋੜ ਰੁਪਏ ਦਾ ਆਫਰ ਦਿੱਤਾ ਗਿਆ ਹੈ। 15-15 ਕਰੋੜ ਰੁਪਏ ਪਹੁੰਚਾਏ ਵੀ ਜਾ ਚੁੱਕੇ ਹਨ ਅਤੇ ਉਨ੍ਹਾਂ ਨੂੰ 3 ਵਿਸ਼ੇਸ਼ ਚਾਰਟਰਡ ਜਹਾਜ਼ਾਂ ਰਾਹੀਂ ਦਿੱਲੀ ਲਿਆਂਦਾ ਗਿਆ ਹੈ।

### ਐਡਵੋਕੇਟ ਰਜਿੰਦਰ ਮੰਡ...

ਗੋਪਾਲ ਸਿੰਘ ਬੁੱਟਰ ਅਤੇ ਵਿੱਤ ਸਕੱਤਰ ਸੀਤਲ ਸਿੰਘ ਸੰਘਾ ਨੇ ਐਡਵੋਕੇਟ ਰਾਜਿੰਦਰ ਮੰਡ ਦੇ ਪਰਵਾਰ, ਸਾਕ-ਸੰਬੰਧੀਆਂ ਅਤੇ ਸੰਗੀ-ਸਾਥੀਆਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਸੀ ਪੀ ਆਈ (ਐੱਮ) ਦੇ ਸੂਬਾ ਕਮੇਟੀ ਮੈਂਬਰ ਵਰਿੰਦਰਪਾਲ ਸਿੰਘ ਕਾਲਾ ਨੇ ਨਵਾਂ ਜ਼ਮਾਨਾ, ਮੰਡ ਪਰਵਾਰ, ਦੇਸ਼ ਭਗਤ ਯਾਦਗਾਰ ਕਮੇਟੀ ਨਾਲ ਆਪਣੀਆਂ ਸੰਵੇਦਨਾਵਾਂ ਸਾਂਝੀਆਂ ਕਰਦਿਆਂ ਐਡਵੋਕੇਟ ਮੰਡ ਦੇ ਵਿਛੋੜੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।

ਪਰਵਾਰਕ ਸੂਤਰਾਂ ਅਨੁਸਾਰ ਐਡਵੋਕੇਟ ਰਜਿੰਦਰ ਮੰਡ ਦੇ ਛੋਟੇ ਭਰਾ ਰਮਨਦੀਪ ਸਿੰਘ ਮੰਡ ਤੇ ਬੇਟੀ ਮਨਪ੍ਰੀਤ ਮੰਡ 18 ਜੂਨ ਦੀ ਰਾਤ ਨੂੰ ਅਮਰੀਕਾ ਤੋਂ ਵਾਪਸ ਆ ਜਾਣਗੇ। 19 ਜੂਨ (ਸ਼ੁੱਕਰਵਾਰ) ਨੂੰ ਐਡਵੋਕੇਟ ਮੰਡ ਦਾ ਅੰਤਮ ਸੰਸਕਾਰ ਸਵੇਰੇ 11 ਵਜੇ ਉਨ੍ਹਾ ਦੇ ਪਿੰਡ ਮੰਡ ਮੌੜ, ਜ਼ਿਲ੍ਹਾ ਜਲੰਧਰ ਵਿਖੇ ਕੀਤਾ ਜਾਵੇਗਾ।

### ਵਿਸ਼ਵ ਕੱਪ 'ਚ ਮੈਸੀ...

ਕੀਤਾ ਸੀ। ਪੂਰੇ ਮੈਚ ਦੌਰਾਨ ਉਸਦੇ ਨਾਂਅ ਦੇ ਜੈਕਾਰੇ ਗੂੰਜਦੇ ਰਹੇ। ਮੈਸੀ ਦੀ ਪ੍ਰਾਪਤੀ ਨੇ ਉਸਨੂੰ ਇੱਕ ਵਾਰ ਫਿਰ ਫੁੱਟਬਾਲ ਇਤਿਹਾਸ ਦੇ ਮਹਾਨ ਖਿਡਾਰੀਆਂ ਬਾਰੇ ਬਹਿਸ ਦੇ ਕੇਂਦਰ ਵਿੱਚ ਲੈ ਆਂਦਾ ਹੈ।

ਸਾਨ ਫਰਾਂਸਿਸਕੋ ਵਿੱਚ ਖੇਡੇ ਗਏ ਮੈਚ ਵਿੱਚ ਆਸਟਰੀਆ ਨੇ ਜਾਰਡਨ ਨੂੰ 3-1 ਨਾਲ ਹਰਾਇਆ। ਇਹ 1990 ਤੋਂ ਬਾਅਦ ਉਨ੍ਹਾਂ ਦੀ ਪਹਿਲੀ ਫੀਫਾ ਵਿਸ਼ਵ ਕੱਪ ਜਿੱਤ ਹੈ। ਆਸਟਰੀਆ ਨੇ 1998 ਤੋਂ ਬਾਅਦ ਪਹਿਲੀ ਵਾਰ ਵਿਸ਼ਵ ਕੱਪ ਲਈ ਕੁਆਲੀਫਾਈ ਕੀਤਾ ਹੈ। ਜਾਰਡਨ ਆਪਣਾ ਪਹਿਲਾ ਵਿਸ਼ਵ ਕੱਪ ਖੇਡ ਰਿਹਾ ਹੈ।

ਅਰਜਨਟੀਨਾ ਦਾ ਅਗਲਾ ਮੈਚ 22 ਜੂਨ ਨੂੰ ਆਸਟਰੀਆ ਨਾਲ ਹੈ। ਅਲਜੀਰੀਆ ਆਪਣੇ ਅਗਲੇ ਮੈਚ ਵਿੱਚ ਜਾਰਡਨ ਨਾਲ ਭਿੜੇਗਾ।

ਐਮਬਾਪੇ ਦੇ ਦੋ ਗੋਲਾਂ ਦੀ ਬਦੌਲਤ ਫਰਾਂਸ ਨੇ ਸੈਨੇਗਲ ਨੂੰ 3-1 ਨਾਲ ਹਰਾਇਆ। ਸਟਾਰ ਫਾਰਵਰਡ ਕਾਇਲੀਅਨ ਐਮਬਾਪੇ ਨਿਊ ਜਰਸੀ ਵਿੱਚ ਖੇਡੇ ਗਏ ਮੈਚ ਵਿੱਚ ਦੋ ਗੋਲ ਕਰਕੇ ਫਰਾਂਸੀਸੀ ਇਤਿਹਾਸ ਵਿੱਚ ਸਭ ਤੋਂ ਵੱਧ ਗੋਲ ਕਰਨ ਵਾਲਾ ਖਿਡਾਰੀ ਬਣ ਗਿਆ।

### ਨੀਟ ਦੀ ਪ੍ਰੀਖਿਆ...

'ਤੇ ਗਈ ਸੀ। ਕਿਉਂਕਿ ਉਹ ਦੇਰ ਰਾਤ ਪੜ੍ਹਦੀ ਸੀ, ਇਸ ਲਈ ਉਹ ਸਵੇਰੇ ਦੇਰ ਨਾਲ ਉੱਠੀ। ਇਹ ਇੱਕ ਆਮ ਰੁਟੀਨ ਸੀ, ਉਸ ਦੀ ਰੁਟੀਨ ਜਾਂ ਵਿਹਾਰ ਵਿੱਚ ਤਬਦੀਲੀਆਂ ਬਾਰੇ ਕੋਈ ਪ੍ਰੇਸ਼ਾਨ ਕਰਨ ਵਾਲੇ ਤੱਥ ਸਾਹਮਣੇ ਨਹੀਂ ਆਏ। ਉਹ ਆਪਣੇ ਮਾਪਿਆਂ ਅਤੇ ਭੈਣ-ਭਰਾਵਾਂ ਨਾਲ ਰਹਿੰਦੀ ਸੀ। ਕਾਰਨ ਦੇ ਤੌਰ 'ਤੇ ਉਸ ਨੇ ਇੱਕ ਸੁਸਾਈਡ ਨੋਟ ਛੱਡਿਆ, ਜਿਸ ਵਿੱਚ ਉਸ ਨੇ 'ਆਈ ਲਵ ਯੂ' ਅਤੇ 'ਮਾਫ ਕਰਨਾ' ਨਾਲ ਸਿਰਫ ਚਾਰ ਜਾਂ ਪੰਜ ਲਾਈਨਾਂ ਲਿਖੀਆਂ।

ਇਸ ਤੋਂ ਇਲਾਵਾ ਮਾਪਿਆਂ ਅਤੇ ਗੁਆਂਢੀਆਂ ਨਾਲ ਗੱਲ ਕਰਨ ਤੋਂ ਬਾਅਦ ਹੁਣ ਤੱਕ ਅਜਿਹਾ ਕੋਈ ਕਾਰਨ ਸਾਹਮਣੇ ਨਹੀਂ ਆਇਆ ਕਿ ਉਸ ਨੇ ਖੁਦਕੁਸ਼ੀ ਕਿਉਂ ਕੀਤੀ। ਰੀਆ ਦੇ ਪਿਤਾ ਸੇਵਾਮੁਕਤ ਫੌਜੀ ਹਨ। ਪਰਵਾਰ ਨੇ ਪੋਸਟਮਾਰਟਮ ਤੋਂ ਇਨਕਾਰ ਕਰ ਦਿੱਤਾ ਅਤੇ ਮੰਗਲਵਾਰ ਨੂੰ ਲਾਸ਼ ਦਾ ਸਸਕਾਰ ਕਰ ਦਿੱਤਾ ਗਿਆ। ਇਲਾਕੇ ਦੇ ਪੁਲਸ ਚੌਕੀ ਇੰਚਾਰਜ ਜੈਵੀਰ ਸਿੰਘ ਨੇ ਕਿਹਾ ਕਿ ਉਹ ਕਈ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੀ ਸੀ ਅਤੇ ਘੰਟਿਆਂਬੱਧੀ ਆਪਣੇ ਕਮਰੇ ਵਿੱਚ ਰਹਿੰਦੀ ਸੀ।

## ਜਾਂਚ ਦੌਰਾਨ ਵੀਡੀਓ ਅਸਲ ਸਾਬਤ ਹੋਣ 'ਤੇ ਮੁੱਖ ਮੰਤਰੀ ਦੇਣ ਅਸਤੀਫ਼ਾ : ਕਮੇਟੀ ਮੈਂਬਰ



**ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਿਵਾਦਿਤ ਵੀਡੀਓ ਦੇ ਮਾਮਲੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੁੱਜੀਆਂ ਸ਼ਿਕਾਇਤਾਂ ਦੀ ਗੰਭੀਰਤਾ ਨੂੰ ਵੇਖਦਿਆਂ ਜੱਥੇਦਾਰ ਸਾਹਿਬ ਵੱਲੋਂ ਦੇਸ਼ ਦੀ ਨਾਮੀ ਲੈਬ ਤੋਂ ਕਰਾਈ ਜਾਂਚ 'ਚ ਵੀਡੀਓ ਅਸਲ ਸਾਬਤ ਹੋਣ ਮਗਰੋਂ ਮੁੱਖ ਮੰਤਰੀ ਨੂੰ ਤੁਰੰਤ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ।ਇਹ ਮੰਗ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਪ੍ਰਧਾਨ ਰਘਵੀਰ ਸਿੰਘ ਮਾਨਸਾ, ਗੁੰਥੀ ਸਭਾ ਦੇ ਪ੍ਰਧਾਨ ਦਾਰਾ ਸਿੰਘ ਅਕਲੀਆ, ਮਾਸਟਰ ਜਸਵੀਰ ਸਿੰਘ ਖ਼ਾਲਸਾ,ਅਕਾਲੀ ਆਗੂ ਹਰਮਨਜੀਤ ਸਿੰਘ ਭੰਮਾ ਨੇ ਗੁਰਦੁਆਰਾ ਚੌਕ ਮਾਨਸਾ ਵਿਖੇ ਮੁੱਖ ਮੰਤਰੀ ਭਗਵੰਤ ਦਾ ਪੁਤਲਾ ਫੂਕਣ ਸਮੇਂ ਜੁੜੀ ਹੋਈ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਦਾ ਅਹੁਦਾ ਬਹੁਤ ਹੀ ਜ਼ਿੰਮੇਵਾਰੀ ਤੇ ਮਰਯਾਦਾ ਵਾਲਾ ਹੈ।ਹੁਣ ਜਦੋਂ ਜਾਂਚ ਦੌਰਾਨ ਇਹ ਵੀਡੀਓ ਅਸਲ ਤੇ ਪ੍ਰਮਾਣਿਕ ਸਾਬਤ ਹੋਈ ਹੈ ਤਾਂ ਨੈਤਿਕਤਾ ਦੇ ਆਧਾਰ 'ਤੇ ਮੁੱਖ ਮੰਤਰੀ ਨੂੰ ਤੁਰੰਤ ਆਪਣਾ ਅਹੁਦਾ ਛੱਡ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦਾ ਸਤਿਕਾਰ ਕਰਨਾ ਹਰ ਇੱਕ ਸਿੱਖ ਅਤੇ ਜਨਤਕ ਜੀਵਨ ਨਾਲ ਜੁੜੇ ਵਿਅਕਤੀ ਦਾ ਫਰਜ਼ ਹੈ।ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਕਿਸੇ ਵੀ ਤਰ੍ਹਾਂ ਦੀ ਰਾਜਨੀਤਿਕ ਰੰਗਤ ਦੇਣ ਦੀ ਬਜਾਏ ਸੱਚਾਈ ਅਤੇ ਜਵਾਬਦੇਹੀ ਦੇ ਅਸੂਲਾਂ ਦੇ ਆਧਾਰ 'ਤੇ ਦੇਖਿਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰ 'ਚ ਜਨਤਕ ਅਹੁਦਿਆਂ 'ਤੇ ਬੈਠੇ ਵਿਅਕਤੀਆਂ ਤੋਂ ਉੱਚ ਨੈਤਿਕ ਮਾਪਦੰਡਾਂ ਦੀ ਉਮੀਦ ਕੀਤੀ ਜਾਂਦੀ ਹੈ।ਉਕਤ ਆਗੂਆਂ ਨੇ ਕਿਹਾ ਕਿ ਹਰ ਸਿੱਖ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਤੇ ਪੰਥਕ ਮਰਯਾਦਾ ਅਨੁਸਾਰ ਆਪਣੀ ਜ਼ਿੰਮੇਵਾਰੀ ਨਿਭਾਉਂਦਾ ਰਹੇਗਾ ਤੇ ਹਰ ਆਦੇਸ਼ 'ਤੇ ਡਟ ਕੇ ਪਹਿਰਾ ਦੇਵੇਗਾ।

## ਠੁਕਰਾਲ ਪਰਿਵਾਰ ਨੂੰ 7 ਵਾਰ ਲਗਾਤਾਰ ਕੌਂਸਲਰ ਬਣਨ ਦਾ ਮਿਲਿਆ ਮਾਣ



**ਜਗਰਾਉਂ (ਅਮਿਤ ਖੰਨਾ)**-ਅਕਸਰ ਦੇਖਣ ਨੂੰ ਮਿਲਦਾ ਹੈ ਕਿ ਜਿਹੜਾ ਵਿਅਕਤੀ ਆਪਣੇ ਲੋਕਾਂ ਲਈ ਖੜ੍ਹਦਾ, ਦੁੱਖ-ਸੁੱਖ 'ਚ ਸਾਥ ਦਿੰਦਾ, ਨਾ ਦਿਨ ਦੇਖਦਾ ਤੇ ਨਾ ਹੀ ਰਾਤ, ਹਮੇਸ਼ਾਂ ਆਪਣੇ ਲੋਕਾਂ ਨਾਲ ਖੜ੍ਹਾ ਰਹਿੰਦਾ, ਉਸ ਨੂੰ ਲੋਕ ਵੀ ਆਪਣੀਆਂ ਪਲਕਾਂ 'ਤੇ ਬਿਠਾਕੇ ਰੱਖਦੇ ਹਨ। ਅਜਿਹੀ ਹੀ ਸ਼ਖ਼ਸੀਅਤ ਹਨ ਸਾਬਕਾ ਕੌਂਸਲਰ ਅਜੀਤ ਸਿੰਘ ਠੁਕਰਾਲ, ਜਿੰਨ੍ਹਾਂ ਦਾ ਪਰਿਵਾਰ ਪਿੱਛਲੇ 35 ਸਾਲਾਂ ਤੋਂ ਲਗਾਤਾਰ ਵਾਰਡ ਨੰਬਰ 3 ਤੋਂ ਕੌਂਸਲਰ ਬਣਦਾ ਆਇਆ ਹੈ, ਇਹ ਸ਼ਾਇਦ ਜਗਰਾਉਂ ਦੇ ਕਿਸੇ ਹੋਰ ਕੌਂਸਲਰ ਦੇ ਹਿੱਸੇ ਨਹੀਂ ਆਇਆ। ਠੁਕਰਾਲ ਪਰਿਵਾਰ ਨੂੰ ਇਸ ਵਾਰ 7ਵੀਂ ਵਾਰ ਕੌਂਸਲਰ ਬਣਨ ਦਾ ਮਾਣ ਮਿਲਿਆ ਹੈ। ਸਵ: ਰਾਮ ਸਿੰਘ ਠੁਕਰਾਲ 2 ਵਾਰ ਕੌਂਸਲਰ ਰਹੇ, ਇਸ ਤੋਂ ਬਾਅਦ ਅਜੀਤ ਸਿੰਘ ਠੁਕਰਾਲ 2 ਵਾਰ ਕੌਂਸਲਰ ਬਣੇ ਤੇ ਹੁਣ ਤਿੰਨ ਵਾਰ ਲਗਾਤਾਰ ਅਜੀਤ ਸਿੰਘ ਠੁਕਰਾਲ ਦੀ ਧਰਮਪਤਨੀ ਰਾਜਿੰਦਰ ਕੌਰ ਠੁਕਰਾਲ ਕੌਂਸਲਰ ਬਣਦੇ ਆ ਰਹੇ ਹਨ।

## ਸਰਕਾਰ ਸੂਬੇ ਦੇ ਵਿਕਾਸ ਲਈ ਯਤਨਸ਼ੀਲ : ਵਿਧਾਇਕ ਬਾਜ਼ੀਗਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਬੇਹਤਰ ਤਾਲਮੇਲ ਬਣਾਉਣ ਦੇ ਮਕਸਦ ਨੂੰ ਲੈ ਕੇ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਲੋਕ ਮਿਲਣੀ ਪ੍ਰੋਗਰਾਮ ਤਹਿਤ ਲੋਕਾਂ ਨੂੰ ਮਿਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸ ਦੌਰਾਨ ਵਿਧਾਇਕ ਵੱਲੋਂ ਘੱਗਰ ਪਾਰਲੇ ਪਿੰਡ ਢਾਬੀ ਗੁੱਜਰਾਂ ਸ਼ੇਰਗੜ੍ਹ ਅਤੇ ਗਲੋਲੀ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੇ ਨਾਲ ਨਾਲ ਵਿਕਾਸ ਦੇ ਕੰਮਾਂ ਵਿੱਚ ਤੇਜ਼ੀ ਲਿਆਉਣ ਲਈ ਸੁਝਾਅ ਲਏ ਗਏ।ਜੁੜੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਦੇ ਕੰਮਾਂ ਦਾ ਜਾਇਜ਼ਾ ਲੈਣ ਅਤੇ ਹੋ ਰਹੇ ਕੰਮਾਂ ਦੀ ਰਫਤਾਰ ਵਿੱਚ ਤੇਜ਼ੀ ਲਿਆਉਣ ਲਈ ਸੁਝਾਅ ਲੈਣ ਦੇ ਮਕਸਦ ਨਾਲ ਉਹ ਪਿੰਡਾਂ ਵਿੱਚ ਆਏ ਹਨ ਜਿਸ ਦੌਰਾਨ ਲੋਕਾਂ ਵੱਲੋਂ ਭਰਵਾਂ ਪਿਆਰ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਆਪ ਸਰਕਾਰ ਸੂਬੇ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਪਿੰਡਾਂ ਵਿੱਚ ਵਿਕਾਸ ਕੰਮਾਂ ਵਿੱਚ ਤੇਜ਼ੀ ਲਿਆਉਣ ਲਈ ਵੱਡੇ ਪੱਧਰ ਉੱਤੇ ਗਰਾਂਟਾਂ ਪੰਚਾਇਤਾਂ ਨੂੰ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਆਗੂ ਤੇਜਿੰਦਰ ਸਿੰਘ ਤੇਜ਼ੀ ਬੁਰਜ਼, ਜਸਵਿੰਦਰ ਸਿੰਘ ਕਾਕਾ ਅਤੇ ਨੰਬਰਦਾਰ ਪਿਸ਼ੌਰਾ ਸਿੰਘ ਆਦਿ ਹਾਜ਼ਰ ਸਨ

## ਸ਼੍ਰੋਮਣੀ ਅਕਾਲੀ ਦਲ ਵੱਲੋਂ ਕਿਸਾਨਾਂ ਦੀ ਮਦਦ ਲਈ ਕਣਕ ਦਾ ਟਰੱਕ ਰਵਾਨਾ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਬੀਤੇ ਦਿਨੀ ਮਾਰਚ-ਅਪ੍ਰੈਲ ਮਹੀਨੇ ਦੌਰਾਨ ਹੋਈ ਬੇਮੌਸਮੀ ਗੜ੍ਹੇਮਾਰੀ ਨਾਲ ਖੇਤਾਂ ਵਿੱਚ ਖੜੀ ਕਣਕ ਦੀ ਫਸਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਣ ਕਾਰਨ ਕਣਕ ਦਾ ਕਾਫੀ ਨੁਕਸਾਨ ਹੋ ਗਿਆ ਸੀ, ਜਿਸ ਨਾਲ ਕਿਸਾਨਾਂ ਨੂੰ ਆਰਥਿਕ ਸੰਕਟ ਦਾ ਸਾਹਮਣਾ ਵੀ ਕਰਨਾ ਪਿਆ।ਗੜ੍ਹੇਮਾਰੀ ਨਾਲ ਕਿਸਾਨਾਂ ਨੂੰ ਖਾਣ ਜੋਗੇ ਦਾਣੇ ਵੀ ਹਾਸਲ ਨਹੀਂ ਹੋਏ, ਜਿਸ ਕਾਰਨ ਉਹ ਕੁਦਰਤੀ ਕਰੋਪੀ ਦਾ ਸ਼ਿਕਾਰ ਹੋ ਕੇ ਰਹਿ ਗਏ।ਇਨ੍ਹਾਂ ਕਿਸਾਨਾਂ ਦੀ ਤਰਸਯੋਗ ਹਾਲਤ ਨੂੰ ਵੇਖਦਿਆਂ ਸ਼੍ਰੋਮਣੀ ਅਕਾਲੀ ਦਲ ਵਲੋਂ ਵੱਖ-ਵੱਖ ਹਲਕਿਆਂ 'ਚ ਹਲਕਾ ਇੰਚਾਰਜਾਂ ਦੀ ਨਿਗਰਾਨੀ ਹੇਠ ਕਣਕ ਇਕੱਠੀ ਕੀਤੀ ਗਈ, ਜਿਸ ਵਿੱਚ ਹਲਕਾ ਗੁਰੂ ਹਰਸਹਾਏ ਦੀ ਸਮੁੱਚੀ ਸੰਗਤ ਸਮੇਤ ਕਣਕ ਇਕੱਠੀ ਕਰਨ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਨੇ ਭਰਵਾਂ ਸਹਿਯੋਗ ਦੇ ਕੇ ਇਸ ਸੇਵਾ ਲਈ ਯੋਗਦਾਨ ਪਾਇਆ।ਹਲਕਾ ਗੁਰੂ ਹਰਸਹਾਏ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵਰਦੇਵ ਸਿੰਘ ਨੋਨੀ ਮਾਨ ਦੀ ਅਗਵਾਈ ਹੇਠ ਪਿੰਡਾਂ ਚੋਂ ਕਣਕ ਇਕੱਠੀ ਕੀਤੀ ਗਈ, ਜਿਸ ਨੂੰ ਮੰਗਲਵਾਰ ਨੂੰ ਪਿੰਡ ਕੋਹਰ ਸਿੰਘ ਵਾਲਾ ਤੋਂ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਦੀ ਹਾਜ਼ਰੀ 'ਚ ਵਰਦੇਵ ਸਿੰਘ ਨੋਨੀ ਮਾਨ ਦੇ ਬੇਟੇ ਯੂਥ ਅਕਾਲੀ ਆਗੂ ਹਰਪਿੰਦਰ ਸਿੰਘ ਮਾਨ ਨੇ ਗਿਦੜਬਾਹਾ ਦੇ ਪਿੰਡ ਭਲਾਈਆਣਾ 'ਚ ਗੜ੍ਹੇਮਾਰੀ ਤੋਂ ਪ੍ਰਭਾਵਿਤ ਕਿਸਾਨਾਂ ਦੀ ਮਦਦ ਵਾਸਤੇ ਰਵਾਨਾ ਕੀਤਾ।ਇਸ ਮੌਕੇ ਗੁਰਬਾਜ ਸਿੰਘ, ਲਾਡਾ ਵੋਹਰਾ,ਗੁਰਵਿੰਦਰ ਸਿੰਘ ਚੁੱਘਾ,ਪ੍ਰੇਮ ਸਚਦੇਵਾ ਆਦਿ ਅਕਾਲੀ ਵਰਕਰ ਹਾਜ਼ਰ ਸਨ।

## ਵਾਰਡ ਵਾਸੀਆਂ ਨੂੰ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ : ਕੌਂਸਲਰ ਟੱਕਰ



**ਕੋਟ ਈਸੇ ਖਾਂ (ਅਰੋੜਾ)**-ਵਾਰਡ ਨੰਬਰ ਸੱਤ ਤੋਂ ਸੁਖਨਜੀਤ ਕੌਰ ਟੱਕਰ ਪਤਨੀ ਅਮਨ ਟੱਕਰ ਵੱਲੋਂ ਕੌਂਸਲਰ ਬਣਨ ਤੋਂ ਬਾਅਦ ਵਾਰਡ ਵਾਸੀਆਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਕੌਂਸਲਰ ਸੁਖਨਜੀਤ ਕੌਰ ਦੇ ਪਤੀ ਅਮਨ ਟੱਕਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਕੂੜਾ ਕਰਕਟ ਸਾਫ ਕਰਵਾਇਆ ਗਿਆ ਹੈ। ਉਹਨਾਂ ਕਿਹਾ ਕਿ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਵਾਰਡ ਨੂੰ ਨੰਬਰ ਵੰਨ ਬਣਾਇਆ ਜਾਵੇਗਾ ਅਤੇ ਵਾਰਡ ਵਾਸੀਆਂ ਨੂੰ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।

## ਸੁਨਾਮ ਬੱਸ ਸਟੈਂਡ ਨਜ਼ਦੀਕ ਗੰਦਗੀ ਦੇ ਲੱਗੇ ਢੇਰ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹਿਰ ਦੇ ਬਸ ਸਟੈਂਡ ਰੋਡ ਨਜ਼ਦੀਕ ਕੋਆਪਰੇਟਿਵ ਬੈਂਕ ਨੇੜੇ ਇੱਕ ਖਾਲੀ ਪਲਾਟ ਅਤੇ ਉਸ ਦੇ ਬਾਹਰ ਲੱਗਿਆ ਗੰਦਗੀ ਦਾ ਢੇਰ ਪ੍ਰਸ਼ਾਸਨ ਅਤੇ ਸਫਾਈ ਪ੍ਰਬੰਧਾਂ ਦੀ ਪੋਲ ਖੋਲ੍ਹ ਰਿਹਾ ਹੈ। ਇੱਥੇ ਪਏ ਕੂੜੇ-ਕਰਕਟ ਅਤੇ ਗੰਦਗੀ ਕਾਰਨ ਆਲੇ-ਦੁਆਲੇ ਦੇ ਇਲਾਕੇ ਵਿੱਚ ਬਦਬੂ ਫੈਲ ਰਹੀ ਹੈ, ਜਿਸ ਨਾਲ ਸਥਾਨਕ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਬਰਸਾਤੀ ਮੌਸਮ ਦੇ ਚਲਦਿਆਂ ਇਹ ਗੰਦਗੀ ਮੱਛਰਾਂ ਅਤੇ ਹੋਰ ਹਾਨੀਕਾਰਕ ਕੀੜਿਆਂ ਦੀ ਪੈਦਾਵਾਰ ਦਾ ਕਾਰਨ ਬਣ ਸਕਦੀ ਹੈ, ਜਿਸ ਨਾਲ ਡੇਂਗੂ, ਮਲੇਰੀਆ ਅਤੇ ਹੋਰ ਭਿਆਨਕ ਬਿਮਾਰੀਆਂ ਫੈਲਣ ਦਾ ਖਦਸ਼ਾ ਬਣਿਆ ਹੋਇਆ ਹੈ।

## ਮਾਵਾਂ-ਭੈਣਾਂ ਸਤਿਕਾਰ ਯੋਜਨਾ ਨਾਰੀ ਸ਼ਕਤੀ ਲਈ ਇਤਿਹਾਸਕ ਕਦਮ : ਔਲਖ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ 'ਮਾਵਾਂ-ਭੈਣਾਂ ਸਤਿਕਾਰ ਯੋਜਨਾ' ਇੱਕ ਕ੍ਰਾਂਤੀਕਾਰੀ ਕਦਮ ਹੈ।ਇਸ ਯੋਜਨਾ ਦੇ ਆਗਾਜ਼ ਨਾਲ ਪੂਰੇ ਪੰਜਾਬ ਦੇ ਲੋਕਾਂ, ਖਾਸ ਕਰਕੇ ਮਹਿਲਾਵਾਂ ਵਿੱਚ ਖੁਸ਼ੀ ਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲ ਰਿਹਾ ਹੈ।ਔਲਖ ਨੇ ਵਿਸ਼ਵਾਸ ਦਿਵਾਇਆ ਕਿ ਇਸ ਸਕੀਮ ਦਾ ਦਾਇਰਾ ਏਨਾ ਵਿਸ਼ਾਲ ਰੱਖਿਆ ਗਿਆ ਹੈ ਕਿ ਪੰਜਾਬ ਦੇ ਹਰ ਇੱਕ ਪਰਿਵਾਰ ਨੂੰ ਇਸ ਦੇ ਘੇਰੇ ਵਿੱਚ ਲਿਆਂਦਾ ਜਾਵੇਗਾ।ਇਸ ਯੋਜਨਾ ਦਾ ਮੁੱਖ ਮਨੋਰਥ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਅਤੇ ਆਤਮ-ਨਿਰਭਰ ਬਣਾਉਣਾ ਹੈ, ਤਾਂ ਜੁ ਉਹ ਸਮਾਜ ਵਿੱਚ ਸਿਰ ਉੱਚਾ ਕਰਕੇ ਜਿਉਂ ਸਕਣ।ਇਹ ਸਕੀਮ ਸੂਬੇ ਦੇ ਹਰ ਵਰਗ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਅੰਮ੍ਰਿਤਸਰ-ਕਟੜਾ ਵੰਦੇ ਭਾਰਤ ਨੂੰ ਸ੍ਰੀਨਗਰ ਤੱਕ ਵਧਾਉਣ ਦੀ ਮੰਗ

## ਸੰਸਦ ਮੈਂਬਰ ਔਜਲਾ ਨੇ ਰੇਲ ਮੰਤਰੀ ਨੂੰ ਲਿਖਿਆ ਪੱਤਰ

**ਛੇਹਰਟਾ, ਚੇਤਨਪੁਰਾ (ਮਨੋਜ ਕੁਮਾਰ, ਸੁਖਵੰਤ ਚੇਤਨਪੁਰੀ)** : ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਪੱਤਰ ਲਿਖ ਕੇ ਅੰਮ੍ਰਿਤਸਰ-ਸ੍ਰੀ ਮਾਤਾ ਵੈਸ਼ਨੋ ਦੇਵੀ



ਕਟੜਾ ਵੰਦੇ ਭਾਰਤ ਐਕਸਪ੍ਰੈੱਸ ਦੀ ਬਹਾਲੀ ਲਈ ਧੰਨਵਾਦ ਪ੍ਰਗਟ ਕੀਤਾ ਅਤੇ ਇਸ ਸੇਵਾ ਨੂੰ ਕਟੜਾ ਤੋਂ ਅੱਗੇ ਸ੍ਰੀਨਗਰ ਤਕ ਵਧਾਉਣ ਦੀ ਮੰਗ ਵੀ ਕੀਤੀ। ਸੰਸਦ ਮੈਂਬਰ ਔਜਲਾ ਦੇ ਦਿੱਲੀ ਵਿਖੇ ਮੀਟਿੰਗਾਂ ਵਿੱਚ ਰੁੱਝੇ ਹੋਣ ਕਾਰਨ ਉਨ੍ਹਾਂ ਦੇ ਸਪੁੱਤਰ ਬਾਬਰ ਔਜਲਾ ਤੇ ਐੱਸਡੀਓ ਨਿਤਿਨ ਨੇ ਰੇਲ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਇਹ ਪੱਤਰ ਸੌਂਪਿਆ ਅਤੇ ਉਪਰੋਕਤ ਮੰਗ ਰੱਖੀ। ਔਜਲਾ ਨੇ ਕਿਹਾ ਕਿ 16 ਜੂਨ ਤੋਂ ਵੰਦੇ ਭਾਰਤ ਸੇਵਾ ਦੀ ਬਹਾਲੀ ਨਾਲ ਅੰਮ੍ਰਿਤਸਰ, ਬਟਾਲਾ, ਗੁਰਦਾਸਪੁਰ, ਪਠਾਨਕੋਟ ਤੇ ਸਰਹੱਦੀ ਇਲਾਕੇ ਦੇ ਯਾਤਰੀਆਂ ਨੂੰ ਵੱਡੀ ਰਾਹਤ ਮਿਲੀ ਹੈ। ਉਨ੍ਹਾਂ ਨੇ ਯੂਐੱਸਬੀਆਰਐੱਲ ਰੇਲ ਲਿੰਕ ਦੇ ਸਫਲ ਸੰਚਾਲਨ ਤੋਂ ਬਾਅਦ ਇਸ ਰੇਲਗੱਡੀ ਨੂੰ ਸ੍ਰੀਨਗਰ ਤੱਕ ਵਧਾਉਣ ਦੀ ਮੰਗ ਕਰਦਿਆਂ ਕਿਹਾ ਕਿ ਇਸ ਨਾਲ ਪੰਜਾਬ ਤੇ ਕਸ਼ਮੀਰ ਘਾਟੀ ਵਿਚਕਾਰ ਪਹਿਲੀ ਸਿੱਧੀ ਸੈਮੀ-ਹਾਈ ਸਪੀਡ ਰੇਲ ਕਨੈਕਟੀਵਿਟੀ ਸਥਾਪਿਤ ਹੋਵੇਗੀ ਅਤੇ ਸੈਰ-ਸਪਾਟੇ, ਧਾਰਮਿਕ ਯਾਤਰਾਵਾਂ ਅਤੇ ਵਪਾਰ ਨੂੰ ਵੱਡਾ ਹੁਲਾਰਾ ਮਿਲੇਗਾ। ਇਸ ਤੋਂ ਇਲਾਵਾ ਉਨ੍ਹਾਂ ਨੇ ਰੇਲ ਮੰਤਰੀ ਕੋਲ ਦੋ ਹੋਰ ਜਨਤਕ ਮੰਗਾਂ ਵੀ ਰੱਖੀਆਂ। ਉਨ੍ਹਾਂ ਨੇ ਰੇਲਗੱਡੀ ਨੰਬਰ -74674 ਪਠਾਨਕੋਟ-ਵੇਰਕਾ ਡੀਐੱਮਯੂ ਨੂੰ ਅੰਮ੍ਰਿਤਸਰ ਜੰਕਸ਼ਨ ਤੱਕ ਵਧਾਉਣ ਅਤੇ ਦਿੱਲੀ-ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈੱਸ ਨੂੰ ਸ਼ੁੱਕਰਵਾਰ ਵਾਲੇ ਦਿਨ ਵੀ ਚਲਾਉਣ ਦੀ ਮੰਗ ਕੀਤੀ ਤਾਂ ਜੋ ਯਾਤਰੀਆਂ ਨੂੰ ਹੋਰ ਸੁਵਿਧਾ ਮਿਲ ਸਕੇ।

# ਪੰਜਾਬ ਸਰਕਾਰ ਵਪਾਰੀਆਂ, ਦੁਕਾਨਦਾਰਾਂ ਤੇ ਉੱਦਮੀਆਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਵਚਨਬੱਧ : ਰੰਧਾਵਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਡੇਰਾ ਬਾਬਾ ਨਾਨਕ ਦੇ ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕਰਨ ਸਬੰਧੀ ਮੇਨ ਬਾਜ਼ਾਰ ਡੇਰਾ ਬਾਬਾ ਨਾਨਕ ਵਿੱਚ ਮੀਟਿੰਗ ਕੀਤੀ ਗਈ।ਇਸ ਮੌਕੇ ਐੱਸਡੀਐੱਮ ਲਛਮਣ ਸਿੰਘ, ਹਲਕਾ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਵਿਪਨ ਸੋਨੀ, ਚੇਅਰਮੈਨ ਬਲਵਿੰਦਰ ਸਿੰਘ, ਡੀ. ਐੱਸ. ਪੀ. ਜੋਗਾ



ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਪਾਰੀਆਂ, ਦੁਕਾਨਦਾਰਾਂ ਤੇ ਉਦਮੀਆਂ ਲਈ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਦੇ ਉਦੇਸ਼ ਨਾਲ ਪੰਜਾਬ ਟਰੇਡ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਪਹਿਲਕਦਮੀ ਪੰਜਾਬ ਦੀ ਆਰਥਿਕਤਾ ਨੂੰ ਚਲਾਉਣ ਵਾਲੇ ਲੋਕਾਂ ਲਈ ਪ੍ਰਸ਼ਾਸਨ ਨੂੰ ਵਧੇਰੇ ਪਹੁੰਚਯੋਗ ਅਤੇ ਜਵਾਬਦੇਹ ਬਣਾਉਣ ਦੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ ਵਪਾਰੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਦਰਪੇਸ਼ ਆ ਰਹੀਆਂ ਮੁਸ਼ਕਲਾਂ ਅਤੇ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਗਿਆ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਰਾਹੀਂ ਵਪਾਰੀਆਂ ਅਤੇ ਪ੍ਰਸ਼ਾਸਨ ਦਰਮਿਆਨ ਸੰਵਾਦ ਮਜ਼ਬੂਤ ਹੁੰਦਾ ਹੈ, ਜਿਸ ਨਾਲ ਵਪਾਰਕ ਗਤੀਵਿਧੀਆਂ ਨੂੰ ਨਵਾਂ ਉਤਸ਼ਾਹ ਮਿਲ ਰਿਹਾ ਹੈ। ਇਸ ਮੌਕੇ ਐੱਸ. ਡੀ. ਐੱਮ. ਡੇਰਾ ਬਾਬਾ ਨਾਨਕ ਲਛਮਣ ਸਿੰਘ, ਹਲਕਾ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਵਿਪਨ ਸੋਨੀ, ਡੀ. ਐੱਸ. ਪੀ. ਜੋਗਾ ਵਲੋਂ ਵੀ ਸੰਬੋਧਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਅਤੇ ਵਪਾਰਕ ਮਾਹੌਲ ਨੂੰ ਹੋਰ ਸੁਗਮ ਅਤੇ ਪਾਰਦਰਸ਼ੀ ਬਣਾਉਣਾ ਹੈ।ਇਸ ਮੌਕੇ ਮੀਟਿੰਗ ਵਿੱਚ ਵਪਾਰੀਆਂ/ਦੁਕਾਨਦਾਰਾਂ ਵੱਲੋਂ ਆਪਣੀਆਂ ਵੱਖ ਵੱਖ ਮੁਸ਼ਕਿਲਾਂ ਦੱਸੀਆਂ ਗਈਆਂ ਹਨ, ਜਿਨ੍ਹਾਂ ਨੂੰ ਸਬੰਧਤ ਵਿਭਾਗਾਂ ਵੱਲੋਂ ਸਮਾਂਬੱਧ ਢੰਗ ਨਾਲ ਹੱਲ ਕਰਵਾਈਆਂ ਜਾਣਗੀਆਂ।ਇਸ ਮੌਕੇ ਨਾਇਬ ਤਹਿਸੀਲਦਾਰ ਕੁਲਵੰਤ ਸਿੰਘ,ਸਬ ਇੰਸਪੈਕਟਰ ਕੈਲਾਸ਼ ਚੰਦਰ ਸ਼ਰਮਾ,ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਸੁਖਜਿੰਦਰ ਸਿੰਘ ਪੱਖੋਕੇ, ਕੌਂਸਲਰ ਬਲਕਾਰ ਸਿੰਘ ਫੌਜੀ, ਕੌਂਸਲਰ ਹਰਵਿੰਦਰ ਸਿੰਘ ਰੰਧਾਵਾ ਤੇ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

# ਐੱਸਐੱਚਓ ਵੱਲੋਂ ਵਿਸ਼ਵਾਸ ਦਿਵਾਉਣ 'ਤੇ ਥਾਣਾ ਛੇਹਰਟਾ ਦਾ ਘਿਰਾਓ ਮੁਲਤਵੀ



**ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** ਸੀਟੂ ਵੱਲੋਂ ਬੁੱਧਵਾਰ ਨੂੰ ਕਾਮਰੇਡ ਜਸਪਾਲ ਸ਼ਰਮਾ ਨੂੰ ਇਨਸਾਫ਼ ਦਿਵਾਉਣ ਲਈ ਥਾਣਾ ਛੇਹਰਟਾ ਦਾ ਘਿਰਾਓ ਕਰਨ ਦਾ ਪ੍ਰੋਗਰਾਮ ਬਣਾਇਆ ਗਿਆ ਸੀ।

ਪੁਲਸ ਸਟੇਸ਼ਨ ਛੇਹਰਟਾ ਦੇ ਐੱਸ. ਐੱਚ. ਓ. ਵੱਲੋਂ ਸੀਟੂ ਦਫ਼ਤਰ ਪਹੁੰਚ ਕੇ ਵਰਕਰਾਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਜਸਪਾਲ ਸ਼ਰਮਾ ਦੇ ਲੜਕੇ ਵੱਲੋਂ ਕੀਤੀ ਜਾ ਰਹੀ ਭੰਨਤੋੜ ਤੁਰੰਤ ਬੰਦ ਕਰਵਾ ਦਿੱਤੀ ਜਾਵੇਗੀ। ਜਸਪਾਲ ਸ਼ਰਮਾ ਦੀ ਜਾਇਦਾਦ 'ਤੇ ਕਿਸੇ ਨੂੰ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ। ਜਸਪਾਲ ਸ਼ਰਮਾ ਵੱਲੋਂ ਥਾਣੇ ਦਿੱਤੀ ਦਰਖ਼ਾਸਤ 'ਤੇ ਰਿਪੋਰਟ ਦਰਜ ਕਰਕੇ ਮੌਕੇ 'ਤੇ ਦਿੱਤੀ ਗਈ। ਇਸ ਬਾਰੇ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਸ ਵੱਲੋਂ ਲਗਾਤਾਰ ਟਾਲਮਟੋਲ ਕਰਕੇ ਕੇਸ ਲਟਕਾਏ ਜਾ ਰਹੇ ਹਨ, ਜਿਸ ਕਰਕੇ ਲੋਕਾਂ ਦਾ ਪੁਲਿਸ ਤੋਂ ਵਿਸ਼ਵਾਸ ਟੁੱਟ ਗਿਆ ਹੈ। ਇਸੇ ਤਰ੍ਹਾਂ ਹੀ ਲੜਕੀ ਜੋਤੀ ਜੋ ਫਤਿਹ ਸਿੰਘ ਕਾਲੋਨੀ 30 ਨੰਬਰ ਗਲੀ ਵਿਚ ਵਿਆਹੀ ਹੈ; ਨਾਲ 13 ਲੱਖ, 50 ਹਜ਼ਾਰ ਰੁਪਏ ਦੀ ਠੱਗੀ ਹੋਈ ਹੈ, ਜਿਸ ਬਾਰੇ ਮਹਿਲਾ ਥਾਣਾ ਲਾਹੌਰੀ ਗੇਟ ਵਿਚ ਦਰਖ਼ਾਸਤ ਦਿੱਤੀ ਗਈ ਹੈ ਪਰ ਅਜੇ ਤਕ ਕੋਈ ਵੀ ਕਾਰਵਾਈ ਨਹੀਂ ਹੋ ਰਹੀ।

ਕਾਮਰੇਡ ਅਜਨਾਲਾ ਨੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਲੋੜਵੰਦ ਪਰਿਵਾਰਾਂ ਦੀ ਮਦਦ ਕੀਤੀ ਜਾਏ। ਇਸ ਮੌਕੇ ਕਿਰਪਾ ਰਾਮ, ਜਸਵੰਤ ਸਿੰਘ, ਮਨਜੀਤ ਸਿੰਘ ਝਬਾਲ, ਬਲਜਿੰਦਰ ਸਿੰਘ, ਸੂਰਜ, ਮਨੀ, ਵਿਜੇ ਕੁਮਾਰ, ਮਨਜੀਤ ਸਿੰਘ, ਮਹਿੰਦਰ ਸਿੰਘ ਖਹਿਰਾ, ਰਾਜੂ, ਬੌਬੀ, ਮਿੰਟੂ, ਮਲਕੀਤ ਸਿੰਘ, ਸੰਨੀ ਸੁਲਤਾਨਵਿੰਡ ਗੇਟ ਆਦਿ ਸਾਥੀ ਹਾਜ਼ਰ ਸਨ।

# ਜ਼ਿਲ੍ਹਾ ਰੋਜ਼ਗਾਰ ਦਫਤਰ ਗੁਰਦਾਸਪੁਰ ਵਿਖੇ ਲੱਗਾ ਵਿਸ਼ਾਲ ਰੋਜ਼ਗਾਰ ਮੇਲਾ

**ਧਾਰੀਵਾਲ, (ਮਨਦੀਪ ਵਿੱਕੀ)**- ਪੰਜਾਬ ਸਰਕਾਰ ਦੀਆਂ ਘਰ-ਘਰ ਰੋਜ਼ਗਾਰ ਯੋਜਨਾ ਦੀਆਂ ਹਦਾਇਤਾਂ ਅਨੁਸਾਰ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਸੁਨਹਿਰੀ ਅਤੇ ਨਵੇਂ ਮੌਕੇ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਦੇ ਮਕਸਦ ਨਾਲ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (4255), ਗੁਰਦਾਸਪੁਰ ਵਿਖੇ ਇੱਕ ਵਿਸ਼ਾਲ ਰੋਜ਼ਗਾਰ ਮੇਲਾ ਲਗਾਇਆ ਗਿਆ।ਬਿਊਰੋ ਦੇ ਕਮਰਾ ਨੰਬਰ 217 ਵਿਖੇ ਲਗਾਏ ਗਏ ਇਸ ਵਿਸ਼ੇਸ਼ ਮੇਲੇ ਦੀ ਪ੍ਰਧਾਨਗੀ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪੁਰਸ਼ੋਤਮ ਸਿੰਘ ਚਿੱਬ ਵੱਲੋਂ ਕੀਤੀ ਗਈ, ਜਦਕਿ ਪੂਰੇ ਪ੍ਰੋਗਰਾਮ ਦੀ ਦੇਖ-ਰੇਖ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨੇ ਬਹੁਤ ਹੀ ਸੁਚੱਜੇ ਅਤੇ ਪ੍ਰਬੰਧਕੀ ਢੰਗ ਨਾਲ ਨੇਪਰੇ ਚਾੜ੍ਹੀ।ਸੈਂਕੜੇ ਨੌਜਵਾਨ ਲੜਕੇ-ਲੜਕੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਇਸ ਰੋਜ਼ਗਾਰ ਮੇਲੇ ਦੌਰਾਨ ਦੇਸ਼ ਦੀਆਂ ਵੱਖ-ਵੱਖ ਨਾਮਵਰ ਕੰਪਨੀਆਂ ਦੇ ਉੱਚ ਅਧਿਕਾਰੀਆਂ ਅਤੇ ਨੁਮਾਇੰਦਿਆਂ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਯੋਗ ਉਮੀਦਵਾਰਾਂ ਦੀ ਚੋਣ ਲਈ ਇੱਕ ਪਾਰਦਰਸ਼ੀ ਇੰਟਰਵਿਊ



ਪ੍ਰਕਿਰਿਆ ਚਲਾਈ।ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨੇ ਦੱਸਿਆ ਕਿ ਮੇਲੇ ਵਿੱਚ ਨਾਮਵਰ ਅਜਾਇਲ ਕੰਪਨੀ ਵੱਲੋਂ 100 ਐਡਵਾਈਜ਼ਰਾਂ ਅਤੇ 10 ਮੈਨੇਜਰਾਂ ਦੀਆਂ ਵੱਖ-ਵੱਖ ਵੱਕਾਰੀ ਅਸਾਮੀਆਂ ਲਈ ਮੌਕੇ ਤੇ ਹੀ ਇੰਟਰਵਿਊ ਕੀਤੇ ਗਏ।ਇਸੇ ਤਰ੍ਹਾਂ ਬੈਂਕਿੰਗ ਅਤੇ ਵਿੱਤੀ ਖੇਤਰ ਦੇ ਪ੍ਰਮੁੱਖ ਐਕਸਿਸ ਬੈਂਕ ਵੱਲੋਂ 6 ਸਹਾਇਕ ਮੈਨੇਜਰਾਂ ਦੀਆਂ ਅਹਿਮ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਪ੍ਰਕਿਰਿਆ ਨੂੰ ਸਫ਼ਲਤਾਪੂਰਵਕ ਚਲਾਇਆ ਗਿਆ।ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਅਪੀਲ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਆਪਣੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਘਰ ਬੈਠਣ ਦੀ ਬਜਾਏ ਅਜਿਹੇ ਰੋਜ਼ਗਾਰ ਮੇਲਿਆਂ ਅਤੇ ਇੰਟਰਵਿਊਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵੱਲੋਂ ਭਵਿੱਖ ਵਿੱਚ ਵੀ ਨੌਜਵਾਨਾਂ ਨੂੰ ਆਪਣੇ ਪੈਰਾਂ ਤੇ ਖੜ੍ਹਾ ਕਰਨ, ਉਨ੍ਹਾਂ ਦਾ ਕਰੀਅਰ ਸੰਵਾਰਨ ਅਤੇ ਬੇਰੋਜ਼ਗਾਰੀ ਦੇ ਖਾਤਮੇ ਲਈ ਸਮੇਂ-ਸਮੇਂ ਤੇ ਅਜਿਹੇ ਮੁਫ਼ਤ ਰੋਜ਼ਗਾਰ ਮੇਲਿਆਂ, ਸਵੈ-ਰੋਜ਼ਗਾਰ ਲੋਨ ਕੈਂਪਾਂ ਅਤੇ ਵਿਸ਼ੇਸ਼ ਕਾਊਂਸਲਿੰਗ ਸੈਸ਼ਨਾਂ ਦਾ ਆਯੋਜਨ ਨਿਰੰਤਰ ਜਾਰੀ ਰੱਖਿਆ ਜਾਵੇਗਾ ਤਾਂ ਜੋ ਜ਼ਿਲ੍ਹੇ ਦਾ ਕੋਈ ਵੀ ਯੋਗ ਨੌਜਵਾਨ ਰੋਜ਼ਗਾਰ ਤੋਂ ਵਾਂਝਾ ਨਾ ਰਹੇ।

# ਈ.ਟੀ.ਓ. ਨੇ ਗਿੱਲ, ਰਸੂਲਪੁਰ ਕਲਾਂ ਤੇ ਨਵਾਂ ਪਿੰਡ 'ਚ ਕੀਤੀਆਂ ਭਰਵੀਆਂ ਲੋਕ ਮਿਲਣੀਆਂ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਵਿਧਾਇਕ ਹਰਭਜਨ ਸਿੰਘ ਈਟੀਓ ਵੱਲੋਂ ਹਲਕੇ ਦੇ ਪਿੰਡ ਗਿੱਲ, ਰਸੂਲਪੁਰ ਕਲਾਂ ਅਤੇ



ਨਵਾਂ ਪਿੰਡ ਵਿਖੇ ਲੋਕ ਮਿਲਣੀਆਂ ਕੀਤੀਆਂ ਗਈਆਂ।ਇਨ੍ਹਾਂ ਲੋਕ ਮਿਲਣੀਆਂ ਦਾ ਮੁੱਖ ਮਕਸਦ ਲੋਕਾਂ ਨਾਲ ਸਿੱਧਾ ਸੰਪਰਕ ਸਥਾਪਿਤ ਕਰਨਾ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਜ਼ਮੀਨੀ ਪੱਧਰ 'ਤੇ ਸੁਣਨਾ ਅਤੇ ਉਨ੍ਹਾਂ ਦੇ ਤੁਰੰਤ ਹੱਲ ਲਈ ਲੋੜੀਂਦੇ ਕਦਮ ਚੁੱਕਣਾ ਸੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਦੀਆਂ ਉਮੀਦਾਂ ਅਨੁਸਾਰ ਕੰਮ ਕੀਤਾ ਹੈ ਅਤੇ ਪਾਰਦਰਸ਼ੀ ਤੇ ਲੋਕ-ਪੱਖੀ ਸ਼ਾਸਨ ਦਿੱਤਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦਾ ਸਹਿਯੋਗ ਅਤੇ ਭਰੋਸਾ ਪਾਰਟੀ ਨੂੰ ਮਿਲਦਾ ਰਹੇਗਾ।ਇਸ ਦੌਰਾਨ ਪਿੰਡ ਰਸੂਲਪੁਰ ਕਲਾਂ ਤੋਂ ਡਾ. ਰਮਨਦੀਪ ਸਿੰਘ, ਇੰਦਰਬੀਰ ਸਿੰਘ, ਤੇਜਿੰਦਰ ਸਿੰਘ, ਜਸ਼ਨਪ੍ਰੀਤ ਸਿੰਘ, ਦਮਨਪ੍ਰੀਤ ਸਿੰਘ, ਹਰਕੀਰਤ ਸਿੰਘ, ਗੁਰਸ਼ਰਨ ਸਿੰਘ, ਗਗਨਦੀਪ ਸਿੰਘ, ਰਾਜਪਾਲ ਸਿੰਘ, ਦਵਿੰਦਰ ਸਿੰਘ, ਰਾਜਨਪ੍ਰੀਤ ਸਿੰਘ, ਮਨਦੀਪ ਸਿੰਘ, ਅਤਿੰਦਰਪਾਲ ਸਿੰਘ, ਕੰਵਲਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਅਤੇ ਪਾਰਟੀ ਦੀਆਂ ਨੀਤੀਆਂ ਵਿੱਚ ਆਪਣਾ ਵਿਸ਼ਵਾਸ ਪ੍ਰਗਟਾਇਆ।ਨਵਾਂ ਪਿੰਡ ਵਿਖੇ ਲੋਕ ਮਿਲਣੀ ਦੇ ਨਾਲ-ਨਾਲ ਟਰੇਡ ਵਿੰਗ ਦੀ ਇੱਕ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ, ਜਿਸ ਵਿੱਚ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ, ਵਪਾਰਕ ਵਰਗ ਨਾਲ ਤਾਲਮੇਲ ਵਧਾਉਣ ਅਤੇ ਲੋਕਾਂ ਨਾਲ ਸੰਪਰਕ ਨੂੰ ਹੋਰ ਗਹਿਰਾ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਈ.ਟੀ.ਓ. ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਜੁੜਨਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕਰਨਾ ਹੀ ਸਰਕਾਰ ਦੀ ਸਭ ਤੋਂ ਵੱਡੀ ਪ੍ਰਾਥਮਿਕਤਾ ਹੈ।ਉਨ੍ਹਾਂ ਕਿਹਾ ਕਿ ਇਸੇ ਮੰਤਵ ਨਾਲ ਉਹ ਲਗਾਤਾਰ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰ ਰਹੇ ਹਨ ਅਤੇ ਵਿਕਾਸ ਕਾਰਜਾਂ ਦੀ ਨਿਗਰਾਨੀ ਵੀ ਕਰ ਰਹੇ ਹਨ।

# ਬਿਕਰਮਜੀਤ ਸਿੰਘ ਨੂੰ ਵਾਰਡ ਨੰਬਰ ਨੌਂ ਦੇ ਟਰੇਡ ਕਮਿਸ਼ਨ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ



ਵਿਧਾਇਕ ਸ਼ੈਰੀ ਕਲਸੀ ਨੇ ਬਿਕਰਮਜੀਤ ਸਿੰਘ ਨੂੰ ਵਾਰਡ ਨੰਬਰ 9 ਦੇ ਟਰੇਡ ਕਮਿਸ਼ਨ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਹੈ।ਇਸ ਮੌਕੇ ਬਿਕਰਮਜੀਤ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਕਿਰਪਾਲ ਸਿੰਘ ਉਦੋਵਾਲੀ, ਚੇਅਰਮੈਨ ਟਰੇਡਰਜ਼ ਕਮਿਸ਼ਨ ਹਲਕਾ ਬਟਾਲਾ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਹਮੇਸ਼ਾ ਮਿਹਨਤ, ਲਗਨ ਤੇ ਇਮਾਨਦਾਰੀ ਨਾਲ ਕੰਮ ਕਰਨ ਵਾਲਿਆਂ ਨੂੰ ਮਾਣ ਸਤਿਕਾਰ ਦਿੱਤਾ ਜਾਂਦਾ ਹੈ ਅਤੇ ਪਾਰਟੀ ਵਿੱਚ ਵੱਡੀ ਜ਼ਿੰਮੇਵਾਰੀ ਦੇ ਕੇ ਨਿਵਾਜਿਆ ਗਿਆ ਹੈ।ਉਨ੍ਹਾਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਵਪਾਰੀਆਂ ਤੇ ਦੁਕਾਨਦਾਰਾਂ ਦੀਆ ਮੁਸ਼ਕਿਲਾਂ ਹੱਲ ਕਰਨ ਲਈ ਟਰੇਡਰਜ਼ ਕਮਿਸ਼ਨ ਵਚਨਬੱਧ ਹੈ ਅਤੇ ਦੁਕਾਨਦਾਰਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਦੀਆਂ ਪਹਿਲ ਦੇ ਆਧਾਰ ਤੇ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਅੰਦਰ ਵਿਧਾਇਕ ਸ਼ੈਰੀ ਕਲਸੀ ਵੱਲੋਂ ਹਲਕੇ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਗਿਆ ਹੈ।ਇਸ ਮੌਕੇ ਕੌਂਸਲਰ ਰਾਜਦੀਪ ਸਿੰਘ, ਸੀਨੀਅਰ ਆਗੂ ਨਰਿੰਦਰ ਸਿੰਘ, ਤੇਜਿੰਦਰਪਾਲ ਸਿੰਘ, ਹਰਜਿੰਦਰ ਸਿੰਘ ਅਤੇ ਦਮਨਜੀਤ ਸਿੰਘ (ਸਾਰੇ ਮੈਂਬਰ ਕਮਿਸ਼ਨ) ਮੌਜੂਦ ਸਨ।

# ਫੂਡ ਸੇਫਟੀ ਟੀਮ ਵੱਲੋਂ ਫੂਡ ਆਊਟਲੈੱਟਾਂ ਦਾ ਅਚਨਚੇਤ ਨਿਰੀਖਣ

## ਬੇਸਨ, ਬਰਫ਼ੀ ਅਤੇ ਸਰ੍ਹੋਂ ਦੇ ਤੇਲ ਦੇ 4 ਸੈਂਪਲ ਭਰੇ



**ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਸਿਹਤ ਮੰਤਰੀ ਡਾ. ਬਲਬੀਰ ਸਿੰਘ, ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਕੰਵਲਪ੍ਰੀਤ ਬਰਾੜ ਤੇ ਡਿਪਟੀ ਕਮਿਸ਼ਨਰ ਰਾਹੁਲ ਤੇ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਦੇ ਮਾਰਗ ਦਰਸ਼ਨ ਹੇਠ ਜ਼ਿਲ੍ਹਾ ਸਿਹਤ ਅਫਸਰ ਡਾ. ਸੁਖਬੀਰ ਕੌਰ ਦੀ ਅਗਵਾਈ ਵਿਚ ਫੂਡ ਸੇਫਟੀ ਟੀਮ ਤਰਨ ਤਾਰਨ ਵੱਲੋਂ ਸਰਹੱਦੀ ਖੇਤਰਾਂ ਭੂਸੇ ਅਤੇ ਨੌਸ਼ਹਿਰਾ ਢਾਲਾ ਵਿਖੇ ਵੱਖ-ਵੱਖ ਫੂਡ ਆਊਟਲੈੱਟਾਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ।ਇਸ ਦੌਰਾਨ ਖਰੜ ਲੈਬ ਵਿਚ ਭੇਜਣ ਲਈ ਬੇਸਨ ਬਰਫੀ ਅਤੇ ਸਰ੍ਹੋਂ ਦੇ ਤੇਲ ਦੇ 4 ਨਮੂਨੇ ਇਕੱਤਰ ਕੀਤੇ ਗਏ।ਇਸ ਦੌਰਾਨ ਫੂਡ ਸੇਫਟੀ ਆਨ ਵ੍ਹੀਲਜ ਰਾਹੀਂ ਜਾਗਰੂਕਤਾ ਮੁਹਿੰਮ ਵੀ ਚਲਾਈ ਗਈ।ਸਾਰੇ ਐੱਫ. ਬੀ. ਓਜ਼ ਨੂੰ ਸਫ਼ਾਈ ਬਣਾਈ ਰੱਖਣ, ਤੇਲ ਨੂੰ ਦੁਬਾਰਾ ਨਾ ਵਰਤਣ, ਮਿਲਾਵਟ ਨਾ ਕਰਨ ਅਤੇ ਪਕਵਾਨਾਂ ਦਾ ਠੀਕ ਤਾਪਮਾਨ ਬਰਕਰਾਰ ਰੱਖਣ ਲਈ ਹੁਕਮ ਦਿੱਤੇ ਗਏ।ਸਾਰੇ ਐੱਫ. ਬੀ. ਓਜ਼ ਨੂੰ ਆਪਣੇ ਰਜਿਸਟ੍ਰੇਸ਼ਨ/ਲਾਇਸੰਸ ਬਣਾਈ ਰੱਖਣ ਦੀ ਹਦਾਇਤ ਦਿੱਤੀ ਗਈ।ਇਸ ਮੌਕੇ ਫੂਡ ਸੇਫਟੀ ਅਫਸਰ ਸਾਕਸ਼ੀ ਖੋਸਲਾ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਪੰਜਾਬ ਦੇ ਤਿੰਨ ਮੈਂਬਰ ਪਾਰਲੀਮੈਂਟ ਖੜਗੇ ਨੂੰ ਮਿਲੇ, ਦਿੱਤੀ ਵਧਾਈ

**ਛੇਹਰਟਾ, (ਮਨੋਜ ਕੁਮਾਰ)** ਪੰਜਾਬ ਦੇ ਤਿੰਨ ਕਾਂਗਰਸੀ ਮੈਂਬਰ ਪਾਰਲੀਮੈਂਟ ਨੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਨਾਲ ਮੁਲਾਕਾਤ ਕੀਤੀ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ (ਅੰਮ੍ਰਿਤਸਰ), ਡਾ. ਧਰਮਵੀਰ ਗਾਂਧੀ (ਪਟਿਆਲਾ), ਅਤੇ ਡਾ. ਅਮਰ ਸਿੰਘ (ਸ੍ਰੀ ਫਤਿਹਗੜ੍ਹ ਸਾਹਿਬ) ਨੇ ਮੰਗਲਵਾਰ ਨੂੰ ਖੜਗੇ ਨੂੰ ਦੂਜੇ ਕਾਰਜਕਾਲ ਲਈ ਰਾਜ ਸਭਾ ਲਈ ਚੁਣੇ ਜਾਣ 'ਤੇ ਵਧਾਈਆਂ ਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਦੇ ਨਾਲ ਹੀ ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਉਨ੍ਹਾਂ ਦੀ ਅਗਵਾਈ ਹੇਠ ਪਾਰਟੀ ਹੋਰ ਵੀ ਮਜ਼ਬੂਤ ਹੋਵੇਗੀ।



ਮੀਟਿੰਗ ਦੌਰਾਨ ਸੰਸਦ ਮੈਂਬਰਾਂ ਨੇ ਕਿਹਾ ਕਿ ਮਲਿਕਾਰਜੁਨ ਖੜਗੇ ਦਾ ਲੰਮਾ ਰਾਜਨੀਤਿਕ ਕੈਰੀਅਰ, ਵਿਆਪਕ ਪ੍ਰਸ਼ਾਸਨਿਕ ਤਜ਼ਰਬਾ ਤੇ ਦੇਸ਼ ਦੇ ਸੰਵਿਧਾਨਕ ਮੁੱਲਾਂ ਪ੍ਰਤੀ ਅਟੁੱਟ ਵਚਨਬੱਧਤਾ ਕਾਂਗਰਸ ਪਾਰਟੀ ਦੀਆਂ ਸਭ ਤੋਂ ਵੱਡੀਆਂ ਤਾਕਤਾਂ ਵਿਚੋਂ ਇਕ ਹੈ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਖੜਗੇ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਲਗਾਤਾਰ ਤੇ ਜ਼ੋਰਦਾਰ ਢੰਗ ਨਾਲ ਜਨਤਕ ਹਿੱਤਾਂ ਦੇ ਮੁੱਦੇ ਉਠਾ ਰਹੀ ਹੈ ਅਤੇ ਦੇਸ਼ ਦੀਆਂ ਲੋਕਤੰਤਰੀ ਸੰਸਥਾਵਾਂ ਤੇ ਸੰਵਿਧਾਨ ਦੀ ਭਾਵਨਾ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਖੜਗੇ ਦੀ ਅਗਵਾਈ ਹੇਠ ਪਾਰਟੀ ਲੋਕਾਂ ਦੀਆਂ ਉਮੀਦਾਂ ਤੇ ਇੱਛਾਵਾਂ ਦੀ ਆਵਾਜ਼ ਬਣ ਕੇ ਹੋਰ ਵੀ ਪ੍ਰਭਾਵਸ਼ਾਲੀ ਭੂਮਿਕਾ ਨਿਭਾਏਗੀ।

ਇਸ ਮੌਕੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਤੇ ਡਾ. ਅਮਰ ਸਿੰਘ ਨੇ ਵੀ ਮਲਿਕਾਰਜੁਨ ਖੜਗੇ ਨੂੰ ਰਾਜ ਸਭਾ ਲਈ ਦੁਬਾਰਾ ਚੁਣੇ ਜਾਣ 'ਤੇ ਵਧਾਈ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਦਾ ਤਜ਼ਰਬਾ ਤੇ ਸੰਤੁਲਿਤ ਅਗਵਾਈ ਪਾਰਟੀ ਨੂੰ ਨਵੀਂ ਦਿਸ਼ਾ ਪ੍ਰਦਾਨ ਕਰੇਗੀ। ਮੀਟਿੰਗ ਦੌਰਾਨ ਦੇਸ਼ ਤੇ ਪੰਜਾਬ ਨਾਲ ਸਬੰਧਤ ਵੱਖ-ਵੱਖ ਸਮਕਾਲੀ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ।

# ਗੁ: ਸ੍ਰੀ ਅਗਾੜਾ ਪਿਛਾੜਾ ਸਾਹਿਬ ਜੀਓਬਾਲਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਸਾਲਾਨਾ ਜੋੜ ਮੇਲਾ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਸ਼ਹੀਦਾਂ ਦੇ ਸਿਰਤਾਜ ਪੰਜਵੇ ਗੁਰੂ ਸਾਹਿਬਾਨ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਸ੍ਰੀ ਅਗਾੜਾ ਪਿਛਾੜਾ ਸਾਹਿਬ ਕਸਬਾ ਜੀਓਬਾਲਾ (ਤਰਨਤਾਰਨ) ਵਿਖੇ ਸ਼ਹੀਦੀ ਪੁਰਬ ਨੂੰ ਸਮਰਪਿਤ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਬਾਬਾ ਗੁਰਪਿੰਦਰ ਸਿੰਘ ਸੰਪ੍ਰਦਾਇ ਕਾਰ ਸੇਵਾ ਸਤਲਾਣੀ ਸਾਹਿਬ ਹੁਸ਼ਿਆਰ ਨਗਰ ਵਾਲਿਆਂ ਦੀ ਅਗਵਾਈ ਹੇਠ ਸਮੂਹ ਇਲਾਕੇ ਦੀਆਂ ਸੰਗਤਾਂ ਦੇ ਵੱਡਮੁੱਲੇ ਸਹਿਯੋਗ ਨਾਲ ਮਨਾਏ ਗਏ ਸ਼ਹੀਦੀ ਜੋੜ ਮੇਲੇ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਏ ਗਏ ਭੋਗ ਉਪਰੰਤ ਸਜਾਏ ਗਏ ਧਾਰਮਿਕ ਵਿੱਚ ਜਿੱਥੇ ਪ੍ਰਸਿੱਧ ਰਾਗੀ ਢਾਡੀ ਤੇ ਕਵੀਸ਼ਰੀ ਜਥਿਆਂ ਨੇ ਗੁਰੂ ਸਾਹਿਬ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਉਥੇ ਹੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਦੇ ਫਰਜ਼ੰਦ ਬਾਬਾ ਚਰਨਜੀਤ ਸਿੰਘ ਸੁਰਸਿੰਘ ਵਾਲੇ ਸੰਪ੍ਰਦਾਇ ਦਲ ਪੰਥ ਬਾਬਾ ਬਿਧੀ ਚੰਦ ਜੀ ਸੁਰਸਿੰਘ ਤੋਂ ਇਲਾਵਾ ਪੰਥ ਦੀਆਂ ਸਿਰਮੌਰ ਧਾਰਮਿਕ ਸਖਸ਼ੀਅਤਾਂ ਅਤੇ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਤੋਂ ਇਲਾਵਾ ਬਾਬਾ



ਤੇਜਬੀਰ ਸਿੰਘ ਦਮਦਮੀ ਟਕਸਾਲ, ਬਾਬਾ ਗੁਰਵਿੰਦਰ ਸਿੰਘ ਝੂਲਣੇ ਮਹਿਲ ਆਦਿ ਪੁੱਜੀਆਂ ਸਖਸ਼ੀਅਤਾਂ ਨੂੰ ਜਥੇਦਾਰ ਸੰਤ ਬਾਬਾ ਗੁਰਪਿੰਦਰ ਸਿੰਘ ਸਤਲਾਣੀ ਸਾਹਿਬ ਵਾਲੇ ਅਤੇ ਬਾਬਾ ਇੰਦਰਬੀਰ ਸਿੰਘ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਵੱਖ-ਵੱਖ ਪਕਵਾਨਾਂ ਦੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ ਜਦ ਕਿ ਸ਼ਾਮ ਨੂੰ ਪੰਜਾਬ ਭਰ ਦੀਆਂ ਨਾਮਵਰ ਕਬੱਡੀ ਕਲੱਬਾ ਦੀਆਂ ਟੀਮਾਂ ਵਿਚਕਾਰ ਪ੍ਰਦਰਸ਼ਨੀ ਮੈਚ ਖੇਡਿਆ ਗਿਆ ਜਿਸ ਵਿਚ ਜੇਤੂ ਟੀਮ ਨੂੰ ਦਿਲਕਸ਼ ਨਗਰ ਇਨਾਮ ਦੇ ਕੇ ਨਿਵਾਜਿਆ ਗਿਆ।ਨਾਲ ਹੀ ਉਨ੍ਹਾਂ ਇਸ ਸਬੰਧੀ ਨੌਜਵਾਨਾਂ ਨੂੰ ਅਲੱਗ ਅਲੱਗ ਜ਼ਿੰਮੇਵਾਰੀਆਂ ਸੌਂਪੀਆਂ ਅਤੇ ਜਲਦ ਹੀ ਇਨ੍ਹਾਂ ਕਾਰਜਾਂ ਦੀਆਂ ਤਿਆਰੀਆਂ ਸਬੰਧੀ ਕਮਰਕੱਸੇ ਕਰ ਲੈਣ ਲਈ ਕਿਹਾ।ਇਸ ਮੌਕੇ ਬਾਬਾ ਰਣਜੀਤ ਸਿੰਘ ਰਾਣਾ ਵਡਾਲਾ, ਬਾਬਾ ਸ਼ਮਸ਼ੇਰ ਸਿੰਘ ਸ਼ੇਰਾ, ਬਾਬਾ ਹੀਰਾ ਸਿੰਘ, ਬਾਬਾ ਨਿਰਵੈਰ ਸਿੰਘ ਮਿੱਠੂ, ਜਤਿੰਦਰ ਸਿੰਘ, ਅਰਜਿੰਦਰ ਸਿੰਘ, ਜਸਵਿੰਦਰ ਸਿੰਘ ਜੱਸੂ, ਮਨਜਿੰਦਰ ਸਿੰਘ, ਸੋਨੂੰ ਸ਼ਾਹ, ਰਛਪਾਲ ਸਿੰਘ ਪਾਲਾ, ਪਰਮਜੀਤ ਸਿੰਘ ਪੰਮਾ, ਜਸਬੀਰ ਸਿੰਘ ਦੋਧੀ, ਸ਼ਮਸ਼ੇਰ ਸਿੰਘ ਕਾਲਾ, ਮਨਦੀਪ ਸਿੰਘ, ਸਰਵਣ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।

# ਵਿਦੇਸ਼ੀ ਪੜ੍ਹਾਈ ਲਈ ਕਰਜ਼ਾ ਤੇ ਵੀਜ਼ਾ ਸੇਵਾਵਾਂ ਹੋਰ ਹੋਣਗੀਆਂ ਆਸਾਨ

**ਚੰਡੀਗੜ੍ਹ**: ਅੰਤਰਰਾਸ਼ਟਰੀ ਸਿੱਖਿਆ ਖੇਤਰ ਨਾਲ ਜੁੜੀ ਟੈਕਨੋਲੋਜੀ ਆਧਾਰਿਤ ਕੰਪਨੀ ਕ੍ਰਿਜ਼ੈਕ ਲਿਮਿਟਡ ਨੇ ਐਡੂਮੈਂਟ ਕਨਸਲਟੈਂਸੀ ਪ੍ਰਾਈਵੇਟ ਲਿਮਿਟਡ, ਜੋ ਫੌਰਨਐਡਮਿਟਸ ਪਲੇਟਫਾਰਮ ਚਲਾਉਂਦੀ ਹੈ, ਵਿੱਚ ਰਣਨੀਤਿਕ ਨਿਵੇਸ਼ ਕਰਨ ਦਾ ਐਲਾਨ ਕੀਤਾ ਹੈ।ਇਸ ਸਾਂਝੇਦਾਰੀ ਨਾਲ ਵਿਦੇਸ਼ ਵਿੱਚ ਪੜ੍ਹਾਈ ਕਰਨ ਦੀ ਯੋਜਨਾ ਬਣਾ ਰਹੇ ਵਿਦਿਆਰਥੀਆਂ ਨੂੰ ਸਿੱਖਿਆ ਕਰਜ਼ਾ, ਵੀਜ਼ਾ ਤਿਆਰੀ ਅਤੇ ਕੌਂਸਲਿੰਗ ਸੇਵਾਵਾਂ ਵਿੱਚ ਵਧੇਰੇ ਮਦਦ ਮਿਲੇਗੀ।ਕੰਪਨੀ ਮੁਤਾਬਕ ਫੌਰਨਐਡਮਿਟਸ ਹੁਣ ਤੱਕ ਇੱਕ ਲੱਖ ਤੋਂ ਵੱਧ ਵਿਦਿਆਰਥੀਆਂ ਦੀ ਮਦਦ ਕਰ ਚੁੱਕੀ ਹੈ ਅਤੇ 1,500 ਕਰੋੜ ਰੁਪਏ ਤੋਂ ਵੱਧ ਦੇ ਸਿੱਖਿਆ ਲੋਨ ਪ੍ਰਾਪਤ ਕਰਵਾਉਣ ਵਿੱਚ ਸਹਿਯੋਗ ਦੇ ਚੁੱਕੀ ਹੈ।ਕ੍ਰਿਜ਼ੈਕ ਲਿਮਿਟਡ ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਡਾ. ਵਿਕਾਸ ਅਗਰਵਾਲ ਨੇ ਕਿਹਾ ਕਿ ਇਸ ਭਾਈਵਾਲੀ ਨਾਲ ਕੰਪਨੀ ਨੂੰ ਏਆਈ ਆਧਾਰਿਤ ਫਾਇਨੈਂਸਿੰਗ ਅਤੇ ਵੀਜ਼ਾ ਸੇਵਾਵਾਂ ਵਿੱਚ ਨਵੀਆਂ ਸਮਰੱਥਾਵਾਂ ਮਿਲਣਗੀਆਂ, ਜਿਸ ਨਾਲ ਵਿਦਿਆਰਥੀਆਂ ਨੂੰ ਇੱਕੋ ਪਲੇਟਫਾਰਮ 'ਤੇ ਵਧੀਆ ਸਹੂਲਤਾਂ ਮਿਲ ਸਕਣਗੀਆਂ।ਇਸ ਸਮਝੌਤੇ ਤਹਿਤ ਫੌਰਨਐਡਮਿਟਸ ਦੇ ਸੰਸਥਾਪਕ ਅਤੇ ਸੀਈਓ ਨਿਖਿਲ ਜੈਨ ਹੁਣ ਕ੍ਰਿਜ਼ੈਕ ਵਿੱਚ ਚੀਫ ਪ੍ਰੋਡਕਟ ਐਂਡ ਮਾਰਕੀਟਿੰਗ ਅਫਸਰ ਵਜੋਂ ਸ਼ਾਮਲ ਹੋਣਗੇ।ਉਨ੍ਹਾਂ ਕਿਹਾ ਕਿ ਇਸ ਸਾਂਝੇਦਾਰੀ ਨਾਲ ਹੋਰ ਵੱਧ ਵਿਦਿਆਰਥੀਆਂ ਤੱਕ ਗੁਣਵੱਤਾ ਵਾਲੀ ਸਿੱਖਿਆ ਅਤੇ ਵਿੱਤੀ ਸਹਾਇਤਾ ਪਹੁੰਚਾਉਣ ਦਾ ਉਦੇਸ਼ ਹੋਰ ਮਜ਼ਬੂਤ ਹੋਵੇਗਾ।

# ਬੀ ਐੱਲ ਓ ਤੇ ਬੂਥ ਲੈਵਲ ਏਜੰਟਾਂ ਨੂੰ ਐੱਸ ਆਰ ਆਈ ਸਬੰਧੀ ਟ੍ਰੇਨਿੰਗ ਦਿੱਤੀ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਸਫਲ ਆਯੋਜਨ ਲਈ ਲਸ਼ਮਣ ਸਿੰਘ ਸਬ ਡਵੀਜ਼ਨ ਮੈਜਿਸਟ੍ਰੇਟ-ਕਮ-ਚੋਣ ਅਧਿਕਾਰੀ ਵਿਧਾਨ ਸਭਾ ਹਲਕਾ (10) ਡੇਰਾ ਬਾਬਾ ਨਾਨਕ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਡੇਰਾ ਬਾਬਾ ਨਾਨਕ ਵਿਖੇ ਬੂਥ ਨੰਬਰ 1 ਤੇ ਲੈ ਕੇ ਬੂਥ ਨੰਬਰ 80 ਤੱਕ ਦੇ ਸਮੂਹ ਬੂਥ ਲੈਵਲ ਅਫ਼ਸਰਾਂ ਅਤੇ ਵੱਖ-ਵੱਖ ਪਾਰਟੀਆਂ ਦੇ ਬੂਥ ਲੈਵਲ ਏਜੰਟਾਂ ਨੂੰ ਵਿਸਥਾਰਪੂਰਵਕ ਟ੍ਰੇਨਿੰਗ ਦਿੱਤੀ ਗਈ।ਇਸ ਟ੍ਰੇਨਿੰਗ ਮੌਕੇ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦਿਆਂ ਵੱਲੋਂ ਐੱਸ ਡੀ ਐੱਮ ਨੂੰ ਆਪੋ ਆਪਣੇ ਸੁਝਾਅ ਦਿੰਦਿਆਂ ਕਿਹਾ ਗਿਆ ਕਿ ਕੁਝ ਬੀ ਐੱਲ ਓਜ਼ ਉਨ੍ਹਾਂ ਨੂੰ ਨਿਆ ਨਹੀਂ ਦਿੰਦੇ ਤੇ ਆਪਣੀ ਮਨਮਰਜ਼ੀ ਨਾਲ ਵੋਟਾਂ ਕੱਟਣ ਤੇ ਬਣਾਉਣ ਦਾ ਕੰਮ ਕਰਦੇ ਹਨ।ਇਸ ਸਬੰਧੀ ਐੱਸ ਡੀ ਐੱਮ ਨੇ ਸਮੂਹ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਵਾਰ ਕੋਈ ਵੀ ਬੀ ਐੱਲ ਓ ਆਪਣੀ ਮਰਜ਼ੀ ਨਹੀਂ ਕਰਨਗੇ ਤੇ ਉਹ ਘਰ-ਘਰ ਆ ਕੇ ਵੋਟਾਂ ਕਟਾਉਣ ਤੇ ਬਣਾਉਣ ਦਾ ਕੰਮ ਕਰਨਗੇ ।ਇਸ ਮੌਕੇ ਪੱਤਰਕਾਰਾਂ ਨਾਲ



ਗੱਲਬਾਤ ਕਰਦਿਆਂ ਕਿਹਾ ਕਿ ਐੱਸ ਡੀ ਐੱਮ ਲਸ਼ਮਣ ਸਿੰਘ ਨੇ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ ਵਿੱਚ ਐੱਸ ਆਰ ਆਈ ਦਾ ਕੰਮ ਸ਼ੁਰੂ ਹੋ ਰਿਹਾ ਹੈ, ਲੋਕ ਬੀ ਐੱਲ ਓ ਦਾ ਸਾਥ ਦੇਣ। ਉਨ੍ਹਾਂ ਕਿਹਾ ਕਿ ਇਸ ਵਾਰ ਹਲਕੇ ਵਿੱਚ ਕਿਸੇ ਨੂੰ ਵੀ ਗਲਤ ਵੋਟ ਕੱਟਣ ਦੀ ਆਗਿਆ ਨਹੀਂ ਹੋਵੇਗੀ ਅਤੇ ਹਲਕੇ ਵਿੱਚ ਸਿਰਫ਼ ਜਾਇਜ਼ ਵੋਟਾਂ ਹੀ ਬਣਾਈਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਬੀ ਐੱਲ ਓਜ਼ ਐੱਸ ਡੀ ਐੱਮ ਦਫਤਰ ਨੂੰ ਵੋਟ ਕੱਟਣ ਸਬੰਧੀ ਰਿਪੋਰਟ ਕਰਨਗੇ ਅਤੇ ਉਨ੍ਹਾਂ ਵੋਟਾਂ ਸਬੰਧੀ ਆਰ ਓ ਵੱਲੋਂ ਵੋਟਰਾਂ ਨੂੰ ਨੋਟਿਸ ਭੇਜਿਆ ਜਾਵੇਗਾ, ਅਗਰ ਵੋਟਰਾਂ ਵੱਲੋਂ ਨੋਟਿਸ ਦਾ ਜਵਾਬ ਤਸੱਲੀਬਖਸ਼ ਨਾ ਆਵੇਗਾ ਤਾਂ ਹੀ ਵੋਟ ਕੱਟੀ ਜਾਵੇਗੀ । ਉਨ੍ਹਾਂ ਅੱਗੇ ਕਿਹਾ ਕਿ ਅੱਜ ਦੀ ਟ੍ਰੇਨਿੰਗ ਤੋਂ ਇਲਾਵਾ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਰਹਿੰਦੇ ਬੀ ਐੱਲ ਓਜ਼ ਅਤੇ ਬਲਾਕ ਲੈਵਲ ਏਜੰਟਾਂ ਨੂੰ 2 ਹੋਰ ਵੱਖ-ਵੱਖ ਗਰੁੱਪਾਂ ਵਿੱਚ ਟ੍ਰੇਨਿੰਗ ਦਿੱਤੀ ਜਾਵੇਗੀ।ਇਸ ਮੌਕੇ ਨਾਇਬ ਤਹਿਸੀਲਦਾਰ ਕੁਲਵੰਤ ਸਿੰਘ, ਤਹਿਸੀਲ ਦਫ਼ਤਰ ਕਾਨੂੰਗੋ ਜਸਵੰਤ ਸਿੰਘ ਦਾਲਮ, ਤਹਿਸੀਲਦਾਰ ਰੀਡਰ ਸਰਬਜੀਤ ਸਿੰਘ, ਹੈੱਡਮਾਸਟਰ ਹਰਭਜਨ ਲਾਲ, ਮਾਸਟਰ ਦਵਿੰਦਰ ਪਾਲ, ਸਤਨਾਮ ਸਿੰਘ ਡੀ ਸੀ, ਸੁਰਜੀਤ ਸਿੰਘ ਮਹਾਲ ਨੰਗਲ, ਅਸ਼ੋਕ ਕੁਮਾਰ, ਆਸਾ ਸਿੰਘ ਤਲਵੰਡੀ ਗੋਰਾਇਆ, ਸੁਖਜੀਤ ਸਿੰਘ ਨੇਕੀ, ਧਰਮਪਾਲ ਸਿੰਘ ਮੱਤਰੀ, ਪਾਲੀ ਬੇਦੀ, ਪਵਨ ਕੁਮਾਰ ਪੰਮਾ ਤੋਂ ਇਲਾਵਾ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ।

# ਜ਼ਿਲ੍ਹਾ ਮੀਤ ਪ੍ਰਧਾਨ ਬਣਾਉਣ 'ਤੇ ਵਿਨੋਦ ਕੁਮਾਰ ਕੈਨੇਡਾ ਵੱਲੋਂ ਹਾਈਕਮਾਂਡ ਦਾ ਧੰਨਵਾਦ



**ਚੋਹਲਾ ਸਾਹਿਬ (ਰਮਨ ਚੱਢਾ)**- ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਵਿਧਾਨ ਸਭਾ ਖਡੂਰ ਸਾਹਿਬ ਤੋਂ ਨੌਜਵਾਨ ਆਗੂ ਅਤੇ ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ ਦੇ ਨਜ਼ਦੀਕੀ ਸਾਥੀ ਵਿਨੋਦ ਕੁਮਾਰ ਕੈਨੇਡਾ ਨੂੰ ਸ਼੍ਰੋਮਣੀ ਅਕਾਲੀ ਦਲ ਬੀਸੀ ਵਿੰਗ ਦਾ ਜ਼ਿਲ੍ਹਾ ਮੀਤ ਪ੍ਰਧਾਨ ਬਣਾਉਣ 'ਤੇ ਵਿਨੋਦ ਕੁਮਾਰ ਕੈਨੇਡਾ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬਿਕਰਮਜੀਤ ਸਿੰਘ ਮਜੀਠਾ, ਜਥੇਦਾਰ ਹੀਰਾ ਸਿੰਘ ਗਾਬੜੀਆ, ਗੁਰਬਚਨ ਸਿੰਘ ਕਰਮੂੰਵਾਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਰਪੰਚ ਅਵਤਾਰ ਸਿੰਘ ਬਿੱਲਾ ਸੇਰੋਂ, ਬੀਬਾ ਰਮਨਦੀਪ ਕੌਰ ਖਹਿਰਾ ਹਲਕਾ ਇੰਚਾਰਜ ਖਡੂਰ ਸਾਹਿਬ ਅਤੇ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ ਮਨਜਿੰਦਰ ਸਿੰਘ ਲਾਟੀ ਚੋਹਲਾ ਸਾਹਿਬ ਅਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਇਸ ਮੌਕੇ ਵਿਨੋਦ ਕੁਮਾਰ ਕੈਨੇਡਾ ਨੂੰ ਸੀਨੀਅਰ ਮੀਤ ਪ੍ਰਧਾਨ ਬਣਨ 'ਤੇ ਵਧਾਈਆਂ ਦਿੰਦੇ ਹੋਏ ਸਰਪੰਚ ਇੰਦਰਜੀਤ ਸਿੰਘ ਕਰਮੂੰਵਾਲਾ, ਸੁਵਿੰਦਰ ਸਿੰਘ ਕਰਮੂੰਵਾਲਾ, ਦਲੇਰ ਸਿੰਘ ਢਿੱਲੋਂ, ਮੈਂਬਰ ਬਲਾਕ ਸੰਮਤੀ ਦਇਆ ਸਿੰਘ ਨਿੱਕਾ ਚੋਹਲਾ, ਮਨਜੀਤ ਸਿੰਘ ਪੱਖੋਪੁਰ, ਵਿਸ਼ਾਲ ਸਿੰਘ, ਮਨੀਮ ਭੁਪਿੰਦਰ ਸਿੰਘ, ਹੀਰਾ ਸਿੰਘ ਠੇਕੇਦਾਰ ਹਰੀਕੇ, ਚਰਨਜੀਤ ਸਿੰਘ ਦਿਉਲ ਵੱਲੋਂ ਵਿਨੋਦ ਕੁਮਾਰ ਕੈਨੇਡਾ ਨੂੰ ਮੀਤ ਪ੍ਰਧਾਨ ਬਨਣ 'ਤੇ ਵਧਾਈਆਂ ਦਿੱਤੀਆਂ ਅਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ।

# ਚੇਅਰਮੈਨ ਦੀਪਕ ਭੰਡਾਰੀ ਨੂੰ ਦੁਕਾਨਦਾਰਾਂ ਨੇ ਆਪਣੀਆਂ ਮੰਗਾਂ ਦੱਸੀਆਂ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਹਲਕਾ ਮਜੀਠਾ ਦੇ ਅਧੀਨ ਆਉਂਦੇ ਪਿੰਡ ਅੱਡਾ ਥਰੀਏਵਾਲ ਵਿਖੇ ਆਦਮੀ ਪਾਰਟੀ ਦੇ ਟਰੇਡ ਵਿੰਗ ਦੇ ਚੇਅਰਮੈਨ ਦੀਪਕ ਭੰਡਾਰੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਜਿਸ ਵਿੱਚ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਜਿਵੇਂ ਕਿ ਤਲਵੰਡੀ ਤੋਂ ਉਤਰਦੀ ਹੋਈ ਸੜਕ ਦੀ ਹਾਲਤ ਖਰਾਬ, ਓਵਰਲੋਡ ਲੰਘਦੇ ਟਿੱਪਰ, ਅੱਡਾ ਥਰੀਏਵਾਲ ਵਿੱਚ ਸਪੀਡ ਬਰੇਕਰਾਂ ਦੀ ਕਮੀ, ਬੱਸ ਸਟੈਂਡ 'ਤੇ ਬਾਥਰੂਮ ਬਣਵਾਏ ਜਾਣ ਦੇ





ਨਾਲ-ਨਾਲ ਹੋਰ ਵੀ ਕਈ ਮੰਗਾਂ ਦੁਕਾਨਦਾਰਾਂ ਵੱਲੋਂ ਰੱਖੀਆਂ ਗਈਆਂ। ਇਸ ਮੌਕੇ ਹਰਪ੍ਰੀਤ ਸਿੰਘ ਫੌਜੀ ਡੇਅਰੀ ਫਾਰਮ, ਨੀਟੂ ਸ਼ਰਮਾ ਥਰੀਏਵਾਲ, ਜਸਬੀਰ ਸਿੰਘ ਕੁਲਵਿੰਦਰ ਸਿੰਘ, ਸੁਖਵਿੰਦਰ ਸਿੰਘ ਅਬਦਾਲ, ਡਾਕਟਰ ਕਵਲ, ਅਮਨਦੀਪ ਸ਼ਰਮਾ, ਹੈਪੀ ਸ਼ਰਮਾ ਹਾਰਡਵੇਅਰ, ਅਜੀਤ ਸਿੰਘ ਕਰਿਆਨਾ ਸਟੋਰ, ਸਰਬਜੀਤ ਸਿੰਘ ਸਰਪੰਚ ਗੁੱਜਰਪੁਰਾ ਆਦਿ ਹਾਜ਼ਰ ਸਨ।

# ਇੰਸਪੈਕਟਰ ਬਾਜਵਾ ਨੇ ਥਾਣਾ ਝਬਾਲ ਦਾ ਅਹੁਦਾ ਸੰਭਾਲਿਆ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਜ਼ਿਲ੍ਹਾ ਪੁਲਸ ਮੁਖੀ ਸੁਰਿੰਦਰ ਲਾਂਬਾ ਤੇ ਸਬ-ਡਵੀਜ਼ਨ ਦੇ ਡੀ. ਐੱਸ. ਪੀ. ਸੁਖਬੀਰ ਸਿੰਘ ਦੇ ਹੁਕਮਾਂ 'ਤੇ ਚੱਲਦਿਆਂ ਇੰਸਪੈਕਟਰ ਬਲਜਿੰਦਰ ਸਿੰਘ ਬਾਜਵਾ ਨੇ ਥਾਣਾ ਝਬਾਲ ਦਾ ਚਾਰਜ ਸੰਭਾਲ ਲਿਆ।ਇਸ ਮੌਕੇ ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਕਾਨੂੰਨ ਹੱਥ ਵਿੱਚ ਨਹੀਂ ਲੈਣ ਦਿੱਤਾ ਜਾਵੇਗਾ ਤੇ ਇਲਾਕੇ ਵਿੱਚ ਨਸ਼ਾ ਸਮੱਗਲਿੰਗ ਨੂੰ ਪੂਰੀ ਤਰ੍ਹਾਂ ਨਕੇਲ ਪਾਈ ਜਾਵੇਗੀ ਤੇ ਥਾਣੇ ਵਿੱਚ ਪਏ ਪੁਰਾਣੇ ਕੇਸਾਂ ਨੂੰ ਪਹਿਲ ਦੇ ਆਧਾਰ ਤੇ ਨਿਪਟਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਥਾਣੇ ਵਿੱਚ ਆਉਣ ਵਾਲੇ ਹਰ ਇੱਕ ਆਮ ਤੇ ਖਾਸ ਨੂੰ ਬਨਦਾ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ ਵਿੱਚ ਪੁਲਸ ਮੁਲਾਜ਼ਮ ਹਾਜ਼ਰ ਸਨ।

# ਜੋਬਨਪ੍ਰੀਤ ਕੌਰ ਨੇ ਬਤੌਰ ਆਰ. ਟੀ. ਓ. ਗੁਰਦਾਸਪੁਰ ਦਾ ਚਾਰਜ ਸੰਭਾਲਿਆ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਸਰਕਾਰ ਵਲੋਂ ਜੋਬਨਪ੍ਰੀਤ ਕੌਰ ਨੂੰ ਬਤੌਰ ਏ ਆਰ. ਟੀ. ਓ. ਗੁਰਦਾਸਪੁਰ ਵਿਖੇ ਲਗਾਇਆ ਗਿਆ ਹੈ। ਉਨ੍ਹਾਂ ਨੇ ਚਾਰਜ ਸੰਭਾਲਣ ਉਪਰੰਤ ਦਫ਼ਤਰੀ ਕੰਮਕਾਜ ਅਰੰਭ ਕਰ ਦਿੱਤਾ ਹੈ। ਜੋਬਨਪ੍ਰੀਤ ਕੌਰ ਦਾ ਸੇਵਾ ਮੁਕਤ ਤਹਿਸੀਲਦਾਰ ਨੇ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਨੇ ਮਹਿਕਮੇ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ। ਆਰ. ਟੀ. ਓ. ਗੁਰਦਾਸਪੁਰ ਜੋਬਨਪ੍ਰੀਤ ਕੌਰ ਨੇ ਦੱਸਿਆ ਕਿ



ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਗੁਰਦਾਸਪੁਰ ਸ਼ਹਿਰ ਵਾਸੀਆਂ ਦੇ ਕੰਮ ਪਾਰਦਰਸ਼ੀ ਢੰਗ ਨਾਲ ਹੱਲ ਕੀਤੇ ਜਾਣਗੇ ਅਤੇ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਸਭ ਤੋਂ ਪਹਿਲਾਂ ਆਰ. ਟੀ. ਓ. ਜੋਬਨਪ੍ਰੀਤ ਕੌਰ ਨੇ ਮਹਿਕਮੇ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਤਾੜਨਾ ਕਰਦੇ ਹੋਏ ਕਿਹਾ ਕਿ ਉਹ ਸਰਕਾਰੀ ਕੰਮ ਪਹਿਲ ਦੇ ਆਧਾਰ 'ਤੇ ਕਰਨ ਜਿਸ ਨਾਲ ਲੋਕਾਂ ਨੂੰ ਕੋਈ ਵੀ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਜੇਕਰ ਕੋਈ ਵੀ ਮੁਲਾਜ਼ਮ ਕੰਮ ਵਿਚ ਕੁਤਾਹੀ ਕਰਦਾ ਵੇਖਿਆ ਗਿਆ ਤਾਂ ਉਸ ਨੂੰ ਬਿਲਕੁਲ ਵੀ ਮਾਫ਼ ਨਹੀਂ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੰਮਕਾਜ ਕਰਵਾਉਣ ਲਈ ਕਿਸੇ ਵੀ ਦਲਾਲ ਦੇ ਝਾਂਸੇ ਵਿਚ ਨਾ ਆਉਣ ਅਤੇ ਸਿੱਧੇ ਹੀ ਦਫ਼ਤਰ ਦੇ ਕਰਮਚਾਰੀਆਂ ਨਾਲ ਸੰਪਰਕ ਕਰਨ ਅਤੇ ਫ਼ਿਰ ਵੀ ਜੇਕਰ ਕੋਈ ਮੁਸਕਿਲ ਪੇਸ਼ ਆਵੇ ਤਾਂ ਉਹ ਸਿੱਧਾ ਉਨ੍ਹਾਂ ਨੂੰ ਦਫ਼ਤਰ ਆ ਕੇ ਮਿਲ ਸਕਦੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਹੀਕਲਾਂ ਦੇ ਕਾਗਜ਼ਾਤ ਪੂਰੇ ਰੱਖਣ ਤਾਂ ਜੋ ਚੈਕਿੰਗ ਵੇਲੇ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਮਾਂ-ਬਾਪ ਨਾਬਾਲਗ ਬੱਚਿਆਂ ਨੂੰ ਆਪਣੀਆਂ ਸਕੂਟਰੀ ਆਦਿ ਦੇਣ ਤੋਂ ਗੁਰੇਜ਼ ਕਰਨ।

# ਗੁ. ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਵਿਖੇ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਅੱਜ

**ਪਠਾਨਕੋਟ (ਦਵਿੰਦਰ ਸਿੰਘ)**- ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਮਹਾਰਾਜ ਜੀ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਪਠਾਨਕੋਟ ਵਿਖੇ ਬੜੀ ਸ਼ਰਧਾ ਤੇ ਭਾਵਨਾ ਨਾਲ ਅੱਜ ਮਨਾਇਆ ਜਾ ਰਿਹਾ ਹੈ।ਗੁਰਦੁਆਰਾ ਸ੍ਰੀ ਗੁਰੂ ਸਿੰਘ



ਸਭਾ ਦੇ ਪ੍ਰਧਾਨ ਜਥੇਦਾਰ ਮਨਪ੍ਰੀਤ ਸਿੰਘ ਸਾਹਨੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਜਾ ਰਿਹਾ ਹੈ, ਜਿਸ ਵਿਚ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਉਪਰੰਤ 2.30 ਵਜੇ ਤਕ ਦੀਵਾਨ ਸਜਣਗੇ ਸਜੇ ਹੋਏ ਦੀਵਾਨਾ ਦੇ ਅੰਦਰ ਰਾਗੀ ਜਥੇ ਅਤੇ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਆਪ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕਰਨਗੇ ਨਾਲ ਹੀ ਇੱਕ ਫਰੀ ਮੈਡੀਕਲ ਕੈਂਪ ਲਾਇਨਜ਼ ਕਲੱਬ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ ਜੋ ਕਿ ਸਵੇਰੇ 10 ਵਜੇ ਤੋਂ 2 ਵਜੇ ਤੱਕ ਚਲੇਗਾ। ਇਸ ਕੈਂਪ ਵਿੱਚ ਚਮੜੀ ਰੋਗਾ ਦੇ ਮਾਹਿਰ ਡਾਕਟਰ ਕੰਵਰ ਅਰਮਾਨ ਸਿੰਘ ਡਾਕਟਰ ਭੂਮਿਕਾ ਸਿੰਘ ਇਸਤਰੀ ਰੋਗ ਦੇ ਮਾਹਿਰ ਡਾਕਟਰ ਅੰਸ਼ੁਲ ਰਾਇ ਗੁਪਤਾ ਬੱਚਿਆਂ ਦੇ ਰੋਗਾਂ ਦੇ ਮਾਹਿਰ ਅਤੇ ਡਾਕਟਰ ਰਮੇਸ਼ ਡੋਗਰਾ ਅੱਖਾਂ ਦੇ ਮਾਹਿਰ ਡਾਕਟਰ ਆਪਣੀਆਂ ਸੇਵਾਵਾਂ ਦੇਣਗੇ।ਉਨ੍ਹਾਂ ਕਿਹਾ ਕਿ ਆਪ ਸਭ ਨੂੰ ਬੇਨਤੀ ਹੈ ਕਿ ਆਪ ਸਭ ਸੰਗਤਾਂ ਨੇ ਹਾਜ਼ਰੀਆਂ ਭਰਨ ਦੀ ਕਿਰਪਾਲਤਾ ਕਰਨੀ ਜੀ ਗੁਰੂ ਕੇ ਲੰਗਰ ਅਤੁੱਟ ਵਰਤਣਗੇ।

# ਬੇਰੁਜ਼ਗਾਰ ਲਾਇਨਮੈਨਾਂ 'ਤੇ ਕੀਤੇ ਤਸ਼ੱਦਦ ਦੀ ਨਿਖੇਧੀ

**ਖਰੜ (ਹਰਨਾਮ ਸਿੰਘ ਡੱਲਾ)**- ਗ਼ਦਰੀ ਬਾਬੇ ਵਿਚਾਰਧਾਰਕ ਮੰਚ (ਪੰਜਾਬ) ਖਰੜ ਦੀ ਵਿਸ਼ੇਸ਼ ਬੈਠਕ ਨਗਰ ਕੌਂਸਲ ਖਰੜ ਦੇ ਪਾਰਕ ਵਿੱਚ ਹੋਈ ਜਿਸ ਵਿੱਚ ਸਾਥੀ ਸੁਖਵਿੰਦਰ ਸਿੰਘ ਦੁੱਮਣਾ ਜਨਲ ਸਕੱਤਰ, ਸਾਥੀ ਭੁਪਿੰਦਰ ਸਿੰਘ ਮਦਨਹੇੜੀ, ਕਾਮਰੇਡ ਯੋਗਰਾਜ, ਮੋਹਨ



ਲਾਲ ਰਾਹੀ, ਸੁਰਿੰਦਰ ਸਿੰਘ ਵਡਾਲਾ, ਆਈ ਐਸ ਸਿੰਘ ਕੋਰਾ, ਹਰਮੇਲ ਸਿੰਘ ਚੋਲਟਾ,ਕਿਰਪਾਲ ਸਿੰਘ ਅਰਨੀਵਾਲਾ, ਕਾਮਰੇਡ ਦਨੇਸ਼ ਪ੍ਰਸਾਦ, ਬਲਵਿੰਦਰ ਸਿੰਘ ਰੜਿਆਲਾ ਤੇ ਹਰਨਾਮ ਸਿੰਘ ਡੱਲਾ ਨੇ ਭਾਗ ਲਿਆ। ਜਿਸ ਵਿੱਚ ਲੋਕ ਆਵਾਜ਼ ਐਸੋਸੀਏਸ਼ਨ ਖਰੜ ਦੇ ਪ੍ਰਧਾਨ ਰਾਮ ਸਿੰਘ ਤੇ ਪੁਆਧ ਦੇ ਉੱਘੇ ਸਿੱਖਿਆ ਸਾਸਤਰੀ ਸਵਰਨ ਭੰਗੂ ਦੀ ਬੇਵਕਤ ਮੌਤ ਅਤੇ ਇਰਾਨ ਦੇ ਸਾਗਰਾਂ ਵਿੱਚ ਅਮਰੀਕੀ ਫੌਜ ਵਲੋਂ ਮਾਰੇ ਗਏ ਬੇਗੁਨਾਹ ਭਾਰਤੀ ਨਾਗਰਿਕਾਂ ਦੀ ਮੌਤ 'ਤੇ ਦੋ ਮਿੰਟ ਦਾ ਮੋਨ ਧਾਰ ਕੇ ਸਰਧਾਂਜਲੀ ਦਿੱਤੀ ਗਈ। ਇਸ ਤੋਂ ਬਿਨਾਂ ਪਟਿਆਲਾ ਵਿੱਚ ਬੇਰੁਜ਼ਗਾਰ ਲਾਇਨ ਮੈਨਾ ਉੱਤੇ ਪੁਰਅਮਨ ਢੰਗ ਨਾਲ ਰੋਜ਼ਗਾਰ ਮੰਗਣ 'ਤੇ ਧਰਨਾ ਦੇਣ ਕਰਕੇ ਕੀਤੇ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਮੰਚ ਨੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵਲੋਂ ਗ਼ਦਰੀ ਬਾਬਿਆਂ, ਬੱਬਰ ਅਕਾਲੀਆਂ ਅਤੇ ਆਜ਼ਾਦੀ ਘੁਲਾਟੀਆ ਦੀਆਂ ਕੁਰਬਾਨੀਆਂ ਨੂੰ ਜ਼ਿੰਦਾ ਰੱਖਣ ਲਈ ਜਲੰਧਰ ਵਿੱਚ 27 ਜੂਨ ਨੂੰ ਕੀਤੀ ਜਾ ਰਹੀ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਦਾ ਵੀ ਫੈਸਲਾ ਵੀ ਕੀਤਾ ਗਿਆ। ਇਕੱਤਰ ਹੋਏ ਸਾਥੀਆਂ ਨੇ ਇਹ ਵੀ ਫੈਸਲਾ ਲਿਆ ਕਿ ਦੇਸ਼ ਖਾਸਕਰ ਪੰਜਾਬ ਦੇ ਸਿਆਸੀ ਹਾਲਾਤ ਉੱਤੇ ਇੱਕ ਪੈਂਫਲਟ ਕੱਢਿਆ ਜਾਵੇ ਤੇ ਲੋਕਾਂ ਵਿੱਚ ਵੰਡਿਆ ਜਾਵੇ ਤਾਂ ਜੋ ਲੋਕਾਂ ਵਿੱਚ ਰਾਜਨੀਤਿਕ ਚੇਤਨਾ ਵਿਚ ਵਾਧਾ ਹੋ ਸਕੇ। ਇਸ ਤੋਂ ਇਲਾਵਾ ਇੱਕ ਹੋਰ ਫੈਸਲੇ ਰਾਹੀਂ ਲੋਕਲ ਸਮੱਸਿਆਵਾਂ ਬਾਰੇ ਘਰ ਘਰ ਜਾਕੇ ਚੇਤਨਾ ਮੁਹਿੰਮ ਚਲਾਈ ਜਾਵੇ।

# 66 ਕੇ ਵੀ ਬਿਆਸ ਨੇੜੇ ਲੱਗੀ ਅੱਗ



**ਬਿਆਸ (ਰੱਖੜਾ)** 66 ਕੇ ਵੀ ਸਬ-ਸਟੇਸ਼ਨ ਦੇ ਨੇੜੇ ਸੁੱਕੇ ਝਾੜਾਂ ਵਿੱਚ ਅਚਾਨਕ ਅੱਗ ਲੱਗ ਗਈ। ਅੱਗ ਲੱਗਣ ਦੀ ਸੂਚਨਾ ਮਿਲਦਿਆਂ ਹੀ ਬਿਜਲੀ ਵਿਭਾਗ ਦੇ ਕਰਮਚਾਰੀਆਂ ਨੇ ਹਾਲਾਤ ਨੂੰ ਕਾਬੂ ਕਰਨ ਲਈ ਯਤਨ ਸ਼ੁਰੂ ਕਰ ਦਿੱਤੇ। ਫਾਇਰ ਬ੍ਰਿਗੇਡ ਦੀ ਟੀਮ ਨੇ ਸਮੇਂ ਸਿਰ ਪਹੁੰਚ ਕੇ ਅੱਗ 'ਤੇ ਕਾਬੂ ਪਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਨਾਲ ਰਈਆ ਖੁਰਦ ਫੀਡਰ ਦੀ ਮੇਨ ਕੇਬਲ ਨੂੰ ਵੀ ਨੁਕਸਾਨ ਪਹੁੰਚਿਆ ਹੈ, ਜਿਸ ਕਾਰਨ ਬਿਜਲੀ ਸਪਲਾਈ ਪ੍ਰਭਾਵਤ ਹੋਣ ਦੀ ਸੰਭਾਵਨਾ ਬਣ ਗਈ ਸੀ। ਜੇ ਈ ਭੁਪਿੰਦਰ ਸਿੰਘ ਪੱਡਾ ਨੇ ਦੱਸਿਆ ਕਿ ਜੇਕਰ ਅੱਗ ਦਾ ਸਮੇਂ ਸਿਰ ਪਤਾ ਨਾ ਲੱਗਦਾ ਤਾਂ ਇਹ ਸਬ-ਸਟੇਸ਼ਨ ਤੱਕ ਪਹੁੰਚ ਸਕਦੀ ਸੀ। ਬਿਜਲੀ ਵਿਭਾਗ ਦੇ ਅਧਿਕਾਰੀਆਂ ਫਾਇਰ ਬ੍ਰਿਗੇਡ ਦੀ ਟੀਮ ਵੱਲੋਂ ਦਿੱਤੀ ਗਈ ਸਹਾਇਤਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਰੇ ਵਿਭਾਗਾਂ ਦੇ ਯਤਨਾਂ ਨਾਲ ਇੱਕ ਵੱਡੇ ਨੁਕਸਾਨ ਨੂੰ ਟਾਲਿਆ ਗਿਆ ਹੈ। ਇਸ ਮੌਕੇ ਜਸਵੰਤ ਸਿੰਘ ਲਾਈਨਮੈਨ, ਜਸਬੀਰ ਸਿੰਘ ਲਾਈਨਮੈਨ, ਜੋਗਾ ਸਿੰਘ ਲਾਈਨਮੈਨ, ਬਲਵਿੰਦਰ ਸਿੰਘ ਲਾਈਨਮੈਨ, ਜਸਵੰਤ ਸਿੰਘ ਲਾਈਨਮੈਨ ਤੇ ਹੋਰ ਬਿਜਲੀ ਮੁਲਾਜ਼ਮ ਮੌਜੂਦ ਸਨ।

ਨਵਾਂ ਜ਼ਮਾਨਾ
ਵੀਰਵਾਰ, 18 ਜੂਨ 2026

# ਭਾਜਪਾ ਰਾਜਾਂ ਦਾ ਅਡਾਨੀ ਪ੍ਰੇਮ

*ਕੋਲਾ-ਅਧਾਰਤ ਥਰਮਲ ਪਾਵਰ ਪਲਾਂਟਾਂ ਦੇ ਮਾਰਚ 2024 ਅਤੇ ਜਨਵਰੀ 2026 ਦੇ ਵਿਚਕਾਰ ਜਾਰੀ ਕੀਤੇ ਗਏ 12 ਵੱਡੇ ਲੰਮੇ ਸਮੇਂ ਦੇ ਟੈਂਡਰਾਂ ਵਿੱਚੋਂ ਅੱਠ ਭਾਜਪਾ ਸ਼ਾਸਤ ਰਾਜਾਂ ਦੇ ਸਨ। 'ਦੀ ਰਿਪੋਰਟਰਜ਼ ਕਲੈਕਟਿਵ' ਦੀ ਇੱਕ ਰਿਪੋਰਟ ਮੁਤਾਬਕ ਇਹ ਸਾਰੇ ਅਡਾਨੀ ਗਰੁੱਪ ਨੇ ਇਕੱਲੇ ਜਾਂ ਸਾਂਝੇ ਤੌਰ 'ਤੇ ਜਿੱਤੇ। ਵਿਰੋਧੀ ਪਾਰਟੀਆਂ ਵਾਲੇ ਰਾਜਾਂ ਵਿੱਚ ਉਸ ਨੂੰ ਘੱਟ ਸਫਲਤਾ ਮਿਲੀ। ਇਨ੍ਹਾਂ ਪਲਾਂਟਾਂ ਤੋਂ ਬਿਜਲੀ ਖਰੀਦ ਦੇ ਇਕਰਾਰਨਾਮਿਆਂ ਨਾਲ ਅਗਲੇ 25 ਸਾਲਾਂ ਵਿੱਚ 13.27 ਲੱਖ ਕਰੋੜ ਤੋਂ ਵੱਧ ਦੀ ਆਮਦਨ ਹੋਣ ਦੀ ਉਮੀਦ ਹੈ। ਇਸ ਰਿਪੋਰਟ ਦੇ ਜਵਾਬ ਵਿੱਚ ਅਡਾਨੀ ਗਰੁੱਪ ਨੇ ਕਿਹਾ ਹੈ ਕਿ ਸਭ ਕੁਝ ਪਾਰਦਰਸ਼ੀ ਢੰਗ ਨਾਲ ਅਤੇ ਨਿਯਮਾਂ ਮੁਤਾਬਕ ਕੀਤਾ ਗਿਆ ਸੀ। ਇਸ ਨੇ ਗੈਰ-ਭਾਜਪਾ ਸ਼ਾਸਤ ਰਾਜਾਂ ਵਿੱਚ ਵੀ ਟੈਂਡਰ ਜਿੱਤੇ ਹਨ ਅਤੇ ਭਾਜਪਾ ਸ਼ਾਸਤ ਰਾਜਾਂ ਵਿੱਚ ਟੈਂਡਰ ਜਿੱਤਣ ਵਾਲੀ ਇਹ ਇਕਲੌਤੀ ਕੰਪਨੀ ਨਹੀਂ ਹੈ।*

*ਗਰੁੱਪ ਦਾ ਦਾਅਵਾ ਭਾਵੇਂ ਕੁਝ ਵੀ ਹੋਵੇ, ਟੈਂਡਰ ਪ੍ਰਕਿਰਿਆ ਦੀ ਡੂੰਘਾਈ ਨਾਲ ਜਾਂਚ ਕਰਨ ਤੋਂ ਬਾਅਦ, 'ਦੀ ਰਿਪੋਰਟਰਜ਼ ਕਲੈਕਟਿਵ' ਦੀ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਅਡਾਨੀ ਗਰੁੱਪ ਨੇ ਭਾਜਪਾ ਸ਼ਾਸਤ ਰਾਜਾਂ ਵਿੱਚ ਲੱਗਭੱਗ ਸਾਰੇ ਵੱਡੇ ਟੈਂਡਰ ਪ੍ਰਾਪਤ ਕੀਤੇ। ਕੁਝ ਮਾਮਲਿਆਂ ਵਿੱਚ ਟੈਂਡਰ ਸ਼ਰਤਾਂ ਅਡਾਨੀ ਗਰੁੱਪ ਦੇ ਪੱਖ ਵਿੱਚ ਤਿਆਰ ਕੀਤੀਆਂ ਗਈਆਂ ਸਨ। ਮਹਾਰਾਸ਼ਟਰ ਅਤੇ ਰਾਜਸਥਾਨ ਵਰਗੇ ਰਾਜਾਂ ਵਿੱਚ ਟੈਂਡਰਾਂ ਨੂੰ ਲੈ ਕੇ ਵਿਵਾਦ ਹੋਏ। ਰਾਜਸਥਾਨ ਦੇ ਇੱਕ ਟੈਂਡਰ ਨੂੰ ਬਾਅਦ ਵਿੱਚ ਰੱਦ ਕਰਨਾ ਪਿਆ। ਬਿਹਾਰ ਵਿੱਚ ਪਲਾਂਟ ਲਾਉਣ ਲਈ ਅਡਾਨੀ ਨੂੰ 1000 ਏਕੜ ਜ਼ਮੀਨ ਸਿਰਫ ਇੱਕ ਰੁਪਏ ਸਾਲਾਨਾ ਲੀਜ਼ 'ਤੇ ਦਿੱਤੀ ਗਈ। ਪਿਛਲੇ ਦੋ ਸਾਲਾਂ ਵਿੱਚ ਇਨ੍ਹਾਂ ਲੰਮੇ ਸਮੇਂ ਦੇ ਇਕਰਾਰਨਾਮਿਆਂ ਦੀ ਕੁੱਲ ਸਮਰੱਥਾ ਲੱਗਭੱਗ 16.7 ਗੀਗਾਵਾਟ ਹੋਣ ਦਾ ਅਨੁਮਾਨ ਹੈ। ਅਨੁਮਾਨਤ ਕਮਾਈ ਦੀ ਗਣਨਾ ਟੈਰਿਫ, ਪਲਾਂਟ ਸਮਰੱਥਾ ਅਤੇ 25 ਸਾਲਾਂ ਦੀ ਮਿਆਦ ਦੇ ਆਧਾਰ 'ਤੇ ਕੀਤੀ ਗਈ ਹੈ।*

*ਕੋਵਿਡ ਤੋਂ ਬਾਅਦ ਬਿਜਲੀ ਦੀ ਮੰਗ ਤੇਜ਼ੀ ਨਾਲ ਵਧੀ। ਸੂਰਜੀ ਊਰਜਾ ਵਰਗੀ ਨਵਿਆਉਣਯੋਗ ਊਰਜਾ ਰੁਕ-ਰੁਕ ਕੇ ਆਉਂਦੀ ਹੈ, ਜਦੋਂ ਕਿ ਕੋਲਾ-ਅਧਾਰਤ ਬਿਜਲੀ 24 ਘੰਟੇ ਪ੍ਰਦਾਨ ਕੀਤੀ ਜਾ ਸਕਦੀ ਹੈ। ਇਸ ਲਈ 2024 ਤੋਂ ਸ਼ੁਰੂ ਕਰਦੇ ਹੋਏ ਕੇਂਦਰ ਅਤੇ ਰਾਜ ਸਰਕਾਰਾਂ ਨੇ ਫਿਰ ਤੋਂ ਕੋਲਾ ਬਿਜਲੀ 'ਤੇ ਜ਼ੋਰ ਦਿੱਤਾ ਹੈ। ਕੇਂਦਰ ਸਰਕਾਰ ਨੇ 2031-32 ਤੱਕ 80 ਗੀਗਾਵਾਟ ਵਾਧੂ ਥਰਮਲ ਪਾਵਰ ਜੋੜਨ ਦਾ ਟੀਚਾ ਰੱਖਿਆ ਹੈ, ਜੋ ਬਾਅਦ ਵਿੱਚ ਵਧ ਕੇ 95 ਗੀਗਾਵਾਟ ਹੋ ਸਕਦਾ ਹੈ। ਅਡਾਨੀ ਪਾਵਰ ਨੇ ਕਿਹਾ ਕਿ ਸਾਰੇ ਠੇਕੇ ਖੁੱਲ੍ਹੀ ਪ੍ਰਤੀਯੋਗੀ ਬੋਲੀ ਰਾਹੀਂ ਦਿੱਤੇ ਗਏ। ਇਹ ਟੈਰਿਫ ਸਰਕਾਰੀ ਬਿਜਲੀ ਰੈਗੂਲੇਟਰੀ ਕਮਿਸ਼ਨਾਂ ਵੱਲੋਂ ਮਨਜ਼ੂਰ ਕੀਤੇ ਗਏ ਸਨ। ਇਸ ਦਾ ਰਾਜ ਚਲਾਉਂਦੀ ਪਾਰਟੀ ਨਾਲ ਕੋਈ ਸੰਬੰਧ ਨਹੀਂ। ਮਹਾਰਾਸ਼ਟਰ ਵਿੱਚ ਇੱਕ ਹੀ ਕੰਪਨੀ ਤੋਂ ਥਰਮਲ ਅਤੇ ਸੂਰਜੀ ਊਰਜਾ ਦੋਵਾਂ ਨੂੰ ਖਰੀਦਣ ਲਈ ਟੈਂਡਰ ਜਾਰੀ ਕੀਤਾ ਗਿਆ ਸੀ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਹ ਟੈਂਡਰ ਨਿਯਮਾਂ ਦੀ ਉਲੰਘਣਾ ਕਰਕੇ ਅਤੇ ਰੈਗੂਲੇਟਰੀ ਪ੍ਰਵਾਨਗੀ ਤੋਂ ਬਿਨਾਂ ਜਾਰੀ ਕੀਤਾ ਗਿਆ ਸੀ। ਟੈਂਡਰ ਇੱਕ ਅਜਿਹੀ ਕੰਪਨੀ ਤੋਂ ਥਰਮਲ ਪਾਵਰ ਖਰੀਦਣ ਲਈ ਤਿਆਰ ਕੀਤਾ ਗਿਆ ਜਾਪਦਾ ਹੈ, ਜੋ ਕਾਫੀ ਮਾਤਰਾ ਵਿੱਚ ਸੂਰਜੀ ਊਰਜਾ ਵੀ ਪ੍ਰਦਾਨ ਕਰ ਸਕਦੀ ਹੈ। ਭਾਰਤ ਵਿੱਚ ਬਹੁਤ ਘੱਟ ਬਿਜਲੀ ਉਤਪਾਦਕ ਅਜਿਹਾ ਕਰ ਸਕਦੇ ਸਨ। ਅਡਾਨੀ ਗਰੁੱਪ ਉਨ੍ਹਾਂ ਵਿੱਚੋਂ ਇੱਕ ਸੀ। ਅਡਾਨੀ ਨੇ ਟੈਂਡਰ ਜਿੱਤ ਲਿਆ।*

*ਅਸਾਮ ਦੀ ਭਾਜਪਾ ਸਰਕਾਰ ਨੇ ਗਰੁੱਪ ਦੇ 3,200 ਮੈਗਾਵਾਟ ਥਰਮਲ ਪਾਵਰ ਪਲਾਂਟ ਤੋਂ ਵਾਧੂ ਬਿਜਲੀ ਖਰੀਦਣ ਲਈ ਆਪਣੇ ਫੰਡਾਂ ਦੀ ਵਰਤੋਂ ਕਰਨ ਦਾ ਵਾਅਦਾ ਕੀਤਾ। ਇਹ ਫੈਸਲਾ ਰਾਜ ਦੇ ਬਿਜਲੀ ਖੇਤਰ ਦੇ ਕਰਮਚਾਰੀਆਂ ਦੀ ਯੂਨੀਅਨ ਦੇ ਵਿਰੋਧ ਦੇ ਬਾਵਜੂਦ ਲਿਆ ਗਿਆ, ਜਿਨ੍ਹਾਂ ਨੇ ਕਿਹਾ ਕਿ ਰਾਜ ਨੂੰ ਅਜਿਹੀ ਵਾਧੂ ਸਮਰੱਥਾ ਦੀ ਲੋੜ ਨਹੀਂ। ਇਸ ਤੋਂ ਇਲਾਵਾ ਅਡਾਨੀ ਨੇ ਮੱਧ ਪ੍ਰਦੇਸ਼ ਵਿੱਚ 800 ਮੈਗਾਵਾਟ ਦਾ ਵਾਧੂ ਆਰਡਰ ਪ੍ਰਾਪਤ ਕੀਤਾ। ਮਾਹਰਾਂ ਦਾ ਕਹਿਣਾ ਹੈ ਕਿ 20-25 ਸਾਲਾਂ ਦੇ ਇਹ ਲੰਮੇ ਸਮੇਂ ਦੇ ਇਕਰਾਰਨਾਮੇ ਰਾਜ ਸਰਕਾਰਾਂ 'ਤੇ ਬੋਝ ਬਣ ਸਕਦੇ ਹਨ। ਭਾਵੇਂ ਬਿਜਲੀ ਦੀ ਖਪਤ ਘੱਟ ਹੋਵੇ, ਰਾਜ ਨੂੰ ਪੂਰੀ ਰਕਮ ਅਦਾ ਕਰਨੀ ਪਵੇਗੀ। ਇਹ ਬੋਝ ਅੰਤ ਵਿੱਚ ਔਸਤ ਖਪਤਕਾਰ 'ਤੇ ਪੈਣਾ ਹੈ।*

ਸ਼ਹੀਦੀ ਦਿਨ 'ਤੇ ਵਿਸ਼ੇਸ਼

# ਅਦੁੱਤੀ ਸ਼ਹੀਦੀ ਦੇ ਦੂਰ-ਰਸ ਅਦੁੱਤੀ ਪ੍ਰਭਾਵ

**ਪ੍ਰਿੰਸੀਪਲ ਗਿਆਨ ਸਿੰਘ ਦੁਸਾਂਝ**



ਐਤਕੀਂ ਸ੍ਰੀ ਗੁਰੂ ਅਰਜਨ ਦੇਵ ਜੀ ਦਾ 421ਵਾਂ ਸ਼ਹੀਦੀ ਦਿਹਾੜਾ ਪ੍ਰਚਲਤ ਨਾਨਕਸ਼ਾਹੀ ਕੈਲੰਡਰ ਅਨੁਸਾਰ ਦੇਸ਼ ਵਿੱਚ 18 ਜੂਨ ਨੂੰ ਮਨਾਇਆ ਜਾ ਰਿਹਾ ਹੈ, ਜਦ ਕਿ ਮੂਲ ਨਾਨਕਸ਼ਾਹੀ ਕੈਲੰਡਰ ਮੁਤਾਬਕ 16 ਜੂਨ ਨੂੰ ਹੀ ਇਹ ਇਤਿਹਾਸਕ ਦਿਨ ਵਿਦੇਸ਼ ਵਿੱਚ ਆਯੋਜਿਤ ਕੀਤਾ ਜਾ ਚੁੱਕਾ ਹੈ।

ਮਈ 7 (1606 ਈ:-ਲੇਖਕ) ਨੂੰ ਉਹ (ਜਹਾਂਗੀਰ ਬਾਦਸ਼ਾਹ-ਲੇਖਕ) ਲਾਹੌਰ ਆਉਂਦਾ ਹੈ। ਲਾਹੌਰ ਵਿੱਚ ਪੁੱਜਦਿਆਂ ਹੀ ਅਗਲੇ ਦਿਨ ਖੁਸਰੋ ਤੇ ਉਸ ਦੇ ਸਾਥੀ ਪਕੜੇ ਜਾਂਦੇ ਹਨ। ਉਸ ਸਮੇਂ ਤੱਕ ਕੋਈ ਕਨਸੋਅ ਨਹੀਂ ਕਿ ਗੁਰੂ ਅਰਜਨ ਨੇ ਖੁਸਰੋ ਦੀ ਮਦਦ ਕੀਤੀ। ਪਰ ਅਚਾਨਕ 15 ਮਈ ਨੂੰ ਗੁਰੂ ਜੀ ਦੀ ਗ੍ਰਿਫ਼ਤਾਰੀ ਅਤੇ ਫਿਰ ਉਨ੍ਹਾਂ ਦੇ ਘਰ ਘਾਟ ਨੂੰ ਜ਼ਬਤ ਕਰਨ ਦਾ ਹੁਕਮ ਸੁਣਾ ਦਿੱਤਾ ਜਾਂਦਾ ਹੈ। (ਸਤਿਬੀਰ ਸਿੰਘ-ਸਾਡਾ ਇਤਿਹਾਸ-ਪੰਨੇ 242 ਅਤੇ 243) ਬਾਦਸ਼ਾਹ ਵੱਲੋਂ ਗੁਰੂ ਜੀ ਉਪਰ ਬਾਗ਼ੀ ਖੁਸਰੋ ਦੀ ਸਹਾਇਤਾ ਕਰਨ ਦਾ ਮੜ੍ਹਿਆ ਇਲਜ਼ਾਮ ਬਿਲਕੁਲ ਹੀ ਨਾਵਾਜਬ ਸੀ। ਅਸਲੀ ਕਾਰਨ ਦਾ ਤਾਂ ਬਾਦਸ਼ਾਹ ਜਹਾਂਗੀਰ ਆਪਣੀ ਸਵੈਜੀਵਨੀ, ਤੁਜ਼ਕ-ਏ-ਜਹਾਂਗੀਰੀ ਵਿੱਚ ਅੰਕਿਤ ਇਬਾਰਤ ਮੁਤਾਬਕ ਖੁਦ ਹੀ ਇਸ ਤਰ੍ਹਾਂ ਇਕਬਾਲ ਕਰਦਾ ਹੈ:-

"ਉਸ (ਪੰਜਵੇਂ ਗੁਰੂ ਜੀ-ਲੇਖਕ) ਦੇ ਤੌਰ-ਤਰੀਕਿਆਂ ਨਾਲ ਕਈ ਸਿੱਧੇ ਹਿੰਦੂ ਅਤੇ ਮੂਰਖ ਤੇ ਬੇਸਮਝ ਮੁਸਲਮਾਨ ਉਸ ਦੀ ਰਹੁ-ਰੀਤੀ ਦੇ ਜਾਲ ਵਿੱਚ ਫਸ ਚੁੱਕੇ ਸਨ। ਤਿੰਨ, ਚਾਰ ਪੁਸ਼ਤਾਂ ਤੋਂ ਉਨ੍ਹਾਂ ਨੇ ਇਸ ਦੁਕਾਨ ਨੂੰ ਗਰਮ ਰੱਖਿਆ ਹੋਇਆ ਸੀ। ਕਿੰਨੇ ਚਿਰਾਂ ਤੋਂ ਮੇਰੇ ਮਨ ਵਿੱਚ ਇਹ ਖ਼ਿਆਲ ਆਉਂਦਾ ਰਿਹਾ ਸੀ ਕਿ ਇਸ ਝੂਠ ਦੀ ਦੁਕਾਨ ਨੂੰ ਬੰਦ ਕਰਨਾ ਚਾਹੀਦਾ ਹੈ ਜਾਂ ਉਸ (ਗੁਰੂ ਅਰਜਨ) ਨੂੰ ਇਸਲਾਮ ਵਿੱਚ ਲਿਆਉਣਾ ਚਾਹੀਦਾ ਹੈ। ਮੈਂ ਹੁਕਮ ਦਿੱਤਾ ਕਿ ਉਸ ਨੂੰ ਮੇਰੇ ਸਾਹਮਣੇ ਪੇਸ਼ ਕੀਤਾ ਜਾਵੇ, ਉਸ ਦੇ ਘਰ ਘਾਟ ਅਤੇ ਬੱਚਿਆਂ ਨੂੰ ਮੁਰਤਜਾ ਖਾਂ ਦੇ ਸਪੁਰਦ ਕੀਤਾ ਜਾਵੇ, ਉਸ ਦੀ ਸਾਰੀ ਜਾਇਦਾਦ ਜ਼ਬਤ ਕਰ ਲਈ ਜਾਵੇ ਅਤੇ ਉਸ ਨੂੰ ਤਸੀਹੇ ਦੇ ਕੇ (ਬਸਿਆਸਤ-ਵ-ਯਾਸਾ ਰਸ਼ਾਨੰਦ-ਖ਼ੂਨ ਡੋਲ੍ਹਣ ਤੋਂ ਬਿਨਾਂ) ਮਾਰ ਦਿੱਤਾ ਜਾਵੇ।"

(ਸਫ਼ਾ 35-ਨਵਲ ਕਿਸ਼ੋਰ ਐਡੀਸ਼ਨ)

ਸਾਨੂੰ ਪ੍ਰਤੀਤ ਹੁੰਦਾ ਹੈ ਕਿ ਪੁਰਾਣੇ ਜੂਲੀਅਨ ਕੈਲੰਡਰ ਅਨੁਸਾਰ 15 ਮਈ, 1606 ਈ: (ਹੁਣ 03 ਜੂਨ ਨਵੇਂ ਗੋਰੀਅਨ ਕੈਲੰਡਰ ਮੁਤਾਬਕ) ਦੇ ਸ਼ਾਹੀ ਹੁਕਮ ਦੀ ਸੂਚਨਾ ਗੁਰੂ ਜੀ ਨੂੰ ਲਾਹੌਰ ਵਿਚਲੇ ਆਪਣੇ ਭਰੋਸੇਮੰਦ ਸਰੋਤਾਂ ਤੋਂ 19 ਮਈ, 1606 ਈ: (ਹੁਣ 07 ਜੂਨ) ਨੂੰ ਪ੍ਰਾਪਤ ਹੋ ਗਈ ਸੀ। ਸੋ, ਉਨ੍ਹਾਂ ਨੇ ਬਾਬਾ ਬੁੱਢਾ ਜੀ, ਭਾਈ ਗੁਰਦਾਸ ਜੀ, ਹੋਰ ਹਾਜ਼ਰ ਪ੍ਰਮੁੱਖ ਸਿੱਖਾਂ, ਮਾਤਾ ਗੰਗਾ ਜੀ ਅਤੇ ਸਾਹਿਬਜ਼ਾਦਾ, ਸ੍ਰੀ ਹਰਿਗੋਬਿੰਦ ਨਾਲ ਭਰਪੂਰ ਸਲਾਹ-ਮਸ਼ਵਰਾ ਕਰਕੇ ਦੂਜੇ ਹੀ ਦਿਨ ਅਥਵਾ ਜੇਠ ਵਦੀ ਨੂੰ ਆਪਣੇ ਸੁਯੋਗ ਸਪੁੱਤਰ ਨੂੰ ਕੋਠਾ ਸਾਹਿਬ, ਰਾਮਦਾਸਪੁਰ ਵਿਖੇ ਗੁਰਗੱਦੀ ਉਪਰ ਬਿਰਾਜਮਾਨ ਕਰ ਦਿੱਤਾ ਸੀ। ਪਹਿਲਾਂ ਵਾਂਗ ਬਾਬਾ ਬੁੱਢਾ ਜੀ ਨੇ ਗੁਰਗੱਦੀ ਦਾ ਵਿਧੀ ਵਿਧਾਨ ਸਿਰੇ ਚੜ੍ਹਾਇਆ ਸੀ। ਸ਼ਾਹੀ ਹੁਕਮ ਦੀ ਇੰਨ-ਬਿੰਨ ਪਾਲਣਾ ਕਰਨ ਲਈ ਮੁਰਤਜਾ ਖਾਂ ਨੇ 24 ਮਈ, 1606 ਈ. ਤਕ ਦਾ ਵਕਫ਼ਾ ਤਿੰਨ ਸੂਬਿਆਂ ਲਾਹੌਰ, ਮੁਲਤਾਨ ਅਤੇ ਸਰਹਿੰਦ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਬੂ ਵਿੱਚ ਰੱਖਣ ਵਾਸਤੇ ਵਕਫ਼ ਕੀਤਾ ਸੀ। ਉਸ ਨੇ 25 ਮਈ, 1606 ਈ. (ਹੁਣ 13 ਜੂਨ) ਨੂੰ ਤੜਕਸਾਰ ਗੁਰੂ ਜੀ ਨੂੰ ਹਿਰਾਸਤ ਵਿੱਚ ਲੈਣ ਲਈ ਛਾਪਾ ਮਾਰਿਆ। ਉਸ ਦੇ ਹਥਿਆਰਬੰਦ ਅਹਿਲਕਾਰਾਂ ਨੇ ਗੁਰੂ ਜੀ ਦੇ ਨਿਵਾਸ ਸਥਾਨ ਦਾ ਘੇਰਾ ਘੱਤ ਲਿਆ। ਜਾਣੀ ਜਾਣ ਗੁਰੂ ਜੀ ਅਤੇ ਉਨ੍ਹਾਂ ਦੇ ਪੰਜ ਸਿੱਖ ਤਾਂ ਪਹਿਲਾਂ ਹੀ ਤਿਆਰ-ਬਰ-ਤਿਆਰ ਬੈਠੇ ਸਨ। ਸੋ, ਉਨ੍ਹਾਂ ਨੇ ਲਾਹੌਰ ਵੱਲ ਚਾ4ਲੇ ਪਾ ਦਿੱਤੇ।

"ਗੁਰੂ ਅਰਜਨ ਸਾਹਿਬ ਜਦ ਲਾਹੌਰ ਪੁੱਜੇ ਤਾਂ ਉਨ੍ਹਾਂ 'ਤੇ ਕਈ ਇਕ ਦੂਸ਼ਣ ਲਗਾਏ ਗਏ। ਗੁਰੂ ਜੀ ਦੇ ਸਾਹਮਣੇ ਦੋ ਰਸਤੇ ਪੇਸ਼ ਕੀਤੇ ਗਏ। (ਇਸਲਾਮ ਕਬੂਲ ਕਰੋ ਜਾਂ ਮੌਤ-ਲੇਖਕ) ਗੁਰੂ ਜੀ ਨੇ ਸ਼ਹਾਦਤ ਵਾਲਾ ਰਸਤਾ ਹੀ ਠੀਕ ਸਮਝਿਆ।" (ਸਾਡਾ ਇਤਿਹਾਸ-ਪੰਨਾ 245)। ਲਾਹੌਰ ਦੇ ਸੂਬੇਦਾਰ ਅਤੇ ਬਾਦਸ਼ਾਹ ਜਹਾਂਗੀਰ ਦੇ ਚਹੇਤੇ ਸਿਪਾਸਲਾਰ ਮੁਰਤਜਾ ਖ਼ਾਂ ਨੇ ਗੁਰੂ ਜੀ ਨੂੰ ਆਪਣੇ ਬਹੁਤ ਹੀ ਵਿਸ਼ਵਾਸਪਾਤਰ ਦਰਬਾਰੀਆਂ ਦੇ ਹਵਾਲੇ ਕਰ ਦਿੱਤਾ (ਜਾਣ-ਬੁੱਝ ਕੇ ਇਨ੍ਹਾਂ ਦੇ ਨਾਂਅ ਨਸ਼ਰ ਨਹੀਂ ਕੀਤੇ ਗਏ ਤਾਂ ਕਿ ਕਿਤੇ ਸਿੱਖ ਸੰਗਤ ਦਾ ਗੁੱਸਾ ਇਨ੍ਹਾਂ ਵੱਲ ਸੇਧਿਤ ਨਾ ਹੋ ਜਾਵੇ)। ਪਰ ਇਹ ਅਫ਼ਵਾਹ ਫ਼ੈਲਾ ਦਿੱਤੀ ਗਈ ਕਿ ਚੰਦੂ ਸ਼ਾਹ ਦੀਵਾਨ ਨੂੰ ਇਹ ਤਸੀਹੇ ਦੇਣ ਦਾ ਕਾਰਜ ਸੌਂਪਿਆ ਗਿਆ ਹੈ। ਸਿੱਖ ਇਤਿਹਾਸ ਦੇ ਸੁਪ੍ਰਸਿੱਧ, ਖੋਜਕਾਰ ਡਾਕਟਰ ਗੰਡਾ ਸਿੰਘ ਲਿਖਦੇ ਹਨ ਕਿ ਚੰਦੂ ਸ਼ਾਹ ਦਾ ਨਾਂਅ ਤੋਜ਼ਕੇ ਜਹਾਂਗੀਰੀ ਜਾਂ ਕਿਸੇ ਸਮਕਾਲੀ ਜਾਂ ਅਰਧ ਸਮਕਾਲੀ ਪੁਸਤਕ ਵਿੱਚ ਨਹੀਂ ਹੈ, ਜੋ ਜਹਾਂਗੀਰ ਦੇ ਰਾਜ ਬਾਰੇ ਲਿਖੀ ਗਈ ਹੋਵੇ। (ਪੰਜਾਬ ਦਾ ਇਤਿਹਾਸ-ਡਾ. ਭਗਤ ਸਿੰਘ ਪੰਨਾ 192)। ਸੋ, ਚੰਦੂ ਸ਼ਾਹ ਨੂੰ ਮੁੱਖ ਤਸੀਹਾਕਾਰ ਵਜੋਂ ਪੇਸ਼ ਕਰਨ ਦਾ ਮੁਗਲ ਦਰਬਾਰ ਦਾ ਮਕਸਦ ਹਿੰਦੂ-ਸਿੱਖਾਂ ਦੇ ਸੁਖਾਵੇਂ ਸੰਬੰਧਾਂ ਨੂੰ ਸਹਿਣ ਨਾ ਕਰਨਾ ਸੀ। ਸੋ, ਅਸੀਂ ਡਾਕਟਰ ਗੰਡਾ ਸਿੰਘ ਜੀ ਦੇ ਨਿਰਣੇ ਨਾਲ ਸਹਿਮਤ ਹਾਂ।

"ਪੰਜ ਦਿਨਾਂ ਤੱਕ ਗੁਰੂ ਜੀ ਨੂੰ ਵੱਖ-ਵੱਖ ਵਿਧੀਆਂ ਨਾਲ ਤਸੀਹੇ ਦਿੱਤੇ ਗਏ। ਬਾਦਸ਼ਾਹ ਦੇ ਅਹਿਲਕਾਰਾਂ ਨੇ ਉਨ੍ਹਾਂ ਉਪਰ ਸੜਦੀ, ਬਲਦੀ ਰੇਤ ਉਲੱਦੀ, ਉਨ੍ਹਾਂ ਨੂੰ ਲਾਲ ਸੂਹੀ ਤਪਦੀ ਤਵੀ ਉਪਰ ਬਿਠਾਇਆ ਗਿਆ ਅਤੇ ਉਬਲਦੇ ਪਾਣੀ ਨਾਲ ਨਹਾਇਆ ਗਿਆ। ਗੁਰੂ ਜੀ ਨੇ ਸਭ ਤਸੀਹੇ ਸੀ ਕੀਤੇ ਬਿਨਾਂ ਸਹਾਰੇ।" (ਸ੍ਰੀਮਤੀ ਮਰਿਦੁੱਲਾ ਉਬਰਾਏ-ਦੀ ਸਿੱਖ ਗੁਰੂਜ਼-ਅੰਗਰੇਜ਼ੀ ਬੁੱਕ-ਪੇਜ 56) 30 ਮਈ, 1606 ਈ: (ਅਜੋਕੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਜੇਠ ਸੁਦੀ ਚੌਥ-ਹੁਣ 18 ਜੂਨ-ਲੇਖਕ) ਨੂੰ ਛੇਵੇਂ ਦਿਨ ਗੁਰੂ ਜੀ ਦੇ ਅਧਮੋਏ ਸਰੀਰ ਨੂੰ ਰਾਵੀ ਦਰਿਆ ਦੇ ਕਿਨਾਰੇ ਲਿਜਾਇਆ ਗਿਆ। ਭਾਈ ਕੇਸਰ ਸਿੰਘ ਛਿੱਬਰ ਵੀ ਇਸ ਬਾਰੇ ਲਿਖਦੇ ਹਨ, 'ਸੋ ਬੱਧੇ ਹੋਏ ਹੀ ਦਿਨ ਨਦੀ ਰੁੜ੍ਹਾਈ। (ਸਾਡਾ ਇਤਿਹਾਸ-ਪੰਨਾ 246)। ਇਸ ਪ੍ਰਕਾਰ ਗੁਰੂ ਜੀ ਸਿੱਖ ਧਰਮ ਦੇ ਉੱਚੇ-ਸੁੱਚੇ ਸਿਧਾਂਤਾਂ ਦੀ ਰੱਖਿਆ ਖਾਤਰ ਸ਼ਹੀਦੀ ਦੇ ਕੇ ਅਮਰ ਹੋ ਗਏ।

ਸੋ ਗੁਰੂ ਅਰਜਨ ਸਾਹਿਬ ਜਹਾਂਗੀਰ ਬਾਦਸ਼ਾਹ ਦੀ ਤੰਗਦਿਲੀ, ਕੱਟੜਪੁਣੇ ਤੇ ਪੱਖਪਾਤ ਦੇ ਸ਼ਿਕਾਰ ਹੋਏ। ਮੈਕਾਲਫ਼ ਦੇ ਕਥਨ ਅਨੁਸਾਰ, 'ਗੁਰੂ ਅਰਜਨ ਜੀ ਨੂੰ ਉਨ੍ਹਾਂ ਦੀ ਸ਼ਖ਼ਸੀਅਤ, ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰਤਾ ਕਾਇਮ ਰੱਖਣ ਲਈ, ਖੁਸਰੋ ਦਾ ਸੁਭਾਵਕ ਆਦਰ ਕਰਨ ਅਤੇ ਜਹਾਂਗੀਰ ਦੀ ਤੰਗਦਿਲੀ ਅਤੇ ਤੁਅੱਸਬ ਕਾਰਨ ਸ਼ਹਾਦਤ ਦਾ ਜਾਮ ਪੀਣਾ ਪਿਆ। (ਸਾਡਾ ਇਤਿਹਾਸ-ਪੰਨਾ 247)

ਇੱਥੇ ਖੁਸਰੋ ਦਾ ਸੁਭਾਵਕ ਆਦਰ ਕਰਨ ਦਾ ਅਸਲ ਅਰਥ ਸਿਰਫ਼ ਉਸ ਨੂੰ ਅਤੇ ਉਸ ਦੇ ਬਾਰਾਂ ਹਜ਼ਾਰ (ਦਿੱਲੀ ਪਹੁੰਚਣ ਤੱਕ ਉਸ ਪਾਸ ਬਾਰਾਂ ਹਜ਼ਾਰ ਆਦਮੀ ਜਮ੍ਹਾਂ ਹੋ ਚੁੱਕੇ ਸਨ, ਪੰਜਾਬ ਦਾ ਇਤਿਹਾਸ-ਪੰਨਾ 194) ਭੁੱਖਣ-ਭਾਣੇ ਫ਼ੌਜੀਆਂ ਨੂੰ ਗੁਰੂ ਜੀ ਦਾ ਅਤੁੱਟ ਲੰਗਰ ਛਕਾਉਣਾ ਸੀ, ਨਾ ਕਿ ਬਾਗ਼ੀ ਸ਼ਹਿਜ਼ਾਦੇ ਦੇ ਮੱਥੇ 'ਤੇ ਤਿਲਕ ਦਾ ਟਿੱਕਾ ਲਾ ਕੇ ਸ਼ਹਿਨਸ਼ਾਹ-ਏ-ਹਿੰਦੁਸਤਾਨ ਟਿਕਣਾ। "ਉਹ (ਗੋਇੰਦਵਾਲ ਦਾ ਸਰੂਪ ਦਾਸ ਭੱਲਾ) ਤਿਲਕ ਦਾ ਕੋਈ ਜ਼ਿਕਰ ਨਹੀਂ ਕਰਦਾ।" (ਪੰਜਾਬ ਦਾ ਇਤਿਹਾਸ-ਪੰਨਾ 195)

ਜਹਾਂਗੀਰ ਬਾਦਸ਼ਾਹ ਨੇ ਤਾਂ ਇਹ ਸੋਚਿਆ ਹੋਵੇਗਾ ਕਿ ਗੁਰੂ ਜੀ ਨੂੰ ਪਾਰ ਬੁਲਾ ਕੇ ਰਾਮਦਾਸਪੁਰ (ਪਿੱਛੋਂ ਨਾਮਕਰਨ ਸ੍ਰੀ ਅੰਮ੍ਰਿਤਸਰ ਸਾਹਿਬ) ਵਿਖੇ ਗੁਰਬਾਣੀ ਦੀਆਂ ਕਿਰਨਾਂ ਬਿਖੇਰ ਰਿਹਾ ਚਾਨਣ-ਮੁਨਾਰਾ ਸਦਾ ਵਾਸਤੇ ਬੁਝਾ ਦਿੱਤਾ ਹੈ, ਪਰ ਬਾਦਸ਼ਾਹ ਜਹਾਂਗੀਰ ਤਾਂ ਕੀ ਦੇਸ਼ ਵਿੱਚੋਂ ਮੁਗਲ ਰਾਜ ਦਾ ਹੀ ਖਾਤਮਾ ਹੋ ਗਿਆ। ਸਰੀਰ ਸ਼ਹੀਦ ਹੋ ਜਾਂਦੇ ਹਨ, ਵਿਚਾਰ ਸਦਾ ਰਾਹ-ਦਸੇਰਾ ਰਹਿੰਦੇ ਹਨ ਅਤੇ ਇਹ ਕਤਲ ਨਹੀਂ ਕੀਤੇ ਜਾ ਸਕਦੇ। ਜਹਾਂਗੀਰ ਬਾਦਸ਼ਾਹ ਨੇ ਯਾਦ ਨਹੀਂ ਰੱਖਿਆ ਸੀ ਕਿ ਸੱਚ ਦੀ ਚੜ੍ਹਦੀ ਕਲਾ ਲਈ ਦਿੱਤੀ ਸ਼ਹੀਦੀ ਕਦੇ ਅਜਾਈਂ ਨਹੀਂ ਜਾਂਦੀ। ਉਰਦੂ ਦੇ ਇੱਕ ਸ਼ਾਇਰ ਦਾ ਇਹ ਸ਼ੇਅਰ 'ਸ਼ੇਅਰ' ਕਰਨਾ ਕੁਥਾਵਾਂ ਨਹੀਂ ਹੋਵੇਗਾ:-

"ਸ਼ਹੀਦ ਕੀ ਜੋ ਮੌਤ ਹੈ, ਵੋਹ ਕੌਮ ਕੀ ਹਯਾਤ ਹੈ।
ਹਯਾਤ ਭੀ ਹਯਾਤ ਹੈ, ਮੌਤ ਭੀ ਹਯਾਤ ਹੈ।"

ਸੋ, ਪੰਜਵੇਂ ਗੁਰੂ ਜੀ ਦੀ ਲਾ-ਮਿਸਾਲ ਸ਼ਹੀਦੀ ਦਾ ਬੇਮਿਸਾਲ ਤੁਰੰਤ ਪ੍ਰਭਾਵ ਪਿਆ। ਗੁਰੂ ਮਾਲਕ ਨੇ ਹੱਥ ਪਕੜ ਕੇ ਗੁਰੂ ਹਰਿਗੋਬਿੰਦ ਜੀ ਨੂੰ ਗੁਰੂ ਹੋਣ ਦਾ ਐਲਾਨ ਕੀਤਾ, ਨਾਲ ਹੀ ਇਹ ਸ਼ਬਦ ਕਹੇ, 'ਬੱਚਾ, ਹੁਣ ਸ਼ਸ਼ਤਰ ਪਹਿਨਣੇ ਹਨ ਅਤੇ ਤਦ ਤੱਕ ਡਟੇ ਰਹਿਣਾ ਹੈ ਕਿ ਜਦ ਤੱਕ ਇਹ ਜ਼ਾਲਮ ਜ਼ੁਲਮ ਨਾ ਛੱਡ ਦੇਣ ਜਾਂ ਖ਼ਤਮ ਨਾ ਹੋ ਜਾਣ। ਉਸ ਵਕਤ ਉਨ੍ਹਾ (ਛੇਵੇਂ ਗੁਰੂ ਜੀ-ਲੇਖਕ) ਦੀ ਆਯੂ ਕੇਵਲ ਗਿਆਰਾਂ ਸਾਲ ਦੀ ਸੀ। (ਸਾਡਾ ਇਤਿਹਾਸ-ਪੰਨਾ 257)। ਕੁਝ ਇਤਿਹਾਸਕਾਰਾਂ ਦਾ ਮੱਤ ਹੈ ਕਿ ਇਹ ਅੰਤਿਮ ਸੰਦੇਸ਼ ਪੰਜਵੇਂ ਗੁਰੂ ਜੀ ਨੇ ਸ਼ਾਹੀ ਕੈਦ ਵਿੱਚੋਂ ਭੇਜਿਆ ਸੀ, ਪਰ ਅਸੀਂ ਪ੍ਰਿੰਸੀਪਲ ਸਤਿਬੀਰ ਸਿੰਘ ਦੀ ਲਿਖਤ ਨਾਲ ਸਹਿਮਤ ਹਾਂ ਕਿ ਪੰਜਵੇਂ ਗੁਰੂ ਜੀ ਲਾਹੌਰ ਜਾਣ ਸਮੇਂ ਹੀ ਛੇਵੇਂ ਗੁਰੂ ਜੀ ਨੂੰ ਇਹ ਜ਼ਰੂਰੀ ਤਾਕੀਦ ਕਰ ਗਏ ਸਨ।

ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਗੁਰੂ ਪਿਤਾ ਜੀ ਦੀ ਸ਼ਹੀਦੀ ਦਾ ਸਮਾਚਾਰ ਸੁਣ ਕੇ ਵਾਹਿਗੁਰੂ ਜੀ ਦਾ ਭਾਣਾ ਮੰਨਿਆ। ਬਿਲਕੁਲ ਚੜ੍ਹਦੀ ਕਲਾ ਵਿੱਚ ਰਹਿ ਕੇ ਗੁਰਗੱਦੀ ਦੇ ਫ਼ਰਜ਼ ਬਾਖ਼ੂਬੀ ਸਰੰਜਾਮ ਦਿੰਦੇ ਰਹੇ। ਸਾਡੇ ਖ਼ਿਆਲ ਮੁਤਾਬਕ ਦੂਰੋਂ, ਨੇੜਿਉਂ ਮਸੰਦ, ਹੋਰ ਸਿੱਖ ਅਤੇ ਸ਼ੁੱਭਚਿੰਤਕ ਗੁਰੂ ਜੀ ਨਾਲ ਦੁੱਖ ਵੰਡਾਉਣ ਆਉਂਦੇ ਸਨ। ਇਸ ਅਰਸੇ ਦੌਰਾਨ ਲੋੜੀਂਦੀਆਂ ਡੂੰਘੀਆਂ ਵਿਚਾਰਾਂ ਵੀ ਹੁੰਦੀਆਂ ਰਹੀਆਂ ਕਿ ਕਿਹੜੇ ਸ਼ਸ਼ਤਰ ਅਤੇ ਕਦੋਂ ਧਾਰਨ ਕਰਨੇ ਹਨ ਅਤੇ ਗੁਰੂ ਦਰਬਾਰ ਦੀ ਅਗਲੇਰੀ ਰੂਪ-ਰੇਖਾ ਕੀ ਹੋਵੇਗੀ। ਸੋ, ਸਵਾ ਮਹੀਨੇ ਦੇ ਸੋਗ ਕਰਕੇ ਨਹੀਂ, ਸਗੋਂ ਸਰਬ ਸਾਂਝੇ ਵਿਚਾਰ-ਵਟਾਂਦਰੇ ਪਿੱਛੋਂ ਹਾੜ ਸੁਦੀ ਦਸਮੀ ਸੰਮਤ ਨਾਨਕਸ਼ਾਹੀ 138 (ਹੁਣ 24 ਜੁਲਾਈ)। ਪਰ ਉਸ ਸਮੇਂ (5 ਜੁਲਾਈ 1606 ਈ: (ਕੌਮਨ ਇਰਾ) ਪੰਨਾ 138-ਦਿਨ ਸ਼ਨਿੱਚਰਵਾਰ ਜੰਤਰੀ 500 ਯੀਅਰਜ਼-ਪਾਲ ਸਿੰਘ ਪੁਰੇਵਾਲ ਨਵੰਬਰ 1994 ਐਡੀਸ਼ਨ) ਦਾ ਸ਼ੁਭ ਦਿਵਸ ਸ਼ਸ਼ਤਰ ਧਾਰਨ ਦਿਹਾੜੇ ਵਜੋਂ ਘੋਸ਼ਿਤ ਕਰਕੇ ਦੂਰ-ਦੁਰਾਡੇ ਸਿੱਖ ਸੰਗਤ ਤੱਕ ਸੁਨੇਹੇ ਘੱਲ ਦਿੱਤੇ ਗਏ।

ਸਵਾ ਮਹੀਨੇ ਦੇ ਸਮੇਂ ਵਿੱਚ ਹੀ ਗੁਰੂ ਜੀ ਨੇ ਆਪ ਬਾਬਾ ਬੁੱਢਾ ਜੀ ਅਤੇ ਭਾਈ ਗੁਰਦਾਸ ਜੀ ਸਮੇਤ ਉਸ ਸਥਾਨ ਉਪਰ ਥੜ੍ਹਾ ਸਾਹਿਬ ਬਣਵਾ ਲਿਆ, ਜਿੱਥੇ ਸ੍ਰੀ ਅੰਮ੍ਰਿਤਸਰ ਸਰੋਵਰ ਦੀ ਖੁਦਾਈ ਦੀ ਕਾਰ ਸੇਵਾ ਸਮੇਂ ਸ੍ਰੀ ਹਰਿਮੰਦਰ ਸਾਹਿਬ ਤੋਂ ਜ਼ਰਾ ਅੱਗੇ ਲੋੜੀਂਦੀ ਦੂਰੀ ਉਪਰ, ਮਿੱਟੀ ਦਾ ਵੱਡਾ ਢੇਰ ਲਗਾਇਆ ਗਿਆ ਸੀ। ਨਿਰਧਾਰਤ ਸਮੇਂ ਇੱਥੇ ਹੀ ਦੀਵਾਨ ਸਜਾਇਆ ਗਿਆ ਅਤੇ ਬਾਬਾ ਬੁੱਢਾ ਜੀ ਵੱਲੋਂ ਗੁਰੂ ਸਾਹਿਬ ਜੀ ਨੂੰ ਦੋ ਕਿਰਪਾਨਾਂ ਪਹਿਨਾਈਆਂ ਗਈਆਂ। "ਇਕ ਮੀਰੀ (ਰਾਜਨੀਤਕ) ਦਾ ਚਿੰਨ੍ਹ ਸੀ ਤੇ ਦੂਜੀ ਪੀਰੀ (ਧਾਰਮਿਕ) ਦਾ। ਤਖ਼ਤ ਨਸ਼ੀਨੀ ਵੇਲੇ ਗੁਰੂ ਜੀ ਨੇ ਆਪਣੇ ਖ਼ਿਆਲਾਂ ਦਾ ਵੀ ਪ੍ਰਗਟਾਵਾ ਕੀਤਾ। ਉਨ੍ਹਾ ਜੁੜੀ ਸੰਗਤ ਨੂੰ ਕਿਹਾ: 'ਅੱਜ ਤੋਂ ਮੇਰੀ ਪਿਆਰੀ ਭੇਟਾ ਚੰਗਾ ਸ਼ਸ਼ਤਰ ਅਤੇ ਚੰਗੀ ਜਵਾਨੀ ਹੋਵੇਗੀ, ਮੇਰੀ ਖੁਸ਼ੀ ਲੈਣੀ ਜੇ ਤਾਂ ਕਸਰਤ ਕਰੋ, ਘੁਲੋ, ਗੱਤਕੇ ਖੇਡੋ, ਸ਼ਿਕਾਰ ਖੇਡਣ ਲਈ ਜੰਗਲਾਂ ਵਿੱਚ ਜਾਓ, ਘੋੜੇ ਦੀ ਸਵਾਰੀ ਕਰੋ, .....ਤੁਸੀਂ ਤਲਵਾਰ ਇਸ ਲਈ ਫੜਨੀ ਹੈ ਅਤੇ ਮੈਂ ਤਾਂ ਪਹਿਨੀ ਹੈ ਕਿ ਜ਼ਾਲਮ ਦੀ ਤਲਵਾਰ ਅੱਗੋਂ ਲਈ ਚੱਲਣੀ ਬੰਦ ਹੋ ਜਾਵੇ।" (ਸਾਡਾ ਇਤਿਹਾਸ-ਪੰਨਾ 259)

"ਸ਼ੁਰੂ ਵਿੱਚ ਉਨ੍ਹਾਂ (ਗੁਰੂ ਜੀ-ਲੇਖਕ) ਨੇ 52 ਆਦਮੀਆਂ ਨੂੰ ਆਪਣੇ ਅੰਗ-ਰਖਸ਼ਕਾਂ ਵਜੋਂ ਭਰਤੀ ਕੀਤਾ। ਇਹ ਪਹਿਲੀ ਭਰਤੀ ਬਣਨ ਵਾਲੀ ਫ਼ੌਜ ਦਾ ਮੁੱਢ ਸੀ ਤੇ ਛੇਤੀ ਬਾਅਦ ਮਾਝੇ, ਦੋਆਬੇ ਅਤੇ ਮਾਲਵੇ ਵਿੱਚੋਂ ਬਹੁਤ ਸਾਰੇ ਸਿੱਖ ਭਰਤੀ ਹੋਣ ਲਈ ਆਏ। ਗੁਰੂ ਸਾਹਿਬ ਨੇ ਇਨ੍ਹਾਂ ਵਿੱਚੋਂ 500 ਆਦਮੀਆਂ ਨੂੰ ਭਰਤੀ ਕੀਤਾ ਅਤੇ ਪੰਜ ਜਥੇਦਾਰਾਂ ਦੀ ਨਿਗਰਾਨੀ ਵਿੱਚ ਰੱਖਿਆ। ਇਹ ਜਥੇਦਾਰ ਸਨ: ਬਿਧੀ ਚੰਦ, ਪਿਰਾਣਾ, ਜੇਠਾ, ਪੈੜਾ ਅਤੇ ਲੰਗਾਹ।" (ਐਮ ਏ ਮੈਕਾਲਫ਼ ਦੀ ਸਿੱਖ ਰੀਲੀਜ਼ਨ-ਅੰਗਰੇਜ਼ੀ ਬੁੱਕ ਪੇਜ 3, ਜਿਲਦ ਚੌਥੀ) "ਦਬਿਸਤਾਨ" ਦੇ ਲੇਖਕ (ਮੋਹਸਨਫਾਨੀ) ਅਨੁਸਾਰ ਗੁਰੂ ਜੀ ਦੇ ਅਸਤਬਲ ਵਿੱਚ 700 ਘੋੜੇ, 300 ਘੋੜਸਵਾਰ ਅਤੇ 60 ਬੰਦੂਕਚੀ ਸਨ, ਜੋ ਸਦਾ ਉਨ੍ਹਾਂ ਦੀ ਸੇਵਾ ਵਿੱਚ ਰਹਿੰਦੇ ਸਨ।" (ਪੰਨੇ 235 ਅਤੇ 236-ਨਵਲ ਕਿਸ਼ੋਰ ਐਡੀਸ਼ਨ) ਇਉਂ ਮਾਲੂਮ ਹੁੰਦਾ ਹੈ ਕਿ ਉਪਰ ਦੱਸੇ 500 ਸੈਨਿਕ 'ਦਬਿਸਤਾਨ' ਵਿੱਚ ਦੱਸੇ ਘੋੜਸਵਾਰਾਂ ਤੋਂ ਵੱਖਰੇ ਸਨ। (ਪੰਜਾਬ ਦਾ ਇਤਿਹਾਸ-ਪੰਨਾ 207)। ਗੁਰੂ ਜੀ ਦੀਆਂ ਰੰਗਲੀਆਂ ਫ਼ੌਜਾਂ ਨੇ ਯੁੱਧ ਕਲਾ ਦੇ ਦਾਅਪੇਚ ਸਿੱਖੇ ਅਤੇ ਸੰਗਤ ਸਨਮੁੱਖ ਪ੍ਰਦਰਸ਼ਿਤ ਕੀਤੇ। ਅਜਿਹੀ ਝਾਕੀ ਸੰਬੰਧੀ ਹੀ ਸ਼ਾਇਦ ਪ੍ਰੋ. ਮੋਹਨ ਸਿੰਘ ਨੇ ਇਹ ਕਾਵਿ-ਟੁਕੜੀ ਪਿੰਨ ਬੰਦ ਕੀਤੀ ਹੋਵੇਗੀ: "ਸ਼ਸ਼ਤਰ ਬਣ ਕੇ ਚਮਕਣੇ, ਤੇ ਦਮਕਣੇ ਦਾ ਸਾਨੂੰ ਚਾ, ਛੱਡ ਦਿੱਤਾ ਹੈ ਅਸਾਂ ਹੁਣ, ਵਿੱਚ ਮਿਆਨਾਂ ਜੰਗਣਾ।" (ਵੱਡਾ ਵੇਲਾ ਪੁਸਤਕ) ਛੇਵੇਂ ਗੁਰੂ ਜੀ ਨੇ ਲੰਬੇ ਸਮੇਂ ਦੀ ਯੋਜਨਾ ਅਧੀਨ 1609 ਈ: ਵਿੱਚ ਸੁਰੱਖਿਆ ਵਾਸਤੇ ਰਾਮਦਾਸਪੁਰ ਦੇ ਆਲੇ-ਦੁਆਲੇ ਚਾਰਦੀਵਾਰੀ ਉਸਰਵਾਈ, ਕਿਲ੍ਹਾ ਲੋਹਗੜ੍ਹ ਦੀ ਉਸਾਰੀ ਕਰਵਾਈ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਸਨਮੁੱਖ ਥੜ੍ਹਾ ਸਾਹਿਬ ਵਿਖੇ

(●ਬਾਕੀ ਸਫ਼ਾ 9 'ਤੇ)

# ਦਰਵੇਸ਼ਾਂ ਨੂੰ ਲੋੜੀਏ ਰੁੱਖਾਂ ਦੀ ਜੀਰਾਂਦ



ਗੁਰਜਿੰਦਰ ਸਿੰਘ ਸਾਹਦੜਾ

ਸਭ ਤੋਂ ਪਹਿਲਾਂ ਜੀਰਾਂਦ ਦੀ ਪਰਿਭਾਸ਼ਾ ਸਮਝੀਏ ਤਾਂ ਇੱਕੋ ਸ਼ਬਦ ਵਿੱਚ ਸਭ ਕੁਝ ਵਿਖਿਆਨ ਹੋ ਜਾਂਦਾ ਹੈ ਤੇ ਉਹ ਸ਼ਬਦ ਹੈ ਸਹਿਣਸ਼ੀਲਤਾ ਯਾਨਿ ਜਿਗਰਾ।

ਸਮਝੀਏ, ਪਰਖੀਏ ਤੇ ਜਾਣੀਏ ਤਾਂ ਬਿਲਕੁਲ ਸਹੀ ਤੇ ਸਟੀਕ ਪਰਿਭਾਸ਼ਾ ਹੈ ਇਹ। ਬਹੁਤ ਜੀਰਾਂਦ ਹੁੰਦੀ ਹੈ ਰੁੱਖ ਵਿਚ । ਛਾਵੇਂ ਬੈਠੋ, ਟਾਹਣੀਆਂ ਛਾਂਗੋ, ਪੀਂਘਾਂ ਪਾਓ, ਡਾਲ੍ਹੇ ਝੂਟੋ, ਪੱਤੇ ਝਾੜੋ, ਫਲ ਖਾਓ, ਫੁੱਲ ਤੋੜੋ ਅਤੇ ਜਾਣ ਲੱਗੇ ਬੇਸ਼ੱਕ ਰੋੜੇ ਵੀ ਮਾਰ ਜਾਓ, ਮਜਾਲ ਹੈ ਰੁੱਖ ਦੀ ਜੀਰਾਂਦ ਵਿਚ ਵਿਘਨ ਪਵੇ। ਸੱਚੀਂ ਬਹੁਤ ਵੱਡਾ ਦਿਲ ਤੇ ਵਿਸ਼ਾਲ ਜਿਗਰਾ ਹੈ ਰੁੱਖ ਦਾ ।ਸ਼ਾਇਦ ਇਸੇ ਲਈ ਹੀ ਇੱਕ ਰੁੱਖ ਤੇ ਸੌ ਸੁੱਖ ਵਾਲੀ ਕਹਾਵਤ ਵੀ ਬਣੀ ਹੈ।

ਹੁਣ ਜੇਕਰ ਰਾਜਨੀਤੀ ਦੇ ਨਾਲ ਨਾਪ-ਤੋਲ ਕਰ ਕੇ ਦੇਖੀਏ ਤਾਂ ਕਦੀ ਰੁੱਖਾਂ ਜਿਹਾ ਹੀ ਜੀਰਾਂਦ ਹੁੰਦਾ ਸੀ ਸਾਡੇ ਸਿਆਸੀ ਆਗੂਆਂ ਵਿੱਚ ਵੀ। ਅਸੀਂ ਭਾਵੇਂ ਉਹ ਸਮਾਂ ਨਹੀਂ ਦੇਖਿਆ, ਪਰ ਸਾਡੇ ਵਡੇਰੇ, ਜਿਨ੍ਹਾਂ ਆਪਣੇ ਇਲਾਕੇ ਦੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੂੰ ਨੇੜਿਓਂ ਦੇਖਿਆ ਹੈ, ਦੱਸਦੇ ਨੇ, ਇੱਕ ਉਹ ਜ਼ਮਾਨਾ ਵੀ ਸੀ, ਜਦੋਂ ਲੀਡਰੀ ਲੋਕ ਸੇਵਾ ਦਾ ਦੂਜਾ ਨਾ ਹੁੰਦੀ ਸੀ। ਘਰੋਂ ਖਾ ਕੇ ਜਾਣਾ ਤੇ ਘਰ ਆ ਕੇ ਖਾਣੀ। ਰਾਹ-ਵਾਟੇ ਦੁਆਨੀ-ਚੁਆਨੀ ਖਰਚਣੀ ਵੀ ਪੈ ਜੇ ਤਾਂ ਆਪਣੇ ਪੱਲਿਓਂ ਖਰਚ ਦੇਣੀ, ਪਰ ਲਾਗ ਨਹੀਂ ਲੱਗਣ ਦੇਣੀ। ਸਹੀ ਮਾਅਨਿਆਂ ਵਿੱਚ ਸਮਝੀਏ ਤਾਂ ਲੀਡਰੀ ਲੋਕ ਸੇਵਾ ਦਾ ਹੀ ਦੂਜਾ ਨਾਂਅ ਹੁੰਦੀ ਸੀ, ਪਰ ਜੇਕਰ ਹੁਣ ਦੀ ਗੱਲ ਕਰੀਏ ਤਾਂ ਸਬਰ ਕਹਿ ਲਓ ਜਾਂ ਫਿਰ ਪਕੜ ਜਾਂ ਡਰ ਇਹ ਚੀਜ਼ ਭਾਜਪਾ ਤੋਂ ਸਿਵਾਏ ਕਿਸੇ ਹੋਰ ਪਾਰਟੀ ਵਿੱਚ ਦਿਖਾਈ ਨਹੀਂ ਦੇ ਰਹੀ। ਜਿੰਨੇ ਵੀ ਭਾਜਪਾ ਦੇ ਮੁੱਢਲੇ ਨੇਤਾ ਨੇ ਜਾਂ ਫਿਰ ਵਿਰੋਧੀ ਪਾਰਟੀਆਂ ਦੇ ਲੀਡਰ ਭਾਜਪਾ ਵਿੱਚ ਗਏ/ਆਏ ਨੇ, ਅਹੁਦਾ ਬੇਸ਼ੱਕ ਮਿਲਿਆ ਜਾਂ ਨਹੀਂ, ਪਰ ਕੋਈ ਚੂੰ ਤੱਕ ਨਹੀਂ ਕਰ ਰਿਹਾ। ਸਭ ਦੇ ਸਭ ਸਿਰ ਸੁੱਟ ਕੇ ਅਧੀਨਗੀ ਸਵੀਕਾਰੀ ਬੈਠੇ ਨੇ। ਇਸ ਤੋਂ ਇਲਾਵਾ ਦੂਜੇ ਨੰਬਰ 'ਤੇ ਆਪ ਵਾਲੇ ਨੇ, ਜੋ ਭਵਿੱਖ ਨੂੰ ਸਮਝਦੇ ਹੋਏ ਭਗਵੰਤ ਮਾਨ ਨੂੰ ਇੱਕ ਵਾਰ ਫਿਰ ਤੋਂ ਮੁੱਖ ਮੰਤਰੀ ਦੇ ਤੌਰ 'ਤੇ ਦੇਖਦੇ ਹੋਏ ਇਸ ਪੱਖ ਤੋਂ ਰਜ਼ਾਮੰਦ ਤੇ ਇੱਕ-ਜੁੱਟ ਦਿਖਾਈ ਦੇ ਰਹੇ ਨੇ। ਇਸ ਤੋਂ ਬਾਅਦ ਪੁਰਾਣੀ ਤੇ ਪ੍ਰਮੁੱਖ ਖੇਤਰੀ ਪਾਰਟੀ ਅਕਾਲੀ ਦਲ (ਬਾਦਲ) ਵਾਲਿਆਂ ਦੀ ਗੱਲ ਕਰੀਏ ਤਾਂ ਲੋਕ ਜਾਂ ਵਰਕਰ ਮਜਬੂਰੀ ਵਿੱਚ ਬੇਸ਼ੱਕ ਨਾਲ ਤੁਰੇ ਨੇ, ਪਰ ਸੁਖਬੀਰ ਬਾਦਲ ਨੂੰ ਅੰਦਰੋਂ ਲੀਡਰ ਦੇ ਤੌਰ 'ਤੇ ਕੋਈ ਸਵੀਕਾਰ ਕਰਨ ਨੂੰ ਰਾਜ਼ੀ ਨਹੀਂ।ਸਭ ਪੁਰਾਣੇ ਤੇ ਸੀਨੀਅਰ ਆਗੂ ਖੁਦ ਨੂੰ ਮੁੱਖ ਮੰਤਰੀ ਬਣਿਆ ਦੇਖ ਰਹੇ ਨੇ। ਇਸੇ ਤਰਾਂ ਕਾਂਗਰਸ ਦੇ ਵੱਡੇ ਲੀਡਰਾਂ ਵਿੱਚੋਂ ਮੁੱਖ ਮੰਤਰੀ ਤੋਂ ਹੇਠਾਂ ਦਾ ਅਹੁਦਾ ਕੋਈ ਵੀ ਲੀਡਰ ਪ੍ਰਵਾਨ ਨਹੀਂ ਕਰ ਰਿਹਾ ।

ਆਪਣੇ ਮਨੋਰਥ ਜਾਂ ਮਕਸਦ ਦੀ ਗੱਲ ਕਰਾਂ ਤਾਂ ਮੇਰੀ ਇਸ ਲਿਖਤ ਵਿੱਚ ਨੇਤਾਵਾਂ ਦੀ ਰੁੱਖਾਂ ਨਾਲ ਤੁਲਨਾ ਕਰਨ ਦੀ ਵਜ੍ਹਾ ਸਿਰਫ਼ ਇਹੀ ਹੈ ਕਿ ਰਾਜਨੀਤੀ ਵੀ ਰੁੱਖਾਂ ਦੀ ਜੀਰਾਂਦ ਤਰ੍ਹਾਂ ਹੀ ਹੈ। ਜੋ ਦੜ ਵੱਟਦਾ ਹੈ, ਦਮ ਰੱਖਦਾ ਹੈ, ਮੌਕਾ ਸਾਂਭਦਾ ਹੈ ਤੇ ਸਬਰ ਕਰਦਾ ਹੈ, ਉਹੀ ਕਾਮਯਾਬੀ ਦੀਆਂ ਪੌੜੀਆਂ ਚੜ੍ਹਦਾ ਹੈ, ਪਰ ਜੋ ਬੇਸਬਰਾ ਤੇ ਉਤਾਵਲਾ ਹੋ ਜਾਂਦਾ ਹੈ, ਕਾਹਲਾ ਵਗਦਾ ਹੈ, ਉਹ ਹਮੇਸ਼ਾ ਮੂੰਹ ਭਾਰ ਡਿੱਗਦਾ ਹੈ। ਇਹੀ ਰਾਜਨੀਤੀ ਹੈ, ਇਹੀ ਸਿਆਸਤ ਹੈ ਤੇ ਇਹੀ ਦੂਰ-ਅੰਦੇਸ਼ੀ ਹੈ।

ਸੱਚੀਂ ਕੋਈ ਮੇਲ ਨਹੀਂ ਰੁੱਖਾਂ ਨਾਲ ਲੀਡਰਾਂ ਦਾ। ਸਦੀਆਂ ਕੱਟ ਲੈਂਦੇ ਨੇ ਚੁੱਪ-ਚਾਪ, ਭੋਰਾ ਸ਼ਿਕਵਾ ਨਹੀਂ, ਰੱਤੀ ਭਰ ਗਿਲਾ ਨਹੀਂ। ਅਨੇਕਾਂ ਦੁੱਖ ਸਹਿ ਕੇ ਵੀ ਸਬਰ ਰੱਖਦੇ ਹੋਏ ਠੰਢੇ ਰਹਿੰਦੇ ਤੇ ਧਰਤੀ ਨੂੰ ਠੰਢ ਪਾਉਂਦੇ ਰਹਿੰਦੇ ਨੇ, ਇਹ ਰੁੱਖ, ਜਦਕਿ ਸਿਰੇ ਦੇ ਮਤਲਬ ਪ੍ਰਸਤ ਤੇ ਨਾਸ਼ੁਕਰੇ ਹੁੰਦੇ ਨੇ, ਇਹ ਲੀਡਰ।

*ਰੁੱਖਾਂ ਦੀ ਜੀਰਾਂਦ ਦੇਖ ਕੇ ਅਸਮਾਨ ਵੀ*
*ਅੱਖਾਂ ਵਿੱਚ ਨਮੀ ਲੈ ਆਇਆ।*
*ਪਰ ਲੋਕਾਂ ਦੇ ਹਾਲਾਤ ਦੇਖ ਕੇ ਲੀਡਰਾਂ ਨੂੰ ਭੋਰਾ*
*ਵੀ ਤਰਸ ਨਾ ਆਇਆ।'*

**# ਸੰਪਰਕ : 98153-02341**

# ਜੰਗਾਂ 'ਚ ਲਿੰਗ-ਆਧਾਰਤ ਮੁੱਦੇ

**ਡਾਕਟਰ ਜਸਜੀਤ ਕੌਰ ਗਿੱਲ**

ਜੰਗ ਮਨੁੱਖਤਾ ਵੱਲੋਂ ਝੱਲੀਆਂ ਜਾਣ ਵਾਲੀਆਂ ਸਭ ਤੋਂ ਵੱਡੀਆਂ ਤ੍ਰਾਸਦੀਆਂ ਵਿੱਚੋਂ ਇੱਕ ਹੈ । ਇਹ ਮਨੁੱਖੀ ਜਾਨਾਂ, ਪਰਵਾਰਾਂ, ਅਰਥ ਵਿਵਸਥਾਵਾਂ ਅਤੇ ਸਮਾਜਾਂ ਨੂੰ ਤਬਾਹ ਕਰ ਦਿੰਦੀ ਹੈ। ਜ਼ਿਆਦਾਤਰ ਲੋਕ ਜੰਗ ਨੂੰ ਕੇਵਲ ਫੌਜਾਂ, ਹਥਿਆਰਾਂ, ਫੌਜੀ ਜਿੱਤਾਂ ਅਤੇ ਰਾਜਨੀਤਕ ਟਕਰਾਵਾਂ ਦੇ ਰੂਪ ਵਿੱਚ ਹੀ ਦੇਖਦੇ ਹਨ, ਪਰ ਜੰਗ ਦਾ ਅਨੁਭਵ ਹਰ ਕਿਸੇ ਲਈ ਇੱਕੋ ਜਿਹਾ ਨਹੀਂ ਹੁੰਦਾ। ਵੱਖ-ਵੱਖ ਲਿੰਗਾਂ ਦੇ ਲੋਕ ਸੰਘਰਸ਼ਾਂ ਦੌਰਾਨ ਵੱਖ-ਵੱਖ ਕਿਸਮ ਦੇ ਦੁੱਖ ਅਤੇ ਮੁਸੀਬਤਾਂ ਦਾ ਸਾਹਮਣਾ ਕਰਦੇ ਹਨ । ਇਨ੍ਹਾਂ ਵੱਖ-ਵੱਖ ਤਜਰਬਿਆਂ ਨੂੰ ਜੰਗਾਂ ਵਿੱਚ ਲਿੰਗ ਆਧਾਰਤ ਮੁੱਦੇ ਕਿਹਾ ਜਾਂਦਾ ਹੈ।

ਜੰਗਾਂ ਦੌਰਾਨ ਲਿੰਗ-ਆਧਾਰਤ ਮੁੱਦੇ ਇਸ ਗੱਲ ਨਾਲ ਸੰਬੰਧਤ ਹਨ ਕਿ ਹਥਿਆਰਬੰਦ ਤਕਰਾਰ ਮਰਦਾਂ, ਔਰਤਾਂ, ਬੱਚਿਆਂ ਅਤੇ ਲਿੰਗਕ ਘੱਟ ਗਿਣਤੀਆਂ ਨੂੰ ਕਿਵੇਂ ਵੱਖ-ਵੱਖ ਢੰਗ ਨਾਲ ਪ੍ਰਭਾਵਤ ਕਰਦੇ ਹਨ। ਸਮਾਜਿਕ ਭੂਮਿਕਾਵਾਂ, ਸੱਭਿਆਚਾਰਕ ਉਮੀਦਾਂ ਅਤੇ ਨਾਬਰਾਬਰ ਤਾਕਤੀ ਢਾਂਚੇ ਕੁਝ ਵਰਗਾਂ ਨੂੰ ਹਿੰਸਾ ਅਤੇ ਅਸਥਿਰਤਾ ਦੇ ਸਮੇਂ ਹੋਰਾਂ ਨਾਲੋਂ ਵੱਧ ਅਸੁਰੱਖਿਅਤ ਬਣਾ ਦਿੰਦੇ ਹਨ।

ਜੰਗਾਂ ਵਿੱਚ ਲਿੰਗ-ਆਧਾਰਤ ਸਭ ਤੋਂ ਗੰਭੀਰ ਸਮੱਸਿਆਵਾਂ ਵਿੱਚੋਂ ਇੱਕ ਔਰਤਾਂ ਅਤੇ ਕੁੜੀਆਂ ਵਿਰੁੱਧ ਹਿੰਸਾ ਹੈ। ਕਈ ਸੰਘਰਸ਼ਾਂ ਵਿੱਚ ਬਲਾਤਕਾਰ, ਮਨੁੱਖੀ ਤਸਕਰੀ, ਜ਼ਬਰਦਸਤੀ ਵੇਸਵਾਗਮਨੀ ਅਤੇ ਜ਼ਬਰਦਸਤੀ ਵਿਆਹ ਵਰਗੀਆਂ ਯੌਨ ਹਿੰਸਾਵਾਂ ਨੂੰ ਜੰਗੀ ਹਥਿਆਰ ਵਜੋਂ ਵਰਤਿਆ ਜਾਂਦਾ ਹੈ। ਔਰਤਾਂ ਨੂੰ ਕੇਵਲ ਸਰੀਰਕ ਹੀ ਨਹੀਂ, ਸਗੋਂ ਮਾਨਸਿਕ ਅਤੇ ਸਮਾਜਿਕ ਤੌਰ 'ਤੇ ਵੀ ਨਿਸ਼ਾਨਾ ਬਣਾਇਆ ਜਾਂਦਾ ਹੈ। ਬਚਣ ਵਾਲੀਆਂ ਔਰਤਾਂ ਅਕਸਰ ਜੀਵਨ ਭਰ ਦੇ ਸਦਮੇ, ਸਿਹਤ ਸੰਬੰਧੀ ਪੇਚੀਦਗੀਆਂ, ਸਮਾਜਿਕ ਧੱਬਾ ਅਤੇ ਆਰਥਿਕ ਅਸੁਰੱਖਿਆ ਨਾਲ ਜੂਝਦੀਆਂ ਰਹਿੰਦੀਆਂ ਹਨ।

ਰਵਾਂਡਾ ਕਤਲੋਗਾਰਤ ਅਤੇ ਬੋਸਨੀਆ ਯੁੱਧ ਵਰਗੀਆਂ ਇਤਿਹਾਸਕ ਘਟਨਾਵਾਂ ਨੇ ਦਿਖਾਇਆ ਕਿ ਔਰਤਾਂ ਵਿਰੁੱਧ ਯੌਨ ਹਿੰਸਾ ਨੂੰ ਯੋਜਨਾਬੱਧ ਢੰਗ ਨਾਲ ਵਰਤਿਆ ਗਿਆ। ਹਜ਼ਾਰਾਂ ਔਰਤਾਂ ਨੇ ਅੱਤਿਆਚਾਰ ਸਹੇ ਅਤੇ ਅੱਜ ਵੀ ਉਹ ਸਰੀਰਕ ਅਤੇ ਮਾਨਸਿਕ ਜ਼ਖ਼ਮਾਂ ਨਾਲ ਜੀਵਨ ਬਤੀਤ ਕਰ ਰਹੀਆਂ ਹਨ।

ਜੰਗ ਵੱਡੇ ਪੱਧਰ 'ਤੇ ਲੋਕਾਂ ਦੇ ਉਜਾੜੇ ਦਾ ਕਾਰਨ ਵੀ ਬਣਦੀ ਹੈ। ਦੁਨੀਆ ਭਰ ਦੇ ਕਈ ਸੰਘਰਸ਼ਾਂ ਵਿੱਚ ਸ਼ਰਨਾਰਥੀਆਂ ਅਤੇ ਅੰਦਰੂਨੀ ਤੌਰ 'ਤੇ ਵਿਸਥਾਪਿਤ ਲੋਕਾਂ ਵਿੱਚ ਔਰਤਾਂ ਅਤੇ ਬੱਚਿਆਂ ਦੀ ਗਿਣਤੀ ਸਭ ਤੋਂ ਵੱਧ ਹੁੰਦੀ ਹੈ। ਸ਼ਰਨਾਰਥੀ ਕੈਂਪਾਂ ਵਿੱਚ ਅਕਸਰ ਸਫ਼ਾਈ, ਸਿਹਤ ਸੇਵਾਵਾਂ, ਨਿੱਜਤਾ, ਸਿੱਖਿਆ ਅਤੇ ਸੁਰੱਖਿਆ ਦੀ ਘਾਟ ਹੁੰਦੀ ਹੈ। ਇਨ੍ਹਾਂ ਕੈਂਪਾਂ ਵਿੱਚ ਔਰਤਾਂ ਨੂੰ ਸ਼ੋਸ਼ਣ, ਮਨੁੱਖੀ ਤਸਕਰੀ, ਘਰੇਲੂ ਹਿੰਸਾ ਅਤੇ ਅਸੁਰੱਖਿਅਤ ਜੀਵਨ ਹਾਲਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਸੂਡਾਨ ਦੇ ਘਰੇਲੂ ਯੁੱਧ, ਰੂਸ-ਯੂਕਰੇਨ ਯੁੱਧ, ਅਮਰੀਕਾ ਇਸਰਾਈਲ ਅਤੇ ਈਰਾਨ ਯੁੱਧ , ਫਲਸਤੀਨ ਉੱਪਰ ਇਜ਼ਰਾਈਲੀ ਕਤਲੋਗਾਰਤ ਵਰਗੀਆਂ ਮੌਜੂਦਾ ਜੰਗਾਂ ਨੇ ਵੱਡੇ ਮਨੁੱਖੀ ਸੰਕਟ ਪੈਦਾ ਕੀਤੇ ਹਨ। ਲੱਖਾਂ ਲੋਕ ਬੇਘਰ ਹੋਏ ਹਨ ਅਤੇ ਔਰਤਾਂ ਨੂੰ ਬੁਨਿਆਦੀ ਸਿਹਤ ਸੇਵਾਵਾਂ ਅਤੇ ਸੁਰੱਖਿਆ ਪ੍ਰਾਪਤ ਕਰਨ ਲਈ ਵੀ ਸੰਘਰਸ਼ ਕਰਨਾ ਪੈਂਦਾ ਹੈ।ਜੰਗਾਂ ਦੌਰਾਨ ਸਿਹਤ ਸੇਵਾਵਾਂ ਵੀ ਗੰਭੀਰ ਤੌਰ 'ਤੇ ਪ੍ਰਭਾਵਤ ਹੁੰਦੀਆਂ ਹਨ। ਹਸਪਤਾਲ ਤਬਾਹ ਹੋ ਜਾਂਦੇ ਹਨ, ਦਵਾਈਆਂ ਦੀ ਘਾਟ ਪੈ ਜਾਂਦੀ ਹੈ ਅਤੇ ਸਿਹਤ ਪ੍ਰਣਾਲੀਆਂ ਢਹਿ ਜਾਂਦੀਆਂ ਹਨ। ਗਰਭਵਤੀ ਔਰਤਾਂ ਨੂੰ ਮਾਤਾ-ਸੰਭਾਲ ਦੀ ਕਮੀ ਕਾਰਨ ਜਾਨਲੇਵਾ ਪੇਚੀਦਗੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਮਹਾਵਾਰੀ ਸੰਬੰਧੀ ਸਫ਼ਾਈ ਦੀ ਘਾਟ, ਮਾੜੀ ਸੈਨੀਟੇਸ਼ਨ ਅਤੇ ਬਿਮਾਰੀਆਂ ਦੇ ਫੈਲਾਅ ਨਾਲ ਔਰਤਾਂ ਅਤੇ ਕੁੜੀਆਂ ਦੀਆਂ ਮੁਸ਼ਕਲਾਂ ਹੋਰ ਵਧ ਜਾਂਦੀਆਂ ਹਨ।

ਦੂਜੇ ਪਾਸੇ ਮਰਦਾਂ ਅਤੇ ਮੁੰਡਿਆਂ ਨੂੰ ਵੀ ਜੰਗਾਂ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਨੂੰ ਅਕਸਰ ਫੌਜੀ ਸੇਵਾ, ਜੰਗੀ ਕਾਰਵਾਈਆਂ, ਖ਼ਤਰਨਾਕ ਮਿਹਨਤ, ਕੈਦ ਅਤੇ ਮੋਰਚਿਆਂ ਦੀ ਹਿੰਸਾ ਵਿੱਚ ਧੱਕਿਆ ਜਾਂਦਾ ਹੈ। ਕਈ ਦੇਸ਼ਾਂ ਵਿੱਚ ਨੌਜਵਾਨ ਮਰਦਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਆਪਣੀ ਨਿੱਜੀ ਇੱਛਾ ਤੋਂ ਇਲਾਵਾ ਵੀ ਜੰਗ ਵਿੱਚ ਹਿੱਸਾ ਲੈਣ। ਬਹੁਤ ਸਾਰੇ ਮਰਦ ਜੰਗਾਂ ਵਿੱਚ ਮਾਰੇ ਜਾਂਦੇ ਹਨ ਜਾਂ ਸਥਾਈ ਸਰੀਰਕ ਅਪਾਹਜਤਾ ਅਤੇ ਮਾਨਸਕ ਸਦਮੇ ਨਾਲ ਵਾਪਸ ਆਉਂਦੇ ਹਨ।

ਸੰਘਰਸ਼-ਪ੍ਰਭਾਵਤ ਖੇਤਰਾਂ ਵਿੱਚ ਬੱਚਿਆਂ ਨੂੰ ਵੀ ਸਿਪਾਹੀ ਬਣਾਇਆ ਜਾਂਦਾ ਹੈ। ਕਈ ਹਥਿਆਰਬੰਦ ਗਰੁੱਪ ਬੱਚਿਆਂ ਦੀ ਭਰਤੀ ਕਰਕੇ ਉਨ੍ਹਾਂ ਨੂੰ ਹਿੰਸਾ ਵਿੱਚ ਸ਼ਾਮਲ ਕਰਦੇ ਹਨ, ਜਿਸ ਨਾਲ ਉਨ੍ਹਾਂ ਦਾ ਬਚਪਨ, ਸਿੱਖਿਆ ਅਤੇ ਮਾਨਸਕ ਵਿਕਾਸ ਤਬਾਹ ਹੋ ਜਾਂਦਾ ਹੈ।

ਜੰਗਾਂ ਮਾਨਸਕ ਸਿਹਤ ਦਾ ਵੀ ਵੱਡਾ ਸੰਕਟ ਪੈਦਾ ਕਰਦੀਆਂ ਹਨ। ਔਰਤਾਂ ਹਿੰਸਾ, ਵਿਸਥਾਪਨ ਅਤੇ ਪਰਵਾਰਕ ਮੈਂਬਰਾਂ ਦੇ ਨੁਕਸਾਨ ਕਾਰਨ ਚਿੰਤਾ, ਡਿਪਰੈਸ਼ਨ ਅਤੇ ਪੋਸਟ-ਟ੍ਰਾਮੈਟਿਕ ਸਟਰੈੱਸ ਡਿਸਆਰਡਰ ਦਾ ਸ਼ਿਕਾਰ ਹੋ ਸਕਦੀਆਂ ਹਨ। ਮਰਦ ਵੀ ਡੂੰਘੇ ਸਦਮੇ ਅਤੇ ਮਾਨਸਿਕ ਤਣਾਅ ਦਾ ਸਾਹਮਣਾ ਕਰਦੇ ਹਨ, ਪਰ ਸਮਾਜਿਕ ਉਮੀਦਾਂ ਅਕਸਰ ਉਨ੍ਹਾਂ ਨੂੰ ਮਨੋਵਿਗਿਆਨਕ ਮਦਦ ਲੈਣ ਤੋਂ ਰੋਕਦੀਆਂ ਹਨ।

ਲਿੰਗਕ ਘੱਟ ਗਿਣਤੀਆਂ ਦੇ ਲੋਕ ਜੰਗਾਂ ਦੌਰਾਨ ਵਾਧੂ ਭੇਦਭਾਵ ਅਤੇ ਹਿੰਸਾ ਦਾ ਸ਼ਿਕਾਰ ਹੁੰਦੇ ਹਨ। ਉਨ੍ਹਾਂ ਨੂੰ ਅਕਸਰ ਮਨੁੱਖੀ ਸਹਾਇਤਾ ਪ੍ਰਣਾਲੀਆਂ ਤੋਂ ਬਾਹਰ ਰੱਖਿਆ ਜਾਂਦਾ ਹੈ ਅਤੇ ਸਮਾਜਿਕ ਪੱਖਪਾਤ ਕਾਰਨ ਉਨ੍ਹਾਂ 'ਤੇ ਹਮਲੇ ਹੋ ਸਕਦੇ ਹਨ।

ਆਰਥਿਕ ਮੁਸ਼ਕਲਾਂ ਵੀ ਜੰਗਾਂ ਦਾ ਇੱਕ ਮਹੱਤਵਪੂਰਨ ਨਤੀਜਾ ਹਨ। ਰੁਜ਼ਗਾਰ, ਘਰਾਂ ਅਤੇ ਬੁਨਿਆਦੀ ਢਾਂਚੇ ਦੀ ਤਬਾਹੀ ਪਰਵਾਰਾਂ ਨੂੰ ਗਰੀਬੀ ਵਿੱਚ ਧੱਕ ਦਿੰਦੀ ਹੈ। ਔਰਤਾਂ ਨੂੰ ਅਕਸਰ ਪਰਵਾਰ ਦੀ ਜ਼ਿੰਮੇਵਾਰੀ ਆਪਣੇ ਸਿਰ ਲੈਣੀ ਪੈਂਦੀ ਹੈ, ਪਰ ਫਿਰ ਵੀ ਉਹ ਮਰਦਾਂ ਦੇ ਨਾਬਰਾਬਰ ਤਨਖ਼ਾਹਾਂ, ਅਸੁਰੱਖਿਅਤ ਕੰਮਕਾਜੀ ਹਾਲਾਤ ਅਤੇ ਸਮਾਜਿਕ ਅਸੁਰੱਖਿਆ ਦਾ ਸਾਹਮਣਾ ਕਰਦੀਆਂ ਹਨ।

ਜੰਗਾਂ ਰਵਾਇਤੀ ਲਿੰਗਕ ਭੂਮਿਕਾਵਾਂ ਵਿੱਚ ਵੀ ਤਬਦੀਲੀਆਂ ਲਿਆਉਂਦੀਆਂ ਹਨ। ਦੂਜੇ ਵਿਸ਼ਵ ਯੁੱਧ ਦੌਰਾਨ ਔਰਤਾਂ ਨੇ ਫੈਕਟਰੀਆਂ, ਆਵਾਜਾਈ ਪ੍ਰਣਾਲੀਆਂ, ਹਸਪਤਾਲਾਂ ਅਤੇ ਸਹਾਇਕ ਸੇਵਾਵਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ, ਕਿਉਂਕਿ ਮਰਦ ਜੰਗੀ ਮੋਰਚਿਆਂ 'ਤੇ ਸਨ। ਕਈ ਬਸਤੀਵਾਦ ਵਿਰੋਧੀ ਅਤੇ ਇਨਕਲਾਬੀ ਅੰਦੋਲਨਾਂ ਵਿੱਚ ਵੀ ਔਰਤਾਂ ਨੇ ਸਰਗਰਮ ਹਿੱਸਾ ਲਿਆ। ਇੱਕ ਹੋਰ ਵੱਡੀ ਸਮੱਸਿਆ ਸ਼ਾਂਤੀ ਵਾਰਤਾਵਾਂ ਅਤੇ ਰਾਜਨੀਤਕ ਫੈਸਲਾ-ਪ੍ਰਕਿਰਿਆ ਵਿੱਚ ਔਰਤਾਂ ਦੀ ਘੱਟ ਭਾਗੀਦਾਰੀ ਹੈ। ਜੰਗ ਅਤੇ ਅਮਨ ਨਾਲ ਸੰਬੰਧਤ ਬਹੁਤੀਆਂ ਚਰਚਾਵਾਂ ਮਰਦ ਰਾਜਨੀਤਕ ਨੇਤਾਵਾਂ ਅਤੇ ਫੌਜੀ ਅਧਿਕਾਰੀਆਂ ਦੇ ਦਬਦਬੇ ਹੇਠ ਹੁੰਦੀਆਂ ਹਨ । ਹਾਲਾਂਕਿ ਔਰਤਾਂ ਸੰਘਰਸ਼ਾਂ ਤੋਂ ਡੂੰਘੇ ਤੌਰ 'ਤੇ ਪ੍ਰਭਾਵਤ ਹੁੰਦੀਆਂ ਹਨ, ਫਿਰ ਵੀ ਉਨ੍ਹਾਂ ਨੂੰ ਅਮਨ-ਨਿਰਮਾਣ ਪ੍ਰਕਿਰਿਆਵਾਂ ਤੋਂ ਬਾਹਰ ਰੱਖਿਆ ਜਾਂਦਾ ਹੈ।

ਸੰਯੁਕਤ ਰਾਸ਼ਟਰ ਨੇ UNSCR ACBE ਵਰਗੇ ਉਪਰਾਲਿਆਂ ਰਾਹੀਂ ਅਮਨ-ਨਿਰਮਾਣ ਵਿੱਚ ਔਰਤਾਂ ਦੀ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ। ਅਧਿਐਨਾਂ ਤੋਂ ਪਤਾ ਲੱਗਦਾ ਹੈ ਕਿ ਜਦੋਂ ਔਰਤਾਂ ਨੂੰ ਸ਼ਾਂਤੀ ਵਾਰਤਾਵਾਂ ਅਤੇ ਪੁਨਰਨਿਰਮਾਣ ਪ੍ਰਕਿਰਿਆਵਾਂ ਵਿੱਚ ਸ਼ਾਮਲ ਕੀਤਾ ਜਾਂਦਾ ਹੈ ਤਾਂ ਸ਼ਾਂਤੀ ਸਮਝੌਤੇ ਵਧੇਰੇ ਸਫ਼ਲ ਅਤੇ ਟਿਕਾਊ ਸਾਬਤ ਹੁੰਦੇ ਹਨ।ਮੀਡੀਆ ਅਤੇ ਜੰਗੀ ਪ੍ਰਚਾਰ ਵੀ ਲਿੰਗਕ ਧਾਰਨਾਵਾਂ ਨੂੰ ਮਜ਼ਬੂਤ ਕਰਦੇ ਹਨ। ਮਰਦਾਂ ਨੂੰ ਅਕਸਰ ਬਹਾਦਰ ਸਿਪਾਹੀਆਂ ਅਤੇ ਰਾਸ਼ਟਰ ਦੇ ਰਖਵਾਲਿਆਂ ਵਜੋਂ ਦਰਸਾਇਆ ਜਾਂਦਾ ਹੈ, ਜਦਕਿ ਔਰਤਾਂ ਨੂੰ ਮੁੱਖ ਤੌਰ 'ਤੇ ਪੀੜਤਾਂ, ਮਾਵਾਂ ਜਾਂ ਦੇਖਭਾਲ ਕਰਨ ਵਾਲੀਆਂ ਵਜੋਂ ਪੇਸ਼ ਕੀਤਾ ਜਾਂਦਾ ਹੈ।

ਜੰਗਾਂ ਵਿੱਚ ਲਿੰਗ-ਆਧਾਰਤ ਮੁੱਦੇ ਇਹ ਦਰਸਾਉਂਦੇ ਹਨ ਕਿ ਸੰਘਰਸ਼ ਲਿੰਗ-ਨਿਰਪੱਖ ਨਹੀਂ ਹੁੰਦੇ। ਮਰਦ, ਔਰਤਾਂ, ਬੱਚੇ ਅਤੇ ਹਾਸ਼ੀਏ 'ਤੇ ਧੱਕੇ ਹੋਏ ਸਮੂਹ ਜੰਗਾਂ ਨੂੰ ਵੱਖ-ਵੱਖ ਢੰਗ ਨਾਲ ਅਨੁਭਵ ਕਰਦੇ ਹਨ। ਇਨ੍ਹਾਂ ਵੱਖੋ-ਵੱਖ ਤਜਰਬਿਆਂ ਨੂੰ ਸਮਝਣਾ ਨਿਆਂਪੂਰਨ ਮਨੁੱਖੀ ਸਹਾਇਤਾ ਅਤੇ ਲੰਮੇ ਸਮੇਂ ਦੀ ਸ਼ਾਂਤੀ ਲਈ ਬਹੁਤ ਜ਼ਰੂਰੀ ਹੈ।

ਅਸਲ ਸ਼ਾਂਤੀ ਸਿਰਫ਼ ਜੰਗ ਦੀ ਗੈਰ-ਮੌਜੂਦਗੀ ਨਹੀਂ ਹੈ। ਅਸਲ ਸ਼ਾਂਤੀ ਲਈ ਸਮਾਨਤਾ, ਮਾਣ-ਸਨਮਾਨ, ਸਿਹਤ ਸੇਵਾਵਾਂ, ਸੁਰੱਖਿਆ, ਨਿਆਂ ਅਤੇ ਸਮਾਜਿਕ ਸੁਰੱਖਿਆ ਦੀ ਲੋੜ ਹੁੰਦੀ ਹੈ। ਕੇਵਲ ਜੰਗ ਖ਼ਤਮ ਕਰ ਦੇਣਾ ਕਾਫ਼ੀ ਨਹੀਂ; ਸਾਨੂੰ ਉਹਨਾਂ ਅਸਮਾਨਤਾਵਾਂ ਅਤੇ ਭੇਦਭਾਵਾਂ ਨੂੰ ਵੀ ਖ਼ਤਮ ਕਰਨਾ ਹੋਵੇਗਾ, ਜਿਨ੍ਹਾਂ ਨੂੰ ਜੰਗਾਂ ਹੋਰ ਡੂੰਘਾ ਕਰ ਦਿੰਦੀਆਂ ਹਨ। ਤਦ ਹੀ ਮਨੁੱਖਤਾ ਇੱਕ ਹੋਰ ਨਿਆਂਪੂਰਨ ਅਤੇ ਸ਼ਾਂਤੀਪੂਰਨ ਭਵਿੱਖ ਵੱਲ ਅੱਗੇ ਵਧ ਸਕਦੀ ਹੈ।

ਇਹ ਮਕਸਦ ਹਥਿਆਰਾਂ ਦੀ ਦੌੜ, ਪਰਮਾਣੂ ਤਾਕਤਾਂ ਦੀ ਹੋੜ, ਦੇਸ਼ਾਂ ਦੇ ਵਧਦੇ ਫੌਜੀਕਰਨ ਅਤੇ ਨਵੇਂ ਜੰਗੀ ਜਹਾਜ਼ਾਂ ਤੇ ਮਿਜ਼ਾਈਲਾਂ ਦੀ ਖਰੀਦ 'ਤੇ ਹੋ ਰਹੇ ਕਲਪਨਾ ਤੋਂ ਬਾਹਰ ਖ਼ਰਚਿਆਂ ਨੂੰ ਰੋਕਣ ਤੋਂ ਬਿਨਾਂ ਪ੍ਰਾਪਤ ਨਹੀਂ ਕੀਤਾ ਜਾ ਸਕਦਾ। ਇਨ੍ਹਾਂ ਕੰਮਾਂ 'ਤੇ ਬਰਬਾਦ ਕੀਤੀ ਜਾ ਰਹੀ ਬੇਅੰਤ ਦੌਲਤ ਨੂੰ ਲੋਕਾਂ ਦੀ ਭਲਾਈ, ਸਿਹਤ, ਸਿੱਖਿਆ ਅਤੇ ਸਮਾਜਿਕ ਵਿਕਾਸ ਲਈ ਵਰਤਿਆ ਜਾ ਸਕਦਾ ਹੈ।

ਇਹ ਤਦ ਹੀ ਸੰਭਵ ਹੈ, ਜਦੋਂ ਹਥਿਆਰਾਂ ਅਤੇ ਪਰਮਾਣੂ ਬੰਬਾਂ ਦੇ ਉਤਪਾਦਨ 'ਤੇ ਪਾਬੰਦੀ ਲਗਾਉਣ ਲਈ ਮਜ਼ਬੂਤ ਰਾਜਨੀਤਕ ਇੱਛਾ-ਸ਼ਕਤੀ ਮੌਜੂਦ ਹੋਵੇ। ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (IDPD) ਪ੍ਰਮਾਣੂ ਯੁੱਧ ਦੀ ਰੋਕਥਾਮ ਲਈ ਅੰਤਰਰਾਸ਼ਟਰੀ ਡਾਕਟਰ ( International Physicians for the Prevention of Nuclear War) ਇਸ ਦਿਸ਼ਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਆਓ, ਅਸੀਂ ਵੀ ਅਜਿਹੇ ਬਦਲਾਅ ਲਈ ਆਪਣੇ ਯਤਨਾਂ ਨੂੰ ਹੋਰ ਮਜ਼ਬੂਤ ਕਰੀਏ ਅਤੇ ਇੱਕ ਸ਼ਾਂਤਮਈ, ਨਿਆਂਪੂਰਨ ਅਤੇ ਮਨੁੱਖ-ਕੇਂਦਰਤ ਸੰਸਾਰ ਦੀ ਸਿਰਜਣਾ ਲਈ ਅੱਗੇ ਵਧੀਏ।

# ਮੁੱਖ ਸਬਜ਼ੀ ਮੰਡੀ ਬਣੀ ਨਰਕ ਦਾ ਦੁਆਰ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)**
ਸ਼ਹਿਰ ਦੀ ਮੁੱਖ ਸਬਜ਼ੀ ਮੰਡੀ ਅਤੇ ਨਗਰ ਕੌਂਸਲ ਦੇ ਨਜ਼ਦੀਕ ਲੱਗਣ ਵਾਲੀਆਂ ਸਬਜ਼ੀ ਦੀਆਂ ਰੇਹੜੀਆਂ ਦੇ ਆਸ-ਪਾਸ ਸਫ਼ਾਈ ਵਿਵਸਥਾ ਦਾ ਜਨਾਜ਼ਾ ਨਿਕਲ ਚੁੱਕਾ ਹੈ।ਰੋਜ਼ਾਨਾ ਸਬਜ਼ੀ ਵੇਚਣ ਤੋਂ ਬਾਅਦ ਵਿਕਰੇਤਾਵਾਂ ਵੱਲੋਂ ਜਗ੍ਹਾ-ਜਗ੍ਹਾ ਖਿਲਾਰੀ ਜਾਂਦੀ ਗਲੀ-ਸੜੀ ਸਬਜ਼ੀ, ਫਲ ਤੇ ਕੂੜਾ-ਕਰਕਟ ਕਈ-ਕਈ ਦਿਨਾਂ ਤੱਕ ਨਾ ਚੁੱਕੇ ਜਾਣ ਕਾਰਨ ਮੰਡੀ 'ਚ ਆਉਣ ਵਾਲੇ ਗਾਹਕਾਂ ਤੇ ਸਥਾਨਕ ਨਿਵਾਸੀਆਂ ਦਾ ਜੀਣਾ ਮੁਹਾਲ ਹੋ ਗਿਆ ਹੈ। ਸਥਿਤੀ ਇਹ ਬਣ ਚੁੱਕੀ ਹੈ ਕਿ ਮੰਡੀ ਦੀਆਂ ਸੜਕਾਂ ਤੇ ਚਾਰੋਂ ਪਾਸੇ ਬਚੀ ਹੋਈ ਸਬਜ਼ੀ ਬਿਖਰੀ ਪਈ ਹੈ, ਜਿਸ ਕਾਰਨ ਪੈਦਲ ਚੱਲਣਾ ਵੀ ਦੁਭਰ ਹੋਇਆ ਪਿਆ ਹੈ।ਲਾਵਾਰਸ ਪਸ਼ੂਆਂ ਦਾ ਜਮਾਵੜਾ ਤੇ ਗਟਰ ਜਾਮ ਸ਼ਾਮ ਦੇ ਸਮੇਂ ਰੇਹੜੀ ਚਾਲਕਾਂ ਵੱਲੋਂ ਬਚੀ-ਖੁਚੀ ਸਬਜ਼ੀ ਨੂੰ ਸੜਕ ਦੇ ਕਿਨਾਰੇ ਜਾਂ ਇੱਧਰ-ਉੱਧਰ ਸੁੱਟ ਦਿੱਤਾ ਜਾਂਦਾ ਹੈ, ਜਿਸ ਕਾਰਨ ਵੱਡੀ ਗਿਣਤੀ 'ਚ ਲਾਵਾਰਿਸ ਪਸ਼ੂ ਉੱਥੇ ਮੂੰਹ ਮਾਰਦੇ ਦੇਖੇ ਜਾਂਦੇ ਹਨ।

ਇਹ ਬੇਸਹਾਰਾ ਪਸ਼ੂ ਨਾ ਸਿਰਫ਼ ਗੰਦਗੀ ਨੂੰ ਹੋਰ ਇੱਧਰ-ਉੱਧਰ ਖਿਲਾਰ ਦਿੰਦੇ ਹਨ, ਬਲਕਿ ਮੰਡੀ 'ਚ ਆਉਣ ਵਾਲੇ ਸੈਂਕੜੇ ਲੋਕਾਂ ਲਈ ਵੀ ਹਮੇਸ਼ਾ ਖ਼ਤਰੇ ਦਾ ਸਬੱਬ ਬਣੇ ਰਹਿੰਦੇ ਹਨ।ਇਸ ਤੋਂ ਇਲਾਵਾ, ਕਈ ਸਬਜ਼ੀ ਵਿਕਰੇਤਾਵਾਂ ਵੱਲੋਂ ਕੂੜਾ ਸਿੱਧਾ ਪਾਣੀ ਦੀ ਨਿਕਾਸੀ ਵਾਲੇ ਚੈਂਬਰਾਂ (ਗਟਰਾਂ) ਦੇ ਉੱਪਰ ਸੁੱਟੇ ਜਾਣ ਕਾਰਨ ਮੰਡੀ ਦੇ ਚਾਰੋਂ ਪਾਸੇ ਬਣੇ ਚੈਂਬਰ ਪੂਰੀ ਤਰ੍ਹਾਂ ਬੰਦ ਹੋ ਚੁੱਕੇ ਹਨ।ਵਾਹਨਾਂ ਦੇ ਲੰਘਣ ਨਾਲ ਫੈਲਦੀ ਹੈ ਅਸਹਿ ਬਦਬੂ : ਖ਼ਰੀਦਦਾਰ ਮੰਡੀ 'ਚ ਸਬਜ਼ੀ ਖ਼ਰੀਦਣ ਆਏ ਨਿਵਾਸੀਆਂ ਕੁਲਵੰਤ ਸਿੰਘ, ਬਿੰਦਰ ਸਿੰਘ, ਤਰਸੇਮ ਲਾਲ ਤੇ ਕੁਲਦੀਪ ਸਿੰਘ ਨੇ ਦੱਸਿਆ ਕਿ ਕੁਝ ਰੇਹੜੀ ਵਾਲੇ ਸਾਫ਼ ਸਬਜ਼ੀ ਤਾਂ ਆਪਣੀ ਰੇਹੜੀ ਤੇ ਰੱਖ ਲੈਂਦੇ ਹਨ, ਪਰ ਗਲੀ-ਸੜੀ ਸਬਜ਼ੀ ਨੂੰ ਆਲੇ-ਦੁਆਲੇ ਹੀ ਸੁੱਟ ਦਿੰਦੇ ਹਨ।ਜਦੋਂ ਇਨ੍ਹਾਂ ਸੜੀਆਂ ਸਬਜ਼ੀਆਂ ਦੇ ਉੱਪਰੋਂ ਵਾਹਨ ਲੰਘਦੇ ਹਨ ਤਾਂ ਪੂਰੇ ਇਲਾਕੇ 'ਚ ਬਹੁਤ ਹੀ ਗੰਦੀ ਬਦਬੂ ਫੈਲ ਜਾਂਦੀ ਹੈ।ਇੱਥੇ ਸਫ਼ਾਈ ਨਾਂਅ ਦੀ ਕੋਈ ਚੀਜ਼ ਨਹੀਂ ਹੈ ਤੇ ਕਦੇ-ਕਦਾਈਂ ਹੀ ਰਸਮੀ ਤੌਰ ਤੇ ਸਫ਼ਾਈ ਕੀਤੀ ਜਾਂਦੀ ਹੈ।

ਲੱਖਾਂ ਦੀ ਆਮਦਨ ਪਰ ਸਹੂਲਤਾਂ ਦੇ ਨਾਂ ਤੇ ਜ਼ੀਰੋ ਲੋਕਾਂ 'ਚ ਮਾਰਕੀਟ ਕਮੇਟੀ ਦੇ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮਾਰਕੀਟ ਕਮੇਟੀ ਵੱਲੋਂ ਹਰ ਮਹੀਨੇ ਲੱਖਾਂ ਰੁਪਏ ਫੀਸ ਵਜੋਂ ਆਮਦਨ ਇਕੱਠੀ ਕੀਤੀ ਜਾਂਦੀ ਹੈ, ਪਰ ਇਸਦੇ ਬਾਵਜੂਦ ਸਬਜ਼ੀ ਮੰਡੀ 'ਚ ਹੋਰ ਸਹੂਲਤਾਂ ਦੇਣੀਆਂ ਤਾਂ ਦੂਰ, ਮੁੱਢਲੀ ਲੋੜ ਯਾਨੀ ਸਫ਼ਾਈ ਵਿਵਸਥਾ ਤੱਕ ਸੁਚਾਰੂ ਨਹੀਂ ਕੀਤੀ ਜਾ ਰਹੀ।ਸੜੀਆਂ-ਗਲੀਆਂ ਸਬਜ਼ੀਆਂ ਤੋਂ ਉੱਠਣ ਵਾਲੀ ਦੁਰਗੰਧ ਕਾਰਨ ਹੁਣ ਇਲਾਕੇ 'ਚ ਕੋਈ ਭਿਆਨਕ ਬੀਮਾਰੀ ਜਾਂ ਮਹਾਂਮਾਰੀ ਫੈਲਣ ਦਾ ਖ਼ਤਰਾ ਲਗਾਤਾਰ ਮੰਡਰਾ ਰਿਹਾ ਹੈ।

## ਟਰਾਂਸਪੋਰਟ ਦਫਤਰ ਦੇ ਅਧਿਕਾਰੀਆਂ ਤੋਂ ਲੋਕ ਡਾਢੇ ਪ੍ਰੇਸ਼ਾਨ

**ਬਠਿੰਡਾ (ਰਾਜੀਵ ਗੋਇਲ)**-ਭਾਵੇਂ ਹੀ ਸੂਬੇ ਦੇ ਮੁੱਖ ਮੰਤਰੀ ਦਾਅਵੇ ਕਰਦੇ ਨਹੀਂ ਥੱਕਦੇ ਕਿ ਹੁਣ ਉਨ੍ਹਾਂ ਦੀ ਸਰਕਾਰ ਵਿੱਚ ਆਮ ਲੋਕਾਂ ਦੀ ਸਰਕਾਰੀ ਦਫਤਰਾਂ ਅੰਦਰ ਜਿੱਥੇ ਪੂਰੀ ਸੁਣਵਾਈ ਹੁੰਦੀਂ ਹੈ, ਉੱਥੇ ਖੱਜਲ-ਖੁਆਰੀ ਵੀ ਲਗਪਗ ਖਤਮ ਹੋ ਗਈ ਹੈ, ਪਰ ਮੁੱਖ ਮੰਤਰੀ ਸਾਹਿਬ ਦੇ ਇਹ ਦਾਅਵੇ ਸਿਰਫ ਕਹਿਣ ਦੀਆਂ ਗੱਲਾਂ ਤੱਕ ਹੀ ਸੀਮਿਤ ਹੋ ਕੇ ਰਹਿ ਗਏ ਜਾਪਦੇ ਹਨ, ਕਿਉਂਕਿ ਬਠਿੰਡਾ ਦੇ ਟਰਾਂਸਪੋਰਟ ਦਫ਼ਤਰ ਵਿਖੇ ਆਮ ਲੋਕ ਖੱਜਲ ਖੁਆਰ ਹੁੰਦੇ ਆਮ ਦੇਖੇ ਜਾ ਸਕਦੇ ਹਨ। ਇਸ ਦਫਤਰ ਵਿਖੇ ਆਉਣ ਵਾਲੇ ਲੋਕਾਂ ਦੀ ਕੋਈ ਸੁਣਵਾਈ ਨਹੀਂ ਹੁੰਦੀ ਤੇ ਦੂਰ ਦੁਰਾਡੇ ਏਨੀ ਗਰਮੀ ਵਿੱਚ ਆਉਣ ਵਾਲੇ ਲੋਕਾਂ ਨੂੰ ਬੇਰੰਗ ਚਿੱਠੀ ਵਾਂਗ ਇਹ ਕਹਿ ਕੇ ਮੋੜ ਦਿੱਤਾ ਜਾਂਦਾ ਹੈ ਕਿ 'ਸਾਹਿਬ ਤਾਂ ਛੁੱਟੀ 'ਤੇ ਹਨ' ਤੇ ਲੋਕ ਮਾਯੂਸ ਹੋ ਕੇ ਸਰਕਾਰ ਨੂੰ ਕੋਸਦੇ ਹੋਏ ਵਾਪਸ ਪਰਤ ਜਾਂਦੇ ਹਨ। ਸੂਤਰਾਂ ਤੋਂ ਇਹ ਵੀ ਜਾਣਕਾਰੀ ਹਾਸਲ ਹੋਈ ਹੈ ਕਿ ਇਸ ਦਫਤਰ ਦੇ ਇੱਕ-ਦੁੱਕਾ ਅਧਿਕਾਰੀ ਤਾਂ ਅਜਿਹੇ ਹਨ,ਜਿਹੜੇ ਜਾਣਬੁੱਝ ਕੇ ਆਪਣੇ ਦਫਤਰ ਦੇ ਕਮਰੇ ਨੂੰ ਜਿੰਦਰਾ ਮਾਰ ਦਿੰਦੇ ਹਨ ਤੇ ਕਿਸੇ ਪਾਸੇ ਹੋਰ ਬੈਠ ਕੇ ਆਪਣੇ ਦਲਾਲਾਂ ਰਾਹੀਂ ਉਹਨਾਂ ਲੋਕਾਂ ਦਾ ਹੀ ਕੰਮ ਕਰਦੇ ਹਨ, ਜਿਹੜੇ ਉਨ੍ਹਾਂ ਦੀ ਮਾਰ ਝੱਲਦੇ ਹਨ। ਦੱਸਣਾ ਬਣਦਾ ਹੈ ਕਿ ਪਿਛਲੇ ਦਿਨੀ ਇਸ ਦਫਤਰ ਦੀ ਇੱਕ ਵੀਡਿਓ ਵੀ ਵਾਇਰਲ ਹੋਈ ਸੀ, ਜਿਸ ਵਿੱਚ ਦਫਤਰ ਦੇ ਇੱਕ ਅਧਿਕਾਰੀ 'ਤੇ ਰਿਸ਼ਵਤ ਵਰਗੇ ਗੰਭੀਰ ਇਲਜਾਮ ਵੀ ਲੱਗੇ ਸਨ, ਜਿਸ ਤੋਂ ਬਾਅਦ ਸੰਬੰਧਤ ਅਧਿਕਾਰੀ ਛੁੱਟੀ 'ਤੇ ਚਲਾ ਗਿਆ ਸੀ। ਖੱਜਲ ਹੋ ਰਹੇ ਆਮ ਲੋਕਾਂ ਵੱਲੋਂ ਸੂਬੇ ਦੇ ਮੁੱਖ ਮੰਤਰੀ ਪਾਸੋਂ ਮੰਗ ਕੀਤੀ ਗਈ ਹੈ ਕਿ ਇਸ ਦਫ਼ਤਰ ਦੀ ਵਿਜੀਲੈਂਸ ਜਾਂਚ ਕਰਾਈ ਜਾਵੇ ਅਤੇ ਲੋਕਾਂ ਨੂੰ ਖੱਜਲ ਕਰਨ ਵਾਲੇ ਅਜਿਹੇ ਅਫਸਰਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ। ਉਧਰ ਦੂਜੇ ਪਾਸੇ ਜਦੋਂ ਇਸ ਮਾਮਲੇ ਨੂੰ ਲੈ ਕੇ ਜਿਲ੍ਹਾ ਟਰਾਂਸਪੋਰਟ ਅਫਸਰ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਹਨਾਂ ਵੱਲੋਂ ਵੀ ਫੋਨ ਨਾ ਰਿਸੀਵ ਕੀਤਾ ਗਿਆ।

## ਟਰੈਕਟਰ ਦੀ ਟੱਕਰ ਨਾਲ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਤ, ਇੱਕ ਜ਼ਖ਼ਮੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਲੱਖੇਵਾਲੀ ਪੁਲਸ ਨੇ ਸੜਕ ਹਾਦਸੇ ਦੇ ਇੱਕ ਮਾਮਲੇ ਵਿੱਚ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 106(2), 281, 125(1) ਤੇ 324(4) ਤਹਿਤ ਕੇਸ ਦਰਜ ਕੀਤਾ ਹੈ।ਹਾਦਸੇ ਵਿੱਚ ਇੱਕ ਨੌਜਵਾਨ ਦੀ ਮੌਤ ਹੋ ਗਈ, ਜਦਕਿ ਦੂਜਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਬਲਦੇਵ ਸਿੰਘ ਵਾਸੀ ਲੱਖੇਵਾਲੀ ਨੇ ਦੱਸਿਆ ਕਿ ਉਸ ਦਾ ਭਤੀਜਾ ਗੁਰਬਖਸ਼ ਸਿੰਘ ਤੇ ਉਸ ਦਾ ਸਾਥੀ ਮਨਪ੍ਰੀਤ ਸਿੰਘ ਮੋਟਰਸਾਈਕਲ 'ਤੇ ਸਵਾਰ ਹੋ ਕੇ ਜਾ ਰਹੇ ਸਨ, ਜਦੋਂ ਉਹ ਪਿੰਡ ਲੱਖੇਵਾਲੀ ਤੋਂ ਕਰੀਬ ਦੋ ਕਿਲੋਮੀਟਰ ਅੱਗੇ ਇੱਕ ਭੱਠੇ ਨੇੜੇ ਪਹੁੰਚੇ ਤਾਂ ਸਾਹਮਣੇ ਤੋਂ ਆ ਰਹੇ ਇੱਕ ਮਹਿੰਦਰਾ 275 ਟਰੈਕਟਰ-ਟਰਾਲੀ ਨੂੰ ਇੱਕ ਨਾਬਾਲਗ ਲੜਕਾ ਤੇਜ਼ ਰਫ਼ਤਾਰ ਅਤੇ ਲਾਪ੍ਰਵਾਹੀ ਨਾਲ ਚਲਾ ਰਿਹਾ ਸੀ।ਦੋਸ਼ ਹੈ ਕਿ ਟਰੈਕਟਰ ਚਾਲਕ ਨੇ ਅਚਾਨਕ ਟਰੈਕਟਰ ਮੋੜ ਕੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਮੋਟਰਸਾਈਕਲ ਸਵਾਰ ਦੋਵੇਂ ਨੌਜਵਾਨ ਟਰੈਕਟਰ ਹੇਠਾਂ ਆ ਗਏ।ਹਾਦਸੇ ਤੋਂ ਬਾਅਦ ਟਰੈਕਟਰ ਚਾਲਕ ਤੇ ਉਸ ਨਾਲ ਬੈਠਾ ਸੁਖਮੰਦਰ ਸਿੰਘ ਪੁੱਤਰ ਨੈਬ ਸਿੰਘ ਵਾਸੀ ਚੱਕ ਮਦਰੱਸਾ ਮੌਕੇ ਤੋਂ ਫਰਾਰ ਹੋ ਗਏ।ਜ਼ਖ਼ਮੀਆਂ ਨੂੰ ਤੁਰੰਤ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਗੁਰਬਖਸ਼ ਸਿੰਘ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ, ਜਦਕਿ ਮਨਪ੍ਰੀਤ ਸਿੰਘ ਦਾ ਇਲਾਜ ਜਾਰੀ ਹੈ।ਪੁਲਸ ਨੇ ਮੱਖਣ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਲੱਖੇਵਾਲੀ ਦੀ ਸ਼ਿਕਾਇਤ 'ਤੇ ਕਰਨਵੀਰ ਸਿੰਘ ਪੁੱਤਰ ਬਲਰਾਜ ਸਿੰਘ ਤੇ ਸੁਖਮੰਦਰ ਸਿੰਘ ਪੁੱਤਰ ਨੈਬ ਸਿੰਘ ਵਾਸੀ ਚੱਕ ਮਦਰੱਸਾ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਨੌਜਵਾਨ ਮੁਨੀਮ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ

**ਮਾਨਸਾ (ਆਤਮਾ ਸਿੰਘ ਪਮਾਰ)**-ਬੁਢਲਾਡਾ ਨੇੜਲੇ ਪਿੰਡ ਦਰੀਆਪੁਰ ਖ਼ੁਰਦ ਅਤੇ ਕੁਲਾਣਾ ਫਾਟਕ ਦੇ ਨੇੜੇ ਇੱਕ ਨੌਜਵਾਨ ਰਾਜਦੀਪ ਸਿੰਘ ਦਾ ਅਣਪਛਾਤੇ ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ ਗਿਆ।ਕਾਤਲਾਂ ਦੀ ਕੋਈ ਪਹਿਚਾਣ ਨਹੀਂ ਹੋ ਸਕੀ। ਪ੍ਰਾਪਤ ਜਾਣਕਾਰੀ ਅਨੁਸਾਰ ਨੌਜਵਾਨ ਰਾਜਦੀਪ ਸਿੰਘ ਪੁੱਤਰ ਹਰਬੰਸ ਸਿੰਘ,ਜੋ ਸਬਜ਼ੀ ਮੰਡੀ ਬੁਢਲਾਡਾ ਵਿਖੇ ਮੁਨੀਮ ਦਾ ਕੰਮ ਕਰਦਾ ਸੀ, ਸਵੇਰ ਵੇਲੇ ਆਪਣੇ ਪਿੰਡ ਦਰੀਆਪੁਰ ਖ਼ੁਰਦ ਤੋਂ ਸਕੂਟਰੀ 'ਤੇ ਸਬਜ਼ੀ ਮੰਡੀ ਵੱਲ ਜਾ ਰਿਹਾ ਸੀ।ਜਦੋਂ ਉਹ ਦਰੀਆਪੁਰ ਫਾਟਕ ਲਾਗੇ ਪਹੁੰਚਿਆ ਤਾਂ ਕੁੱਝ ਵਿਅਕਤੀਆਂ ਨੇ ਉਸ 'ਤੇ ਤੇਜ਼ ਹਥਿਆਰਾਂ ਹਮਲਾ ਕਰ ਦਿੱਤਾ।



ਨੌਜਵਾਨ ਰਾਜਦੀਪ ਸਿੰਘ ਦੇ ਸਿਰ 'ਚ ਗੰਭੀਰ ਸੱਟਾਂ ਲੱਗੀਆਂ ਤੇ ਮੌਕੇ 'ਤੇ ਹੀ ਉਸ ਨੇ ਦਮ ਤੋੜ ਦਿੱਤਾ।ਮ੍ਰਿਤਕ ਦੀ ਮਾਂ ਜਸਵੀਰ ਕੌਰ ਨੇ ਕੁੱਝ ਵਿਅਕਤੀਆਂ 'ਤੇ ਸ਼ੱਕ ਜ਼ਾਹਿਰ ਕੀਤਾ ਹੈ।ਪੁਲਿਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ਼ ਕਰ ਲਿਆ ਹੈ।ਡੀ ਐਸ ਪੀ ਸਿਕੰਦਰ ਸਿੰਘ ਚੀਮਾ ਨੇ ਕਿਹਾ ਕਿ ਛੇਤੀਂ ਹੀ ਕਾਤਲਾਂ ਨੂੰ ਲੱਭ ਲਿਆ ਜਾਵੇਗਾ।

### ਭੋਗ 'ਤੇ ਵਿਸ਼ੇਸ਼

## ਪਿਆਰ, ਤਿਆਗ ਅਤੇ ਸਮਰਪਣ ਦੀ ਮੂਰਤ ਸਨ ਸ੍ਰੀਮਤੀ ਸੱਤਿਆ ਗੁਪਤਾ



ਸਵੇਰਾ ਹਸਪਤਾਲ ਮੋਗਾ ਦੀ ਫਾਊਂਡਰ ਡਾਇਰੈਕਟਰ ਸ੍ਰੀਮਤੀ ਸੱਤਿਆ ਗੁਪਤਾ 15 ਜੂਨ ਨੂੰ ਇਸ ਫਾਨੀ ਦੁਨੀਆਂ ਨੂੰ ਅਲਵਿਦਾ ਆਖ ਗਏ ਸਨ। ਅੱਖਾਂ ਦੇ ਮਾਹਰ ਡਾਕਟਰ ਰਾਜੀਵ ਗੁਪਤਾ, ਨਵਦੀਪ ਗੁਪਤਾ, ਵਿਪਨ ਗੁਪਤਾ ਅਤੇ ਪੰਕਜ ਗੁਪਤਾ ਚਾਰ ਭਰਾਵਾਂ ਅਤੇ ਧੀ ਅਚਲਾ ਦੀ ਮਾਂ ਸੱਤਿਆ ਗੁਪਤਾ ਦੇ ਸੰਸਕਾਰਾਂ ਦੀ ਬਦੌਲਤ ਅੱਜ ਵੀ ਸਾਰੇ ਭਰਾ ਇਕ ਘਰ, ਇਕੋ ਪਰਿਵਾਰ ਦੇ ਰੂਪ ਵਿਚ ਜੀਵਨ ਬਸਰ ਕਰ ਰਹੇ ਹਨ। ਦੇਸ਼ ਅਜ਼ਾਦ ਹੋਣ ਵੇਲੇ ਸੱਤਿਆ ਗੁਪਤਾ ਸਿਰਫ ਚਾਰ ਸਾਲ ਦੀ ਸੀ। ਜਗਰਾਓਂ ਵਿਖੇ ਆਪਣੇ ਮਾਪਿਆਂ ਮਾਲਵੀ ਦੇਵੀ ਅਤੇ ਸ੍ਰੀ ਅਮਰਨਾਥ ਦੇ ਪਾਲਣ ਪੋਸ਼ਣ ਤੇ ਫਿਰ ਜਗਦੀਸ਼ ਕੁਮਾਰ ਵਰਗੇ ਹਮਸਫ਼ਰ ਨਾਲ ਮਿਹਨਤ ਕਰਦਿਆਂ , ਨਾ ਸਿਰਫ਼ ਆਪਣੇ ਪੁੱਤਰਾਂ ਨੂੰ ਸਫਲ ਕਾਰੋਬਾਰੀ ਬਣਾਇਆ ਬਲ ਕਿ ਅੱਖਾਂ ਦੇ ਇਲਾਜ ਲਈ ਵਿਸ਼ਵ ਪ੍ਰਸਿੱਧ ਡਾ. ਰਾਜੀਵ ਗੁਪਤਾ ਵਰਗਾ ਨੇਕ ਅਤੇ ਧਰਤੀ ਨਾਲ ਜੁੜਿਆ ਡਾਕਟਰ ਵੀ ਸਿਰਜਿਆ। ਪੋਤੇ ਪੋਤਰੀਆਂ ਅਤੇ ਦੋਹਤੀਆਂ ਨੂੰ ਵੀ ਡਾਕਟਰ ਬਣਾਇਆ।

ਮਾਤਾ ਨਮਿੱਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 18 ਜੂਨ ਵੀਰਵਾਰ ਦੁਪਹਿਰ 12 ਤੋਂ 1 ਵਜੇ ਤੱਕ ਮੈਜਿਸਟਿਕ ਰਿਜੋਰਟ ਮੋਗਾ ਵਿਖੇ ਹੋਵੇਗੀ।

*-ਇਕਬਾਲ ਸਿੰਘ ਖਹਿਰਾ*

## ਭਾਜਪਾ ਮਹਿਲਾ ਮੋਰਚਾ ਦੀ ਜ਼ਿਲ੍ਹਾ ਪ੍ਰਧਾਨ ਕਮਲਜੀਤ ਕੌਰ ਧੱਲੇਕੇ ਤੋਂ ਲਿਆ ਅਸਤੀਫਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਜਨਤਾ ਪਾਰਟੀ ਜਿਲਾ ਮੋਗਾ ਦੇ ਜਨਰਲ ਸਕੱਤਰ ਮੁਖਤਿਆਰ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਪਿਛਲੇ ਤਿੰਨ ਚਾਰ ਦਿਨਾਂ ਤੋਂ ਭਾਜਪਾ ਮਹਿਲਾ ਮੋਰਚਾ ਦੀ ਜਿਲਾ ਪ੍ਰਧਾਨ ਕਮਲਜੀਤ ਕੌਰ ਧੱਲੇਕੇ ਬਾਰੇ ਪੁਲਿਸ ਨਾਲ ਲੈਣ ਦੇਣ ਦੇ ਸੰਬੰਧ 'ਚ ਇੱਕ ਵੀਡੀਓ ਵਾਇਰਲ ਹੋ ਰਹੀ ਸੀ, ਨੂੰ ਲੈ ਕੇ ਹਾਈ ਕਮਾਂਡ ਦੇ ਆਦੇਸ਼ਾਂ ਮੁਤਾਬਿਕ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਵੱਲੋਂ ਕਮਲਜੀਤ ਕੌਰ ਤੋਂ ਜਿਲਾ ਪ੍ਰਧਾਨਗੀ ਤੋਂ ਅਸਤੀਫਾ ਲੈ ਲਿਆ ਗਿਆ ਹੈ ਅਤੇ ਇਸ ਵੀਡੀਓ ਦੀ ਸਚਾਈ ਦੀ ਪੜਚੋਲ ਕਰਨ ਲਈ ਜਿਲਾ ਜਨਰਲ ਸਕੱਤਰ ਰਾਜਪਾਲ ਠਾਕੁਰ ਦੀ ਅਗਵਾਈ ਵਿੱਚ ਤਿੰਨ ਮੈਂਬਰੀ ਕਮੇਟੀ ਬਣਾ ਦਿੱਤੀ ਗਈ ਹੈ।

### ਕਾਤਰਾਂ

## ਡਾਕਟਰ ਭੀਮ ਸਿੰਘ ਭੂਕਲ ਨੂੰ ਬਣਾਇਆ ਮਾਲਵਾ ਜ਼ੋਨ ਦਾ ਪ੍ਰਧਾਨ



**ਚੀਮਾ ਮੰਡੀ (ਰਵਿੰਦਰ ਚੀਮਾ)**-ਐਡਵੋਕੇਟ ਚੰਦਰ ਸ਼ੇਖਰ ਆਜ਼ਾਦ ਮੈਂਬਰ ਪਾਰਲੀਮੈਂਟ, ਨਗੀਨਾ ਜਨਰਲ ਸੈਕਟਰੀ, ਹਿਤੈਸ਼ ਮਾਹੀ ਅਜਾਦ ਸਮਾਜ ਪਾਰਟੀ,ਐਮ ਐਲ ਤੋਮਰ ਪੰਜਾਬ ਪ੍ਰਧਾਨ, ਕਰਨੈਲ ਸਿੰਘ ਨੀਲੋਵਾਲ ਮੁੱਖ ਸਲਾਹਕਾਰ ਪੰਜਾਬ, ਸ਼ਮਸ਼ੇਰ ਸਿੰਘ ਸਲਾਹਕਾਰ ਪੰਜਾਬ, ਪ੍ਰਦੀਪ ਸਿੰਘ ਜ਼ਿਲ੍ਹਾ ਪ੍ਰਧਾਨ, ਕੈਪਟਨ ਹਰਭਜਨ ਸਿੰਘ ਲੋਕ ਸਭਾ ਇੰਚਾਰਜ ਸੰਗਰੂਰ ਦੀ ਰਹਿਨੁਮਾਈ ਵਿੱਚ ਭੀਮ ਸਿੰਘ ਭੂਕਲ ਨੂੰ ਪੰਜਾਬ ਦੇ ਬਠਿੰਡਾ ਮਾਲਵਾ ਜੋਨ ਦਾ ਪ੍ਰਧਾਨ ਬਣਾਇਆ ਗਿਆ ਹੈ । ਨਿਯੁਕਤੀ ਉਪਰੰਤ ਉਨ੍ਹਾਂ ਕਿਹਾ ਕਿ ਉਹ ਪਾਰਟੀ ਪ੍ਰਤੀ ਅਤੇ ਪੰਜਾਬ ਪ੍ਰਤੀ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।

## ਅਮਰਬੀਰ ਕੌਰ ਭੁੱਲਰ ਨੇ ਵਧੀਕ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀਮਤੀ ਅਮਰਬੀਰ ਕੌਰ ਭੁੱਲਰ ਨੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਬਤੌਰ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਅਹੁਦਾ ਸੰਭਾਲ ਲਿਆ ਹੈ।ਉਹ 2012 ਬੈਚ ਦੇ ਪੀ.ਸੀ.ਐਸ. ਅਧਿਕਾਰੀ ਹਨ। ਇਸ ਤੋਂ ਪਹਿਲਾਂ ਉਹ ਸਕੱਤਰ, ਪੰਜਾਬ ਅਧੀਨ ਸੇਵਾਵਾਂ ਚੋਣ ਬੋਰਡ ਵਜੋਂ ਤਾਇਨਾਤ ਸਨ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਆਪਣੇ ਦਫ਼ਤਰ ਵਿੱਚ ਅਹੁਦਾ ਸੰਭਾਲਣ ਮਗਰੋਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਤੇ ਯੋਜਨਾਵਾਂ ਨੂੰ ਜਮੀਨੀ ਪੱਧਰ 'ਤੇ ਲਾਗੂ ਕੀਤਾ ਜਾਵੇਗਾ ਅਤੇ ਲੋੜਵੰਦ ਲੋਕਾਂ ਨੂੰ ਰਾਜ ਸਰਕਾਰ ਵੱਲੋਂ ਮੁਹੱਈਆਂ ਕਰਵਾਈਆਂ ਜਾਂ ਰਹੀਆਂ ਸੁਵਿਧਾਵਾਂ ਦਾ ਪਹਿਲ ਕਦਮੀ ਨਾਲ ਲਾਭ ਪਹੁੰਚਾਇਆ ਜਾਵੇਗਾ।

## ਦਿਲਾਵਰ ਹੁਸੈਨ ਮੁਸਲਿਮ ਡਿਵੈਲਪਮੈਂਟ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਨਿਯੁਕਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਪੰਜਾਬ ਸਰਕਾਰ ਵੱਲੋਂ ਹਲਕਾ ਫ਼ਰੀਦਕੋਟ ਦੇ ਪ੍ਰਮੁੱਖ ਸਮਾਜ ਸੇਵਕ, ਮੁਸਲਿਮ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਤੇ ਆਮ ਆਦਮੀ ਪਾਰਟੀ ਦੇ ਸਰਗਰਮ ਆਗੂ ਹਾਜ਼ੀ ਦਿਲਾਵਰ ਹੁਸੈਨ ਨੂੰ ਇੱਕ ਵੱਡੀ ਜ਼ਿੰਮੇਵਾਰੀ ਸੌਂਪਦਿਆਂ 'ਮੁਸਲਿਮ ਡਿਵੈਲਪਮੈਂਟ ਬੋਰਡ' ਦਾ ਜ਼ਿਲ੍ਹਾ ਫ਼ਰੀਦਕੋਟ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੀ ਗਈ ਹੈ।ਇਸ ਨਿਯੁਕਤੀ ਤੋਂ ਬਾਅਦ ਹਾਜ਼ੀ ਦਿਲਾਵਰ ਹੁਸੈਨ ਨੇ ਮੁਸਲਿਮ ਵੈੱਲਫੇਅਰ ਸੁਸਾਇਟੀ ਦੇ ਨੁਮਾਇੰਦਿਆਂ ਨੂੰ ਨਾਲ ਲੈ ਕੇ 'ਆਪ' ਦੇ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਦੇ ਨਿਵਾਸ ਸਥਾਨ ਵਿਖੇ ਮੁਲਾਕਾਤ ਕੀਤੀ।ਉਨ੍ਹਾਂ ਇਸ ਅਹਿਮ ਜ਼ਿੰਮੇਵਾਰੀ ਲਈ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ, ਸੂਬਾ ਪ੍ਰਧਾਨ ਅਮਨ ਅਰੋੜਾ ਅਤੇ ਬੋਰਡ ਦੇ ਚੇਅਰਮੈਨ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਵਿਰੋਧੀ ਦੀਆਂ ਚਾਲਾਂ ਨੂੰ ਸਫਲ ਨਹੀਂ ਹੋਣ ਦੇਵਾਂਗੇ : ਸਰਪੰਚ ਚਮਕੌਰ ਸਿੰਘ ਸਿੱਧੂ



**ਹਠੂਰ (ਨਛੱਤਰ ਸੰਧੂ)**-ਪਿੰਡ ਬੁਰਜ ਕੁਰਾਲਾ ਦੇ ਸਰਪੰਚ ਚਮਕੌਰ ਸਿੰਘ ਸਿੱਧੂ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਪਿੰਡ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਚਲਾਏ ਜਾ ਰਹੇ ਹਨ ਪਰ ਕੁਝ ਦਿਨਾਂ ਤੋਂ ਪਿੰਡ ਦੇ ਕੁਝ ਲੋਕਾਂ ਨੂੰ ਇਹ ਗੱਲ ਹਜ਼ਮ ਨਹੀਂ ਆਈ।ਉਹ ਇਨ੍ਹਾਂ ਕੰਮਾਂ ਵਿੱਚ ਅੜਿਕਾ ਪਾਉਣ ਲਈ ਤਰਾਂ - ਤਰਾਂ ਦੇ ਹੱਥ ਕੰਡੇ ਵਰਤ ਰਹੇ ਹਨ। ਸਰਪੰਚ ਚਮਕੌਰ ਸਿੰਘ ਸਿੱਧੂ ਨੇ ਪਿੰਡ ਵਾਸੀਆਂ ਦਾ ਇਕ ਵੱਡਾ ਇਕੱਠ ਕਰਕੇ ਇਸ ਗੱਲ ਦਾ ਸਖਤ ਵਿਰੋਧ ਕੀਤਾ ਤੇ ਕਿਹਾ ਕਿ ਉਹ ਪਿੰਡ ਦੇ ਵਿਕਾਸ ਲਈ ਦਿਨ ਰਾਤ ਇੱਕ ਕਰ ਦੇਵੇਗਾ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਸਿੱਧੂ ਨੇ ਦੱਸਿਆ ਕਿ ਬੀਤੀ ਰਾਤ ਬਾਰਿਸ਼ ਆਉਣ ਸਮੇ ਪਿੰਡ ਦੇ ਕੁਝ ਸ਼ਰਾਰਤੀ ਅਨਸਰਾਂ ਨੇ ਪਿੰਡ ਦੇ ਮੀਂਹ ਦਾ ਪਾਣੀ ਦਾ ਨਾਲਾ ਵੱਢ ਦਿੱਤਾ ਜਿਸ ਕਾਰਨ ਪਾਣੀ ਛੱਪੜ ਅੰਦਰ ਦਾਖਲ ਹੋ ਗਿਆ ਜਿਸ ਨਾਲ ਉਸਾਰੀ ਅਧੀਨ ਚੱਲ ਰਹੇ ਕੰਮ ਨੂੰ ਢਹਿਢੇਰੀ ਕਰ ਦਿੱਤਾ।ਜਿਸ ਨਾਲ ਸਾਡਾ ਵੱਡਾ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸ਼ਰਾਰਤੀ ਵਿਰੋਧੀਆਂ ਨੇ ਛੱਪੜ ਦੀ ਉਸਾਰੀ ਲਈ ਨਜਾਇਜ਼ ਕਬਜ਼ਾ ਅਤੇ ਪੀਲੀਆਂ ਇੱਟਾਂ ਲਾਉਣ ਦੇ ਦੋਸ਼ ਲਾਏ ਹਨ ਉਹ ਬਿਲਕੁਲ ਗਲਤ ਹਨ। ਉਨ੍ਹਾਂ ਦੱਸਿਆ ਕਿ ਉਸਾਰੀ ਲਈ ਇਕ ਨੰਬਰ ਮਟੀਰੀਆਲ ਲਾਇਆ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ 10 ਲੱਖ ਦੀ ਗ੍ਰਾਂਟ ਦਿੱਤੀ ਗਈ ਸੀ ਅਤੇ ਕੁਝ ਹੋਰ ਫੰਡ ਸਾਡੇ ਕੋਲ ਪਿਆ ਸੀ ਜੋ ਇਸ ਦੀ ਉਸਾਰੀ ਲਈ ਲਾਇਆ ਜਾ ਰਿਹਾ ਹੈ। ਸਰਪੰਚ ਨੇ ਦੱਸਿਆ ਕਿ ਪੁਲੀਸ ਥਾਣਾ ਹਠੂਰ ਵਿਖੇ ਅਤੇ ਬੀ ਡੀ ਪੀ ਓ ਦਫ਼ਤਰ ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ ਹੈ।

# ਬਿਜਲੀ ਮੁਲਾਜ਼ਮਾਂ ਵੱਲੋਂ ਸਰਕਲ ਦਫ਼ਤਰ ਅੱਗੇ ਰੋਸ ਧਰਨਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬਿਜਲੀ ਮੁਲਾਜ਼ਮ ਸੰਘਰਸ਼ਸ਼ੀਲ ਮੋਰਚੇ ਪੰਜਾਬ ਵੱਲੋਂ ਬਿਜਲੀ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਬਿਜਲੀ ਬੋਰਡ ਦੀ ਮੈਨੇਜਮੈਂਟ ਵੱਲੋਂ ਮੰਨ ਕੇ ਲਾਗੂ ਕਰਨ ਤੋਂ ਇਨਕਾਰ ਕਰਨ 'ਤੇ ਸੰਘਰਸ਼ ਦਾ ਐਲਾਨ ਕੀਤਾ ਗਿਆ ਹੈ। ਜਿਸ ਦੀ ਪਹਿਲੇ ਪੜਾਅ ਵਜੋਂ 15 ਜੂਨ ਤੋਂ 22 ਜੂਨ ਤੱਕ ਸਰਕਲ ਪੱਧਰੀ ਰੋਸ ਧਰਨੇ ਦਿੱਤੇ ਜਾਣਗੇ 24 ਜੂਨ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਖੰਨਾ ਵਿਖੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਮੇਂ ਦੌਰਾਨ ਮੈਨੇਜਮੈਂਟ ਦੇ ਫੀਲਡ ਦੌਰਿਆਂ ਤੇ ਮੋਰਚੇ ਵੱਲੋਂ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕੀਤੇ ਜਾਣਗੇ ਅਤੇ ਇਸ ਸਮੇਂ ਦੌਰਾਨ ਮੋਰਚੇ ਨਾਲ ਸਬੰਧਤ ਮੁਲਾਜ਼ਮਾਂ ਵੱਲੋਂ ਆਪਣੀ ਬਣਦੀ ਡਿਊਟੀ ਕੀਤੀ ਜਾਵੇਗੀ। ਇਸ ਸੰਘਰਸ਼ ਦੇ ਪੜਾਅ ਵਜੋਂ ਫ਼ਿਰੋਜ਼ਪੁਰ ਸਰਕਲ ਦਫ਼ਤਰ ਅੱਗੇ ਰਮਨਦੀਪ ਸਿੰਘ ਲਹੋਰੀਆ ਦੀ ਪ੍ਰਧਾਨਗੀ ਹੇਠ ਧਰਨਾ ਲਗਾਇਆ ਗਿਆ। ਇਸ ਰੋਸ ਧਰਨੇ ਵਿਚ ਸੂਬਾ ਜਨਰਲ ਸਕੱਤਰ ਹਰਪ੍ਰੀਤ ਸਿੰਘ ਫਰੀਦਕੋਟ ਅਤੇ ਸੂਬਾ ਸਕੱਤਰ ਇੰਜ. ਸ਼ਿੰਗਾਰ ਚੰਦ ਮਹਿਰੋਕ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ । ਇਸ ਰੋਸ ਧਰਨੇ ਨੂੰ ਫਿਰੋਜ਼ਪੁਰ ਸਰਕਲ ਦੇ ਵੱਖ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਿਜਲੀ ਬੋਰਡ ਅੰਦਰ 72000 ਅਸਾਮੀਆਂ ਮਨਜ਼ੂਰ ਹਨ, ਪਰ ਮਜ਼ਜੂਦਾ ਸਮੇਂ ਵਿਚ ਬਿਜਲੀ ਵਿਭਾਗ ਅੰਦਰ ਲਗਭਗ 28000 ਕਰਮਚਾਰੀ ਹੀ ਕੰਮ ਕਰ ਰਹੇ ਹਨ। ਐਨੇ ਘੱਟ ਮੁਲਾਜ਼ਮ ਦਿਨ ਰਾਤ ਬਹੁਤ ਔਖੇ ਹਾਲਾਤ ਵਿਚ ਡਿਊਟੀ ਕਰ ਰਹੇ ਹਨ। ਵਰਕਲੋਡ ਜ਼ਿਆਦਾ ਹੋਣ ਕਾਰਨ ਬਹੁਤ ਸਾਰੇ ਕਰਮਚਾਰੀ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ। ਪੰਜਾਬ ਸਰਕਾਰ ਵੱਲੋਂ 18 ਪ੍ਰਤੀਸ਼ਤ ਡੀ ਏ ਦੀ ਇਕ ਵੀ ਕਿਸਤ ਜਾਰੀ ਨਾ ਕਰਨਾ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ ਵਿਚ ਬਿਲਕੁਲ ਅਸਫਲ ਰਹੀ ਹੈ। ਮੁਲਾਜ਼ਮਾਂ ਨਾਲ ਕੀਤੇ ਹੋਏ ਵਾਅਦੇ ਪੂਰੇ ਨਹੀਂ ਕੀਤੇ ਸਗੋਂ ਭਰਤੀਆਂ ਵਿਚ ਬੇਲੋੜੀਆਂ ਸੋਧਾਂ ਕਰਕੇ ਪੰਜਾਬ ਦੇ ਬੱਚਿਆਂ ਤੋਂ ਰੁਜ਼ਗਾਰ ਖੋਹਿਆ ਜਾ ਰਿਹਾ ਹੈ, ਹਮੇਸ਼ਾ ਤੋਂ ਪਾਵਰਕੌਮ ਵਿਚ ਅਪ੍ਰੈਂਟਿਸ ਕਰਨ ਉਪਰੰਤ ਮਿਲਣ ਵਾਲੇ ਰੁਜ਼ਗਾਰ ਉੱਤੇ ਡਾਕਾ ਮਾਰਿਆ ਜਾ ਰਿਹਾ ਹੈ ਜੋ 2600 ਦੇ ਕਰੀਬ ਪੰਜਾਬ ਦੇ ਨੌਜਵਾਨ ਬੱਚੇ ਬੱਚੀਆਂ ਨਾਲ ਭਰਤੀ ਕਰਨ ਸਮਝੌਤਾ ਕਰਨ ਦੇ ਬਾਵਜੂਦ ਬਹੁਤ ਬੁਰੀ ਤਰ੍ਹਾਂ ਲਾਠੀਚਾਰਜ ਕੀਤਾ ਗਿਆ ਤੇ ਹੁਣ ਕੀਤੇ ਸਮਝੌਤੇ ਨੂੰ ਲਾਗੂ ਕਰਨ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਬਿਜਲੀ ਵਿਭਾਗ ਅੰਦਰ ਨਵੇਂ ਭਰਤੀ ਹੋਏ ਮੁਲਾਜ਼ਮਾਂ ਨੂੰ ਸੱਤਵੇਂ ਤਨਖ਼ਾਹ ਕਮਿਸ਼ਨ ਦੀ ਬਜਾਏ ਬਿਜਲੀ ਨਿਗਮ ਦੇ ਸਕੇਲ ਲਾਗੂ ਕੀਤੇ ਜਾਣ, ਸੋਲੇਸ਼ੀਅਮ ਵਾਲੇ ਮ੍ਰਿਤਕਾਂ ਦੇ ਵਾਰਸਾਂ ਨੂੰ ਬਿਨਾਂ ਵਾਧੂ ਵਿਆਜ ਅਤੇ ਬਿਨਾਂ ਸ਼ਰਤ ਨੌਕਰੀ ਦਿੱਤੀ ਜਾਵੇ। ਬਿਜਲੀ ਨਿਗਮ ਦੀਆਂ ਜ਼ਮੀਨਾਂ ਵੇਚਣੀਆਂ ਬੰਦ ਕੀਤੀਆਂ ਜਾਣ। ਰੋਪੜ ਵਿਖੇ ਦੋ 800 ਮੈਗਾਵਾਟ ਦੇ ਥਰਮਲ ਪਲਾਂਟ ਸਰਕਾਰੀ ਖੇਤਰ ਵਿਚ ਲਗਾਏ ਜਾਣ। ਬਿਜਲੀ ਨਿਗਮ ਅੰਦਰ ਨਵੀਂ ਭਰਤੀ ਵਿੱਚ ਪੰਜਾਬ ਦੇ ਉਮੀਦਵਾਰਾਂ ਨੂੰ ਪਹਿਲ ਦਿੱਤੀ ਜਾਵੇ। ਇਸ ਮੌਕੇ ਸਰਕਲ ਆਗੂ ਇੰਜ. ਮਨਜੀਤ ਸਿੰਘ, ਇੰਜ. ਰੇਸ਼ਮ ਸਿੰਘ, ਮਨਜੀਤ ਸਿੰਘ ਜ਼ੀਰਾ, ਜਲਾਲਾਬਾਦ ਡਵੀਜ਼ਨ ਆਗੂ ਸ਼ੇਰ ਸਿੰਘ, ਰਜਿੰਦਰ ਸ਼ਰਮਾ, ਇੰਜ਼ ਜਗਸੀਰ ਸਿੰਘ, ਅਵਤਾਰ ਸਿੰਘ, ਗੁਰਦੇਵ ਸਿੰਘ, ਸੰਦੀਪ ਕੁਮਾਰ ਪੈਨਸ਼ਨਰ ਐਸੋਸ਼ੀਏਸ਼ਨ, ਸੁਰਿੰਦਰ ਸ਼ਰਮਾ ਸਰਕਲ ਪ੍ਰਧਾਨ, ਸ਼ਾਮ ਸਿੰਘ, ਚੰਨਣ ਸਿੰਘ ਪੈਨਸ਼ਨਰ ਐਸੋਸੀਏਸ਼ਨ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬੁੱਟਰ ਗਰੁੱਪ ਦੇ ਜ਼ਿਲ੍ਹਾ ਆਗੂ ਸੁਰਜੀਤ ਬਾਜੀਦਪੁਰ, ਇਕਬਾਲ ਸਿੰਘ ਗਾਮੂਵਾਲਾ ਨੇ ਸੰਬੋਧਨ ਕੀਤਾ।

## ਨਗਰ ਕੌਂਸਲ ਪ੍ਰਧਾਨ ਦੀ ਕੁਰਸੀ ਨੂੰ ਲੈ ਕੇ ਖੁੰਢ-ਚਰਚਾ ਤੇਜ਼

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਪਣੇ ਹਲਕੇ ਧੂਰੀ ਦੇ ਸ਼ਹਿਰੀ ਖੇਤਰ ਵਿੱਚ ਇਸ ਵੇਲੇ ਸਿਆਸੀ ਪਾਰਾ ਪੂਰੀ ਤਰ੍ਹਾਂ ਗਰਮਾਇਆ ਹੋਇਆ ਹੈ।ਨਗਰ ਕੌਂਸਲ ਦੇ ਅਗਲੇ ਪ੍ਰਧਾਨ ਦੀ ਤਾਜਪੋਸ਼ੀ ਨੂੰ ਲੈ ਕੇ ਸ਼ਹਿਰ ਦੇ ਚੌਕ-ਚੌਰਾਹਿਆਂ 'ਚ ਖੁੰਢ-ਚਰਚਾਵਾਂ ਦਾ ਦੌਰ ਸਿਖਰ 'ਤੇ ਪਹੁੰਚ ਚੁੱਕਾ ਹੈ, ਭਾਵੇਂ ਕਿ ਸਥਾਨਕ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 21 ਵਿੱਚੋਂ 19 ਵਾਰਡਾਂ 'ਤੇ ਹੂੰਝਾ ਫੇਰੂ ਜਿੱਤ ਦਰਜ ਕੀਤੀ ਹੈ ਤੇ ਦੋ ਵਾਰਡਾਂ ਵਿੱਚ ਆਜ਼ਾਦ ਉਮੀਦਵਾਰ ਜੇਤੂ ਰਹੇ ਹਨ, ਪਰ ਪ੍ਰਧਾਨਗੀ ਦੇ ਵੱਕਾਰੀ ਅਹੁਦੇ ਨੂੰ ਲੈ ਕੇ ਸਸਪੈਂਸ ਲਗਾਤਾਰ ਬਣਿਆ ਹੋਇਆ ਹੈ।

ਸ਼ਹਿਰੀ ਸਿਆਸਤ ਦੇ ਗਲਿਆਰਿਆਂ 'ਚ ਇਸ ਵੇਲੇ ਚਾਰ-ਪੰਜ ਪ੍ਰਮੁੱਖ ਕੌਂਸਲਰਾਂ ਦੇ ਨਾਂਅ ਪ੍ਰਧਾਨਗੀ ਦੀ ਦੌੜ ਵਿੱਚ ਪਹਿਲੀ ਕਤਾਰ 'ਚ ਚੱਲ ਰਹੇ ਹਨ।ਹਰ ਦਾਅਵੇਦਾਰ ਆਪਣੀ ਗੋਟੀ ਫਿੱਟ ਕਰਨ ਲਈ ਅੱਡੀ-ਚੋਟੀ ਦਾ ਜ਼ੋਰ ਲਾ ਰਿਹਾ ਹੈ, ਪਰ ਅਸਲ ਸੱਚਾਈ ਇਹ ਹੈ ਕਿ ਇਸ ਵੱਕਾਰੀ ਕੁਰਸੀ 'ਤੇ ਉਹੀ ਬਿਰਾਜਮਾਨ ਹੋਵੇਗਾ, ਜਿਸ ਸਿਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਆਪਣਾ ਮੇਹਰ ਭਰਿਆ ਹੱਥ ਰੱਖਣਗੇ।ਹਲਕੇ ਦਾ ਵਿਧਾਇਕ ਤੇ ਸੂਬੇ ਦਾ ਮੁਖੀ ਹੋਣ ਨਾਤੇ ਅੰਤਿਮ ਫੈਸਲਾ ਪੂਰੀ ਤਰ੍ਹਾਂ ਮੁੱਖ ਮੰਤਰੀ ਦੇ ਹੱਥ ਵਿੱਚ ਹੈ, ਜਿਸ ਕਾਰਨ ਸਾਰੇ ਦਾਅਵੇਦਾਰ ਗੁਰੂ ਘਰ ਸੁੱਖਾਂ ਸੁੱਖ ਰਹੇ ਹਨ।

ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਇਹ ਨਿਯੁਕਤੀ ਸਿਰਫ਼ ਇੱਕ ਅਹੁਦਾ ਨਹੀਂ, ਸਗੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ 'ਆਪ' ਦੀ ਸ਼ਹਿਰੀ ਕਿਲ੍ਹੇਬੰਦੀ ਦਾ ਆਧਾਰ ਬਣੇਗੀ।

2027 ਦੀਆਂ ਚੋਣਾਂ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਮੁੜ ਇਸੇ ਹਲਕੇ ਤੋਂ ਚੋਣ ਲੜਨ ਦੀਆਂ ਮਜ਼ਬੂਤ ਸੰਭਾਵਨਾਵਾਂ ਜਤਾਈਆਂ ਜਾ ਰਹੀਆਂ ਹਨ।ਇਸੇ ਮੱਦੇਨਜ਼ਰ ਨਗਰ ਕੌਂਸਲ ਦੇ ਨਵੇਂ ਪ੍ਰਧਾਨ ਦੀ ਚੋਣ ਬੇਹੱਦ ਅਹਿਮ ਮੰਨੀ ਜਾ ਰਹੀ ਹੈ, ਕਿਉਂਕਿ ਇਸ ਅਹੁਦੇ 'ਤੇ ਬੈਠਣ ਵਾਲੀ ਸ਼ਖ਼ਸੀਅਤ ਦਾ ਸ਼ਹਿਰੀ ਖੇਤਰ ਦੇ ਵਿਕਾਸ ਤੇ ਵੋਟਰਾਂ 'ਤੇ ਸਿੱਧਾ ਤੇ ਡੂੰਘਾ ਪ੍ਰਭਾਵ ਪਵੇਗਾ

# ਪੰਜਾਬ ਮੰਡੀ ਬੋਰਡ ਨੇ ਸਿਰਜੇ ਵਿਕਾਸ ਦੇ ਨਵੇਂ ਕੀਰਤੀਮਾਨ : ਬਰਸਟ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਕਿਸਾਨ ਭਵਨ, ਚੰਡੀਗੜ੍ਹ ਵਿਖੇ ਬੋਰਡ ਆਫ ਡਾਇਰੈਕਟਰਜ਼ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਮੰਡੀ ਬੋਰਡ ਨਾਲ ਸੰਬੰਧਤ ਵੱਖ-ਵੱਖ ਏਜੰਡਿਆਂ ਉੱਤੇ ਗੱਲਬਾਤ ਹੋਈ। ਇਸ ਮੌਕੇ ਅਹਿਮ ਏਜੰਡਿਆਂ ਨੂੰ ਪਾਸ ਕੀਤਾ ਗਿਆ ਅਤੇ ਜਲਦ ਤੋਂ ਜਲਦ ਅਮਲੀ-ਜਾਮਾਂ ਪਹਿਨਾਉਣ ਦਾ ਫੈਸਲਾ ਲਿਆ ਗਿਆ। ਇਸ ਮਗਰੋਂ ਪੱਤਰਕਾਰ ਵਾਰਤਾ ਦੌਰਾਨ ਬਰਸਟ ਨੇ ਪਿਛਲੇ ਚਾਰ ਸਾਲਾਂ ਵਿੱਚ ਮੰਡੀ ਬੋਰਡ ਵੱਲੋਂ ਵਿਕਾਸੀ ਕੰਮਾਂ ਅਤੇ ਬੁਨਿਆਦੀ ਢਾਂਚੇ ਦੇ ਸੁਧਾਰ ਵਿੱਚ ਪ੍ਰਾਪਤ ਕੀਤੀਆਂ ਇਤਿਹਾਸਕ ਉਪਲਬੱਧੀਆਂ ਦਾ ਵੇਰਵਾ ਸਾਂਝਾ ਕੀਤਾ। ਚੇਅਰਮੈਨ ਨੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਨੂੰ ਵਿਧਾਨ ਸਭਾ ਹਲਕਾ ਸਮਾਣਾ ਦੇ ਪਿੰਡ ਦਦਹੇੜਾ ਦੀ ਪੰਚਾਇਤ ਵੱਲੋਂ 18 ਕਿੱਲੇ ਜ਼ਮੀਨ ਫ੍ਰੀ ਆਫ਼ ਕਾਸਟ ਦਿੱਤੀ ਗਈ ਹੈ ਤਾਂ ਜੋ ਉੱਥੇ ਮੰਡੀ ਬਣਾਈ ਜਾ ਸਕੇ। ਇਸ ਮੌਕੇ ਬਰਸਟ ਵੱਲੋਂ ਪਿੰਡ ਦਦਹੇੜਾ ਦੇ ਸਰਪੰਚ ਗੁਰਜੀਤ ਸਿੰਘ, ਪੰਚ ਤੋਤੀ, ਗੁਰਪ੍ਰੀਤ ਸਿੰਘ, ਗਿਆਨ ਦਾਸ, ਗੋਬਿੰਦ ਸਿੰਘ, ਗੁਰਬਖ਼ਸ਼ ਸਿੰਘ, ਸੁਸ਼ੀਲਾ ਰਾਣੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸੇ ਤਰ੍ਹਾਂ ਹਲਕਾ ਸਮਾਣਾ ਦੇ ਪਿੰਡ ਮਹਿਮਦਪੁਰ (ਪਟਿਆਲਾ) ਵਿਖੇ ਗ੍ਰਾਮ ਪੰਚਾਇਤ ਵੱਲੋਂ ਫਰੀ ਆਫ਼ ਕਾਸਟ ਦਿੱਤੀ 19 ਏਕੜ 6 ਕਨਾਲ 13 ਮਰਲੇ ਜ਼ਮੀਨ 'ਤੇ ਸਬ-ਯਾਰਡ ਬਣਾਇਆ ਗਿਆ ਹੈ, ਜਿਸ ਨੂੰ ਆਲੂ ਮੰਡੀ ਹੱਬ ਵੱਜੋਂ ਵਿਕਸਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 44,597 ਕਿਲੋਮੀਟਰ ਲੰਬਾਈ ਦੀਆਂ ਲਿੰਕ ਸੜਕਾਂ ਨੂੰ ਕਰੀਬ 13,339.01 ਕਰੋੜ ਰੁਪਏ ਦੀ ਲਾਗਤ ਨਾਲ ਮੁਰੰਮਤ, ਮਾਡਰਨਾਈਜੇਸ਼ਨ ਅਤੇ ਅਪਗ੍ਰੇਡੇਸ਼ਨ ਕੀਤਾ ਜਾ ਰਿਹਾ ਹੈ। 13,865 ਕਿਲੋਮੀਟਰ ਲੰਬਾਈ ਦੀਆਂ ਲਿੰਕ ਸੜਕਾਂ 'ਤੇ ਕਰੀਬ 132.65 ਕਰੋੜ ਦੀ ਲਾਗਤ ਨਾਲ ਰੋਡ ਸੇਫਟੀ ਪ੍ਰੋਵੀਜ਼ਨ ਲਗਾਈਆਂ ਗਈਆਂ ਹਨ। ਸੂਬੇ ਦੇ ਪਿੰਡਾਂ ਦੀਆਂ 280 ਕਿਲੋਮੀਟਰ ਲੰਬਾਈ ਦੀਆਂ ਫਿਰਨੀਆਂ ਨੂੰ 235 ਕਰੋੜ ਰੁਪਏ ਦੀ ਲਾਗਤ ਨਾਲ ਸੀ.ਸੀ. (ਸੀਮਿੰਟ ਅਤੇ ਕੰਕਰੀਟ) ਨਾਲ ਮਾਡਰਨਾਈਜੇਸ਼ਨ ਕਰਨ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਸੂਬੇ ਦੀਆਂ ਲਿੰਕ ਸੜਕਾਂ ਤੇ ਪੈਂਦੇ 46 ਤੰਗ ਅਤੇ ਡੈਮੇਜ ਪੁਲਾਂ ਨੂੰ 20 ਕਰੋੜ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਗਿਆ ਹੈ। ਵਿੱਤੀ ਸਾਲ 2025-26 ਦੌਰਾਨ ਪੰਜਾਬ ਰਾਜ ਦੀਆਂ 664 ਮੰਡੀਆਂ ਵਿੱਚ 197 ਕਰੋੜ ਦੀ ਲਾਗਤ ਨਾਲ ਕਵਰ ਸ਼ੈੱਡ ਬਣਾਏ ਗਏ ਹਨ ਅਤੇ 36 ਮੰਡੀਆਂ ਵਿੱਚ ਲਗਭਗ 24.40 ਕਰੋੜ ਦੀ ਲਾਗਤ ਨਾਲ ਸੋਲਰ ਪੈਨਲ ਲਗਾਏ ਜਾ ਚੁੱਕੇ ਹਨ। ਇਸ ਦੇ ਨਾਲ ਹੀ ਲਗਭਗ 455.84 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਦੀਆਂ ਵੱਖ-ਵੱਖ ਮੰਡੀਆਂ ਦੀਆਂ ਅੰਦਰੂਨੀ ਸੜਕਾਂ, ਫੜ੍ਹਾਂ ਅਤੇ ਸ਼ੈਡਾਂ ਦੀ ਮੁਰੰਮਤ ਦਾ ਕੰਮ ਕੀਤਾ ਜਾ ਰਿਹਾ ਹੈ। ਬੁੱਢਲਾਡਾ ਵਿਖੇ ਲਗਭਗ 34 ਕਰੋੜ ਰੁਪਏ ਦੀ ਲਾਗਤ ਨਾਲ 51.01 ਏਕੜ ਵਿੱਚ ਅਤੇ ਅਰਨੀਵਾਲਾ ਵਿਖੇ 1.14 ਕਰੋੜ ਰੁਪਏ ਦੀ ਲਾਗਤ ਨਾਲ 12 ਏਕੜ ਜ਼ਮੀਨ ਤੇ ਨਵੀਆਂ ਅਨਾਜ ਮੰਡੀਆਂ ਸਥਾਪਿਤ ਕੀਤੀਆਂ ਗਈਆਂ ਹਨ। ਪੰਜਾਬ ਮੰਡੀ ਬੋਰਡ ਵੱਲੋਂ ਕਿਸਾਨਾਂ ਨੂੰ ਲਗਭਗ 1 ਕਰੋੜ ਜੇ-ਫਾਰਮ ਵਟਸਐਪ ਅਤੇ ਡਿਜੀਲਾਕਰ ਰਾਹੀਂ ਭੇਜੇ ਜਾ ਚੁੱਕੇ ਹਨ, ।ਤਰਸ ਦੇ ਆਧਾਰ 'ਤੇ 37 ਪਰਵਾਰਕ ਮੈਂਬਰਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ, ਜਦਕਿ ਸਿੱਧੀ ਭਰਤੀ ਰਾਹੀਂ 42 ਜੂਨੀਅਰ ਇੰਜੀਨੀਅਰਾਂ ਦੀ ਨਿਯੁਕਤ ਕੀਤੀ ਗਈ ਹੈ ਅਤੇ ਪੰਜਾਬ ਐਗਰੋ ਇੰਡਸਟਰੀਜ਼ ਕਾਰਪੋਰੇਸ਼ਨ ਤੋਂ 39 ਕਲਰਕਾਂ ਨੂੰ ਮੰਡੀ ਬੋਰਡ ਵਿਖੇ ਮਰਜ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਸਾਲ 2025 ਵਿੱਚ ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਵਿੱਚ 10 ਪ੍ਰਤੀਸ਼ਤ ਦਾ ਇਤਿਹਾਸਕ ਵਾਧਾ ਕੀਤਾ ਗਿਆ।ਬਰਸਟ ਨੇ ਦੱਸਿਆ ਕਿ ਸਾਲ 2022 ਤੋਂ ਹੁਣ ਤੱਕ ਈ-ਆਕਸ਼ਨ ਰਾਹੀਂ ਵੱਖ-ਵੱਖ ਮੰਡੀਆਂ ਵਿੱਚ 630 ਕਰੋੜ ਰੁਪਏ ਦੇ 1,661 ਪਲਾਟ ਵੇਚੇ ਗਏ। ਉਨ੍ਹਾਂ ਦੱਸਿਆ ਕਿ ਸਾਲ 2022-23 ਦੌਰਾਨ ਮੂੰਗੀ ਦੀ ਐਮ.ਐਸ.ਪੀ. ਤੇ ਸਰਕਾਰੀ ਖਰੀਦ ਸ਼ੁਰੂ ਕੀਤੀ ਗਈ ਸੀ ਅਤੇ ਸਾਉਣੀ ਸੀਜਨ 2025 ਦੌਰਾਨ ਪਾਇਲਟ ਪ੍ਰੋਜੈਕਟ ਅਧੀਨ 6 ਜ਼ਿਲ੍ਹਿਆਂ ਵਿੱਚ ਮੱਕੀ ਦੀ ਖਰੀਦ ਵੀ ਐਮ.ਐਸ.ਪੀ. 'ਤੇ ਸ਼ੁਰੂ ਕੀਤੀ ਗਈ।ਮਾਰਕਿਟ ਕਮੇਟੀ ਰਾਜਪੁਰਾ, ਪਟਿਆਲਾ, ਜਲੰਧਰ ਸਿਟੀ, ਮਹਿਤਪੁਰ, ਭਗਤਾਂਵਾਲਾ, ਮਾਨਸਾ, ਬੋਹਾ, ਭਿੱਖੀ ਅਤੇ ਤਪਾ ਵਿਖੇ ਏ.ਟੀ.ਐਮ. ਲਗਾਏ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਲੁਧਿਆਣਾ ਤੇ ਫਗਵਾੜਾ (ਕਪੂਰਥਲਾ) ਵਿਖੇ ਫਲ/ਸਬਜੀ ਮੰਡੀਆਂ ਦੀ ਰਹਿੰਦ-ਖੂਹੰਦ ਨੂੰ ਡਿਸਪੋਜ਼ ਆਫ਼ ਕਰਨ ਲਈ ਵੇਸਟ ਮੈਨੇਜਮੈਂਟ ਪਲਾਂਟ ਦੀ ਸ਼ੁਰੂਆਤ ਕੀਤੀ ਗਈ ਹੈ। ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਦੇ ਵਾਤਾਵਰਨ ਦੀ ਸ਼ੁਧਤਾ ਲਈ ਸ਼ਹੀਦ ਭਗਤ ਸਿੰਘ ਹਰਿਆਵਲ ਲਹਿਰ ਤਹਿਤ ਪਿਛਲੇ ਚਾਰ ਸਾਲਾਂ ਦੌਰਾਨ ਹੁਣ ਤੱਕ ਲਗਭਗ 1,21,299 ਬੂਟੇ ਲਗਾਏ ਜਾ ਚੁੱਕੇ ਹਨ। ਬਰਸਟ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਅਤੇ ਪੰਜਾਬ ਮੰਡੀ ਬੋਰਡ ਸੂਬੇ ਦੇ ਕਿਸਾਨਾਂ, ਮਜ਼ਦੂਰਾਂ, ਆੜ੍ਹਤੀਆਂ ਅਤੇ ਆਮ ਲੋਕਾਂ ਦੀ ਸਹੂਲਤ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵਿਕਾਸ ਦੇ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ।

## ਸਿਵਲ ਸਰਜਨ ਦਫ਼ਤਰ ਅੱਗੇ ਧਰਨਾ ਦੇਣਗੇ ਕਮਿਊਨਟੀ ਹੈੱਲਥ ਅਫ਼ਸਰ




**ਫ਼ਿਰੋਜ਼ਪੁਰ (ਗੁਰਬਚਨ ਸਿੰਘ)**
ਕਮਿਊਨਟੀ ਹੈਲਥ ਅਫ਼ਸਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਜਾਇਜ਼ ਮੰਗਾਂ ਦੇ ਹੱਲ ਲਈ ਸਰਕਾਰ ਤੇ ਸਿਹਤ ਵਿਭਾਗ ਨਾਲ ਕਈ ਵਾਰ ਮੀਟਿੰਗਾਂ ਕੀਤੀਆਂ ਗਈਆਂ। ਅਨੇਕਾਂ ਵਾਰ ਮੰਗ ਪੱਤਰ ਦਿੱਤੇ ਗਏ ਤੇ ਹਰ ਪੱਧਰ 'ਤੇ ਅਧਿਕਾਰੀਆਂ ਨੂੰ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਾਇਆ ਗਿਆ, ਪ੍ਰੰਤੂ ਅੱਜ ਤੱਕ ਕਿਸੇ ਵੀ ਮੰਗ ਦਾ ਕੋਈ ਠੋਸ ਹੱਲ ਨਹੀਂ ਕੀਤਾ ਗਿਆ।ਸਰਕਾਰ ਤੇ ਵਿਭਾਗ ਦੀ ਇਸ ਅਣਗਹਿਲੀ ਕਾਰਨ ਪੰਜਾਬ ਭਰ ਦੇ ਕਮਿਊਨਟੀ ਹੈਲਥ ਅਫ਼ਸਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਸੂਬਾ ਆਗੂ ਡਾ. ਪ੍ਰੀਤ ਮਖੀਜਾ ਅਤੇ ਨਰਿੰਦਰ ਸਿੰਘ ਨੇ ਦੱਸਿਆ ਕਿ ਕਮਿਊਨਟੀ ਹੈਲਥ ਅਫ਼ਸਰ ਪਿਛਲੇ ਕਈ ਸਾਲਾਂ ਤੋਂ ਆਯੁਸ਼ਮਾਨ ਅਰੋਗਿਆ ਕੇਂਦਰਾਂ ਰਾਹੀਂ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰ ਰਹੇ ਹਨ ਤੇ ਟੀ.ਬੀ, ਐਨ.ਸੀ.ਡੀ, ਮਾਤਾ-ਬਾਲ ਸਿਹਤ, ਟੀਕਾਕਰਨ ਤੇ ਹੋਰ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਅਹਿਮ ਯੋਗਦਾਨ ਪਾ ਰਹੇ ਹਨ।ਇਸ ਦੇ ਬਾਵਜੂਦ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ।ਆਗੂਆਂ ਨੇ ਦੱਸਿਆ ਕਿ ਸੀ ਐਚ ਓ ਸਟੇਟ ਯੂਨੀਅਨ ਵੱਲੋਂ ਦਿੱਤੀ ਕਾਲ ਅਨੁਸਾਰ 22 ਜੂਨ ਨੂੰ ਫ਼ਿਰੋਜ਼ਪੁਰ ਸਿਵਲ ਸਰਜਨ ਦਫ਼ਤਰ ਵਿਖੇ ਜ਼ਿਲ੍ਹਾ ਪੱਧਰੀ ਵਿਸ਼ਾਲ ਧਰਨਾ ਲਾਇਆ ਜਾਵੇਗਾ।ਧਰਨੇ 'ਚ ਜ਼ਿਲ੍ਹੇ ਦੇ ਚਾਰਾਂ ਬਲਾਕਾਂ ਦੇ ਕਮਿਊਨਟੀ ਹੈਲਥ ਅਫ਼ਸਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ ਤੇ ਸਰਕਾਰ ਦੇ ਨਾਂਅ ਮੰਗ ਪੱਤਰ ਸੌਂਪਿਆ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਪੈਰਾਮੈਡੀਕਲ ਯੂਨੀਅਨ ਫ਼ਿਰੋਜ਼ਪੁਰ ਵੱਲੋਂ ਵੀ ਇਸ ਸੰਘਰਸ਼ ਨੂੰ ਪੂਰਨ ਸਮਰਥਨ ਦਿੱਤਾ ਗਿਆ ਹੈ।ਯੂਨੀਅਨ ਦੇ ਆਗੂ ਆਪਣੇ ਸਾਥੀਆਂ ਸਮੇਤ ਇਸ ਧਰਨੇ ਵਿੱਚ ਸ਼ਮੂਲੀਅਤ ਕਰਨਗੇ ਤੇ ਕਮਿਊਨਟੀ ਹੈਲਥ ਅਫ਼ਸਰਾਂ ਦੀਆਂ ਜਾਇਜ਼ ਮੰਗਾਂ ਦੀ ਹਮਾਇਤ ਕਰਨਗੇ।ਡਾ. ਪ੍ਰੀਤ ਮਖੀਜਾ ਤੇ ਨਰਿੰਦਰ ਸਿੰਘ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਹੁਣ ਵੀ ਸੁਣਵਾਈ ਨਾ ਕੀਤੀ ਗਈ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਸੇਖੋਂ ਤੇ ਚੇਅਰਮੈਨ ਧਾਲੀਵਾਲ ਨੇ 67.91 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਰੱਖਿਆ ਨੀਂਹ ਪੱਥਰ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਨਗਰ ਸੁਧਾਰ ਟਰੱਸਟ ਫਰੀਦਕੋਟ ਦੀ ਕਲੋਨੀ ਗਿਆਨੀ ਜ਼ੈਲ ਸਿੰਘ ਐਵੇਨਿਊ ਵਿਖੇ 67.91 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਅਤੇ ਨਗਰ ਸੁਧਾਰ ਟਰੱਸਟ ਫਰੀਦਕੋਟ ਦੇ ਚੇਅਰਮੈਨ ਗਗਨਦੀਪ ਸਿੰਘ ਧਾਲੀਵਾਲ ਵੱਲੋਂ ਸਾਂਝੇ ਤੌਰ 'ਤੇ ਰੱਖਿਆ ਗਿਆ।ਇਨ੍ਹਾਂ ਵਿਕਾਸ ਕਾਰਜਾਂ ਤਹਿਤ ਕਾਲੋਨੀ ਦੀਆਂ ਸੜਕਾਂ ਦੇ ਨਵੀਨੀਕਰਨ, ਨਵੀਆਂ ਸਟਰੀਟ ਲਾਈਟਾਂ ਦੀ ਸਥਾਪਨਾ ਅਤੇ ਗਰੀਨ ਬੈਲਟ ਦੇ ਵਿਕਾਸ ਦੇ ਕੰਮ ਕਰਵਾਏ ਜਾਣਗੇ। ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਕਾਲੋਨੀ ਦੇ ਵਸਨੀਕਾਂ ਨੂੰ ਬਿਹਤਰ ਆਵਾਜਾਈ, ਸੁਚੱਜੀ ਰੌਸ਼ਨੀ ਅਤੇ ਹਰਿਆ-ਭਰਿਆ ਵਾਤਾਵਰਣ ਮਿਲੇਗਾ।ਇਸ ਮੌਕੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਗਿਆਨੀ ਜ਼ੈਲ ਸਿੰਘ ਐਵੀਨਿਊ ਵਿੱਚ ਵਿਕਾਸ ਕਾਰਜਾਂ ਜਿੰਨਾਂ ਵਿੱਚ ਪਾਰਕਿੰਗ, ਸੜਕਾਂ ਦੀ ਰਿਪੇਅਰ, ਲਾਈਟਾਂ ਤੋਂ ਇਲਾਵਾ ਹੋਰ ਕੰਮਾਂ ਦਾ ਨੀਂਹ ਪੱਥਰ ਰੱਖਿਆ ਗਿਆ ਹੈ ਜੋ ਕਿ ਜਲਦ ਹੀ ਪੂਰਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਫਰੀਦਕੋਟ ਹਲਕੇ ਦੇ ਹਰ ਖੇਤਰ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਨੂੰ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਸੀਵਰੇਜ ਗਲਤ ਪਾਉਣ ਕਾਰਨ ਸੜਕਾਂ ਵਿੱਚ ਟੋਏ ਪੈਂਦੇ ਹਨ, ਜਿਨ੍ਹਾ ਨੂੰ ਠੀਕ ਕਰਵਾਇਆ ਜਾ ਰਿਹਾ ਹੈ।ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗਗਨਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਗਿਆਨੀ ਜ਼ੈਲ ਸਿੰਘ ਐਵੀਨਿਊ ਦੇ ਵਸਨੀਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਅੱਜ 67.91 ਲੱਖ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਨਵੀਨੀਕਰਨ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਇਸ ਮੌਕੇ ਮੈਡਮ ਬੇਅੰਤ ਕੌਰ ਪਤਨੀ ਵਿਧਾਇਕ ਗੁਰਦਿੱਤ ਸਿੰਘ ਸੇਖੋਂ, ਹਰਪ੍ਰੀਤ ਸਿੰਘ ਸੰਧੂ ਕਾਰਜਸਾਧਕ ਅਫ਼ਸਰ, ਗੁਰਰਾਜ ਸਿੰਘ ਐਕਸੀਅਨ, ਸਰਬਜੀਤ ਸਿੰਘ ਬਰਾੜ ਚੇਅਰਮੈਨ ਬਲਾਕ ਸੰਮਤੀ, ਸੁਖਜੀਤ ਸਿੰਘ ਸੇਖੋਂ, ਮੈਡਮ ਨੀਤੂ ਕਪੂਰ, ਇਕਬਾਲ ਸਿੰਘ ਐਮ.ਸੀ, ਕਮਲਜੀਤ ਸਿੰਘ ਐੱਮ.ਸੀ, ਸੁਖਾ ਸਿੰਘ ਐੱਮ.ਸੀ., ਸਤਨਾਮ ਸਿੰਘ ਐੱਮ.ਸੀ, ਗੁਰਜੰਟ ਸਿੰਘ, ਅਤੁਲ ਗੋਇਲ , ਗੁਰਪਾਲ ਸਿੰਘ ਸੰਧੂ ਪ੍ਰਧਾਨ, ਸਤਵੰਤ ਸਿੰਘ, ਮਨਦੀਪ ਸਿੰਘ, ਅਸ਼ੋਕ ਕੁਮਾਰ ਮੌਂਗਾ, ਨਵਪ੍ਰੀਤ ਸਿੰਘ ਸੰਧੂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਵਰਕਰ ਵੀ ਵਿੱਚ ਹਾਜ਼ਰ ਸਨ।

## ਰਜਬਾਹੇ ਦਾ ਪੁਲ ਟੁੱਟਣ ਕਾਰਨ ਕਿਸਾਨ ਦਾ ਟਰੈਕਟਰ ਡੁੱਬਿਆ, ਜਾਨੀ ਨੁਕਸਾਨ ਤੋਂ ਬਚਾਅ



**ਰਾਏਕੋਟ (ਸੰਤੋਖ ਗਿੱਲ)**-ਰਾਏਕੋਟ ਸ਼ਹਿਰ ਦੇ ਬਾਹਰਵਾਰ ਸਵਾਜਪੁਰਾ ਰੋਡ ਉਪਰ ਰਾਏਕੋਟ ਰਜਵਾਹੇ ਦਾ ਸਾਈਫ਼ਨ ਪੁਲ ਟੁੱਟਣ ਕਾਰਨ ਕਿਸਾਨ ਗੁਰਦੀਪ ਸਿੰਘ ਦਾ ਟਰੈਕਟਰ ਪਾਣੀ ਵਿੱਚ ਪੂਰੀ ਤਰ੍ਹਾਂ ਡੁੱਬ ਗਿਆ ਤੇ ਟਰੈਕਟਰ ਚਾਲਕ ਕਿਸਾਨ ਖ਼ੁਦ ਛਾਲ ਮਾਰ ਕੇ ਆਪਣੀ ਜਾਨ ਬਚਾਉਣ ਵਿੱਚ ਕਾਮਯਾਬ ਹੋ ਗਿਆ।ਪੁਲ਼ ਟੁੱਟਣ ਬਾਅਦ ਨੇੜਲੇ ਖੇਤਾਂ ਵਿੱਚ ਪਾਣੀ ਭਰ ਗਿਆ ਹੈ।ਕਿਸਾਨ ਗੁਰਦੀਪ ਸਿੰਘ ਅਨੁਸਾਰ 10 ਏਕੜ ਤੋਂ ਵਧੇਰੇ ਮੱਕੀ ਦੀ ਖੜ੍ਹੀ ਫ਼ਸਲ ਨੁਕਸਾਨੀ ਗਈ, ਜਦਕਿ ਦਰਜਨਾਂ ਏਕੜ ਝੋਨੇ ਦੀ ਫ਼ਸਲ ਵੀ ਜਲ ਮਗਨ ਹੋ ਗਈ ਹੈ।ਨੇੜਲੇ ਖੇਤਾਂ ਦੇ ਮਾਲਕ ਕਿਸਾਨਾਂ ਨੇ ਦੋਸ਼ ਲਾਇਆ ਕਿ ਲੰਬੇ ਅਰਸੇ ਤੋਂ ਉਹ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਨੂੰ ਪੁਲ ਦੀ ਖਸਤਾ ਹਾਲਤ ਬਾਰੇ ਸੂਚਿਤ ਕਰਦੇ ਆ ਰਹੇ ਹਨ, ਪਰ ਵਿਭਾਗ ਨੇ ਇਸ ਪਾਸੇ ਕੋਈ ਤਵੱਜੋ ਨਹੀਂ ਦਿੱਤੀ।ਪੀੜਤ ਕਿਸਾਨ ਗੁਰਦੀਪ ਸਿੰਘ ਅਨੁਸਾਰ ਬੀਤੇ ਦਿਨ ਸਿੰਚਾਈ ਵਿਭਾਗ ਦੇ ਜੂਨੀਅਰ ਇੰਜੀਨੀਅਰ ਨੇ ਕੁਝ ਦਿਹਾੜੀਦਾਰ ਕਾਮਿਆਂ ਨੂੰ ਲਾ ਕੇ ਸਾਈਫ਼ਨ ਦੀ ਸਫ਼ਾਈ ਕਰਾਈ ਸੀ।ਉਨ੍ਹਾਂ ਕਿਹਾ ਕਿ ਅਸੀਂ ਉਸ ਸਮੇਂ ਵੀ ਇਸ ਦਾ ਪੱਕਾ ਹੱਲ ਕਰਨ ਦੀ ਬੇਨਤੀ ਕੀਤੀ ਸੀ।ਸਿੰਚਾਈ ਵਿਭਾਗ ਦੇ ਸਬ ਡਿਵੀਜ਼ਨ ਅਫ਼ਸਰ ਜਗਦੀਪ ਸਿੰਘ ਨੇ ਕਿਹਾ ਕਿ ਪੁਲ਼ ਦੀ ਉਸਾਰੀ ਲਈ ਪ੍ਰਸਤਾਵ ਨੂੰ ਵਿਭਾਗ ਵੱਲੋਂ ਮਨਜ਼ੂਰੀ ਮਿਲ ਗਈ ਹੈ, ਪਰ ਝੋਨੇ ਦੇ ਹਾਲੀਆ ਸੀਜ਼ਨ ਨੂੰ ਦੇਖਦਿਆਂ ਇਸ ਦਾ ਕੰਮ ਸ਼ੁਰੂ ਨਹੀਂ ਕੀਤਾ ਜਾ ਸਕਿਆ।ਉਨ੍ਹਾਂ ਕਿਹਾ ਕਿ ਸੀਜ਼ਨ ਖ਼ਤਮ ਹੋਣ ਸਾਰ ਸਾਈਫ਼ਨ ਦੀ ਥਾਂ ਸੜਕ ਉਪਰ ਸਮਤਲ ਪੁਲ ਬਣਾ ਦਿੱਤਾ ਜਾਵੇਗਾ।ਉੱਧਰ ਪੀੜਤ ਕਿਸਾਨਾਂ ਨੇ ਮੁਆਵਜ਼ੇ ਦੀ ਮੰਗ ਕੀਤੀ ਹੈ।

## ਮਾਤਾ ਗੁਜਰੀ ਕਾਲਜ ਵਿਖੇ ਉੱਚ ਕੋਟੀ ਦੀਆਂ ਸਹੂਲਤਾਂ : ਡਾ ਸੰਧੂ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਉੱਤਰੀ ਭਾਰਤ ਦੀ ਪ੍ਰਮੁੱਖ ਸਿੱਖਿਆ ਸੰਸਥਾ ਮਾਤਾ ਗੁਜਰੀ ਕਾਲਜ, ਫ਼ਤਹਿਗੜ੍ਹ ਸਾਹਿਬ ਵਿਖੇ ਵਿੱਦਿਅਕ ਵਰ੍ਹੇ 2026-27 ਦੇ ਦਾਖ਼ਲਿਆਂ ਨੂੰ ਲੈ ਕੇ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਸੰਧੂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍. ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੇ ਸਕੱਤਰ ਇੰਜੀ. ਸੁਖਮਿੰਦਰ ਸਿੰਘ ਦੀ ਸੁਯੋਗ ਅਗਵਾਈ ਅਤੇ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕਾਲਜ ਵਿੱਚ ਉੱਚਕੋਟੀ ਦੀਆਂ ਸਹੂਲਤਾਂ ਉਪਲੱਬਧ ਹਨ।ਸੰਧੂ ਨੇ ਦੱਸਿਆ ਕਿ ਸੰਸਥਾ ਵੱਲੋਂ ਵਿੱਦਿਅਕ ਖੇਤਰ ਦੇ ਨਾਲ-ਨਾਲ ਧਾਰਮਿਕ, ਸਮਾਜਿਕ, ਸੱਭਿਆਚਾਰਕ ਅਤੇ ਖੇਡ ਗਤੀਵਿਧੀਆਂ ਵਿੱਚ ਵੀ ਵਿਦਿਆਰਥੀਆਂ ਨੂੰ ਉਚਿਤ ਮੌਕੇ ਦਿੱਤੇ ਜਾਂਦੇ ਹਨ, ਜਿਸ ਦੇ ਨਤੀਜੇ ਵਜੋਂ ਕਾਲਜ ਦੇ ਵਿਦਿਆਰਥੀ ਵੱਖ-ਵੱਖ ਸਹਿ-ਵਿੱਦਿਅਕ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਿੱਚ ਕਾਮਯਾਬ ਹੁੰਦੇ ਹਨ। ਡਾ. ਸੰਧੂ ਨੇ ਦੱਸਿਆ ਕਿ ਕਾਲਜ ਵੱਲੋਂ ਮੈਰਿਟ ਵਿੱਚ ਆਉਣ ਵਾਲੇ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਵੱਖ-ਵੱਖ ਸਕਾਲਰਸ਼ਿਪਾਂ ਅਤੇ ਵਜ਼ੀਫ਼ਿਆਂ ਰਾਹੀਂ ਆਰਥਿਕ ਸਹਾਇਤਾ ਵੀ ਦਿੱਤੀ ਜਾਂਦੀ ਹੈ।

## ਨਵੇਂ ਰਜਵਾਹੇ 'ਚ ਪੂਰਾ ਪਾਣੀ ਨਾ ਆਉਣ ਕਾਰਨ ਕਿਸਾਨਾਂ 'ਚ ਭਾਰੀ ਰੋਸ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਕੁਰੜ ਵਿਖੇ ਨਵੇਂ ਬਣਾਏ ਗਏ ਰਜਵਾਹੇ ਤੋਂ ਖੇਤਾਂ ਲਈ ਲੋੜੀਂਦਾ ਪਾਣੀ ਨਾ ਮਿਲਣ ਕਾਰਨ ਕਿਸਾਨਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਦੁਖੀ ਕਿਸਾਨਾਂ ਨੇ ਪੰਜਾਬ ਸਰਕਾਰ ਅਤੇ ਨਹਿਰੀ ਵਿਭਾਗ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਮਸਲਾ ਤੁਰੰਤ ਹੱਲ ਕਰਨ ਦੀ ਮੰਗ ਕੀਤੀ। ਇਸ ਮੌਕੇ ਕਿਸਾਨ ਬਲਜਿੰਦਰ ਸਿੰਘ, ਕਰਨੈਲ ਸਿੰਘ, ਹਰਚੰਦ ਸਿੰਘ ਧਾਲੀਵਾਲ, ਮੋਹਣ ਸਿੰਘ, ਨਛੱਤਰ ਸਿੰਘ, ਨੰਬਰਦਾਰ ਅਮਰਜੀਤ ਸਿੰਘ, ਸੁਖਪ੍ਰੀਤ ਸਿੰਘ, ਗੁਰਦਿਆਲ ਸਿੰਘ, ਕੁਲਦੀਪ ਸਿੰਘ, ਲਾਭ ਸਿੰਘ, ਗੁਰਬਖ਼ਸ਼ ਸਿੰਘ, ਹਾਕਮ ਸਿੰਘ, ਮੇਘ ਸਿੰਘ, ਹਰਦੇਵ ਸਿੰਘ ਜਵੰਦਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਨਵਾਂ ਰਜਵਾਹਾ ਤਿਆਰ ਕੀਤਾ ਗਿਆ ਹੈ, ਪਰ ਇਸ ਵਿੱਚੋਂ ਨਿਕਲਦੇ ਮੋਘੇ ਦੀ ਬਣਤਰ ਅਜਿਹੀ ਹੈ, ਕਿ ਪਾਣੀ ਲੋੜ ਅਨੁਸਾਰ ਨਹੀਂ ਆ ਰਿਹਾ। ਇਸ ਕਾਰਨ ਮੋਘੇ ਨਾਲ ਜੁੜੇ ਲਗਭਗ ਸਾਢੇ 430 ਏਕੜ ਰਕਬੇ ਦੇ ਕਿਸਾਨਾਂ ਨੂੰ ਝੋਨੇ ਦੀ ਲਵਾਈ ਦੌਰਾਨ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਪੁਰਾਣੇ ਮੋਘੇ ਦੀ ਬਣਤਰ ਕਾਫ਼ੀ ਬਿਹਤਰ ਸੀ ਅਤੇ ਪਾਣੀ ਆਸਾਨੀ ਨਾਲ ਹਰ ਖੇਤ ਤੱਕ ਪਹੁੰਚ ਜਾਂਦਾ ਸੀ, ਜਦ ਕਿ ਨਵੇਂ ਰਜਵਾਹੇ 'ਚ ਸਿਰਫ਼ 4 ਇੰਚ ਦਾ ਪਾਈਪ ਲਗਾ ਕੇ ਵਿਭਾਗ ਨੇ ਆਪਣੀ ਜ਼ਿੰਮੇਵਾਰੀ ਤੋਂ ਪੱਲਾ ਝਾੜ ਲਿਆ ਹੈ। ਉਨ੍ਹਾਂ ਮੰਗ ਕੀਤੀ ਕਿ ਨਹਿਰੀ ਵਿਭਾਗ ਤੁਰੰਤ ਮੋਘੇ ਦੀ ਬਣਤਰ ਵਿੱਚ ਸੁਧਾਰ ਕਰਕੇ ਪੂਰਾ ਪਾਣੀ ਮੁਹੱਈਆ ਕਰਵਾਏ।

## ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਪ੍ਰਸ਼ਾਸਨ ਵਚਨਬੱਧ : ਤਿੜਕੇ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਡਿਪਟੀ ਕਮਿਸ਼ਨਰ ਵਿਰਾਜ ਐੱਸ. ਤਿੜਕੇ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੀ ਹਫਤਾਵਾਰੀ ਸਮੀਖਿਆ ਮੀਟਿੰਗ ਕੀਤੀ ਗਈ, ਜਿਸ ਵਿੱਚ ਵਪਾਰਕ ਭਾਈਚਾਰੇ ਨਾਲ ਜੁੜੇ ਵੱਖ-ਵੱਖ ਮੁੱਦਿਆਂ, ਸ਼ਿਕਾਇਤਾਂ ਤੇ ਸ਼ਹਿਰੀ ਸਹੂਲਤਾਂ ਦੀ ਸਥਿਤੀ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਤੇ ਕਾਰੋਬਾਰ ਲਈ ਅਨੁਕੂਲ ਮਾਹੌਲ ਸਿਰਜਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਸਾਰੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਪੰਜਾਬ ਟਰੇਡਰਜ਼ ਪੋਰਟਲ 'ਤੇ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਨਿਰਧਾਰਤ ਸਮੇਂ ਅੰਦਰ ਨਿਪਟਾਰਾ ਯਕੀਨੀ ਬਣਾਇਆ ਜਾਵੇ ਤਾਂ ਜੋ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਤਿੜਕੇ ਨੇ ਕਿਹਾ ਕਿ ਵਪਾਰਕ ਗਤੀਵਿਧੀਆਂ ਨੂੰ ਹੋਰ ਸੁਚਾਰੂ ਬਣਾਉਣ ਲਈ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਤੇ ਵਪਾਰੀਆਂ ਦੀਆਂ ਜਾਇਜ਼ ਮੰਗਾਂ ਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਤੇ ਵਪਾਰਕ ਭਾਈਚਾਰੇ ਵਿਚਕਾਰ ਬਿਹਤਰ ਸੰਚਾਰ ਤੇ ਸਹਿਯੋਗ ਜ਼ਿਲ੍ਹੇ ਦੇ ਆਰਥਿਕ ਵਿਕਾਸ ਲਈ ਬਹੁਤ ਮਹੱਤਵਪੂਰਨ ਹੈ।ਮੀਟਿੰਗ ਦੌਰਾਨ ਵਪਾਰ ਯੂਨੀਅਨਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।ਡਿਪਟੀ ਕਮਿਸ਼ਨਰ ਨੇ ਭੀੜ-ਭਾੜ ਵਾਲੇ ਖੇਤਰਾਂ ਵਿੱਚ ਟ੍ਰੈਫਿਕ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ, ਪਾਰਕਿੰਗ ਸਹੂਲਤਾਂ ਦਾ ਵਿਸਥਾਰ ਕਰਨ ਤੇ ਆਵਾਜਾਈ ਵਿੱਚ ਰੁਕਾਵਟ ਬਣ ਰਹੇ ਕਾਰਨਾਂ ਨੂੰ ਦੂਰ ਕਰਨ ਲਈ ਕਾਰਜਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ।ਡਿਪਟੀ ਕਮਿਸ਼ਨਰ ਨੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ, ਬੁਨਿਆਦੀ ਸਹੂਲਤਾਂ ਦੇ ਸੁਧਾਰ ਤੇ ਵਪਾਰ ਲਈ ਅਨੁਕੂਲ ਮਾਹੌਲ ਬਣਾਈ ਰੱਖਣ ਲਈ ਲਗਾਤਾਰ ਯਤਨਸ਼ੀਲ ਰਹੇਗਾ।

# ਸ਼ਹੀਦ ਊਧਮ ਸਿੰਘ ਕੰਬੋਜ ਯਾਦਗਾਰ ਕਮੇਟੀ ਵੱਲੋਂ ਨਵੇਂ ਕੌਂਸਲਰਾਂ ਦਾ ਸਨਮਾਨ

**ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)**

ਸ਼ਹੀਦ ਊਧਮ ਸਿੰਘ ਕੰਬੋਜ ਯਾਦਗਾਰ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਸਮਾਗਮ ਕਰਾਇਆ ਗਿਆ, ਜਿਸ ਦੌਰਾਨ ਸੁਨਾਮ ਸ਼ਹਿਰ ਦੇ ਨਵੇਂ ਚੁਣੇ ਸਮੂਹ ਕੌਂਸਲਰਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ ਦੌਰਾਨ ਕਮੇਟੀ ਦੇ ਅਹੁਦੇਦਾਰਾਂ ਤੇ ਕੈਬਨਿਟ ਮੰਤਰੀ ਵੱਲੋਂ ਨਵੇਂ ਚੁਣੇ ਕੌਂਸਲਰਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਲੋਕਾਂ ਵੱਲੋਂ ਚੁਣੇ ਗਏ ਨੁਮਾਇੰਦਿਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਨ ਅਤੇ ਇਮਾਨਦਾਰੀ ਤੇ ਪੂਰੀ ਤਨਦੇਹੀ ਨਾਲ ਆਪਣੇ ਫ਼ਰਜ਼ ਨਿਭਾਉਣ।ਉਨ੍ਹਾਂ ਨਵੇਂ ਚੁਣੇ ਕੌਂਸਲਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਸ਼ਹਿਰ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰਕੇ ਕੰਮ ਕਰਨ ਅਤੇ ਲੋਕ ਭਲਾਈ ਦੇ ਹਰ ਕਾਰਜ ਨੂੰ ਤਰਜੀਹ ਦੇਣ।ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰ ਦੇ ਵਿਕਾਸ ਅਤੇ ਲੋਕ ਭਲਾਈ



ਨਾਲ ਸਬੰਧਤ ਹਰ ਕੰਮ ਵਿੱਚ ਉਨ੍ਹਾਂ ਨੂੰ ਪੂਰਨ ਸਹਿਯੋਗ ਦਿੱਤਾ ਜਾਵੇਗਾ।ਸਰਕਾਰ ਦਾ ਮੁੱਖ ਮਕਸਦ ਪੰਜਾਬ ਦੇ ਹਰ ਸ਼ਹਿਰ ਤੇ ਪਿੰਡ ਦਾ ਸਰਵਪੱਖੀ ਵਿਕਾਸ ਕਰਨਾ ਹੈ ਤਾਂ ਜੋ ਲੋਕਾਂ ਨੂੰ ਹਰ ਬੁਨਿਆਦੀ ਸਹੂਲਤ ਸਮੇਂ ਸਿਰ ਮਿਲ ਸਕੇ।ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਡੇ ਲਈ ਪ੍ਰੇਰਨਾ ਦਾ ਸਰੋਤ ਹਨ ਅਤੇ ਉਨ੍ਹਾਂ ਦੇ ਨਾਂਅ 'ਤੇ ਬਣੀਆਂ ਸੰਸਥਾਵਾਂ ਸਮਾਜ ਵਿੱਚ ਏਕਤਾ, ਸੇਵਾ ਭਾਵਨਾ ਤੇ ਨੌਜਵਾਨਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਰਹੀਆਂ ਹਨ।ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਆਖਿਆ ਕਿ ਸ੍ਰੀ ਸੀਤਾਸਰ ਮੰਦਰ ਸਬੰਧੀ ਮਸਲੇ ਨਾਲ ਸਬੰਧਤ ਧਿਰਾਂ ਇਹ ਮਸਲਾ ਹੱਲ ਕਰਨ, ਜਿਵੇਂ ਹੀ ਇਹ ਮਸਲਾ ਹੱਲ ਹੁੰਦਾ ਹੈ, ਇਸ ਅਸਥਾਨ ਸਬੰਧੀ ਵਿਕਾਸ ਕਾਰਜਾਂ ਲਈ 60 ਕਰੋੜ ਰੁਪਏ ਮਨਜ਼ੂਰ ਹੋਏ ਪਏ ਹਨ।ਇਨ੍ਹਾਂ ਫੰਡਾਂ ਨਾਲ ਫੌਰੀ ਤੌਰ 'ਤੇ ਵਿਕਾਸ ਕਾਰਜ ਸ਼ੁਰੂ ਕਰਾਏ ਜਾਣਗੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਭਲਾਈ ਤੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਸੁਨਾਮ ਸ਼ਹਿਰ ਦੇ ਵਿਕਾਸ ਲਈ ਵੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਕੇ ਵੀ ਕੇ ਵੱਲੋਂ ਸਹਿਕਾਰੀ ਸਭਾਵਾਂ ਦੇ ਸਕੱਤਰਾਂ ਤੇ ਅਧਿਕਾਰੀਆਂ ਲਈ ਸਿਖਲਾਈ ਪ੍ਰੋਗਰਾਮ

**ਸ੍ਰੀ ਮੁਕਤਸਰ ਸਾਹਿਬ/ਲੰਬੀ (ਸ਼ਮਿੰਦਰਪਾਲ, ਓਮ ਪ੍ਰਕਾਸ਼ ਸੇਖੂ, ਪੂਜਾ)**



ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ 'ਖੇਤ ਬਚਾਓ ਅਭਿਆਨ' ਤਹਿਤ ਸਹਿਕਾਰੀ ਸਭਾਵਾਂ ਦੇ ਅਧਿਕਾਰੀਆਂ, ਕ੍ਰਮਚਾਰੀਆਂ ਤੇ ਅਗਾਂਹਵਧੂ ਕਿਸਾਨਾਂ ਲਈ ਪਿੰਡ ਥਰਾਜ ਵਾਲਾ ਦੀ ਸੁਸਾਇਟੀ ਵਿਖੇ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਜਿਸ 'ਚ 80 ਤੋਂ ਵੱਧ ਸਹਿਕਾਰੀ ਕ੍ਰਮਚਾਰੀਆਂ ਅਤੇ ਅਗਾਂਹਵਧੂ ਕਿਸਾਨਾਂ ਨੇ ਹਿੱਸਾ ਲਿਆ।ਪ੍ਰੋਗਰਾਮ ਦਾ ਮੁੱਖ ਉਦੇਸ਼ ਖਾਦਾਂ ਦੀ ਸੰਤੁਲਤ ਵਰਤੋਂ, ਮਿੱਟੀ ਦੀ ਸਿਹਤ ਸੰਭਾਲ ਤੇ ਸਰਵਪੱਖੀ ਪੋਸ਼ਕ ਤੱਤ ਪ੍ਰਬੰਧਨ ਸਬੰਧੀ ਜਾਗਰੂਕਤਾ ਪੈਦਾ ਕਰਨਾ ਸੀ।

ਡਾ. ਕਰਮਜੀਤ ਸ਼ਰਮਾ ਸਹਿਯੋਗੀ ਨਿਰਦੇਸ਼ਕ ਕ੍ਰਿਸ਼ੀ ਵਿਗਿਆਨ ਕੇਂਦਰ ਨੇ ਖਾਦਾਂ ਦੀ ਅਸੰਤੁਲਤ ਵਰਤੋਂ ਕਾਰਨ ਮਿੱਟੀ ਦੀ ਉਪਜਾਊ ਸ਼ਕਤੀ ਤੇ ਵਾਤਾਵਰਣ 'ਤੇ ਪੈਣ ਵਾਲੇ ਹਾਨੀਕਾਰਕ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਸਿਖਿਆਰਥੀਆਂ ਨੂੰ ਮਿੱਟੀ ਪਰਖ ਅਧਾਰ 'ਤੇ ਖਾਦਾਂ ਦੀ ਵਰਤੋਂ ਤੇ ਪੀ.ਏ.ਯੂ. ਦੀਆਂ ਸਿਫਾਰਸ਼ਾਂ ਅਨੁਸਾਰ ਖਾਦਾਂ ਦੀ ਵਰਤੋਂ ਲਈ ਪ੍ਰੇਰਿਤ ਕਰਨ 'ਤੇ ਜ਼ੋਰ ਦਿੱਤਾ।ਇਸਦੇ ਨਾਲ ਹੀ ਯੂਨੀਵਰਸਿਟੀ ਵੱਲੋਂ ਕੇ.ਵੀ.ਕੇ. ਰਾਹੀਂ ਕਿਸਾਨਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਤੇ ਸਿਖਲਾਈਆਂ ਬਾਰੇ ਜਾਣਕਾਰੀ ਦਿੱਤੀ।

ਡਾ. ਗੁਰਵਿੰਦਰ ਸਿੰਘ, ਸਹਾਇਕ ਪ੍ਰੋਫੈਸਰ (ਪਸਾਰ ਸਿੱਖਿਆ) ਨੇ ਜੈਵਿਕ ਸਰੋਤਾਂ ਦੀ ਵਰਤੋਂ, ਹਰੀ ਖਾਦ, ਫਸਲੀ ਰਹਿੰਦ-ਖੂੰਹਦ ਪ੍ਰਬੰਧਨ, ਨਾਈਟ੍ਰੋਜਨ ਕੁਸ਼ਲ ਫਸਲੀ ਕਿਸਮਾਂ ਤੇ ਸੂਖਮ ਪੋਸ਼ਕ ਤੱਤਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਖਾਦਾਂ ਦੀ ਘਾਟ ਦੇ ਸਮੇਂ ਬਦਲਵੇਂ ਵਿਕਲਪਾਂ ਬਾਰੇ ਵੀ ਜਾਣੂ ਕਰਾਇਆ।ਇਸਦੇ ਨਾਲ ਹੀ ਉਨ੍ਹਾਂ ਝੋਨੇ 'ਚ ਮਧਰੇ ਰੋਗ ਦੀ ਰੋਕਥਾਮ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਪ੍ਰੋਗਰਾਮ ਦੌਰਾਨ ਭਾਗੀਦਾਰਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਖੇਤ ਪੱਧਰੀ ਸਮੱਸਿਆਵਾਂ ਸਬੰਧੀ ਆਪਣੇ ਸਵਾਲ ਵਿਗਿਆਨੀਆਂ ਸਾਹਮਣੇ ਰੱਖੇ, ਜਿਨ੍ਹਾਂ ਦੇ ਸੰਤੁਸ਼ਟੀਜਨਕ ਜਵਾਬ ਦਿੱਤੇ ਗਏ। ਅਖੀਰ ਵਿੱਚ ਡਾ. ਗੁਰਵਿੰਦਰ ਸਿੰਘ ਨੇ ਪ੍ਰੋਗਰਾਮ ਵਿੱਚ ਹਿੱਸਾ ਲੈ ਰਹੇ ਸਾਰੇ ਹੀ ਸਿਖਿਆਰਥੀਆਂ ਦਾ ਧੰਨਵਾਦ ਕੀਤਾ ਤੇ ਰਾਸ਼ਟਰੀ ਪੱਧਰ 'ਤੇ ਚੱਲ ਰਹੀ ਕਿਸਾਨ ਪੱਖੀ ਮੁਹਿੰਮ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਮਾਸਟਰ ਕੇਡਰ ਯੂਨੀਅਨ ਦੀ ਡਾਇਰੈਕਟਰ ਸਕੂਲ ਸਿੱਖਿਆ ਨਾਲ ਹੋਈ ਅਹਿਮ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਸਟਰ ਕੇਡਰ ਯੂਨੀਅਨ ਪੰਜਾਬ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਬਲਜਿੰਦਰ ਧਾਲੀਵਾਲ, ਸੂਬਾ ਜਨਰਲ ਸਕੱਤਰ ਗੁਰਮੀਤ ਸਿੰਘ ਭੁੱਲਰ ਦੀ ਅਗਵਾਈ ਵਿੱਚ ਡਾਇਰੈਕਟਰ ਸਕੂਲ ਸਿੱਖਿਆ (ਸਕੈਂਡਰੀ) ਸਕੱਤਰ ਸਿੰਘ ਬੱਲ ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਅਧਿਆਪਕਾਂ ਨੂੰ ਦਰਪੇਸ਼ ਸਮੱਸਿਆਵਾਂ ਸਬੰਧੀ ਹੋਈ। ਮੀਟਿੰਗ ਵਿੱਚ ਜਥੇਬੰਦੀ ਦੇ ਆਗੂਆਂ ਨੇ 1377 ਅਧਿਆਪਕਾਂ ਜਿਨਾਂ ਦਾ ਡਾਟਾ ਟਰਾਂਸਫਰ ਸਬੰਧੀ ਮਿਸਮੈਚ ਹੋ ਰਿਹਾ ਹੈ, ਉਹਨਾਂ ਅਧਿਆਪਕਾਂ ਵਾਸਤੇ ਦੁਬਾਰਾ ਪੋਰਟਲ ਖੋਲ੍ਹਣ ਸਬੰਧੀ ਗੱਲਬਾਤ ਕੀਤੀ ਤਾਂ ਮੌਕੇ 'ਤੇ ਹੀ ਡੀ ਪੀ ਆਈ ਸਕੈਂਡਰੀ ਵੱਲੋਂ ਟਰਾਂਸਫਰ ਸਬੰਧੀ ਪੋਰਟਲ ਖੋਲ੍ਹ ਦਿੱਤਾ ਗਿਆ ਅਤੇ ਸਾਰੇ ਡੀ.ਡੀ.ਉਜ ਨੂੰ ਡਾਟਾ ਦਰੁਸਤ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ। ਆਗੂਆਂ ਵੱਲੋਂ ਜਿੰਨ੍ਹਾਂ ਅਧਿਆਪਕਾਂ ਦੀ ਏ.ਸੀ.ਆਰ ਰਹਿ ਗਈ ਹੈ, ਬਾਰੇ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਡੀ.ਡੀ.ਓ ਆਪਣੇ ਪੱਧਰ 'ਤੇ ਹਾਰਡ ਕਾਪੀ ਸੈਲਫ ਅਪ੍ਰੇਜ਼ਲ ਕਰ ਸਕਦੇ ਹਨ।ਐਸ.ਐਸ.ਏ/ਰਮਸਾ ਅਧੀਨ ਕੰਮ ਕਰ ਚੁੱਕੇ ਅਧਿਆਪਕਾਂ ਦੀ ਲੈਂਥ ਆਫ ਸਰਵਿਸ ਦੇ ਹਿਸਾਬ ਨਾਲ ਬਣਦੀਆਂ ਛੁੱਟੀਆਂ ਵਾਲਾ ਮਸਲਾ ਵੀ ਡੀ.ਪੀ.ਆਈ ਵੱਲੋਂ ਜਲਦੀ ਹੱਲ ਕਰਨ ਦਾ ਜਥੇਬੰਦੀ ਨੂੰ ਭਰੋਸਾ ਦਿੱਤਾ। ਬਾਰਡਰ ਕੇਡਰ ਸਬੰਧੀ ਆਗੂਆਂ ਨਾਲ ਗੱਲਬਾਤ ਕਰਦੇ ਹੋਏ ਡੀ.ਪੀ.ਆਈ ਨੇ ਵਿਸਥਾਰ ਪੂਰਵਕ ਦੱਸਿਆ ਕਿ ਬਾਰਡਰ ਕੇਡਰ ਲਈ ਸਪੈਸ਼ਲ ਇੰਕਰੀਮੈਂਟ ਵਾਸਤੇ ਵਿਭਾਗ ਵੱਲੋਂ ਤਕਨੀਕੀ ਉਲਝਣਾਂ ਨੂੰ ਦੂਰ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ।ਜਲਦ ਹੀ ਇਸ ਮਸਲੇ ਨੂੰ ਹੱਲ ਜਾਵੇਗਾ।ਪ੍ਰਮੋਸ਼ਨ ਸਬੰਧੀ ਗੱਲਬਾਤ ਕਰਦੇ ਹੋਏ ਡੀ.ਪੀ.ਆਈ ਨੇ ਸਪਸ਼ਟ ਕੀਤਾ ਕਿ ਈ.ਟੀ.ਟੀ ਤੋਂ ਮਾਸਟਰ ਕੇਡਰ ਦੀ ਪ੍ਰਮੋਸ਼ਨਾਂ ਵਾਸਤੇ ਲੀਗਲ ਪ੍ਰਕਰੀਆ ਚੱਲ ਰਹੀ ਹੈ ਅਤੇ ਇਸ ਨੂੰ ਜਲਦੀ ਤੋਂ ਜਲਦੀ ਹੱਲ ਕਰਕੇ ਪ੍ਰਮੋਸ਼ਨਾਂ ਕੀਤੀਆਂ ਜਾਣਗੀਆਂ। ਇਸ ਸਮੇਂ ਹੋਰਨਾਂ ਤੋਂ ਇਲਾਵਾ ਧਰਮਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਦਿਲਰਾਜ ਬੀਰ ਸਿੰਘ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਰਜਿੰਦਰ ਕੁਮਾਰ ਸਟੇਟ ਕਮੇਟੀ ਮੈਂਬਰ, ਰਣਜੀਤ ਸਿੰਘ ਸਟੇਟ ਕਮੇਟੀ ਮੈਂਬਰ ,ਨਿਰਮਲ ਸਿੰਘ ਸੰਦੀਪ ਪੁਰੀ, ਨਵਦੀਪ ਕੌਰ, ਰਮਨਦੀਪ ਕੌਰ ਆਦਿ ਅਧਿਆਪਕ ਸਾਥੀ ਹਾਜ਼ਰ ਸਨ।

## ਸੇਵਾ ਕੇਂਦਰ ਮੁਲਾਜ਼ਮਾਂ 'ਤੇ ਨਾਜਾਇਜ਼ ਜੁਰਮਾਨੇ ਲਾ ਕੇ ਕੰਪਨੀ ਕਰ ਰਹੀ ਸਰਕਾਰ ਦੇ ਹੁਕਮਾਂ ਦੀ ਉਲੰਘਣਾ : ਯੂਨੀਅਨ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਸੇਵਾ ਕੇਂਦਰਾਂ ਦਾ ਸੰਚਾਲਨ ਕਰਨ ਵਾਲੀ ਨਿੱਜੀ ਕੰਪਨੀ ਵੱਲੋਂ ਮੁਲਾਜ਼ਮਾਂ ਨਾਲ ਕੀਤੀ ਜਾ ਰਹੀ ਸ਼ਰੇਆਮ ਧੱਕੇਸ਼ਾਹੀ ਅਤੇ ਆਰਥਿਕ ਸ਼ੋਸ਼ਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ। ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨਾਲ ਹੋਈ ਉੱਚ ਪੱਧਰੀ ਮੀਟਿੰਗ ਵਿੱਚ ਇਹ ਬਿਲਕੁਲ ਸਪਸ਼ਟ ਤੈਅ ਕੀਤਾ ਗਿਆ ਸੀ ਕਿ ਕਿਸੇ ਵੀ ਕਰਮਚਾਰੀ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪਨੈਲਟੀ ਨਹੀਂ ਲਗਾਈ ਜਾਵੇਗੀ। ਪਰ ਸਰਕਾਰ ਦੇ ਇਹਨਾਂ ਸਪਸ਼ਟ ਹੁਕਮਾਂ ਦੇ ਬਾਵਜੂਦ, ਕੰਪਨੀ ਵੱਲੋਂ ਨਿਯਮਾਂ ਨੂੰ ਛਿੱਕੇ ਟੰਗ ਕੇ ਮੁਲਾਜ਼ਮਾਂ ਨੂੰ 1500 ਤੋਂ 2000 ਰੁਪਏ ਤੱਕ ਦੀਆਂ ਨਾਜਾਇਜ਼ ਪਨੈਲਟੀਆਂ ਲਗਾਈਆਂ ਗਈਆਂ ਹਨ, ਜੋ ਕਿ ਬਿਲਕੁਲ ਗਲਤ ਅਤੇ ਬਰਦਾਸ਼ਤ ਤੋਂ ਬਾਹਰ ਹਨ।

ਬਿਆਨ ਵਿਚ ਕਿਹਾ ਹੈ ਕਿ ਕੰਪਨੀ ਦੇ ਇਸ ਰਵੱਈਏ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਉਹ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਦੇ ਹੁਕਮਾਂ ਨੂੰ ਟਿੱਚ (ਮਾਮੂਲੀ) ਜਾਣਦੀ ਹੈ।

# ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਸੱਜਣ ਸਿੰਘ ਨੂੰ 88ਵੇਂ ਜਨਮ ਦਿਨ ਮੌਕੇ ਕੀਤਾ ਯਾਦ



**ਕੋਟਕਪੂਰਾ (ਰਛਪਾਲ ਭੁੱਲਰ)**-ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਜ਼ਿਲ੍ਹਾ ਫਰੀਦਕੋਟ ਦੇ ਦਫਤਰ ਵਿੱਚ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਸੱਜਣ ਸਿੰਘ ਨੂੰ 88 ਵੇਂ ਜਨਮ ਦਿਨ ਮੌਕੇ ਉਹਨਾਂ ਵੱਲੋਂ ਜ਼ਿੰਦਗੀ ਦੌਰਾਨ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਲਈ ਕੀਤੀਆਂ ਗਈਆਂ ਪ੍ਰਾਪਤੀਆਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਪੈਨਸ਼ਨਰ ਆਗੂ ਕੁਲਵੰਤ ਸਿੰਘ ਚਾਨੀ, ਆਲ ਇੰਡੀਆ ਆਸ਼ਾ ਵਰਕਰ ਯੂਨੀਅਨ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ , ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾਈ ਐਡੀਸ਼ਨਲ ਜਨਰਲ ਸਕੱਤਰ ਅਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਕਿਹਾ ਕਿ ਸਾਥੀ ਸੱਜਣ ਸਿੰਘ ਨੇ ਆਪਣੇ ਜੀਵਨ ਕਾਲ ਦੌਰਾਨ ਚਾਰ ਵਾਰ ਮਰਨ ਵਰਤ ਰੱਖ ਕੇ ਅਤੇ ਆਪਣੀ ਬਹੁਮੁੱਲੀ ਚਰਬੀ ਢਾਲ ਕੇ ਮੁਲਾਜ਼ਮਾਂ ਨੂੰ ਬੋਨਸ ਅਤੇ ਤਨਖਾਹ ਕਮਿਸ਼ਨਾਂ ਦੇ ਲਾਭ ਦਿਵਾਉਣ ਵਿੱਚ ਸਫਲਤਾ ਹਾਸਿਲ ਕੀਤੀ। ਫੈਸਲਾ ਕੀਤਾ ਗਿਆ ਕਿ ਭਗਵੰਤ ਮਾਨ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨ ਵਿਰੋਧੀ ਵਤੀਰੇ ਦੇ ਖਿਲਾਫ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ 20 ਜੂਨ ਨੂੰ ਸਵੇਰੇ 11 ਵਜੇ ਮਹਾਤਮਾ ਗਾਂਧੀ ਸੀਨੀਅਰ ਸੈਕੰਡਰੀ ਸਕੂਲ ਫਰੀਦਕੋਟ ਵਿਖੇ ਕੀਤੀ ਜਾ ਰਹੀ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਵਿੱਚ ਭਰਵੀ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਸੋਮ ਨਾਥ ਅਰੋੜਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਮੁਖਤਿਆਰ ਸਿੰਘ ਮੱਤਾ, ਗੁਰਚਰਨ ਸਿੰਘ ਮਾਨ, ਪ੍ਰਿੰਸੀਪਲ ਬਲਵੀਰ ਸਿੰਘ ਬਰਾੜ,ਪ੍ਰਦੀਪ ਸਿੰਘ ਬਰਾੜ, ਮੰਦਰ ਸਿੰਘ ਲੈਕਚਰਾਰ, ਕਸ਼ਮੀਰਾ ਸਿੰਘ, ਹਰਦੀਪ ਸਿੰਘ ਲੈਕਚਰਾਰ, ਹਰਦੀਪ ਸਿੰਘ ਗਿੱਲ, ਜਸਪਾਲ ਸਿੰਘ, ਮੇਜਰ ਸਿੰਘ ਡੀ ਪੀ ਈ, ਸੁਖਵਿੰਦਰ ਸਿੰਘ ਸੰਧੂ ਵਾੜਾ ਦੜਾਕਾ, ਸੁਖਦਰਸ਼ਨ ਸਿੰਘ ਗਿੱਲ, ਗੁਰਦੀਪ ਭੋਲਾ ਪੀ ਆਰ ਪੀ ਆਰ ਟੀ ਸੀ, ਰੰਜੀਵ ਕੌਸ਼ਲ ਸਿਹਤ ਵਿਭਾਗ, ਗੇਜ਼ ਰਾਮ ਭੌਰਾ, ਆਸ਼ਾ ਵਰਕਰਾਂ ਦੇ ਆਗੂ ਗੁਰਮੀਤ ਕੌਰ, ਸੁਖਪਾਲ ਕੌਰ, ਕੁਲਦੀਪ ਕੌਰ, ਰਿੰਕੂ ਅਤੇ ਟੀਟੂ ਕੁਮਾਰ ਆਗੂ ਪੰਜਾਬ ਮੰਡੀ ਬੋਰਡ ਆਦਿ ਹਾਜ਼ਰ ਸਨ।

# ਪੁਲਸ ਦੀ ਕਾਰਗੁਜ਼ਾਰੀ ਤੋਂ ਅਸੰਤੁਸ਼ਟ ਪੰਚਾਇਤ ਯੂਨੀਅਨ ਵੱਲੋਂ ਆਵਾਜਾਈ ਠੱਪ

**ਰਾਏਕੋਟ (ਸੰਤੋਖ ਗਿੱਲ)**-ਪਿੰਡ ਗੋਬਿੰਦਗੜ੍ਹ ਦੇ ਸਰਪੰਚ ਜਗਜੀਤ ਸਿੰਘ ਦੀ ਪਿੰਡ ਦੇ ਹੀ ਕੁਝ ਵਿਅਕਤੀਆਂ ਵੱਲੋਂ ਕੁੱਟਮਾਰ ਦੇ ਮਾਮਲੇ ਵਿੱਚ ਪੁਲੀਸ ਦੀ ਕਾਰਗੁਜ਼ਾਰੀ ਤੋਂ ਅਸੰਤੁਸ਼ਟ ਇਲਾਕੇ ਦੀ ਪੰਚਾਇਤ ਯੂਨੀਅਨ ਦੇ ਸੱਦੇ 'ਤੇ ਲੁਧਿਆਣਾ-ਬਠਿੰਡਾ ਰਾਜ-ਮਾਰਗ ਉਪਰ ਸ਼ਹਿਰ ਦੇ ਬਰਨਾਲਾ ਚੌਕ ਵਿੱਚ ਧਰਨਾ ਦਿੱਤਾ ਤੇ ਆਵਾਜਾਈ ਠੱਪ ਕਰ ਦਿੱਤੀ।ਪਿੰਡ ਚੱਕ ਭਾਈ ਕੇ ਦੇ ਸਰਪੰਚ ਤੇ ਪੰਚਾਇਤ ਯੂਨੀਅਨ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਨੇ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਪੁਲਸ ਦੀ ਕਾਰਗੁਜ਼ਾਰੀ ਉਪਰ ਸਵਾਲ ਚੁੱਕੇ ਅਤੇ ਮੁਲਜ਼ਮਾਂ ਦੀ ਮਦਦ ਦੇ ਦੋਸ਼ ਲਾਏ।ਸੱਤਾਧਾਰੀ ਧਿਰ ਦੀ ਸਮਰਥਕ ਸਰਪੰਚ ਸੁਰਜੀਤ ਕੌਰ ਲੋਹਟਬੱਦੀ ਨੇ ਕਿਹਾ ਕਿ ਪੁਲੀਸ ਦੀ ਸ਼ਹਿ ਉਪਰ ਨਸ਼ਾ ਤਸਕਰੀ ਜਾਰੀ ਹੈ ਤੇ ਸਰਪੰਚਾਂ, ਪੰਚਾਂ ਦੀ ਕਿਧਰੇ ਕੋਈ ਸੁਣਵਾਈ ਨਹੀਂ ਹੈ।ਮੌਕੇ 'ਤੇ ਪਹੁੰਚੇ ਉਪ ਪੁਲੀਸ ਕਪਤਾਨ ਮੁਰਾਦ ਜਸਵੀਰ ਸਿੰਘ ਤੇ ਥਾਣਾ ਮੁਖੀ ਇੰਸਪੈਕਟਰ ਹੀਰਾ ਸਿੰਘ ਨੇ ਪ੍ਰਦਰਸ਼ਨਕਾਰੀਆਂ ਨੂੰ ਭਰੋਸਾ ਦਿੱਤਾ ਕਿ ਪੀੜਤ ਸਰਪੰਚ ਜਗਜੀਤ ਸਿੰਘ ਦਾ ਪੂਰਕ ਬਿਆਨ ਦਰਜ ਕਰਕੇ ਵਾਧਾ ਜੁਰਮ ਕਰ ਦਿੱਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੀ ਤਫ਼ਤੀਸ਼ ਜਾਰੀ ਹੈ।ਡੀ.ਐੱਸ.ਪੀ ਮੁਰਾਦ ਜਸਵੀਰ ਸਿੰਘ ਅਨੁਸਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਵੱਖ-ਵੱਖ ਟੀਮਾਂ ਬਣਾ ਕੇ ਛਾਪੇਮਾਰੀ ਕੀਤੀ ਜਾ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਮੁਲਜ਼ਮ ਜਲਦ ਕਾਬੂ ਕਰ ਲਏ ਜਾਣਗੇ।ਪੁਲਸ ਅਧਿਕਾਰੀਆਂ ਦੇ ਭਰੋਸੇ ਉਪਰੰਤ ਧਰਨਾਕਾਰੀਆਂ ਨੇ ਧਰਨਾ ਹਟਾ ਕੇ ਆਵਾਜਾਈ ਬਹਾਲ ਕਰ ਦਿੱਤੀ।



## ਉਂਕਾਰ ਸਿੰਘ ਸਿੱਧੂ ਵੱਲੋਂ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਮੀਟਿੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਦੇ ਸਾਬਕਾ ਓ.ਐਸ.ਡੀ. ਤੇ ਹਲਕਾ ਧੂਰੀ ਤੋਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉਂਕਾਰ ਸਿੰਘ ਸਿੱਧੂ ਵੱਲੋਂ ਭਾਜਪਾ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਮੀਟਿੰਗ ਕੀਤੀ ਗਈ।ਇਸ ਮੁਲਾਕਾਤ ਦੌਰਾਨ ਜਿੱਥੇ ਧੂਰੀ ਸ਼ਹਿਰ ਦੇ ਸਥਾਨਕ ਮਸਲਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਹੋਇਆ, ਉੱਥੇ ਹਲਕੇ ਅੰਦਰ ਭਾਜਪਾ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਰਣਨੀਤੀ ਉਲੀਕੀ ਗਈ।ਉਨ੍ਹਾਂ ਧੂਰੀ ਦੇ ਲੋਕਾਂ ਦੀਆਂ ਮੁਸ਼ਕਲਾਂ ਦੇ ਨਾਲ-ਨਾਲ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਈ.ਟੀ.ਟੀ. ਅਧਿਆਪਕਾਂ ਦੇ ਪ੍ਰਦਰਸ਼ਨ ਬਾਰੇ ਸ੍ਰੀ ਢਿੱਲੋਂ ਨੂੰ ਵਿਸਥਾਰਪੂਰਵਕ ਜਾਣੂ ਕਰਾਇਆ।ਹਲਕੇ ਦੀ ਅਮਨ-ਕਾਨੂੰਨ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ ਸਿੱਧੂ ਨੇ ਕਿਹ ਕਿ ਇਸ ਵੇਲੇ ਧੂਰੀ ਸਮੇਤ ਪੂਰੇ ਪੰਜਾਬ ਦੇ ਹਾਲਾਤ ਕਾਫੀ ਨਾਜ਼ੁਕ ਬਣੇ ਹੋਏ ਹਨ ਤੇ ਸ਼ਹਿਰਾਂ ਵਿੱਚ ਵਧ ਰਹੀਆਂ ਚੋਰੀਆਂ ਕਾਰਨ ਆਮ ਲੋਕਾਂ 'ਚ ਸਹਿਮ ਤੇ ਡਰ ਦਾ ਮਾਹੌਲ ਹੈ।ਮੀਟਿੰਗ ਦੌਰਾਨ ਨਗਰ ਕੌਂਸਲ ਚੋਣਾਂ 'ਚ ਭਾਜਪਾ ਉਮੀਦਵਾਰਾਂ ਨਾਲ ਹੋਈ ਕਥਿਤ ਧੱਕੇਸ਼ਾਹੀ ਦਾ ਮੁੱਦਾ ਵੀ ਪ੍ਰਮੁੱਖਤਾ ਨਾਲ ਚੁੱਕਿਆ ਗਿਆ।ਸਿੱਧੂ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ ਧੂਰੀ ਵਿੱਚ ਇੱਕ ਵਿਸ਼ੇਸ਼ ਵਿਉਂਤਬੰਦੀ ਤਹਿਤ ਕੰਮ ਕੀਤਾ ਜਾਵੇਗਾ, ਤਾਂ ਜੁ ਪੰਜਾਬ ਦੇ ਨਾਲ-ਨਾਲ ਇਸ ਵੱਕਾਰੀ ਸੀਟ 'ਤੇ ਵੀ ਭਾਜਪਾ ਦੀ ਜਿੱਤ ਯਕੀਨੀ ਬਣਾਈ ਜਾ ਸਕੇ।

# ਖੇਤ ਬਚਾਓ ਅਭਿਆਨ ਤਹਿਤ ਬਹਾਦਰਪੁਰ ਵਿਖੇ ਕਿਸਾਨ-ਵਿਗਿਆਨੀ ਮਿਲਣੀ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ, ਆਈ.ਸੀ.ਏ.ਆਰ.-ਭਾਰਤੀ ਮੱਕੀ ਖੋਜ ਸੰਸਥਾਨ, ਲੁਧਿਆਣਾ ਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਸੰਗਰੂਰ ਵੱਲੋਂ ਸਾਂਝੇ ਤੌਰ 'ਤੇ 'ਖੇਤ ਬਚਾਓ ਅਭਿਆਨ' ਤਹਿਤ ਪਿੰਡ ਬਹਾਦਰਪੁਰ, ਬਲਾਕ ਸੰਗਰੂਰ ਵਿਖੇ ਕਿਸਾਨ-ਵਿਗਿਆਨੀ ਮਿਲਣੀ ਕਰਾਈ ਗਈ।ਇਸ ਮਿਲਣੀ ਦਾ ਮੁੱਖ ਮੰਤਵ ਖਾਦਾਂ ਦੀ ਸੰਤੁਲਤ ਵਰਤੋਂ ਤੇ ਸਾਉਣੀ ਦੀਆਂ ਫ਼ਸਲਾਂ ਲਈ ਸੁਧਰੀਆਂ ਕਾਸ਼ਤ ਤਕਨੀਕਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨਾ ਸੀ।ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਫ਼ਸਲ ਵਿੱਚ ਖਾਦ ਪਾਉਣ ਤੋਂ ਪਹਿਲਾਂ ਮਿੱਟੀ ਪਰਖ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਬਣਾਈ ਰੱਖਣ ਤੇ ਖੇਤੀ ਲਾਗਤ ਘਟਾਉਣ ਲਈ ਵਿਗਿਆਨਕ ਖਾਦ ਪ੍ਰਬੰਧਨ ਅਪਣਾਉਣ ਦੀ ਸਲਾਹ ਦਿੱਤੀ।

ਇਸ ਤੋਂ ਇਲਾਵਾ ਉਨ੍ਹਾਂ ਜੰਤਰ ਤੇ ਸਣ ਦੀ ਹਰੀ ਖਾਦ ਨੂੰ ਖੇਤ ਵਿੱਚ ਮਿਲਾਉਣ ਦੇ ਫ਼ਾਇਦਿਆਂ ਬਾਰੇ ਵੀ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਹਰੀ ਖਾਦ ਨੂੰ ਖੇਤ ਵਾਹੁਣ ਨਾਲ ਮਿੱਟੀ ਦੀ ਜੈਵਿਕ ਸਿਹਤ 'ਚ ਸੁਧਾਰ ਆਉਂਦਾ ਹੈ ਤੇ ਨਾਈਟ੍ਰੋਜਨ ਵਾਲੀਆਂ ਖਾਦਾਂ ਦੀ ਬੱਚਤ ਹੁੰਦੀ ਹੈ।ਡਾ. ਅਮਰਜੀਤ ਸਿੰਘ, ਬਲਾਕ ਖੇਤੀਬਾੜੀ ਅਫ਼ਸਰ, ਸੰਗਰੂਰ ਨੇ ਕੁਦਰਤੀ ਸਰੋਤਾਂ ਦੀ ਸੰਭਾਲ 'ਤੇ ਜ਼ੋਰ ਦਿੰਦਿਆਂ ਧਰਤੀ ਦੀ ਰੱਖਿਆ ਲਈ ਖੇਤੀ-ਰਸਾਇਣਾਂ ਦੀ ਸੁਚੱਜੀ ਵਰਤੋਂ ਕਰਨ ਦੀ ਅਪੀਲ ਕੀਤੀ।ਉਨ੍ਹਾਂ ਝੋਨੇ ਦੇ ਬੌਣੇ ਵਾਇਰਸ ਸਬੰਧੀ ਕੁਸ਼ਲ ਪ੍ਰਬੰਧਨ ਲਈ ਵਿਗਿਆਨਕ ਸੁਝਾਅ ਸਾਂਝੇ ਕੀਤੇ ਤੇ ਕਿਸਾਨਾਂ ਨੂੰ ਖੇਤਾਂ ਵਿੱਚ ਰਸਾਇਣਕ ਖਾਦਾਂ ਪਾਉਣ ਤੋਂ ਪਹਿਲਾਂ ਮਿੱਟੀ ਟੈਸਟ ਕਰਾਉਣ ਲਈ ਪ੍ਰੇਰਿਤ ਕੀਤਾ।

ਡਾ. ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਕਿਹਾ ਕਿ ਜਿੱਥੇ ਪਿਛਲੀ ਕਣਕ ਦੀ ਫ਼ਸਲ ਨੂੰ ਡੀ.ਏ.ਪੀ ਖਾਦ ਦੀ ਸਿਫ਼ਾਰਸ਼ ਕੀਤੀ ਮਾਤਰਾ ਪਾਈ ਗਈ ਹੋਵੇ ਤੇ ਮਿੱਟੀ ਟੈਸਟ ਰਿਪੋਰਟ 'ਚ ਉਪਲਬਧ ਫਾਸਫੋਰਸ ਦਰਮਿਆਨੇ ਤੋਂ ਵੱਧ ਸ਼੍ਰੇਣੀ ਵਿੱਚ ਆਈ ਹੋਵੇ ਤਾਂ ਉੱਥੇ ਝੋਨੇ ਤੇ ਬਾਸਮਤੀ ਵਿੱਚ ਫਾਸਫੋਰਸ ਖਾਦਾਂ ਦੀ ਵਰਤੋਂ ਬਿਲਕੁਲ ਨਾ ਕੀਤੀ ਜਾਵੇ।ਉਨ੍ਹਾਂ ਸੁਝਾਅ ਦਿੱਤਾ ਕਿ ਜਿੱਥੇ ਢੈਂਚਾ ਤੇ ਸਣ ਵਰਗੀਆਂ ਹਰੀ ਖਾਦ ਵਾਲੀਆਂ ਫਸਲਾਂ ਵਾਹੀਆਂ ਗਈਆਂ ਹੋਣ, ਉੱਥੇ ਕਿਸਾਨ ਯੂਰੀਆ ਦੀ ਵਰਤੋਂ ਘਟਾ ਦੇਣ।ਡਾ. ਲਵਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ, ਸੰਗਰੂਰ ਨੇ ਪੰਜਾਬ ਸਰਕਾਰ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ, ਜਿਨ੍ਹਾਂ ਤਹਿਤ ਝੋਨੇ ਦੀ ਸਿੱਧੀ ਬਿਜਾਈ, ਸਾਉਣੀ ਦੀ ਮੱਕੀ ਤੇ ਜਿਪਸਮ ਲਈ ਸਬਸਿਡੀ ਦਿੱਤੀ ਜਾਂਦੀ ਹੈ।ਉਨ੍ਹਾਂ ਕਿਸਾਨਾਂ ਨੂੰ ਟਿਕਾਊ ਖੇਤੀ ਲਈ ਇਨ੍ਹਾਂ ਲਾਭਾਂ ਦਾ ਫਾਇਦਾ ਉਠਾਉਣ ਦੀ ਅਪੀਲ ਕੀਤੀ।ਇਸ ਤੋਂ ਇਲਾਵਾ ਉਨ੍ਹਾਂ ਮਿੱਟੀ ਪਰਖ ਲਈ ਨਮੂਨਾ ਲੈਣ ਦੀਆਂ ਵਿਗਿਆਨਕ ਤਕਨੀਕਾਂ ਸਾਂਝੀਆਂ ਕੀਤੀਆਂ।

# ਪੈਰਾ-ਮੈਡੀਕਲ ਤੇ ਸਿਹਤ ਕਰਮਚਾਰੀ ਯੂਨੀਅਨ ਵੱਲੋਂ ਸਿਵਲ ਸਰਜਨ ਦਾ ਧਰਨਾ ਭਲਕ ਦੀ ਥਾਂ 22 ਨੂੰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੀਤੇ ਦਿਨ ਹੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸਿਵਲ ਸਰਜਨ ਫਿਰੋਜ਼ਪੁਰ ਨੂੰ 19 ਜੂਨ ਨੂੰ ਲੱਗਣ ਵਾਲਾ ਦਿੱਤਾ ਗਿਆ ਧਰਨੇ ਦੇ ਸਬੰਧ ਵਿਚ ਅੱਜ ਯੂਨੀਅਨ ਦੇ ਆਗੂਆਂ ਨੇ ਇਕ ਵਿਸ਼ੇਸ਼ ਮੀਟਿੰਗ ਕੀਤੀ, ਜਿਸ ਵਿਚ ਇਹ ਮਤਾ ਪਾਸ ਕੀਤਾ ਗਿਆ ਕਿ ਕੁਝ ਨਿੱਜੀ ਕਾਰਨਾਂ ਕਰਕੇ ਇਹ ਧਰਨਾ 19 ਜੂਨ ਦੀ ਜਗ੍ਹਾ ਤੇ 22 ਜੂਨ ਨੂੰ ਲੱਗੇਗਾ। ਜਸਵਿੰਦਰ ਸਿੰਘ ਕੌੜਾ ਜਨਰਲ ਸੈਕਟਰੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਨੇ ਦੱਸਿਆ ਕਿ ਧਰਨੇ ਦੇ ਨੋਟਿਸ ਦੇ ਸਬੰਧ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸਿਵਲ ਸਰਜਨ ਵੱਲੋਂ ਹਾਲੇ ਤੱਕ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਜਿਸ ਵਿਚ ਵਿਸ਼ੇਸ਼ ਤੌਰ 'ਤੇ ਪੀ.ਪੀ ਯੂਨੀਅਨ ਫਿਰੋਜ਼ਪੁਰ ਵਿਚ ਸਟਾਫ ਦੀ ਘਾਟ ਨੂੰ ਪੂਰਾ ਕੀਤਾ ਜਾਵੇ, ਫਿਰੋਜ਼ਪੁਰ ਜ਼ਿਲ੍ਹੇ ਦੇ ਸਾਰੇ ਸਬ ਸੈਂਟਰਾਂ ਤੇ ਮਮਤਾ ਦਿਵਸ ਵਾਲੇ ਦਿਨ ਵੈਕਸੀਨ ਪਹੁੰਚਾਉਣ ਦਾ ਪੱਕੇ ਤੌਰ 'ਤੇ ਪ੍ਰਬੰਧ ਕੀਤਾ ਜਾਵੇ, ਐੱਨ.ਆਰ. ਐੱਚ.ਐੱਮ ਮੁਲਾਜ਼ਮਾਂ ਦਾ ਕੰਟਰੈਕਟ ਵਿਚ ਵਾਧਾ ਸਮੇਂ ਸਿਰ ਕੀਤਾ ਜਾਵੇ, ਮਲਟੀਪਰਪਜ਼ ਹੈੱਲਥ ਵਰਕਰ ਜਗਜੀਤ ਸਿੰਘ ਕੱਸੂਆਣੇ ਦਾ ਪਰਖਦੀਨ ਸਮਾਂ ਦਾ ਕੇਸ ਮਨਜ਼ੂਰ ਕਰਕੇ ਬਕਾਇਆ ਦਿੱਤਾ ਜਾਵੇ, ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਬੰਦ ਪਏ ਡਾਇਲਸਿਸ ਯੂਨਿਟ ਨੂੰ ਚਾਲੂ ਕੀਤਾ ਜਾਵੇ। ਇਸ ਸਮੇਂ ਯੂਨੀਅਨ ਦੇ ਆਗੂ ਰਾਮ ਪ੍ਰਸਾਦ। ਨਰਿੰਦਰ ਸ਼ਰਮਾ, ਕਰਨਜੀਤ ਸਿੰਘ, ਗੁਰਮੇਲ ਸਿੰਘ, ਅਜੀਤ ਗਿੱਲ, ਸਤਨਾਮ ਸਿੰਘ, ਗੁਰਦੇਵ ਸਿੰਘ, ਭਾਰਤ ਭੂਸ਼ਣ, ਮਲਕੀਤ ਸਿੰਘ, ਨਰਿੰਦਰ ਸਿੰਘ ਪੈਰਾ ਮੈਡੀਕਲ ਆਗੂ, ਪ੍ਰੀਤ ਮੁਖੀਜਾ, ਨੇਹਾ, ਰਾਜਵਿੰਦਰ ਕੌਰ, ਗੌਰਵ ਦਾਸ, ਰਾਮ ਪ੍ਰਸਾਦ, ਕੌਰ ਜੀਤ ਸਿੰਘ, ਰਮਨਦੀਪ ਸਿੰਘ, ਰਮੇਸ਼ ਕੁਮਾਰ, ਜਗਜੀਤ ਸਿੰਘ, ਦਵਿੰਦਰ ਸਿੰਘ, ਬਲਦੇਵ ਸਿੰਘ, ਕੁਲਵਿੰਦਰ ਸਿੰਘ, ਮਨਜੀਤ ਸਿੰਘ, ਪਰਵਿੰਦਰ ਸਿੰਘ ਫਾਰਮੇਸੀ ਅਫਸਰ, ਗੁਰਜੀਤ ਸਿੰਘ, ਬਿਕਰਮਜੀਤ ਸਿੰਘ, ਮਨਿੰਦਰਜੀਤ ਸਿੰਘ, ਨੀਰਜ ਸ਼ਰਮਾ, ਮੋਨਿਕਾ ਬੇਦੀ, ਸੰਗੀਤਾ ਪਾਸੀ, ਬਲਵਿੰਦਰ ਕੌਰ, ਰਣਜੀਤ ਕੌਰ, ਰਜਿੰਦਰ ਕੌਰ, ਪਰਮਜੀਤ ਕੌਰ, ਇੰਦਰਜੀਤ ਕੌਰ, ਕਿਰਨਪਾਲ ਕੌਰ, ਸੋਨੂ, ਤਰਨ, ਰਜਨੀਸ਼, ਰੇਖਾ ਆਦਿ ਹਾਜ਼ਰ ਸਨ।

## ਐੱਸ ਆਈ ਆਰ ਨੂੰ ਲੈ ਕੇ ਅਫਵਾਹਾਂ 'ਤੇ ਭਰੋਸਾ ਨਾ ਕੀਤਾ ਜਾਵੇ : ਡਾ. ਸੋਨਾ ਥਿੰਦ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ, ਸੰਪੂਰਨ ਅਤੇ ਭਰੋਸੇਯੋਗ ਬਣਾਉਣ ਲਈ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.)-2026 ਮੁਹਿੰਮ ਤਹਿਤ ਜ਼ਿਲ੍ਹੇ ਦੇ ਆਮ ਨਾਗਰਿਕਾਂ, ਪਰਵਾਸੀ ਭਾਰਤੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਸੰਭਾਵੀ ਅਫਵਾਹਾਂ ਤੋਂ ਸੁਚੇਤ ਰਹਿਣ ਅਤੇ ਅਤੇ ਕੇਵਲ ਭਾਰਤੀ ਚੋਣ ਕਮਿਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਅਧਿਕਾਰਤ ਜਾਣਕਾਰੀ 'ਤੇ ਹੀ ਭਰੋਸਾ ਕਰਨ।ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ 25 ਜੂਨ ਤੋਂ ਸ਼ੁਰੂ ਹੋ ਰਹੀ ਐੱਸ.ਆਈ.ਆਰ. ਮੁਹਿੰਮ ਦੌਰਾਨ ਬੀ.ਐਲ.ਓਜ਼ ਨਾਲ ਪੂਰਾ ਸਹਿਯੋਗ ਕਰਨ, ਲੋੜੀਂਦੇ ਦਸਤਾਵੇਜ਼ ਅਤੇ ਨਵੀਨਤਮ ਫੋਟੋਆਂ ਮੁਹੱਈਆ ਕਰਵਾਉਣ। ਉਨ੍ਹਾਂ ਕਿਹਾ ਕਿ ਐਸ.ਆਰ.ਈ. ਦਾ ਉਦੇਸ਼ ਕਿਸੇ ਵੀ ਯੋਗ ਵੋਟਰ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨਾ ਨਹੀਂ ਬਲ ਕਿ ਪਾਰਦਰਸ਼ੀ ਅਤੇ ਭਰੋਸੇਯੋਗ ਵੋਟਰ ਸੂਚੀਆਂ ਤਿਆਰ ਕਰਨਾ ਹੈ। ਡਾ. ਸੋਨਾ ਥਿੰਦ ਨੇ ਕਿਹਾ ਕਿ ਪੰਜਾਬ ਭਰ ਵਿੱਚ 25 ਜੂਨ ਤੋਂ 24 ਜੁਲਾਈ 2026 ਤੱਕ ਬੀ.ਐੱਲ.ਓਜ਼ ਵੱਲੋਂ ਘਰ-ਘਰ ਜਾ ਕੇ ਫਾਰਮ ਭਰਵਾਏ ਜਾਣਗੇ। ਹਰ ਯੋਗ ਵੋਟਰ ਲਈ ਫਾਰਮ ਭਰਨਾ ਲਾਜ਼ਮੀ ਹੋਵੇਗਾ।ਉਨ੍ਹਾਂ ਦੱਸਿਆ ਕਿ ਸੋਧੇ ਹੋਏ ਪ੍ਰੋਗਰਾਮ ਅਨੁਸਾਰ ਡਰਾਫਟ ਵੋਟਰ ਸੂਚੀ 03 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਅਤੇ ਇਤਰਾਜ਼ 03 ਅਗਸਤ ਤੋਂ 02 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ ਅਤੇ ਉਨ੍ਹਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 01 ਅਕਤੂਬਰ 2026 ਨੂੰ ਜਾਰੀ ਕੀਤੀ ਜਾਵੇਗੀ।

## ਪੁੱਕਾ ਕਾਲਜਾਂ ਦੇ ਦਰਵਾਜ਼ੇ ਜੰਮੂ-ਕਸ਼ਮੀਰ ਦੇ ਵਿਦਿਆਰਥੀਆਂ ਲਈ ਖੁੱਲ੍ਹੇ : ਡਾ. ਕਟਾਰੀਆ



**ਰਾਜਪੁਰਾ (ਰਮੇਸ਼ ਕਟਾਰੀਆ)**-ਪੰਜਾਬ ਤੇ ਚੰਡੀਗੜ੍ਹ ਵਿੱਚ ਪੜ੍ਹ ਰਹੇ ਜੰਮੂ-ਕਸ਼ਮੀਰ ਦੇ ਵਿਦਿਆਰਥੀਆਂ ਦੀ ਭਲਾਈ ਅਤੇ ਸਿੱਖਿਆ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਲਈ, ਪੰਜਾਬ ਅਨਏਡਿਡ ਕਾਲਜ ਐਸੋਸੀਏਸ਼ਨ (ਪੁੱਕਾ) ਦੇ ਪ੍ਰਧਾਨ ਤੇ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼, ਚੰਡੀਗੜ੍ਹ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੂੰ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਦੁਆਰਾ ਪੰਜਾਬ ਵਿੱਚ ਜੰਮੂ-ਕਸ਼ਮੀਰ ਦੇ ਵਿਦਿਆਰਥੀਆਂ ਦੀ ਆਵਾਜ਼ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਇਹ ਪੁਰਸਕਾਰ ਜੰਮੂ-ਕਸ਼ਮੀਰ ਦੇ ਉਪ ਮੁੱਖ ਮੰਤਰੀ ਸੁਰਿੰਦਰ ਕੁਮਾਰ ਚੌਧਰੀ ਤੇ ਜੰਮੂ-ਕਸ਼ਮੀਰ ਦੀ ਸਿੱਖਿਆ ਅਤੇ ਸਿਹਤ ਮੰਤਰੀ ਸਕੀਨਾ ਇਟੂ ਦੀ ਮੌਜੂਦਗੀ ਵਿੱਚ ਸ਼ੇਰ-ਏ-ਕਸ਼ਮੀਰ ਇੰਟਰਨੈਸ਼ਨਲ ਕਾਨਫਰੰਸ ਸੈਂਟਰ ਸ੍ਰੀਨਗਰ ਵਿਖੇ ਆਯੋਜਿਤ ਇੱਕ ਵੱਕਾਰੀ ਸਮਾਰੋਹ ਦੌਰਾਨ ਪ੍ਰਦਾਨ ਕੀਤਾ ਗਿਆ।ਡਾ. ਕਟਾਰੀਆ ਤੇ ਸਿੱਖਿਆ ਭਾਈਚਾਰੇ ਨਾਲ ਗੱਲਬਾਤ ਕਰਦੇ ਹੋਏ ਮੁੱਖ ਮੰਤਰੀ ਨੇ ਪੰਜਾਬ ਦੇ ਵਿਦਿਅਕ ਸੰਸਥਾਨਾਂ ਨੂੰ ਜੰਮੂ-ਕਸ਼ਮੀਰ ਵਿੱਚ ਕਾਲਜ ਅਤੇ ਯੂਨੀਵਰਸਿਟੀਆਂ ਸਥਾਪਤ ਕਰਨ ਦਾ ਸੱਦਾ ਦਿੱਤਾ।

ਉਨ੍ਹਾਂ ਕਿਹਾ ਕਿ ਹਰ ਸਾਲ ਲਗਭਗ 2,500-3,000 ਕਰੋੜ ਰੁਪਏ ਕੇਂਦਰ ਸ਼ਾਸਤ ਪ੍ਰਦੇਸ਼ ਤੋਂ ਟਿਊਸ਼ਨ ਫੀਸਾਂ ਤੇ ਵਿਦਿਅਕ ਖਰਚਿਆਂ ਦੇ ਰੂਪ ਵਿੱਚ ਬਾਹਰ ਜਾਂਦੇ ਹਨ, ਕਿਉਂਕਿ ਵਿਦਿਆਰਥੀ ਉੱਚ ਸਿੱਖਿਆ ਲਈ ਦੂਜੇ ਰਾਜਾਂ ਵਿੱਚ ਜਾਂਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੰਮੂ-ਕਸ਼ਮੀਰ ਦੇ ਅੰਦਰ ਮਿਆਰੀ ਸੰਸਥਾਵਾਂ ਦੀ ਸਥਾਪਨਾ ਨਾ ਸਿਰਫ਼ ਸਥਾਨਕ ਸਿੱਖਿਆ ਵਾਤਾਵਰਣ ਨੂੰ ਮਜ਼ਬੂਤ ਕਰੇਗੀ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰੇਗੀ, ਬਲਕਿ ਖੇਤਰ ਤੋਂ ਵਿੱਤੀ ਪ੍ਰਵਾਹ ਨੂੰ ਵੀ ਘਟਾਏਗੀ ਅਤੇ ਵਿਦਿਆਰਥੀਆਂ ਨੂੰ ਘਰ ਦੇ ਨੇੜੇ ਮਿਆਰੀ ਸਿੱਖਿਆ ਪ੍ਰਦਾਨ ਕਰੇਗੀ।

## ਕਾਲਾ ਰਾਜਿਆਣਾ ਨੂੰ ਬਣਾਇਆ ਸਰਕਲ ਪ੍ਰਧਾਨ

**ਬਾਘਾ ਪੁਰਾਣਾ ਜੂਨ (ਮਨੀ ਸਿੰਗਲਾ)**-ਟਰੈਕਟਰ ਟਰਾਲੀ ਯੂਨੀਅਨ ਦੇ ਸੂਬਾ ਪ੍ਰਧਾਨ ਕਾਲਾ ਸਿੰਘ ਰਾਜਿਆਣਾ ਨੂੰ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ।ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਉਨ੍ਹਾਂ ਨੂੰ ਬਾਘਾ ਪੁਰਾਣਾ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਹ ਨਿਯੁਕਤੀ ਉਨ੍ਹਾਂ ਦੀ ਪਾਰਟੀ ਪ੍ਰਤੀ ਲੰਮੇ ਸਮੇਂ ਤੋਂ ਨਿਭਾਈਆਂ ਜਾ ਰਹੀਆਂ ਵਫਾਦਾਰ ਅਤੇ ਸਮਰਪਿਤ ਸੇਵਾਵਾਂ ਨੂੰ ਦੇਖਦੇ ਹੋਏ ਕੀਤੀ ਗਈ ਹੈ।ਜਿਕਰਯੋਗ ਹੈ ਕਿ ਕਾਲਾ ਸਿੰਘ ਰਾਜਿਆਣਾ ਪਿਛਲੇ ਕਾਫੀ ਸਮੇਂ ਤੋਂ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਹੋਏ ਹਨ ਅਤੇ ਪਾਰਟੀ ਦੇ ਮਜ਼ਬੂਤ ਸਿਪਾਹੀ ਵਜੋਂ ਕੰਮ ਕਰ ਰਹੇ ਹਨ।ਉਨ੍ਹਾਂ ਨੇ ਹਮੇਸ਼ਾਂ ਪਾਰਟੀ ਦੀ ਨੀਤੀ ਅਤੇ ਸਿਧਾਂਤਾਂ ਨੂੰ ਮੱਦੇਨਜ਼ਰ ਰੱਖਦਿਆਂ ਜ਼ਮੀਨੀ ਪੱਧਰ 'ਤੇ ਕੰਮ ਕੀਤਾ ਹੈ, ਜਿਸ ਕਾਰਨ ਪਾਰਟੀ ਹਾਈਕਮਾਨ ਨੇ ਉਨ੍ਹਾਂ 'ਤੇ ਭਰੋਸਾ ਜਤਾਇਆ ਹੈ।ਇਸ ਮੌਕੇ ਕਾਲਾ ਸਿੰਘ ਰਾਜਿਆਣਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।ਹਰੀ ਮਾਣੂਕੇ ਗਿੱਲ, ਸੋਨੂ ਗਿੱਲ ਨਿਹਾਲ ਸਿੰਘ ਵਾਲਾ, ਪਿਰਤਾਂ ਰਾਜੇਆਣਾ, ਮਨਦੀਪ ਰਾਜੇਆਣਾ, ਬੱਗੀ ਰਾਜੇਆਣਾ, ਰਾਜੂ ਰਾਜੇਆਣਾ, ਬਿੱਟੂ ਰਾਜੇਆਣਾ, ਬਿੱਲਾ ਮਾਣੂਕੇ, ਦੀਪ ਸੰਧੂ, ਨੈਣੇਵਾਲ ਖੈਰਾ ਆਸਟ੍ਰੇਲੀਆ ਅਤੇ ਹੋਰਨਾਂ ਨੇ ਵੀ ਕਾਲਾ ਰਾਜੇਆਣਾ ਨੂੰ ਵਧਾਈ ਦਿੱਤੀ ਹੈ।

## ਹੁਸੈਨਪੁਰ ਜੌਲਾ ਤੋਂ ਉੱਠੀ ਕਾਂਗਰਸ ਦੀ ਏਕਤਾ ਦੀ ਆਵਾਜ਼, ਵਰਕਰਾਂ ਨੇ ਦਿਖਾਇਆ ਉਤਸ਼ਾਹ : ਭੱਟੀਆਂ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਸਾਬਕਾ ਚੇਅਰਮੈਨ ਬੈਂਕ ਫਿਨਕੋ ਪੰਜਾਬ ਤੇ ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆਂ ਨੇ ਪਿੰਡ ਹੁਸੈਨਪੁਰ ਜੌਲਾ ਵਿਖੇ ਕਾਂਗਰਸ ਪਾਰਟੀ ਦੇ ਆਗੂਆਂ, ਵਰਕਰਾਂ ਤੇ ਸਮਾਜ ਦੇ ਮੋਹਤਬਰ ਵਿਅਕਤੀਆਂ ਨਾਲ ਭਰਵੀਂ ਮੀਟਿੰਗ ਕੀਤੀ।ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਬਣਾਉਣ, ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਾਉਣ ਤੇ ਹਲਕੇ ਦੇ ਵਿਕਾਸ ਲਈ ਸਾਂਝੇ ਯਤਨਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਦੇਸ਼ ਦੀ ਸਭ ਤੋਂ ਪੁਰਾਣੀ ਅਤੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਨ ਵਾਲੀ ਪਾਰਟੀ ਹੈ, ਜਿਸ ਨੇ ਹਰ ਸਮੇਂ ਆਮ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕੀਤਾ ਹੈ।ਉਨ੍ਹਾਂ ਕਿਹਾ ਕਿ ਲੋੜ ਹੈ ਕਿ ਪਾਰਟੀ ਵਰਕਰ ਹੋਰ ਵੱਧ ਸਰਗਰਮੀ ਨਾਲ ਲੋਕਾਂ 'ਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਨ ਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨ, ਭੱਟੀਆਂ ਨੇ ਕਿਹਾ ਕਿ ਹਲਕਾ ਸਨੌਰ ਦੇ ਹਰ ਪਿੰਡ ਅਤੇ ਹਰ ਘਰ ਨਾਲ ਕਾਂਗਰਸ ਪਾਰਟੀ ਦਾ ਰਿਸ਼ਤਾ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੇ ਸਮਰਪਿਤ ਵਰਕਰਾਂ ਦੀ ਮਿਹਨਤ ਅਤੇ ਲੋਕਾਂ ਦਾ ਭਰੋਸਾ ਹੀ ਕਾਂਗਰਸ ਦੀ ਸਭ ਤੋਂ ਵੱਡੀ ਤਾਕਤ ਹੈ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਏਕਤਾ ਅਤੇ ਭਾਈਚਾਰੇ ਦੀ ਭਾਵਨਾ ਨਾਲ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕਰਨ, ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਮਹਿਲਾਵਾਂ ਤੇ ਹਰ ਵਰਗ ਦੇ ਹੱਕਾਂ ਲਈ ਲੜਦੀ ਰਹੀ ਹੈ ਅਤੇ ਭਵਿੱਖ ਵਿੱਚ ਵੀ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਆਪਣੀ ਜ਼ਿੰਮੇਵਾਰੀ ਨਿਭਾਉਂਦੀ ਰਹੇਗੀ।ਮੀਟਿੰਗ ਦੌਰਾਨ ਪਿੰਡ ਹੁਸੈਨਪੁਰ ਜੌਲਾ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਨਿਰਮਲ ਸਿੰਘ ਭੱਟੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਦੀ ਅਗਵਾਈ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦਾ ਵਿਸ਼ਵਾਸ ਜਤਾਇਆ।

## ਕਿਸਾਨਾਂ ਨੂੰ ਖਾਦ ਪ੍ਰਬੰਧਨ ਤੇ ਝੋਨੇ ਦੀ ਸਿੱਧੀ ਬਿਜਾਈ ਬਾਰੇ ਕੀਤਾ ਜਾਗਰੂਕ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ਚਲਾਏ ਜਾ ਰਹੇ ਖੇਤ ਬਚਾਓ ਅਭਿਆਨ ਤਹਿਤ ਡਾ. ਗੁਰਦੀਪ ਸਿੰਘ ਸਿੱਧੂ, ਡਿਪਟੀ ਡਾਇਰੈਕਟਰ (ਸਿਖਲਾਈ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਬਲਾਕ ਬਠਿੰਡਾ ਦੇ ਪਿੰਡ ਬੁਲਾਢੇਵਾਲਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦਾ ਉਦੇਸ਼ ਕਿਸਾਨਾਂ ਨੂੰ ਸਾਉਣੀ ਦੀਆਂ ਫ਼ਸਲਾਂ ਵਿੱਚ ਸੰਯੁਕਤ ਖਾਦ ਪ੍ਰਬੰਧਨ, ਵਿਗਿਆਨਕ ਖੇਤੀ ਤਕਨੀਕਾਂ ਅਪਣਾਉਣ ਤੇ ਕੁਦਰਤੀ ਸਰੋਤਾਂ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਸੀ।ਡਾ. ਗੁਰਦੀਪ ਸਿੰਘ ਨੇ ਦੱਸਿਆ ਕਿ ਖੇਤ ਬਚਾਓ ਅਭਿਆਨ ਤਹਿਤ ਕੇ.ਵੀ.ਕੇ ਵੱਲੋਂ ਖਾਦਾਂ ਦੀ ਸੁਚੱਜੀ ਵਰਤੋਂ ਸਬੰਧੀ ਮੁਹਿੰਮ ਲਗਾਤਾਰ ਜਾਰੀ ਹੈ।ਉਨ੍ਹਾਂ ਦੱਸਿਆ ਕਿ ਮਿੱਟੀ ਦੀ ਸਿਹਤ ਸੰਭਾਲ ਲਈ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਤ ਵਰਤੋਂ ਕਰਨੀ ਚਾਹੀਦੀ ਹੈ।ਕੈਂਪ ਨੂੰ ਸੰਬੋਧਨ ਕਰਦਿਆਂ ਡਾ. ਤੇਜਬੀਰ ਸਿੰਘ ਬੁੱਟਰ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਕਿਸਾਨਾਂ ਨੂੰ ਝੋਨੇ ਅਤੇ ਨਰਮੇ ਦੀ ਫ਼ਸਲ ਵਿੱਚ ਸੰਯੁਕਤ ਖਾਦ ਪ੍ਰਬੰਧਨ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਰਸਾਇਣਕ ਖਾਦਾਂ ਦੀ ਸੰਤੁਲਿਤ ਵਰਤੋਂ ਦੇ ਨਾਲ-ਨਾਲ ਜੀਵਾਣੂ ਖਾਦਾਂ ਤੇ ਹਰੀ ਖਾਦਾਂ ਨੂੰ ਅਪਣਾਉਣ ਨਾਲ ਨਾ ਸਿਰਫ਼ ਮਿੱਟੀ ਦੀ ਉਪਜਾਊ ਸ਼ਕਤੀ ਵਿੱਚ ਵਾਧਾ ਹੁੰਦਾ ਹੈ, ਸਗੋਂ ਖਾਦਾਂ ਉੱਤੇ ਹੋਣ ਵਾਲਾ ਖਰਚਾ ਵੀ ਘਟਦਾ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮਿੱਟੀ ਦੀ ਜਾਂਚ ਦੇ ਅਧਾਰ 'ਤੇ ਹੀ ਖਾਦਾਂ ਦੀ ਵਰਤੋਂ ਕਰਨ ਤਾਂ ਜੋ ਫਸਲਾਂ ਨੂੰ ਲੋੜੀਂਦੇ ਪੋਸ਼ਕ ਤੱਤ ਸਹੀ ਮਾਤਰਾ ਵਿੱਚ ਮਿਲ ਸਕਣ ਅਤੇ ਮਿੱਟੀ ਦੀ ਸਿਹਤ ਲੰਬੇ ਸਮੇਂ ਤੱਕ ਬਰਕਰਾਰ ਰਹੇ।

# ਮਾਤਾ ਗੁਰਦਿਆਲ ਕੌਰ ਜਗਦੇ ਨੂੰ ਨਮ ਅੱਖਾਂ ਨਾਲ ਅੰਤਮ ਵਿਦਾਇਗੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪ੍ਰੈੱਸ ਕਲੱਬ ਰਜਿ: ਮਹਿਲ ਕਲਾਂ ਦੇ ਸਰਪ੍ਰਸਤ ਅਵਤਾਰ ਸਿੰਘ ਅਣਖੀ ਦੇ ਸਤਿਕਾਰਯੋਗ ਮਾਸੀ ਜੀ ਸ਼ਹੀਦ ਕਰਤਾਰ ਸਿੰਘ ਸਰਾਭਾ ਕਲੱਬ ਦੇ ਸਰਪ੍ਰਸਤ ਬੇਅੰਤ ਸਿੰਘ ਮਿੱਠੂ ਦੇ ਪੂਜਨੀਕ ਮਾਤਾ ਬੀਬੀ ਗੁਰਦਿਆਲ ਕੌਰ ਜਗਦੇ (90) ਪਤਨੀ ਸਵ: ਸੋਹਣ ਸਿੰਘ ਜਗਦੇ ਸਦੀਵੀ ਵਿਛੋੜਾ ਦੇ ਗਏ ।ਅੱਜ ਉਨ੍ਹਾਂ ਦੇ ਅੰਤਿਮ ਸੁਸਕਾਰ ਸਮੇਂ ਭਾਰਤੀ ਜਨਤਾ ਪਾਰਟੀ ਦੇ ਸੂਬਾਈ ਸਕੱਤਰ ਲਖਵਿੰਦਰ ਸਿੰਘ ਸਪਰਾ, ਕਾਂਗਰਸ ਐਸ.ਸੀ. ਵਿਭਾਗ ਦੇ ਜ਼ਿਲ੍ਹਾ ਚੇਅਰਮੈਨ ਗੁਰਮੇਲ ਸਿੰਘ ਮੌੜ, ਬੀਬੀ ਕਾਂਤਾ ਕੁਠਾਲਾ, ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਅਵਤਾਰ ਸਿੰਘ ਰਾਏਸਰ, ਗੁਰਦੁਆਰਾ ਕਮੇਟੀ ਪ੍ਰਧਾਨ ਸ਼ੇਰ ਸਿੰਘ ਖ਼ਾਲਸਾ, ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ, ਕੈਮਿਸਟ ਐਸੋਸੀਏਸ਼ਨ ਦੇ ਆਗੂ ਗੁਰਪ੍ਰੀਤ ਸਿੰਘ ਅਣਖੀ ਵੱਲੋਂ ਮਾਤਾ ਗੁਰਦਿਆਲ ਕੌਰ ਜਗਦੇ ਦੀ ਦੇਹ ਉਪਰ ਦੁਸ਼ਾਲੇ ਭੇਟ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਯੂਥ ਆਗੂ ਅਰੁਣ ਕੁਮਾਰ ਬਾਂਸਲ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਸਰਪੰਚ ਕਿਰਨਾ ਰਾਣੀ ਬਾਂਸਲ, ਭਾਈ ਲਾਲੋ ਮੰਚ ਦੇ ਸੂਬਾ ਆਗੂ ਹਰਜੀਤ ਸਿੰਘ ਖਿਆਲੀ, ਅਕਾਲੀ ਆਗੂ ਗੁਰਦੀਪ ਸਿੰਘ ਟਿਵਾਣਾ, ਹਰੀ ਸਿੰਘ ਕਟੈਹਰੀਆ, ਚਮਕੌਰ ਸਿੰਘ ਮਠਾੜੂ, ਮੰਗਤ ਸਿੰਘ ਸਿੱਧੂ, ਦੁਕਾਨਦਾਰ ਯੂਨੀਅਨ ਦੇ ਚੇਅਰਮੈਨ ਪ੍ਰੇਮ ਕੁਮਾਰ ਪਾਸੀ, ਜਗਦੀਸ਼ ਪੰਨੂ, ਕਾਮਰੇਡ ਬਲਵੰਤ ਸਿੰਘ ਕਿਰਤੀ, ਡਾ: ਦਲਬਾਰ ਸਿੰਘ, ਪ੍ਰੈੱਸ ਕਲੱਬ ਮਹਿਲ ਕਲਾਂ ਦੇ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ, ਚੇਅਰਮੈਨ ਸੋਨੀ ਮਾਂਗੇਵਾਲ, ਜਗਮੋਹਣ ਸ਼ਾਹ ਰਾਏਸਰ, ਨੰਬਰਦਾਰ ਨਛੱਤਰ ਸਿੰਘ ਸਿੱਧੂ, ਲਛਮਣ ਸਿੰਘ ਵਜੀਦਕੇ, ਅਵਤਾਰ ਸਿੰਘ ਕੈਂਥ, ਮਲਕੀਤ ਸਿੰਘ ਸੋਢਾ, ਨਛੱਤਰ ਸਿੰਘ ਬੁੱਟਰ, ਪਰਮਜੀਤ ਸਿੰਘ ਜਗਦੇ, ਭਾਈ ਬਲੌਰ ਸਿੰਘ ਖ਼ਾਲਸਾ, ਬੂਟਾ ਸਿੰਘ ਸਰਾਭਾ, ਗੁਰਪ੍ਰੀਤ ਸਿੰਘ ਕਲਾਲ ਮਾਜਰਾ, ਦਰਸ਼ਨ ਸਿੰਘ ਫੌਜੀ, ਬੇਅੰਤ ਸਿੰਘ ਜੌਹਲ, ਸੁਖਦੇਵ ਸਿੰਘ ਦਸੌਂਦਾ ਸਿੰਘ ਵਾਲਾ, ਅਮਨਦੀਪ ਸਿੱਧੂ, ਸੇਵਕ ਸਿੰਘ ਦੀਪ, ਦਰਸ਼ਨ ਸਿੰਘ ਖ਼ਾਲਸਾ, ਭਾਈ ਨਿੱਕਾ ਸਿੰਘ, ਦਰਸ਼ਨ ਸਿੰਘ ਕਾਲਸਾਂ, ਭਾਈ ਚਮਕੌਰ ਸਿੰਘ, ਭਾਈ ਨੱਥਾ ਸਿੰਘ, ਅਮਨਦੀਪ ਸ਼ਰਮਾ, ਜਸਵਿੰਦਰਪਾਲ ਬੁੱਟਰ, ਨਿਰਪਾਲ ਸਿੰਘ ਫੋਰਮੈਨ, ਅਵਤਾਰ ਸਿੰਘ ਮਠਾੜੂ, ਸੰਜੇ ਦੱਤ, ਢਾਡੀ ਪਰਮਜੀਤ ਸਿੰਘ ਪੰਮਾ, ਰਾਜਾ ਘੁਮਾਣ, ਗੁਰਜੰਟ ਸਿੰਘ ਕੈਲਾ, ਮਨਪ੍ਰੀਤ ਸਿੰਘ ਸਰੋਏ, ਜੰਗ ਸਿੰਘ ਸੋਢਾ, ਸੁਖਦੇਵ ਸਿੰਘ ਰਾਗੀ, ਰਮਨਦੀਪ ਸ਼ਰਮਾ, ਆਦਿ ਹਾਜ਼ਰ ਸਨ।

# ਡਾ. ਬਲਜੀਤ ਕੌਰ ਨੇ 5.70 ਕਰੋੜ ਰੁਪਏ ਦੇ ਵਿਕਾਸ ਦੇ ਕੰਮਾਂ ਦੇ ਕੀਤੇ ਉਦਘਾਟਨ

**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਡਾ. ਬਲਜੀਤ ਕੌਰ ਨੇ ਆਪਣੇ ਵਿਧਾਨ ਸਭਾ ਹਲਕਾ ਮਲੋਟ ਦੇ ਪਿੰਡ ਕੋਠੇ ਨਾਨਕਸਰ, ਘੱਗਾ, ਘੁਮਿਆਰਾ ਤੇ ਦਾਨੇਵਾਲਾ ਵਿਖੇ ਵੱਖ-ਵੱਖ ਵਿਕਾਸ ਦੇ ਕੰਮਾਂ ਦੇ ਉਦਘਾਟਨ ਕੀਤੇ, ਜੋ ਉਨ੍ਹਾਂ ਨੂੰ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਪੂਰਾ ਲਾਭ ਮਿਲ ਸਕੇ।ਕੈਬਨਿਟ ਮੰਤਰੀ ਨੇ ਪਿੰਡ ਕੋਠੇ ਨਾਨਕਸਰ ਵਿਖੇ ਆਰ.ਆਈ.ਡੀ.ਐਫ. 29 ਅਤੇ ਐਸ.ਡਬਲਿਊ.ਸੀ 34 ਅਧੀਨ 1.70 ਕਰੋੜ ਰੁਪਏ ਦੀ ਲਾਗਤ ਨਾਲ ਮੋਘਾ ਨੰ. 26130 / ਐਲ ਅਧੀਨ 1385 ਮੀਟਰ ਲੰਬੀਆਂ ਜ਼ਮੀਨਦੋਜ਼ ਪਾਣੀ ਦੀਆਂ ਪਾਈਪਾਂ ਦਾ ਉਦਘਾਟਨ ਕਰਦਿਆਂ ਉਨ੍ਹਾਂ ਦੱਸਿਆ ਕਿ ਇਸ ਨਾਲ 80 ਏਕੜ ਨੂੰ ਸਿੰਚਾਈ ਲਈ ਪੂਰਾ ਪਾਣੀ ਮਿਲੇਗਾ।

ਦਾਨੇਵਾਲਾ ਪਿੰਡ ਵਿਖੇ 2.50 ਕਰੋੜ ਰੁਪਏ ਦੀ ਲਾਗਤ ਨਾਲ ਜ਼ਮੀਨਦੋਜ਼ ਪਾਈਪਾਂ ਦਾ ਉਦਘਾਟਨ ਕਰਦਿਆਂ ਦੱਸਿਆ ਕਿ ਇਸ ਨਾਲ ਇੱਕ ਹਜ਼ਾਰ ਏਕੜ ਰਕਬੇ ਨੂੰ ਸਿੰਚਾਈ ਲਈ ਪੂਰਾ ਪਾਣੀ ਮਿਲੇਗਾ ਤੇ ਪਾਣੀ ਦੀ ਬਚਤ ਹੋਵੇਗੀ।



ਘੱਗਾ ਵਿਖੇ ਵਿਕਾਸ ਦੇ ਕੰਮਾਂ ਦਾ ਉਦਘਾਟਨ ਕਰਦਿਆਂ ਨਗਰ ਨਿਵਾਸੀਆਂ ਨੂੰ ਦੱਸਿਆ ਕਿ ਸਰਕਾਰ ਵਲੋਂ ਇਸ ਪਿੰਡ ਵਿੱਚ 1.25 ਕਰੋੜ ਰੁਪਏ ਦੇ ਵਿਕਾਸ ਦੇ ਕੰਮ ਕਰਾਏ ਗਏ ਹਨ, ਜਿਸ ਵਿੱਚ ਬੱਚਿਆਂ ਲਈ ਖੇਡ ਗਰਾਊਂਡ, ਗੰਦੇ ਪਾਣੀ ਦੀ ਨਿਕਾਸੀ, ਜਿੰਮ, ਗਲੀਆਂ ਨਾਲੀਆਂ ਨੂੰ ਪੱਕਾ ਕਰਨਾ ਹੈ।ਉਨ੍ਹਾਂ ਦੱਸਿਆ ਕਿ ਅਧੂਰੇ ਵਿਕਾਸ ਕੰਮਾਂ ਨੂੰ ਜਲਦੀ ਮੁਕੰਮਲ ਕਰ ਲਿਆ ਜਾਵੇਗਾ ਤਾਂ ਜੁ ਲੋਕਾਂ ਨੂੰ ਇਹਨਾਂ ਦਾ ਪੂਰਾ ਫਾਇਦਾ ਮਿਲ ਸਕੇ।

ਕੈਬਨਿਟ ਮੰਤਰੀ ਨੇ ਪਿੰਡ ਘੁਮਿਆਰਾ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਛੱਪੜਾਂ ਦੀ ਸਫਾਈ ,ਗਲੀਆਂ ਨਾਲੀਆਂ ਅਤੇ ਧਰਮਸ਼ਾਲਾ ਦਾ ਵੀ ਉਦਘਾਟਨ ਕੀਤਾ।ਮਲੋਟ ਹਲਕੇ ਦੇ ਪਿੰਡ ਸ਼ੇਰਗੜ੍ਹ ਵਿਖੇ ਜਿਨ੍ਹਾਂ ਲੋਕਾਂ ਦਾ ਗੜ੍ਹੇਮਾਰੀ ਨਾਲ ਨੁਕਸਾਨ ਹੋਇਆ ਸੀ, ਉਨ੍ਹਾਂ ਨੂੰ ਅੱਜ ਤਹਿਸੀਲ ਕੈਂਪਲਕਸ ਵਿਖੇ ਮਾਲੀ ਸਹਾਇਤਾਂ ਦੇ ਚੈਕ ਵੀ ਵੰਡੇ।

## ਐੱਸ ਆਈ ਆਰ ਦੇ ਨਾਂਅ 'ਤੇ ਭਾਜਪਾ ਐੱਨ ਆਰ ਆਈ ਦੀਆਂ ਵੋਟਾਂ ਕੱਟਣ ਜਾ ਰਹੀ : ਸੇਖੋਂ



**ਬੰਗਾ (ਅਵਤਾਰ ਕਲੇਰ)**- ਸੀ ਪੀ ਆਈ (ਐਮ) ਦੇ ਦਫ਼ਤਰ, ਹੁਕਮਾ ਸਿੰਘ ਘੱਕੇਵਾਲ ਭਵਨ ਵਿਖੇ ਜ਼ਿਲ੍ਹਾ ਐਸ ਬੀ ਐਸ ਨਗਰ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕਾਮਰੇਡ ਜਰਨੈਲ ਸਿੰਘ ਰਾਣੇਵਾਲ ਦੀ ਪ੍ਰਧਾਨਗੀ ਹੇਠ ਕੀਤੀ ਗਈ।ਜਿਸ ਵਿਚ ਸੀ ਪੀ ਆਈ (ਐਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਅਤੇ ਸੀ ਪੀ ਆਈ (ਐਮ) ਦੇ ਸੂਬਾ ਸਕਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ ਨੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਕਾਮਰੇਡ ਸੇਖੋਂ ਨੇ ਦੱਸਿਆ ਕਿ ਐਸ ਆਈ ਆਰ ਕਰਨ ਦੇ ਨਾਂਅ ਤੇ ਕੇਂਦਰ ਸਰਕਾਰ ਸੂਬੇ ਦੇ ਐਨ ਆਰ ਆਈ ਪੰਜਾਬੀਆਂ ਦੀਆਂ ਵੋਟਾਂ ਕੱਟਣ ਜਾ ਰਹੀ ਹੈ। ਬਹੁਤ ਸਾਰੇ ਐਨ ਆਰ ਆਈ ਅਰਬ ਦੇਸ਼ਾਂ ਅਤੇ ਯੂਰਪੀਅਨ ਦੇਸ਼ਾਂ ਵਿਚ ਆਪਣੀ ਰੋਜ਼ੀ -ਰੋਟੀ ਵਾਸਤੇ ਗਏ ਹੋਏ ਹਨ ,ਜੋ ਕਿ ਅਕਸਰ ਸਾਲ ਜਾਂ ਦੋ ਸਾਲ ਬਾਅਦ ਆਪਣੇ ਘਰ ਆ ਜਾਂਦੇ ਹਨ। ਐਸ ਆਈ ਆਰ ਦੇ ਨਾਂਅ ਤੇ ਉਨ੍ਹਾਂ ਦੀਆਂ ਵੋਟਾਂ ਕੱਟ ਕੇ ਉਨਾਂ ਨੂੰ ਵੋਟ ਪਾਣ ਦੇ ਅਧਿਕਾਰ ਤੋ ਵਾਂਝਾ ਕਰਨਾ ਕਤਈ ਜਾਇਜ ਨਹੀਂ ਹੈ। ਕੇਂਦਰ ਸਰਕਾਰ ਨੂੰ ਇਸ ਵਾਰੇ ਦਵਾਰਾ ਫ਼ੈਸਲਾ ਕਰਨਾ ਚਾਹੀਦਾ ਹੈ ਅਤੇ ਕੋਈ ਵੀ ਜਾਇਜ ਵੋਟ ਨਹੀਂ ਕੱਟ ਹੋਣੀ ਚਾਹੀਦੀ। ਅੱਗੇ ਉਨਾਂ ਨੇ ਦੱਸਿਆ ਕੇ ਅੰਤਰ -ਰਾਸ਼ਟਰੀ ਪੱਧਰ ਦੇ ਮਰਹੂਮ ਕਾਮਰੇਡ ਹਰਕਿਸ਼ਨ ਸਿੰਘ ਦੀ ਬਰਸੀ 1 ਅਗਸਤ ਨੂੰ ਭਕਨਾ ਭਵਨ ਚੰਡੀਗੜ੍ਹ ਵਿਖੇ ਮਨਾਈ ਜਾਵੇਗੀ। ਕਾਮਰੇਡ ਸੇਖੋਂ ਨੇ ਦੱਸਿਆ ਕੇ ਸ਼ਹੀਦੇ -ਆਜ਼ਮ ਭਗਤ ਸਿੰਘ ਦੇ ਸਾਥੀ ਪੰਡਿਤ ਕਿਸ਼ੋਰੀ ਲਾਲ ਦੀ ਬਰਸੀ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ 11 ਜੁਲਾਈ ਨੂੰ ਡੀ ਵਾਈ ਐੱਫ ਆਈ ਅਤੇ ਐਸ ਐਫ ਆਈ ਵੱਲੋਂ ਸਾਂਝੇ ਤੌਰ ਤੇ ਕਾਨਵੈਂਸ਼ਨ ਕਰਕੇ ਵੱਢੇ ਪੱਧਰ ਤੇ ਨੌਜਵਾਨਾਂ ਦੀ ਸ਼ਿਰਕਤ ਕਰਵਾਈ ਜਾਵੇਗੀ। ਇਸ ਸਮੇਂ ਸੀ ਪੀ ਆਈ ਐਮ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ ਅਤੇ ਸੂਬਾ ਕਮੇਟੀ ਮੈਂਬਰ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਸਾਂਝੇ ਤੌਰ ਤੇ ਦੱਸਿਆ ਕੇ 10 ਅਗਸਤ ਨੂੰ ਕਿਸਾਨਾਂ ,ਮਜ਼ਦੂਰਾਂ , ਖੇਤ ਮਜ਼ਦੂਰਾਂ ਵਲੋਂ ਅਤੇ ਸੀਟੂ ਕਾਮਿਆਂ ਵਲੋਂ ਸੂਬੇ ਅੰਦਰ ਵੱਡੇ ਪੱਧਰ ਤੇ ਮੁਜ਼ਾਹਰੇ ਕਰਕੇ ਕੇਂਦਰ ਸਰਕਾਰ ਵਲੋਂ ਲਾਗੂ ਕੀਤੇ ਚਾਰ ਲੇਬਰ ਕੋਡਾਂ ਦਾ, ਵੀ ਬੀ ਗਰਾਮ ਜੀ ,ਬੀਜ ਬਿੱਲ 2025 ਅਤੇ ਬਿਜਲੀ ਬਿੱਲ 2025 ਦਾ ਵਿਰੋਧ ਕਰਦੇ ਹੋਏਜੇਲ ਭਰੋ ਅੰਦੋਲਨ ਕਰਕੇ ਆਪਣੇ-ਆਪ ਨੂੰ ਗ੍ਰਿਫ਼ਤਾਰੀਆਂ ਲਈ ਪੇਸ਼ ਕਰਨਗੇ। ਮੀਟਿੰਗ ਵਿਚ ਪ੍ਰੇਮ ਰੱਕੜ, ਕੁਲਦੀਪ ਝਿੰਗੜ, ਸੁਖਦੇਵ ਸਿੰਘ ਗਰਚਾ, ਸਤਨਾਮ ਸਿੰਘ ਜਾਨੀਵਾਲ, ਸੁਨੀਤਾ ਤਲਵੰਡੀ, ਪਰਮਜੀਤ ਰੋੜੀ ,ਸੁਸ਼ੀਲ ਮੰਢਾਲੀ,ਹੁਸਨ ਸਿੰਘ ਮਾਂਗਟ,ਹੁਸਨ ਮਝੋਟ ਹਾਜ਼ਿਰ ਸਨ। ਇਹ ਜਾਣਕਾਰੀ ਸੀ ਪੀ ਆਈ (ਐਮ) ਦੇ ਜਿਲਾ ਸਕੱਤਰ ਕਾਮਰੇਡ ਚਰਨਜੀਤ ਸਿੰਘ ਦੌਲਤਪੁਰ ਨੇ ਪ੍ਰੈਸ ਦੇ ਨਾਲ ਸਾਂਝੀ ਕੀਤੀ।

## ਵਿਸ਼ਵ ਖੂਨ ਦਾਨ ਦਿਵਸ ਮਨਾਇਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ (ਰਜਿ.) ਟਾਂਡਾ ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਵਿਖੇ ਵਿਸ਼ਵ ਖੂਨਦਾਨ



ਦਿਵਸ ਮਨਾਇਆ ਗਿਆ। ਇਸ ਸੰਬੰਧੀ ਵਿਦਿਅਕ ਸੰਸਥਾਵਾਂ ਦੇ ਮੁੱਖ ਪ੍ਰਬੰਧਕ ਪ੍ਰਦੀਪ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਤੇ ਦਿਸ਼ਾ-ਨਿਰਦੇਸ਼ਾਂ ਤਹਿਤ ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਪ੍ਰਿੰਸੀਪਲ ਰੇਨੂ ਬਾਲਾ ਦੀ ਅਗਵਾਈ ਹੇਠ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਖੂਨ ਦਾਨ ਮਹਾਨ ਦਾਨ ਹੈ ਅਤੇ ਸਾਡੇ ਵੱਲੋਂ ਦਾਨ ਕੀਤਾ ਗਿਆ ਖੂਨ ਕਿਸੇ ਵੀ ਮਨੁੱਖ ਦੀ ਜਾਨ ਨੂੰ ਬਚਾ ਸਕਦਾ ਹੈ। ਉਨਾਂ ਕਿਹਾ ਕਿ ਖੂਨਦਾਨ ਹਰ ਕੋਈ ਤੰਦਰੁਸਤ ਵਿਅਕਤੀ ਕਰ ਸਕਦਾ ਹੈ। ਇਸ ਮੌਕੇ ਪ੍ਰਿੰਸੀਪਲ ਰੇਨੂ ਬਾਲਾ ਨੇ ਕਿਹਾ ਕਿ ਖੂਨ ਦਾਨ ਕਰਨ ਨਾਲ ਮਨੁੱਖੀ ਸਰੀਰ ਤੰਦਰੁਸਤ ਰਹਿੰਦਾ ਹੈ ਅਤੇ ਇਨਸਾਨ ਵੱਲੋਂ ਦਾਨ ਕੀਤਾ ਗਿਆ ਖੂਨ 24 ਘੰਟਿਆਂ ਦੇ ਵਿੱਚ ਪੂਰਾ ਹੋ ਜਾਂਦਾ ਹੈ। ਇਸ ਮੌਕੇ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਸੈਮੀਨਾਰ ਦਾ ਆਯੋਜਨ ਵੀ ਕੀਤਾ ਗਿਆ ਜਿਸ ਵਿੱਚ ਵੱਖ ਵੱਖ ਬੁਲਾਰਿਆਂ ਨੇ ਖੂਨਦਾਨ ਸੰਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਦੇ ਚਾਟ ਕੰਪੀਟੀਸ਼ਨ ਵੀ ਕਰਵਾਏ ਗਏ।

ਇਸ ਮੌਕੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਐਡਮਿਨਿਸਟਰੇਟਰ ਦਲਜਿੰਦਰ ਕੌਰ, ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ, ਰਮਨਦੀਪ ਕੌਰ, ਮਨਪ੍ਰੀਤ ਕੌਰ, ਤਰੁਣ ਸੈਣੀ, ਲਖਵਿੰਦਰ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਜਸਲੀਨ ਕੌਰ, ਪ੍ਰਿਅੰਕਾ, ਕਸ਼ਮੀਰ ਕੌਰ, ਆਰਤੀ ਜਾਜਾ ਤੋਂ ਇਲਾਵਾ ਨਰਸਿੰਗ ਕਾਲਜ ਦਾ ਹੋਰ ਸਟਾਫ ਵੀ ਹਾਜ਼ਰ ਸੀ।

## ਅਮਨਦੀਪ ਸਿੰਘ ਨੇ ਚੋਣ ਤਹਿਸੀਲਦਾਰ ਦਾ ਅਹੁਦਾ ਸੰਭਾਲਿਆ



**ਨਵਾਂਸ਼ਹਿਰ (ਮਨੋਜ ਲਾਡੀ)** ਅਮਨਦੀਪ ਸਿੰਘ ਨੇ ਸ਼ੁਕਰਵਾਰ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਚੋਣ ਤਹਿਸੀਲਦਾਰ ਦੇ ਅਹੁਦਾ ਦਾ ਚਾਰਜ ਸੰਭਾਲਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਵਿਭਾਗ ਵੱਲੋਂ ਚੋਣ ਕਾਨੂੰਗੋ ਤੋਂ ਪਦ-ਉੱਨਤੀ ਕਰਕੇ ਚੋਣ ਤਹਿਸੀਲਦਾਰ ਸ਼ਹੀਦ ਭਗਤ ਸਿੰਘ ਨਗਰ ਵਿਖੇ ਤੈਨਾਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਮਿਹਨਤ ਅਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸੌਂਪੀ ਗਈ ਹਰ ਜ਼ਿੰਮੇਵਾਰੀ ਨੂੰ ਸਮੇਂ ਸਿਰ ਮੁਕੰਮਲ ਕਰਨ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਉਨ੍ਹਾਂ ਨੇ ਚੋਣ ਦਫ਼ਤਰ ਦੇ ਅਮਲੇ ਨਾਲ ਮੀਟਿੰਗ ਕਰਕੇ ਵਿਭਾਗੀ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਇਮਾਨਦਾਰੀ ਤੇ ਲਗਨ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਸਬੀਰ ਸਿੰਘ ਪੀ ਏ ਟੂ ਡਿਪਟੀ ਕਮਿਸ਼ਨਰ, ਜਤਿੰਦਰ ਸਿੰਘ ਫੂਡ ਸਪਲਾਈ ਇੰਸਪੈਕਟਰ, ਰਣਜੀਤ ਸਿੰਘ ਜੂਨੀਅਰ ਸ਼ਹਾਇਕ ਐਸ ਡੀ ਐੱਮ ਦਫਤਰ ਨਵਾਂਸ਼ਹਿਰ, ਕੁਲਬੀਰ ਸਿੰਘ ਖਜਾਨਾ ਦਫਤਰ ਨਵਾਂਸ਼ਹਿਰ, ਸੁਨੀਲ ਕੁਮਾਰ ਫੂਡ ਸਪਲਾਈ ਜੂਨੀਅਰ ਸਹਾਇਕ, ਸੰਦੀਪ ਕੈਥ ਪਵਨ ਪ੍ਰੋਜੈਕਟ ਨਵਾਂਸ਼ਹਿਰ, ਭਪਿੰਦਰ ਸਿੰਘ ਫੂਡ ਸਪਲਾਈ ਨਵਾਂਸ਼ਹਿਰ, ਚੋਣ ਵਿਭਾਗ ਦੇ ਸਾਰੇ ਕਰਮਚਾਰੀ ਅਤੇ ਪਰਿਵਾਰਿਕ ਮੈਂਬਰ ਹਾਜ਼ਰ ਸਨ।

## ਭੰਨ-ਤੋੜ ਕਰਨ ਵਾਲੇ ਹਮਲਾਵਰਾਂ ਖਿਲਾਫ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)** ਜਾਜਾ ਬਾਈਪਾਸ ਨਜ਼ਦੀਕ ਇੱਕ ਸਕੂਟਰ ਸਾਈਕਲ ਸਟੈਂਡ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਸਟੈਂਡ 'ਤੇ ਤੋੜ ਭੰਨ ਕਰਨ ਵਾਲੇ ਸਟੈਂਡ, ਇੰਚਾਰਜ ਦੀ ਮਾਰਕੁੱਟ ਕਰਨ ਵਾਲੇ ਕਰੀਬ 150 ਤੋਂ 200 ਵਿਅਕਤੀਆਂ ਖਿਲਾਫ ਟਾਂਡਾ ਪੁਲਸ ਨੇ ਮਾਮਲਾ ਦਰਜ ਕੀਤਾ ਹੈ।ਪੁਲਸ ਨੇ ਇਹ ਮਾਮਲਾ ਸਕੂਟਰ ਸਾਈਕਲ ਸਟੈਂਡ ਚਲਾ ਰਹੇ ਵਿਨੋਦ ਕੁਮਾਰ ਪੁੱਤਰ ਜਗਦੀਸ਼ ਮਿੱਤਰ ਵਾਸੀ ਬੁੱਢੀ ਪਿੰਡ ਦੇ ਬਿਆਨਾਂ ਦੇ ਅਧਾਰ 'ਤੇ ਸਤਨਾਮ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਪਿੰਡ ਮੂਨਕ ਕਲਾਂ ਤੇ ਕਰੀਬ 150 ਤੋਂ 200 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ।ਪੁਲਸ ਨੂੰ ਦਿੱਤੇ ਗਏ ਬਿਆਨਾਂ ਵਿੱਚ ਵਿਨੋਦ ਕੁਮਾਰ ਨੇ ਦੱਸਿਆ ਕਿ ਬੀਤੀ 13-14 ਜੂਨ ਦੀ ਦਰਮਿਆਨੀ ਰਾਤ ਨੂੰ ਸਤਨਾਮ ਸਿੰਘ 150 ਤੋਂ 200 ਵਿਅਕਤੀਆਂ ਦੇ ਨਾਲ ਸਾਈਕਲ ਸਕੂਟਰ ਸਟੈਂਡ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਸਟੈਂਡ ਦੇ ਇੰਚਾਰਜ ਰਵਿੰਦਰ ਕੁਮਾਰ ਨਾਲ ਮਾਰਕੁੱਟ ਕਰਦੇ ਹੋਏ ਉਸ ਕੋਲੋਂ ਕੈਸ਼ ਖੋਹ ਲਿਆ। ਇਸ ਤੋਂ ਇਲਾਵਾ ਹਮਲਾਵਰਾਂ ਨੇ ਸਟੈਂਡ 'ਤੇ ਲੱਗੇ ਸੀ.ਸੀ.ਟੀ.ਵੀ ਕੈਮਰੇ, ਡੀ.ਵੀ.ਆਰ ਅਤੇ ਸਕੂਟਰ ਮੋਟਰਸਾਈਕਲਾਂ ਦੀ ਭੰਨ ਤੋੜ ਕੀਤੀ।ਉਪਰੰਤ ਸਾਰੇ ਦੋਸ਼ੀ ਰਵਿੰਦਰ ਕੁਮਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ। ਟਾਂਡਾ ਪੁਲਸ ਨੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਇਸ ਮਾਮਲੇ ਦੀ ਹੋਰ ਤਫਤੀਸ਼ ਏ.ਐਸ.ਆਈ ਜਸਵੀਰ ਸਿੰਘ ਵੱਲੋਂ ਕੀਤੀ ਜਾ ਰਹੀ ਹੈ।

## ਕੌਮਾਂਤਰੀ ਯੋਗ ਦਿਵਸ 2026 ਦੇ ਸੰਬੰਧ 'ਚ ਯੋਗ ਹਫ਼ਤਾ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਸਿਵਲ ਸਰਜਨ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵਿੰਦਰ ਕੌਰ ਦੀ ਸਰਪ੍ਰਸਤੀ ਹੇਠ ਕੌਮਾਂਤਰੀ ਯੋਗ ਦਿਵਸ 2026 ਦੇ ਸੰਬੰਧ ਵਿੱਚ ਕਮਿਊਨਿਟੀ ਹੈਲਥ ਸੈਂਟਰ ਕਰਤਾਰਪੁਰ ਅਤੇ ਬਲਾਕ ਦੇ ਵੱਖ-ਵੱਖ ਹੈਲਥ ਐਂਡ ਵੈੱਲਨੈੱਸ ਕਲੀਨਿਕਾਂ ਵਿੱਚ ਯੋਗਾ ਹਫ਼ਤਾ ਮਨਾਇਆ ਗਿਆ। ਇਸ ਮੌਕੇ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ ਡਾ. ਦੀਵਾਨਚੰਦ ਧੀਰ ਦੀ ਰਹਿਨੁਮਾਈ ਵਿੱਚ ਵਿਸ਼ੇਸ਼ ਯੋਗਾ ਸੈਸ਼ਨ ਕਰਵਾਇਆ ਗਿਆ। ਯੋਗਾ ਸੈਸ਼ਨ ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਨੀਰਜ ਆਨੰਦ ਵੱਲੋਂ ਕਰਵਾਇਆ ਗਿਆ, ਜਿਨ੍ਹਾਂ ਨੇ ਯੋਗਾ ਦੇ ਸਰੀਰਕ, ਮਾਨਸਿਕ ਅਤੇ ਆਤਮਿਕ ਲਾਭਾਂ ਬਾਰੇ ਜਾਣਕਾਰੀ ਦਿੱਤੀ ਅਤੇ ਸਾਰਿਆਂ ਨੂੰ ਰੋਜ਼ਾਨਾ ਯੋਗਾ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵਿੰਦਰ ਕੌਰ ਨੇ ਕਿਹਾ ਕਿ ਯੋਗਾ ਕੇਵਲ ਇੱਕ ਕਸਰਤ ਨਹੀਂ ਸਗੋਂ ਸਿਹਤਮੰਦ ਜੀਵਨ ਜਿਊਣ ਦਾ ਇੱਕ ਵਿਗਿਆਨਕ ਤਰੀਕਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਤਣਾਅ ਭਰੇ ਜੀਵਨ ਵਿੱਚ ਯੋਗਾ ਸਰੀਰ ਅਤੇ ਮਨ ਨੂੰ ਸੰਤੁਲਿਤ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਦਿਨਚਰਿਆ ਵਿੱਚ ਘੱਟੋ-ਘੱਟ 30 ਮਿੰਟ ਯੋਗਾ ਲਈ ਜ਼ਰੂਰ ਕੱਢਣ ਤਾਂ ਜੋ ਗੈਰ-ਸੰਚਾਰੀ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕੇ ਅਤੇ ਤੰਦਰੁਸਤ ਜੀਵਨ ਬਤੀਤ ਕੀਤਾ ਜਾ ਸਕੇ। ਇਸ ਪ੍ਰੋਗਰਾਮ ਦਾ ਆਯੋਜਨ ਬਲਾਕ ਐਕਸਟੈਂਸ਼ਨ ਐਜੂਕੇਟਰ ਹਿਮਾਲਿਆ ਪ੍ਰਕਾਸ਼ ਵੱਲੋਂ ਕੀਤਾ ਗਿਆ। ਯੋਗਾ ਸੈਸ਼ਨ ਵਿੱਚ ਕਮਿਊਨਿਟੀ ਹੈਲਥ ਸੈਂਟਰ ਕਰਤਾਰਪੁਰ ਅਤੇ ਵੱਖ-ਵੱਖ ਹੈਲਥ ਐਂਡ ਵੈੱਲਨੈੱਸ ਕਲੀਨਿਕਾਂ ਦੇ ਸਮੂਹ ਸਟਾਫ਼ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਵੱਖ-ਵੱਖ ਯੋਗ ਆਸਨਾਂ ਦਾ ਅਭਿਆਸ ਕੀਤਾ। ਸਮਾਗਮ ਦੇ ਅੰਤ ਵਿੱਚ ਸਮੂਹ ਸਟਾਫ਼ ਵੱਲੋਂ ਯੋਗਾ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ ਦਾ ਸੰਕਲਪ ਲਿਆ ਗਿਆ।



## ਹਾੜ ਦੀ ਸੰਗਰਾਂਦ 'ਤੇ ਕਰਵਾਇਆ ਧਾਰਮਿਕ ਸਮਾਗਮ



**ਜੇਜੋਂ ਦੋਆਬਾ ( ਨਿਰਮਲ ਸਿੰਘ ਮੁੱਗੋਵਾਲ)**- ਡੇਰਾ ਬਾਬਾ ਕੱਲਰਾਂ ਸ਼ੇਰਪੁਰ ਢੱਕੋ ਵਿਖੇ ਹਾੜ ਮਹੀਨੇ ਦੀ ਸੰਗਰਾਂਦ ਤੇ ਮੱਸਿਆ ਨੂੰ ਮੁੱਖ ਰੱਖਦੇ ਹੋਏ ਅਤੇ ਧੰਨ- ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜੋਤੀ ਜੋਤ ਸਮਾਉਣ ਦੇ ਸੰਬੰਧ ਵਿੱਚ ਡੇਰੇ ਦੇ ਗੱਦੀ ਨਸ਼ੀਨ 108 ਸੰਤ ਰਮੇਸ਼ ਦਾਸ ਮਹਾਰਾਜ ਦੇ ਅਸ਼ੀਰਵਾਦ ਦੁਆਰਾ 108 ਸੰਤ ਨਿਰੰਜਨ ਦਾਸ ਮਹਾਰਾਜ ਅਤੇ 108 ਸੰਤ ਸੋਮਨਾਥ ਮਹਾਰਾਜ ਦੀ ਦੇਖ ਰੇਖ ਹੇਠ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਦੌਰਾਨ ਸਭ ਤੋਂ ਪਹਿਲਾਂ ਪਾਠਾਂ ਦੇ ਭੋਗ ਪਾਏ ਗਏ। ਉਸ ਤੋਂ ਬਾਅਦ ਸ਼ਬਦ ਕੀਰਤਨ ਕੀਤਾ ਗਿਆ ਜਿਸ ਵਿੱਚ ਸੰਤਾਂ ਮਹਾਂਪੁਰਸ਼ਾਂ ਨੇ ਧਾਰਮਿਕ ਪ੍ਰਵਚਨ ਕੀਤੇ ਅਤੇ ਸੰਗਤਾਂ ਨੂੰ ਸੇਵਾ- ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੱਤਾ।

ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ।

ਸੰਗਰਾਂਦ ਦੇ ਇਸ ਪਵਿੱਤਰ ਮੌਕੇ ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਤੋਂ ਡਾਕਟਰ ਜਸਵੰਤ ਸਿੰਘ ਥਿੰਦ ਅਤੇ ਡਾਕਟਰ ਪ੍ਰਭ ਹੀਰ ਤੇ ਉਨਾਂ ਦੀ ਟੀਮ ਵਿੱਚ ਸ਼ਾਮਿਲ ਹਰਜਿੰਦਰ ਕੁਮਾਰੀ, ਹਰਜੋਤ ਕੌਰ, ਨਵਜੋਤ ਕੌਰ ਤੇ ਕਿਸ਼ਨ ਚੰਦ ਦੁਆਰਾ ਸੰਗਤਾਂ ਦੀ ਸਹੂਲਤ ਲਈ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ।

## ਛੁੱਟੀਆਂ 'ਚ ਬੱਚਿਆਂ ਨੂੰ ਘੁਮਾਉਣ ਲਈਂ ਮਾਪੇ ਸਮਾਂ ਜ਼ਰੂਰ ਕੱਢਣ : ਡਾ. ਆਸ਼ੀਸ਼ ਸਰੀਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਕੂਲਾਂ ਵਿਚ ਹੋਈਆਂ ਗਰਮੀ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਨੂੰ ਮਾਨਸਿਕ ਤੌਰ 'ਤੇ ਤਰੋਤਾਜ਼ਾ ਰੱਖਣ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਕਿਤੇ ਨਾ ਕਿਤੇ ਘੁਮਾਉਣ ਵਾਸਤੇ ਜ਼ਰੂਰ ਲਿਜਾਣਾ ਚਾਹੀਦਾ ਹੈ। ਇਹ ਸ਼ਬਦ ਡਾ. ਆਸ਼ੀਸ਼ ਸਰੀਨ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਇਕ ਪ੍ਰੈੱਸ ਵਾਰਤਾ ਦੌਰਾਨ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਛੁੱਟੀਆਂ ਹੁੰਦੇ ਹੀ ਬੱਚਿਆਂ ਦੇ ਮਨ ਵਿਚ ਇਕੋ ਆਸ ਹੁੰਦੀ ਹੈ ਕਿ ਉਨ੍ਹਾਂ ਦੇ ਮੰਮੀ-ਡੈਡੀ ਆਪਣੀ ਜ਼ਿੰਦਗੀ ਦੇ ਰੁਝੇਵਿਆਂ ਵਿਚੋਂ ਕਦੋਂ ਵਿਹਲੇ ਹੋਣਗੇ ਅਤੇ ਕਦੋਂ ਉਨ੍ਹਾਂ ਨੂੰ ਕਿਤੇ ਬਾਹਰ ਘੁਮਾਉਣ ਲਈ ਲੈ ਕੇ ਜਾਣਗੇ। ਬੱਚਿਆਂ ਦੀ ਇਸ ਮਾਸੂਮ ਤਾਂਘ ਅਤੇ ਖ਼ੁਸ਼ੀ ਨੂੰ ਮੁੱਖ ਰੱਖਦੇ ਹੋਏ ਮਾਪਿਆਂ ਨੂੰ ਵੀ ਚਾਹੀਦਾ ਹੈ ਕਿ ਉਹ ਆਪਣੇ ਰੁਝੇਵਿਆ ਭਰੀ ਜ਼ਿੰਦਗੀ ਵਿਚੋਂ ਬੱਚਿਆਂ ਲਈ ਖ਼ਾਸ ਤੌਰ 'ਤੇ ਸਮਾਂ ਜ਼ਰੂਰ ਕੱਢਣ। ਡਾ. ਆਸ਼ੀਸ਼ ਸਰੀਨ ਨੇ ਗੱਲਬਾਤ ਕਰਦਿਆਂ ਕਿਹਾ ਕਿ ਅੱਜ-ਕੱਲ੍ਹ ਦੇ ਦੌਰ ਵਿਚ ਮਾਪੇ ਅਤੇ ਬੱਚੇ ਦੋਵੇਂ ਹੀ ਆਪਣੇ ਕੰਮਾਂ ਅਤੇ ਪੜ੍ਹਾਈ ਵਿਚ ਬਹੁਤ ਵਿਅਸਤ ਰਹਿੰਦੇ ਹਨ। ਅਜਿਹੇ ਵਿਚ ਇਹ ਛੁੱਟੀਆਂ ਹੀ ਇਕ ਅਜਿਹਾ ਸੁਨਹਿਰੀ ਮੌਕਾ ਹੁੰਦੀਆਂ ਹਨ, ਜਦੋਂ ਪਰਵਾਰ ਇਕ-ਦੂਜੇ ਦੇ ਨਜ਼ਦੀਕ ਆ ਸਕਦਾ ਹੈ। ਜੇਕਰ ਮਾਪੇ ਬੱਚਿਆਂ ਨੂੰ ਸਮਾਂ ਨਹੀਂ ਦਿੰਦੇ, ਤਾਂ ਬੱਚੇ ਅਕਸਰ ਮੋਬਾਈਲ, ਟੀ ਵੀ ਜਾਂ ਵੀਡੀਓ ਗੇਮਾਂ ਵਰਗੀਆਂ ਚੀਜ਼ਾਂ ਵਿਚ ਗੁਆਚ ਜਾਂਦੇ ਹਨ, ਜੋ ਉਨ੍ਹਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਨੁਕਸਾਨਦੇਹ ਹੈ।



## ਸ਼ਹੀਦੀ ਦਿਹਾੜੇ ਮੌਕੇ ਛਬੀਲ ਲਗਾਈ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਹੇੜੀਆ ਵਿਖੇ ਗੁਰਦੁਆਰਾ ਸ੍ਰੀ ਗੁਰੂ ਸਭਾ ਸਾਹਿਬ ਵੱਲੋਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਛੋਲਿਆਂ ਦਾ ਪ੍ਰਸ਼ਾਦਿ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਜਸਵੀਰ ਸਿੰਘ ਹੇੜੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਛਬੀਲ ਦੀ ਆਰੰਭਤਾ ਭਾਈ ਕੁਲਵੰਤ ਸਿੰਘ ਮੁੱਖ ਗ੍ਰੰਥੀ ਹੇੜੀਆ ਨੇ ਅਰਦਾਸ ਬੇਨਤੀ ਕਰਕੇ ਕੀਤੀ ਗਈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਮੂਹ ਸੇਵਾਦਾਰਾਂ ਵੱਲੋਂ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਛੋਲਿਆ ਦਾ ਪ੍ਰਸ਼ਾਦਿ ਅਤੇ ਠੰਢਾ ਮਿੱਠਾ ਜਲ ਛਕਾਇਆ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਜਸਵੀਰ ਸਿੰਘ ਹੇੜੀਆ ਨੇ ਛਬੀਲ ਵਿੱਚ ਸਹਿਯੋਗ ਦੇਣ ਤੇ ਦਾਨੀ ਸੱਜਣਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਭਾਈ ਕੁਲਵੰਤ ਸਿੰਘ ਮੁੱਖ ਗ੍ਰੰਥੀ ਹੇੜੀਆ, ਕਮੇਟੀ ਪ੍ਰਧਾਨ ਜਸਵੀਰ ਸਿੰਘ ਹੇੜੀਆ, ਜਸਵਿੰਦਰ ਸਿੰਘ ਖਜਾਨਚੀ, ਹਰਪਾਲ ਸਿੰਘ ਸੈਕਟਰੀ, ਗੁਰਨਾਮ ਸਿੰਘ, ਜਸਵੀਰ ਸਿੰਘ ਜੱਸ ਹੇੜੀਆ, ਮਨਿੰਦਰ ਸਿੰਘ ਤੰਬੜ, ਸੁਖਪ੍ਰੀਤ ਸਿੰਘ ਸੁੱਖ, ਜਸਵੀਰ ਸਿੰਘ ਲਹੌਰੀਆ, ਲਾਲੀ ਤੰਬੜ, ਅਮਰਜੀਤ ਸਿੰਘ ਅੰਬਾ, ਹਰਮਿੰਦਰ ਸਿੰਘ ਕਾਕਾ, ਜਸਕਰਨ ਸਿੰਘ ਚਾਹਲ, ਪ੍ਰਦੀਪ ਸਿੰਘ ਦੀਪੂ, ਬਲਜੋਤ ਸਿੰਘ, ਜਸਪ੍ਰੀਤ ਸਿੰਘ ਜੱਸ, ਮਨਕੀਰਤ ਸਿੰਘ ਬੰਗਾ, ਬਲਪ੍ਰੀਤ ਸਿੰਘ, ਡਾਕਟਰ ਤਰਨਜੋਤ ਸਿੰਘ, ਜਸ਼ਨ, ਭਵਨਦੀਪ ਸਿੰਘ, ਸੁਖਮੀਨ ਸਿੰਘ, ਸੁਖਵਿੰਦਰ ਸਿੰਘ, ਬਿੱਟੂ, ਦਵਿੰਦਰ ਸਿੰਘ ਸੈਣੀ ਆਦਿ ਹਾਜ਼ਰ ਸਨ।



## ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਵੱਲੋਂ ਐੱਸ ਡੀ ਐੱਮ ਨੂੰ ਮੰਗ ਪੱਤਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਇਫਟੂ ਦੀ ਜ਼ਿਲ੍ਹਾ ਰੋਪੜ ਕਮੇਟੀ ਦੇ ਫੈਸਲੇ ਮੁਤਾਬਕ ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਬਲਾਕ ਮੋਰਿੰਡਾ ਦੇ ਪ੍ਰਧਾਨ ਜਸਪਾਲ ਸਿੰਘ ਚਲਾਕੀ ਦੀ ਅਗਵਾਈ ਹੇਠ ਮਿਸਤਰੀਆਂ ਤੇ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ ਅਤੇ 5 ਜੂਨ ਨੂੰ ਵੈਲਫੇਅਰ ਬੋਰਡ ਦੀ ਮੀਟਿੰਗ ਵਿੱਚ ਮੁੱਖ ਮੰਤਰੀ ਵੱਲੋਂ ਕੀਤੇ ਫੈਸਲਿਆਂ ਨੂੰ ਅਮਲੀ ਰੂਪ ਵਿੱਚ ਲਾਗੂ ਕਰਨ ਲਈ ਸਥਾਨਕ ਐਸ ਡੀ ਐਮ ਮੋਰਿੰਡਾ ਨੂੰ ਮੰਗ ਪੱਤਰ ਦਿੱਤਾ ਗਿਆ। ਇਫਟੂ ਦੇ ਜ਼ਿਲ੍ਹਾ ਸਕੱਤਰ ਮਲਾਗਰ ਖਮਾਣੋ ਨੇ ਪ੍ਰੈਸ ਨੂੰ ਦੱਸਿਆ ਕਿ ਉਸਾਰੀ ਨਾਲ ਸੰਬੰਧਤ ਮਿਸਤਰੀਆਂ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਕਰਨ, ਲੇਬਰ ਭਲਾਈ ਕੈਂਪ ਲਾਉਣ, ਮਜ਼ਦੂਰਾਂ ਦੇ ਪੈਨਸ਼ਨ, ਵਜ਼ੀਫੇ, ਮੈਡੀਕਲ ਕਲੇਮ ਕੇਸਾਂ ਸਮੇਤ ਲੇਬਰ ਚੌਂਕ ਵਿੱਚ ਪੀਣ ਵਾਲੇ ਪਾਣੀ, ਬਿਜਲੀ, ਬੈਠਣ ਲਈ ਬੈਂਚ, ਆਦਿ ਦਾ ਪ੍ਰਬੰਧ ਕਰਨ ਲਈ ਮੰਗ ਪੱਤਰ ਦਿੱਤਾ ਗਿਆ। ਇਹਨਾਂ ਦੱਸਿਆ ਕਿ 5 ਜੂਨ ਨੂੰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਦੀ ਮੀਟਿੰਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਕਿਰਤ ਭਵਨ ਮੋਹਾਲੀ ਵਿਖੇ ਹੋਈ ਸੀ। ਜਿਸ ਦੌਰਾਨ ਮੁੱਖ ਮੰਤਰੀ ਵੱਲੋਂ ਕਿਰਤ ਵਿਭਾਗ ਦੇ ਅਧਿਕਾਰੀਆਂ ਨੂੰ ਲੇਬਰ ਦੀ ਫਰੀ ਰਜਿਸਟਰੇਸ਼ਨ ਕਰਨ, ਨਿਊ ਕਰਨ, ਲੇਬਰ ਚੌਂਕਾਂ ਵਿੱਚ ਬੁਨਿਆਦੀ ਸਹੂਲਤਾਂ ਦੇਣ ਸਬੰਧੀ ਫੈਸਲੇ ਕੀਤੇ ਗਏ ਸਨ। ਜਿਸ ਨੂੰ ਅਮਲੀ ਰੂਪ ਦੇ ਵਿੱਚ ਲਾਗੂ ਕਰਨ ਲਈ ਇਫਟੂ ਵੱਲੋਂ ਡਿਪਟੀ ਕਮਿਸ਼ਨ ਤੋਂ ਇਲਾਵਾ ਸਬ ਡਵੀਜ਼ਨਾਂ ਦੇ ਮੈਜਿਸਟਰੇਟਾਂ ਨੂੰ ਮੰਗ ਪੱਤਰ ਦਿੱਤੇ ਗਏ। ਇਹਨਾਂ ਦੱਸਿਆ ਕਿ ਕਿਰਤ ਵਿਭਾਗ ਦੇ ਦਫਤਰ ਰੋਪੜ ਵਿਖੇ ਲੰਮੇ ਸਮੇਂ ਤੋਂ ਉਸਾਰੀ ਨਾਲ ਸੰਬੰਧਤ ਮਜ਼ਦੂਰਾਂ ਦੇ ਕੇਸ ਲਟਕੇ ਪਏ ਹਨ। ਬਲਾਕ ਮੋਰਿੰਡਾ ਸਮੇਤ ਹੋਰਨਾਂ ਬਲਾਕਾ ਵਿੱਚ ਸੈਂਕੜੇ ਪੈਨਸ਼ਨ ਦੇ ਕੇਸ ਭੇਜੇ ਜਾ ਚੁੱਕੇ ਹਨ ਪਰੰਤੂ ਅੱਜ ਤੱਕ ਇੱਕ ਵੀ ਮਜ਼ਦੂਰ ਨੂੰ ਪੈਨਸ਼ਨ ਨਹੀਂ ਲੱਗੀ। ਇਥੋਂ ਤੱਕ ਕਿਰਤ ਵਿਭਾਗ ਦੇ ਅਧਿਕਾਰੀ ਕਾਗਜ਼ਾਂ ਵਿੱਚ ਹੀ ਕੈਂਪ ਸ਼ੋਅ ਕਰ ਦਿੰਦੇ ਹਨ। ਜਦੋਂ ਕਿ ਹਕੀਕਤ ਵਿੱਚ ਇਹ ਕੈਂਪ ਨਹੀਂ ਲਾਏ ਜਾਂਦੇ। ਲੇਬਰ ਦੀ ਰਜਿਸਟ੍ਰੇਸ਼ਨ ਸੰਬੰਧੀ ਅਧਿਕਾਰੀਆਂ ਨੂੰ ਲਿਖਤੀ ਰੂਪ 'ਚ ਦੱਸਿਆ ਗਿਆ ਕਿ ਯੂਨੀਅਨ ਇਸ ਦਾ ਪ੍ਰਬੰਧ ਕਰੇਗੀ। ਕਿਰਤ ਵਿਭਾਗ ਦੇ ਅਧਿਕਾਰੀ ਪੂਰੇ ਅਮਲੇ ਸਮੇਤ ਇਹ ਕੈਂਪਾਂ ਵਿੱਚ ਸ਼ਾਮਲ ਹੋਣ। ਇਸ ਮੌਕੇ ਮੋਰਿੰਡਾ ਦੇ ਤਹਿਸੀਲਦਾਰ ਵੱਲੋਂ ਮੰਗ ਪੱਤਰ ਹਾਸਲ ਕੀਤਾ ਗਿਆ। ਉਹਨਾਂ ਭਰੋਸਾ ਦਿੱਤਾ ਕਿ ਇਹ ਮੰਗ ਪੱਤਰ ਐਸ ਡੀ ਐਮ ਨੂੰ ਭੇਜ ਦਿੱਤਾ ਜਾਵੇਗਾ ।ਇਸ ਮੌਕੇ ਫੌਜੀ ਪ੍ਰਕਾਸ਼ ਸਿੰਘ ਬੰਗੀਆ, ਅਵਤਾਰ ਸਿੰਘ, ਰਣਵੀਰ ਸਿੰਘ ਸਰਾਣਾ, ਗੁਰਮੀਤ ਸਿੰਘ ਕਾਂਝਲਾ, ਨਿਰਮਲ ਸਿੰਘ ਮੋਰਿੰਡਾ, ਸੁਖਰਾਮ, ਰੁਪਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।



## ਕਾਹਲੋਂ ਦੀ ਤੀਜੀ ਬਰਸੀ ਮੌਕੇ 5100 ਰੁੱਖ ਲਗਾਉਣ ਦੀ ਮੁਹਿੰਮ ਸ਼ੁਰੂ

**ਅੱਡਾਂ ਸਰਾਂ/ਟਾਂਡਾ (ਜਸਵੀਰ ਕਾਜਲ)**- ਉੱਘੇ ਸਮਾਜ ਸੇਵਿਕ ਅਤੇ ਧਾਰਮਿਕ ਆਗੂ ਤਰਸੇਮ ਸਿੰਘ ਕਾਹਲੋਂ ਦੀ ਤੀਸਰੀ ਬਰਸੀ ਮੌਕੇ ਕੀਤੇ ਗਏ ਸਮਾਗਮ ਦੌਰਾਨ ਸ਼ਰਧਾਜਲੀਆਂ ਭੇਟ ਕਰਨ ਉਪਰੰਤ ਪਿੰਡ ਭਟੋਲੀਆ ਵਿਖੇ ਬੂਟੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ। ਇਸ ਮੁਹਿੰਮ ਤਹਿਤ ਵੱਖ ਵੱਖ ਜੱਥੇਬੰਦੀਆ ਅਤੇ ਕਲੱਬਾਂ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਦੀ ਅਗਵਾਈ ਹੇਠ 5100 ਵੱਖ ਵੱਖ ਕਿਸਮ ਦੇ ਪੌਦੇ ਲਗਾਏ ਜਾਣਗੇ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋਂ ਨੇ ਤਰਸੇਮ ਸਿੰਘ ਕਾਹਲੋਂ ਦੇ ਜੀਵਨ ਅਤੇ ਸਮਾਜ ਸੇਵਾ ਦੇ ਕੰਮਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਉਨ੍ਹਾਂ ਦੀ ਤੀਸਰੀ ਬਰਸੀ ਤੇ 5100 ਰੁੱਖ ਲਗਾਉਣ, ਲੋੜਵੰਦਾਂ ਦੀ ਸਹਾਇਤਾ, ਪਾਣੀ ਬਚਾਉ ਅਤੇ ਨਸ਼ਾਂ ਮੁਕਤ ਪੰਜਾਬ ਦੇ ਕਾਰਜ ਕੀਤੇ ਜਾਣਗੇ। ਇਸ ਮੌਕੇ ਪਰਮਜੀਤ ਸਿੰਘ ਪ੍ਰਧਾਨ ਸ਼ਿਵਾਲਿਕ ਐਫ ਪੀ ਓ ਤੇ ਸੁਮਨਾ ਦੇਵੀ ਸੀ ਈ ਓ ਕੰਡੀ ਐਫ ਪੀ ਓ ਦਸੂਹਾ, ਬਾਬਾ ਜੋਗਿੰਦਰ ਸਿੰਘ ਖਾਲਸਾ ਬੋਰਡ ਆਫ ਡਾਇਰੈਕਟਰ ਅਮ੍ਰਿਤ ਧਾਰਾ ਐਫ ਪੀ ਓ ਭੂੰਗਾਂ, ਬਾਬਾ ਉਕਾਂਰ ਸਿੰਘ ਧਾਮੀ ਨੂਰਪੁਰ ਵਾਲੇ, ਵਿਕਾਸ਼ ਸ਼ਰਮਾ ਸੀ ਈ ਓ ਅਮ੍ਰਿਤ ਧਾਰਾ ਐਫ ਪੀ ਓ ਭੂੰਗਾਂ ਆਦਿ ਨੇ ਰੁੱਖਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਵਾਤਾਵਰਨ ਨੂੰ ਬਚਾਉਣ ਲਈ ਰੁੱਖ ਲਗਾਉਣਾ ਬਹੁਤ ਜਰੂਰੀ ਹੈ। ਇਸ ਮੌਕੇ ਹਰਦੇਵ ਕੌਰ ਕਾਹਲੋਂ, ਮਨਕੀਰਤ ਸਿੰਘ ਕਾਹਲੋਂ, ਜਸਦੀਪ ਸਿੰਘ ਕਾਹਲੋਂ, ਰਾਜ ਕੁਮਾਰੀ ਪ੍ਰਧਾਨ ਵਿਲੇਜ ਡਿਵੈਲਪਮੈਂਟ ਸੁਸਾਇਟੀ, ਅਮਨ ਅਰਮਾਨ ਸਮਾਜ ਸੇਵਿਕ, ਨਰੇਸ਼ ਕੁਮਾਰ, ਸਪਨਾ, ਦਮਨਪ੍ਰੀਤ ਕੌਰ, ਸੰਤੋਖ ਕੌਰ ਬੋਰਡ ਆਫ ਡਾਇਰੈਕਟਰ ਅਮ੍ਰਿਤ ਧਾਰਾ ਐਫ ਪੀ ਓ ਭੂੰਗਾਂ, ਸਿੰਦਰਪਾਲ ਸਿੰਘ, ਕੀਮਤੀ ਲਾਲ, ਅਕਾਸ਼, ਰਜਿੰਦਰਪਾਲ ਸਿੰਘ, ਜਗਤਾਰ ਸਿੰਘ, ਦਵਿੰਦਰ ਸਿੰਘ, ਅਸ਼ੋਕ ਕੁਮਾਰ, ਮਨੋਜ ਕੁਮਾਰ, ਮੋਹਣ ਧਾਮੀ, ਸੁਖਵਿੰਦਰ ਸਿੰਘ, ਕੈਲਾਸ਼ ਚੰਦ, ਗੁਰਚਰਨ, ਲਭਪ੍ਰੀਤ ਸਿੰਘ, ਚਰਨਜੀਤ ਕੌਰ, ਮਨਮੀਤ ਕੌਰ, ਅਜੀਤ ਸਿੰਘ ਕਾਹਲੋ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਗੁਰਦੁਆਰਾ ਕੋਤਵਾਲੀ ਸਾਹਿਬ ਵਿਖੇ ਗੁਰਮਤਿ ਸਮਾਗਮ ਅੱਜ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਡੇਰਾ ਕਾਰ ਸੇਵਾ ਮੋਰਿੰਡਾ ਵਲੋਂ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ 18 ਜੂਨ ਦਿਨ ਵੀਰਵਾਰ ਨੂੰ ਕਰਵਾਇਆ ਜਾ ਰਿਹਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਦਵਿੰਦਰ ਸਿੰਘ ਨੇ ਦੱਸਿਆ ਕਿ ਇਸ ਗੁਰਮਤਿ ਸਮਾਗਮ ਦੌਰਾਨ ਸਵੇਰੇ 9 ਵਜੇ ਤੋਂ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿਚ ਗਿਆਨੀ ਸੇਵਕ ਸਿੰਘ ਕੰਵਲ, ਬਾਬਾ ਸੁਰਿੰਦਰ ਸਿੰਘ ਸੋਢੀ, ਭਾਈ ਹਰਵਿੰਦਰ ਸਿੰਘ ਮਨੈਲੀ ਅਤੇ ਭਾਈ ਸ਼ਰਨਜੀਤ ਸਿੰਘ ਸ੍ਰੀ ਫ਼ਤਹਿਗੜ੍ਹ ਸਾਹਿਬ ਆਦਿ ਵਲੋਂ ਅਪਣੇ ਜਥਿਆਂ ਸਮੇਤ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

## ਵਰਲਡ ਬਲੱਡ ਡੋਨਰ ਡੇ ਮਨਾਇਆ

**ਦਸੂਹਾ (ਕਰਨੈਲ ਮਾਂਗਟ)** ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਦੇ ਦਿਸ਼ਾ ਨਿਰਦੇਸਾਂ ਅਨੁਸਾਰ ਅਤੇ ਐਸ.ਐਮ.ਓ.ਡਾ. ਮਨੋਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਦਸੂਹਾ ਵਿਖੇ ਮਨਾਇਆ ਗਿਆ ਵਰਲਡ ਡੋਨਰ ਡੇ। ਇਸ ਮੌਕੇ ਵੱਖ-ਵੱਖ ਬਲੱਡ ਡੋਨਰ ਜਥੇਬੰਦੀਆਂ ਵੱਲੋਂ ਭਾਗ ਲਿਆ ਗਿਆ ਅਤੇ ਬਲੱਡ ਡੋਨਰ ਜਥੇਵੰਦੀਆਂ ਦੇ ਵਲੰਟੀਅਰਾਂ ਵੱਲੋਂ ਖੂਨ-ਦਾਨ ਵੀ ਕੀਤਾ ਗਿਆ। ਇਸ ਮੌਕੇ ਮੌਕੇ ਐੱਸ ਐੱਮ ਓ.ਡਾ. ਮਨਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਨੇ ਦੱਸਿਆ ਕਿ ਖੂਨ ਦਾਨ ਕਰਨ ਨਾਲ ਅਸੀਂ ਬਹੁਤ ਸਾਰੀਆਂ ਬਿਮਾਰੀਆਂ ਤੋਂ ਬੱਚ ਸਕਦੇ ਹਾਂ ਜਿਵੇ ਖੂਨ ਦੇ ਸੈੱਲਾਂ ਦੀ ਪਰਫਾਮੈਂਸ ਅਤੇ ਸਿਹਤ ਵਿੱਚ ਸੁਧਾਰ। ਇਸ ਮੌਕੇ ਐੱਸ ਐੱਮ ਓ.ਡਾ. ਮਨੋਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਨੇ ਵੱਖ-ਵੱਖ ਬਲੱਡ ਡੋਨਰ ਜਥੇਵੰਦੀਆਂ ਨੂੰ ਸਨਮਾਨਤ ਵੀ ਕੀਤਾ ਗਿਆ ਅਤੇ ਬਲੱਡ ਡੋਨਰ ਜਥੇਵੰਦੀਆਂ, ਸਮੂਹ ਸਟਾਫ ਨੂੰ ਅਤੇ ਨਰਸਿੰਗ ਸਟੂਡੈਂਟ ਨੂੰ ਖੂਨਦਾਨ ਕਰਨ ਬਾਰੇ ਪ੍ਰੇਰਤ ਵੀ ਕੀਤਾ ਗਿਆ। ਇਸ ਮੌਕੇ ਤੇ ਡਾ. ਕੁਲਵਿੰਦਰ ਸਿੰਘ, ਡਾ. ਸ਼ੁੱਭਪਰਿੰਦਰ ਕੌਰ , ਡਾ. ਹਰਸ਼, ਡਾ.ਹਰਸ਼ਪ੍ਰੀਤ ਕੌਰ, ਸੀਨੀਅਰ ਮੈਡੀਕਲ ਲੈਬ ਟੈਕਨੀਸ਼ੀਅਨ ਡੈਨੀਅਲ, ਨਰਸਿੰਗ ਸਿਸਟਰ ਜਸਵਿੰਦਰ ਕੌਰ,ਐੱਲ ਐੱਚ ਵੀ ਕੁਲਜੀਤ ਕੌਰ,ਲੈਬ ਟੈਕਨੀਸ਼ੀਅਨ ਹਰਦਿਆਲ ਸਿੰਘ, ਸਟਾਫ ਨਰਸ ਰਜਿੰਦਰ ਕੌਰ, ਏ ਐੱਨ ਐੱਮ ਰਾਜ ਰਾਣੀ, ਏ ਐੱਨ ਐੱਮ ਕਿਰਨ ਬਾਲਾ, ਸਿਹਤ ਕਰਮਚਾਰੀ ਗੁਰਨਾਮ ਸਿੰਘ ,ਰਛਪਾਲ ਸਿੰਘ ਅਤੇ ਨਰਸਿੰਗ ਕਾਲਜ ਦੇ ਟੀਚਰ ਅਤੇ ਸਟੂਡੈਂਟ ਹਾਜ਼ਰ ਸਨ।



## ਗਮਾਡਾ ਦੇ ਕਰੋੜਾਂ ਰੁਪਏ ਦੇ ਬਕਾਏ ਵਸੂਲਣ 'ਚ ਨਾਕਾਮ ਰਹੀ ਸਰਕਾਰ : ਬਲਬੀਰ ਸਿੱਧੂ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਲਗਭਗ 20 ਰੀਅਲ ਐਸਟੇਟ ਪ੍ਰਮੋਟਰਾਂ ਨੇ ਸਰਕਾਰ ਦੇ 1000 ਕਰੋੜ ਰੁਪਏ ਤੋਂ ਵੱਧ ਦੇ ਬਕਾਏ ਅਜੇ ਤੱਕ ਅਦਾ ਨਹੀਂ ਕੀਤੇ। ਇਹ ਸਾਰੇ ਪ੍ਰਾਜੈਕਟ ਮੋਹਾਲੀ ਵਿੱਚ ਹਨ ਅਤੇ ਗਮਾਡਾ ਦੇ ਅਧੀਨ ਹਨ। ਸਭ ਤੋਂ ਗੰਭੀਰ ਗੱਲ ਇਹ ਹੈ ਕਿ ਬਕਾਏਦਾਰਾਂ ਦੀ ਸੂਚੀ ਵਿੱਚ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨਾਲ ਸੰਬੰਧਿਤ ਜਨਤਾ ਪ੍ਰਮੋਟਰ ਲੈਂਡ ਦਾ ਨਾਮ ਵੀ ਸ਼ਾਮਲ ਹੈ, ਜਿਸ 'ਤੇ ਕਰੀਬ 152 ਕਰੋੜ ਰੁਪਏ ਬਕਾਇਆ ਹੈ। ਬਲਬੀਰ ਸਿੱਧੂ ਨੇ ਕਿਹਾ ਕਿ ਇਹ ਬਹੁਤ ਹੀ ਦੁੱਖਦਾਈ ਅਤੇ ਵਿਤਕਰੇ ਵਾਲੀ ਗੱਲ ਹੈ ਕਿ ਪੰਜਾਬ ਦੇ ਕਿਸਾਨਾਂ ਨੂੰ ਆਪਣੇ ਹੱਕਾਂ ਲਈ ਸੰਘਰਸ਼ ਕਰਨਾ ਪੈਂਦਾ ਹੈ, ਉਨ੍ਹਾਂ ਦੇ ਕਰਜ਼ੇ ਮੁਆਫ਼ ਨਹੀਂ ਕੀਤੇ ਜਾਂਦੇ ਅਤੇ ਛੋਟੀਆਂ-ਛੋਟੀਆਂ ਬਕਾਇਆ ਰਕਮਾਂ ਲਈ ਨੋਟਿਸ ਭੇਜੇ ਜਾਂਦੇ ਹਨ।ਪਰ ਦੂਜੇ ਪਾਸੇ ਆਪ ਦੇ ਵਿਧਾਇਕਾਂ ਅਤੇ ਵੱਡੇ ਬਿਲਡਰਾਂ ਦੀ ਗੱਲ ਆਉਂਦੀ ਹੈ ਤਾਂ ਸਰਕਾਰ ਚੁੱਪ ਕਿਉਂ ਹੋ ਜਾਂਦੀ ਹੈ? ਇਸ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਆਮ ਆਦਮੀ ਅਤੇ ਕਿਸਾਨਾਂ ਲਈ ਇੱਕ ਕਾਨੂੰਨ ਹੈ, ਜਦਕਿ ਸੱਤਾਧਾਰੀ ਪਾਰਟੀ ਦੇ ਚਹੇਤੇ ਬਿਲਡਰਾਂ ਲਈ ਦੂਜਾ।

ਸਿੱਧੂ ਨੇ ਮੰਗ ਕੀਤੀ ਕਿ ਗਮਾਡਾ ਦੇ ਸਾਰੇ ਬਕਾਏਦਾਰਾਂ ਤੋਂ ਬਿਨਾਂ ਕਿਸੇ ਸਿਆਸੀ ਦਖ਼ਲ ਦੇ ਹਰ ਡਿਫਾਲਟਰ ਤੋਂ ਸਰਕਾਰੀ ਰਕਮ ਦੀ ਤੁਰੰਤ ਵਸੂਲੀ ਕੀਤੀ ਜਾਵੇ ਤਾਂ ਜੋ ਪੰਜਾਬ ਦੇ ਖ਼ਜ਼ਾਨੇ ਨੂੰ ਹੋ ਰਹੇ ਨੁਕਸਾਨ ਨੂੰ ਰੋਕਿਆ ਜਾ ਸਕੇ।



## ਹਰਿਆਣਾ ਸਰਕਾਰ ਨੇ ਮੰਗੇ ਰਾਈਟ ਟੂ ਸਰਵਿਸ ਕਮਿਸ਼ਨ ਲਈ ਬਿਨੈ-ਪੱਤਰ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਹਰਿਆਣਾ ਰਾਈਟ ਟੂ ਸਰਵਿਸ ਕਮਿਸ਼ਨ ਵਿੱਚ ਮੁੱਖ ਕਮਿਸ਼ਨਰ ਅਤੇ ਕਮਿਸ਼ਨਰ ਦੇ ਅਹੁਦਿਆਂ 'ਤੇ ਨਿਯੁਕਤੀ ਲਈ ਬਿਨੈ-ਪੱਤਰ ਮੰਗੇ ਹਨ। ਚੋਣ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਰਾਜ ਸਰਕਾਰ ਨੇ ਇੱਕ ਸਰਚ ਕਮੇਟੀ ਦਾ ਗਠਨ ਕੀਤਾ ਹੈ, ਜੋ ਢੁਕਵੇਂ ਉਮੀਦਵਾਰਾਂ ਦੀ ਪਛਾਣ ਕਰਕੇ ਐਕਟ ਦੇ ਤਹਿਤ ਗਠਿਤ ਵਿਧਾਨਕ ਕਮੇਟੀ ਨੂੰ ਆਪਣੀਆਂ ਸਿਫ਼ਾਰਸ਼ਾਂ ਭੇਜੇਗੀ।ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਅਧਿਕਾਰਤ ਨੋਟੀਫਿਕੇਸ਼ਨ ਅਨੁਸਾਰ, ਹਰਿਆਣਾ ਸੇਵਾ ਦਾ ਅਧਿਕਾਰ ਐਕਟ, 2014 ਦੇ ਤਹਿਤ ਗਠਿਤ ਕਮਿਸ਼ਨ ਵਿੱਚ ਇੱਕ ਮੁੱਖ ਕਮਿਸ਼ਨਰ ਤੇ ਵੱਧ ਤੋਂ ਵੱਧ ਚਾਰ ਕਮਿਸ਼ਨਰ ਨਿਯੁਕਤ ਕੀਤੇ ਜਾ ਸਕਦੇ ਹਨ। ਐਕਟ ਦੇ ਉਪਬੰਧਾਂ ਅਨੁਸਾਰ, ਮੁੱਖ ਕਮਿਸ਼ਨਰ ਦੇ ਅਹੁਦੇ ਲਈ ਹਰਿਆਣਾ ਦੇ ਮੁੱਖ ਸਕੱਤਰ ਜਾਂ ਕੇਂਦਰ ਸਰਕਾਰ ਦੇ ਸਕੱਤਰ ਪੱਧਰ ਅਤੇ ਇਸ ਦੇ ਬਰਾਬਰ ਦੇ ਅਹੁਦੇ 'ਤੇ ਕੰਮ ਕਰ ਰਹੇ ਜਾਂ ਸੇਵਾਮੁਕਤ ਅਧਿਕਾਰੀ ਯੋਗ ਹਨ।ਇਸੇ ਤਰ੍ਹਾਂ ਕਮਿਸ਼ਨ ਵਿੱਚ ਕਮਿਸ਼ਨਰ ਦੀ ਇੱਕ ਖਾਲੀ ਅਸਾਮੀ ਨੂੰ ਭਰਨ ਲਈ ਵੀ ਬਿਨੈ-ਪੱਤਰ ਮੰਗੇ ਗਏ ਹਨ। ਚੁਣੇ ਗਏ ਉਮੀਦਵਾਰ ਅਹੁਦਾ ਸੰਭਾਲਣ ਦੀ ਮਿਤੀ ਤੋਂ ਪੰਜ ਸਾਲ ਦੀ ਮਿਆਦ ਜਾਂ 65 ਸਾਲ ਦੀ ਉਮਰ ਪੂਰੀ ਹੋਣ ਤੱਕ, ਜੋ ਵੀ ਪਹਿਲਾਂ ਹੋਵੇ, ਅਹੁਦੇ 'ਤੇ ਕੰਮ ਕਰਨਗੇ।

## ਮਹਾਂ ਸਤੀ ਦਾਦੀ ਰਾਣੀ ਦੇ ਦਰਬਾਰ 'ਤੇ ਸਾਲਾਨਾ ਧਾਰਮਿਕ ਸਮਾਗਮ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪਿੰਡ ਮੁੱਗੋਵਾਲ ਵਿਖੇ ਮਹਾਂਸਤੀ ਦਾਦੀ ਰਾਣੀ ਦੀ ਯਾਦ ਨੂੰ ਤਾਜ਼ਾ ਰੱਖਦੇ ਸੰਘਾ ਗੋਤ ਨਾਲ ਸੰਬੰਧਿਤ ਬਾਵਾ ਦੇਵੀ ਦਿਆਲ ਉਰਫ ਨਾਂਗਾ ਬਾਵਾ ਅਤੇ ਬਾਬਾ ਗਿਆਨਪੁਰੀ ਨੂੰ ਸਮਰਪਿਤ ਵਿਸ਼ਾਲ ਯੱਗ ਅਤੇ ਸੱਭਿਆਚਾਰਕ ਮੇਲਾ ਕਰਵਾਇਆ ਗਿਆ। ਮਹਾਂਸਤੀ ਪ੍ਰਬੰਧਕ ਕਮੇਟੀ, ਨੌਜਵਾਨ ਸਭਾ, ਸਮੂੰਹ ਨਗਰ ਨਿਵਾਸੀ ਅਤੇ ਗ੍ਰਾਮ ਪੰਚਾਇਤ ਪਿੰਡ ਮੁੱਗੋਵਾਲ ਵੱਲੋਂ ਸਾਂਝੇ ਤੌਰ ਤੇ ਕਰਵਾਏ ਜਾ ਰਹੇ ਇਸ ਸਮਾਗਮ ਸੰਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਭੁਪਿੰਦਰ ਸਿੰਘ ਸੰਘਾ, ਪ੍ਰਧਾਨ ਬਲਵੀਰ ਸਿੰਘ ਸੰਘਾ ਅਤੇ ਸਾਬਕਾ ਸਰਪੰਚ ਸੁਖਵਿੰਦਰ ਸਿੰਘ ਨੇ ਦੱਸਿਆ ਕਿ 12 ਜੂਨ ਦਿਨ ਸ਼ੁਕਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਅਤੇ ਸ੍ਰੀ ਰਾਮਾਇਣ ਦੇ ਪਾਠ ਆਰੰਭ ਕੀਤੇ ਗਏ ਅਤੇ ਹਲਟ ਦੌੜਾ ਕਰਵਾਈਆਂ ਗਈਆਂ।13 ਜੂਨ ਦਿਨ ਸ਼ਨੀਵਾਰ ਨੂੰ ਸ੍ਰੀ ਰਮਾਇਣ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਸੁਮੀਤ ਸ਼ਰਮਾ ਮਿਊਜੀਕਲ ਗਰੁੱਪ ਜਲੰਧਰ ਵੱਲੋਂ ਮਹਾਮਾਈ ਦਾ ਗੁਣ ਗਾਇਨ ਕੀਤਾ ਗਿਆ। 14 ਜੂਨ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ ਪਾਇਆ ਗਿਆ ਜਿਸ ਵਿੱਚ ਹਰਖੋਵਾਲ ਤੋਂ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਨੇ ਸੰਗਤਾਂ ਨਾਲ ਧਾਰਮਿਕ ਪ੍ਰਵਚਨ ਕੀਤੇ। ਸ਼ਾਮ ਨੂੰ ਮਹਾਂਸਤੀ ਦਾਦੀ ਰਾਣੀ ਦੀ ਪਾਲਕੀ ਦੀ ਸਾਰੇ ਪਿੰਡ ਵਿੱਚ ਸ਼ੋਭਾ ਯਾਤਰਾ ਕੀਤੀ ਗਈ। 15 ਜੂਨ ਦਿਨ ਸੋਮਵਾਰ ਨੂੰ ਸੱਭਿਆਚਾਰਕ ਮੇਲੇ ਦੌਰਾਨ ਹਸਨ ਮਾਣਕ, ਬਲਕਾਰ ਅਣਖੀਲਾ ਤੇ ਮਨਜਿੰਦਰ ਗੁਲਸ਼ਨ ਅਤੇ ਗੁਲਾਬ ਸਿੱਧੂ ਧਾਰਮਿਕ ਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।

ਚਾਰ ਦਿਨ ਚੱਲੇ ਇਸ ਸਮਾਗਮ ਵਿੱਚ ਮਾਤਾ ਜੀ ਦੇ ਲੰਗਰ ਅਟੁੱਟ ਚੱਲੇ। ਇਸ ਮੌਕੇ ਪੰਡਿਤ ਨਰਿੰਦਰ ਮੋਹਨ ਨਿੰਦੀ ਸਾਬਕਾ ਸਰਪੰਚ, ਜਸਵੀਰ ਸਿੰਘ, ਜੋਗਾ ਸਿੰਘ, ਹਰਦੀਪ ਸਿੰਘ, ਸੁਰਿੰਦਰ ਕੁਮਾਰ ਸ਼ੈਂਕੀ, ਦਲਜੀਤ ਸਿੰਘ ਸੰਘਾ ਸਮੇਤ ਕਮੇਟੀ ਮੈਂਬਰ ਅਤੇ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।



## ਪਾਣੀ ਦੇ ਨਿਕਾਸ ਦਾ ਮਾਮਲਾ ਜਿਉਂ ਦਾ ਤਿਉਂ : ਕੋਰਾ

**ਖਰੜ (ਹਰਨਾਮ ਸਿੰਘ ਡੱਲਾ)**- ਭਾਰਤੀ ਕਮਿਊਨਿਸਟ ਪਾਰਟੀ ਤਹਿਸੀਲ ਖਰੜ ਦੀ ਇੱਕ ਮੀਟਿੰਗ ਕਾਮਰੇਡ ਐਸ ਆਈ ਸਿੰਘ ਕੋਰਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਤੇ ਪਿੰਡਾਂ ਦੇ ਵਿਕਾਸ ਕਾਰਜਾਂ ਉੱਤੇ ਚਰਚਾ ਕੀਤੀ ਗਈ। ਇਸ ਸਮੇਂ ਕਾਮਰੇਡ ਕੋਰਾ ਨੇ ਮੀਟਿੰਗ ਵਿੱਚ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਪਿੰਡਾਂ ਤੇ ਸ਼ਹਿਰਾਂ ਵਿੱਚ ਮੈਂਬਰਸ਼ਿਪ ਮੁਹਿੰਮ ਚਲਾ ਕੇ ਮੈਂਬਰਸ਼ਿਪ ਵਿੱਚ ਵਾਧਾ ਕਰੇਗੀ। ਇਸ ਮੌਕੇ ਕਾਮਰੇਡ ਹਰਮੇਲ ਸਿੰਘ ਚੋਲਟਾ ਨੇ ਕਿਹਾ ਕਿ ਪਿੰਡਾਂ ਦੇ ਲੋਕ ਵਿਕਾਸ ਕਾਰਜਾਂ ਅਤੇ ਸਿਹਤ ਸਹੂਲਤਾਂ ਲਈ ਲਹਿਰਾਂ ਨਾਲੋਂ ਬਹੁਤ ਪਛੜ ਚੁੱਕੇ ਹਨ। ਜਿਸ ਵੱਲ ਸਰਕਾਰ ਦਾ ਕੋਈ ਧਿਆਨ ਨਹੀਂ ਹੈ। ਪਿੰਡਾਂ ਦੇ ਪਾਣੀ ਦੇ ਨਿਕਾਸ ਦੀ ਵੀ ਮਾੜੀ ਹਾਲਤ ਹੈ। ਸੜਕਾਂ ਟੁੱਟੀਆਂ ਹੋਈਆਂ ਹਨ ਤੇ ਲੋਕਾਂ ਦੇ ਆਵਾਜਾਈ ਦੇ ਸਾਧਨ ਵੀ ਇਹਨਾਂ ਟੁੱਟੀਆਂ ਸੜਕਾਂ ਕਰਕੇ ਬਰਬਾਦ ਹੋ ਰਹੇ ਹਨ। ਪਿੰਡ ਚੰਦੋ ਗੋਬਿੰਦਗੜ੍ਹ ਦੇ ਪਾਣੀ ਦੇ ਨਿਕਾਸ ਦਾ ਮਾਮਲਾ ਹਾਲੇ ਤੱਕ ਜਿਉਂ ਦਾ ਤਿਉਂ ਹੈ ।ਉਹਨਾਂ ਕਿਹਾ ਕਿ ਵਿਕਾਸ ਦੀਆਂ ਸਮੱਸਿਆਵਾਂ ਦਾ ਹੱਲ ਨਾ ਹੋਣ ਕਰਕੇ ਲੋਕ ਸੰਘਰਸ਼ ਲਈ ਮਜਬੂਰ ਹਨ ਤੇ ਭਾਰਤੀ ਕਮਿਊਨਿਸਟ ਪਾਰਟੀ ਲੋਕਾਂ ਦੇ ਹਰ ਸੰਘਰਸ਼ ਵਿੱਚ ਲੋਕਾਂ ਦਾ ਸਾਥ ਦੇਵੇਗੀ ਤੇ ਮੋਹਰੀ ਭੂਮਿਕਾ ਨਿਭਾਏਗੀ। ਇਸ ਮੀਟਿੰਗ ਵਿੱਚ ਸਾਥੀ ਭੁਪਿੰਦਰ ਸਿੰਘ ਮਾਵੀ, ਤੇਜਾ ਸਿੰਘ, ਜਰਨੈਲ ਸਿੰਘ, ਕੈਪਟਨ ਮਲਕੀਤ ਸਿੰਘ ਮਨਾਣਾ ਤੇ ਕੇਸਰ ਸਿੰਘ ਵੀ ਮੌਜੂਦ ਸਨ।



## ਵਿਦਿਅਕ ਅਦਾਰਿਆਂ ਦੇ ਧਾਰਮਿਕ ਅਧਿਆਪਕਾਂ ਦੇ ਪੰਜ ਦਿਨਾ ਕੈਂਪ ਦੀ ਸੰਪੂਰਨਤਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਚਲਾਏ ਜਾ ਰਹੇ ਸਿੱਖ ਮਿਸ਼ਨਰੀ ਕਾਲਜਾਂ, ਗੁਰਮਤਿ ਅਕੈਡਮੀਆਂ ਤੇ ਵਿਦਿਆਲਿਆਂ ਦੇ ਪ੍ਰਿੰਸੀਪਲ, ਅਧਿਆਪਕਾਂ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਸਕੂਲਾਂ ਕਾਲਜਾਂ ਦੇ ਧਾਰਮਿਕ ਅਧਿਆਪਕਾਂ ਦਾ ਗੁਰਮਤਿ ਸਿੱਖਿਆ ਅਤੇ ਅਧਿਆਪਨ ਸੇਧਾਂ ਵਿਸ਼ੇ ਤਹਿਤ ਭਾਈ ਨੰਦ ਲਾਲ ਪਬਲਿਕ ਸਕੂਲ, ਸ੍ਰੀ ਅਨੰਦਪੁਰ ਸਾਹਿਬ ਵਿਖੇ ਲਗਾਏ ਗਏ ਪੰਜ ਰੋਜ਼ਾ ਕੈਂਪ ਦੀ ਸੰਪੂਰਨਤਾ ਹੋਈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਭਗਤ ਰਵਿਦਾਸ ਜੀ ਦੇ 650 ਸਾਲਾ ਜਨਮ ਦਿਹਾੜੇ ਤੇ ਸ੍ਰੀ ਅੰਮ੍ਰਿਤਸਰ ਦੇ 450 ਸਾਲਾ ਸਥਾਪਨਾ ਦਿਵਸ ਨੂੰ ਸਮਰਪਿਤ ਲਗਾਏ ਗਏ ਇਸ ਕੈਂਪ ਦੌਰਾਨ ਵੱਖ-ਵੱਖ ਸਿੱਖ ਵਿਦਵਾਨਾਂ ਨੇ ਧਾਰਮਿਕ ਅਧਿਆਪਕਾਂ ਨਾਲ ਗੁਰਮਤਿ ਸਿੱਖਿਆ ਅਤੇ ਅਧਿਆਪਨ ਖੇਤਰ ਬਾਰੇ ਵਿਚਾਰ ਸਾਂਝੇ ਕੀਤੇ। ਕੈਂਪ ਦੀ ਸਮਾਪਤੀ ਸਮੇਂ ਕਰਵਾਏ ਗਏ ਸਮਾਗਮ 'ਚ ਅੰਤ੍ਰਿੰਗ ਕਮੇਟੀ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਅਜੈਬ ਸਿੰਘ ਅਭਿਆਸੀ, ਸੁਖਵਰਸ਼ ਸਿੰਘ ਪੰਨੂ, ਸਕੱਤਰ ਗੁਰਿੰਦਰ ਸਿੰਘ ਮਥਰੇਵਾਲ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਪੰਜ ਰੋਜ਼ਾ ਗੁਰਮਤਿ ਕੈਂਪ ਦਾ ਉਦਘਾਟਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕੀਤਾ ਗਿਆ। ਕੈਂਪ ਦੌਰਾਨ ਬੁਲਾਰਿਆ ਨੇ ਕਿਹਾ ਕਿ ਕੌਮ ਦੀ ਚੜ੍ਹਦੀ ਕਲਾ ਅਤੇ ਨੌਜੁਆਨ ਪੀੜ੍ਹੀ ਨੂੰ ਗੁਰਮਤਿ ਨਾਲ ਜੋੜਨ ਲਈ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣੇ ਚਾਹੀਦੇ ਹਨ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ ਨੇ ਕੈਂਪ ਦੀ ਸਫਲਤਾ ਲਈ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਦਵਾਨਾਂ ਵੱਲੋਂ ਸਾਂਝੇ ਕੀਤੇ ਗਏ ਵਿਚਾਰਾਂ ਤੋਂ ਪ੍ਰੇਰਨਾ ਲੈ ਕੇ ਉੱਚ ਕੋਟੀ ਦੇ ਰਾਗੀ, ਢਾਡੀ ਅਤੇ ਪ੍ਰਚਾਰਕ ਤਿਆਰ ਕਰਨ ਲਈ ਹੋਰ ਯਤਨ ਕੀਤੇ ਜਾਣਗੇ। ਕੈਂਪ ਦੇ ਪਹਿਲੇ ਦਿਨ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਗੁਰਬਾਣੀ ਸੰਥਿਆਂ ਅਤੇ ਸਿਖਲਾਈ ਦੇ ਬੁਨਿਆਦੀ ਨੁਕਤਿਆਂ ਬਾਰੇ ਜਾਣਕਾਰੀ ਦਿੱਤੀ, ਜਦਕਿ ਪ੍ਰਿੰਸੀਪਲ ਸੁਰਜੀਤ ਸਿੰਘ ਨੇ ਗੁਰਮਤਿ ਸੰਗੀਤ ਨਾਲ ਸਬੰਧਤ ਵਿਚਾਰ ਸਾਂਝੇ ਕੀਤੇ। ਦੂਜੇ ਦਿਨ ਡਾ. ਸਰਬਜੀਤ ਰੇਣੂਕਾ ਨੇ ਵਿਦਿਆਰਥੀਆਂ ਵਿਚ ਚੜ੍ਹਦੀ ਕਲਾ ਦੀ ਭਾਵਨਾ ਪੈਦਾ ਕਰਨ ਦੇ ਤਰੀਕਿਆਂ ਅਤੇ ਪ੍ਰਿੰਸੀਪਲ ਕੁਲਰਾਜ ਸਿੰਘ ਨੇ ਨਿੱਜੀ ਜੀਵਨ ਅਤੇ ਉੱਚੀ ਸੁੱਚੀ ਰਹਿਣੀ ਬਾਰੇ ਆਪਣੇ ਵਿਚਾਰ ਰੱਖੇ। ਇਸੇ ਤਰ੍ਹਾਂ ਤੀਜੇ ਦਿਨ ਡਾ. ਦਵਿੰਦਰ ਸਿੰਘ ਜੌਹਲ ਨੇ ਸਿੱਖਿਆ, ਮਨੋਵਿਗਿਆਨਕ ਅਤੇ ਡਾ. ਰਵਿੰਦਰ ਸਿੰਘ ਨੇ ਭਗਤ ਰਵਿਦਾਸ ਜੀ ਦੀ ਬਾਣੀ ਦੇ ਸਮਾਜਿਕ ਸੰਸਕਾਰਾਂ ਬਾਰੇ ਚਾਨਣਾ ਪਾਇਆ। ਚੌਥੇ ਦਿਨ ਡਾ. ਸਤਨਿੰਦਰ ਸਿੰਘ ਬੋਦਲ ਨੇ ਕੀਰਤਨ ਸ਼ੈਲੀਆਂ ਅਤੇ ਰਿਆਜ਼ ਦੀਆਂ ਵਿਧੀਆਂ ਬਾਰੇ ਜਾਣਕਾਰੀ ਦਿੱਤੀ, ਜਦਕਿ ਡਾ. ਜਸਵੰਤ ਸਿੰਘ ਨੇ ਧਾਰਮਿਕ ਵਿਦਿਆ ਦੇ ਅਜੋਕੇ ਪ੍ਰਸੰਗਾਂ ਉੱਤੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਕੈਂਪ ਦੇ ਆਖ਼ਰੀ ਦਿਨ ਭਾਈ ਅਜੈਬ ਸਿੰਘ ਅਭਿਆਸੀ ਅਤੇ ਸ. ਸੁਖਵਰਸ਼ ਸਿੰਘ ਪੰਨੂ ਨੇ ਸੰਬੋਧਨ ਕਰਦਿਆਂ ਪੰਥ ਨੂੰ ਦਰਪੇਸ਼ ਚੁਣੌਤੀਆਂ ਅਤੇ ਉਨ੍ਹਾਂ ਦੇ ਹੱਲ ਬਾਰੇ ਵਿਚਾਰ ਪ੍ਰਗਟ ਕੀਤੇ। ਕੈਂਪ ਦੇ ਸਮਾਪਤੀ ਸਮਾਰੋਹ ਦੌਰਾਨ ਪ੍ਰਿੰਸੀਪਲਾਂ, ਇੰਚਾਰਜਾਂ ਅਤੇ ਅਧਿਆਪਕਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਇੰਚਾਰਜ ਡਾ. ਜੋਗੇਸ਼ਵਰ ਸਿੰਘ, ਰਾਜਪਾਲ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਮਲਕੀਤ ਸਿੰਘ, ਵਧੀਕ ਮੈਨੇਜਰ ਸ. ਹਰਦੇਵ ਸਿੰਘ, ਸੁਪਰਵਾਈਜ਼ਰ ਭੁਪਿੰਦਰ ਸਿੰਘ, ਜਸਵੀਰ ਸਿੰਘ, ਪਰਮਜੀਤ ਸਿੰਘ, ਮਲਕੀਤ ਸਿੰਘ, ਭਾਈ ਗੁਰਭਾਗ ਸਿੰਘ ਸਮੇਤ ਹੋਰ ਪ੍ਰਬੰਧਕਾਂ ਨੇ ਸੇਵਾਵਾਂ ਨਿਭਾਈਆਂ।




## ਮੱਸਿਆ ਦਾ ਦਿਹਾੜਾ ਸ਼ਰਧਾਪੂਰਵਕ ਮਨਾਇਆ

**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਿਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਹਾੜ ਮਹੀਨੇ ਦੀ ਮੱਸਿਆ ਨੂੰ ਮਨਾਉਂਦੇ ਹੋਏ ਮਹੀਨਾ ਵਾਰੀ ਧਾਰਮਿਕ ਸਮਾਗਮ ਕਰਵਾਇਆ ਗਿਆ। ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਵਾਲਿਆਂ ਦੇ ਮੁਖੀ ਜਿੰਦਾ ਸ਼ਹੀਦ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਸੀਕਰੀ ਦੀ ਦੇਖ-ਰੇਖ ਹੇਠ ਹੋਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ 13 ਜੂਨ ਤੋਂ ਆਰੰਭ ਕੀਤੀ ਗਈ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪਾਏ ਗਏ। ਇਸ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਭਾਈ ਹਰਭਜਨ ਸਿੰਘ ਸੋਤਲੇ ਵਾਲੇ ਤੇ ਹੋਰਨਾ ਰਾਗੀ ਢਾਡੀ ਜਥਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਜਿੱਥੇ ਗੁਰੂ ਚਰਨਾਂ ਨਾਲ ਜੋੜਿਆ ਉੱਥੇ ਹੀ ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜੀ ਦੀ ਮਹਾਨ ਸ਼ਹਾਦਤ ਤੇ ਵੀ ਚਾਨਣਾ ਪਾਇਆ। ਇਸੇ ਦੌਰਾਨ ਹੀ ਵੇਵਜ ਹਸਪਤਾਲ ਟਾਂਡਾ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਮੁਫ਼ਤ ਸਿਹਤ ਜਾਂਚ ਕੈਂਪ ਲਗਾਇਆ ਗਿਆ। ਹਸਪਤਾਲ ਦੇ ਡਾਇਰੈਕਟਰ ਡਾ. ਲਵਪ੍ਰੀਤ ਸਿੰਘ ਪਾਬਲਾ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਡਾ. ਗੁਰਜੋਤ ਸਿੰਘ ਪਾਬਲਾ ਦੀ ਅਗਵਾਈ ਵਿੱਚ ਲਗਾਏ ਗਏ ਇਸ ਕੈਂਪ ਦੌਰਾਨ ਡਾ. ਵਰਿੰਦਰ ਪਾਲ ਸਿੰਘ, ਅਮਨਦੀਪ ਕੌਰ, ਅਮਨ, ਅਮਨਪ੍ਰੀਤ ਕੌਰ, ਰਜਿੰਦਰ ਸਿੰਘ, ਡਾ. ਅਜੇਪਾਲ ਸਿੰਘ, ਪ੍ਰਭਜੋਤ ਸਿੰਘ ਦੀ ਟੀਮ ਨੇ ਸ਼ਰਧਾਲੂਆਂ ਦੀ ਸਿਹਤ ਸੰਬੰਧੀ ਜਾਂਚ ਕੀਤੀ ਤੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ।

ਕੈਂਪ ਦੀ ਸਮਾਪਤੀ ਤੇ ਬਾਬਾ ਕੁਲਦੀਪ ਸਿੰਘ ਵੱਲੋਂ ਸਮੁੱਚੀ ਡਾਕਟਰੀ ਟੀਮ ਦਾ ਸਨਮਾਨ ਕੀਤਾ ਗਿਆ।



# ਐੱਲ ਪੀ ਯੂ ਨੇ 58 ਹੋਣਹਾਰ ਵਿਦਿਆਰਥੀਆਂ ਨੂੰ ਦਿੱਤੀ 58 ਲੱਖ ਦੀ ਸਟੱਡੀ ਗ੍ਰਾਂਟ

**ਜਲੰਧਰ (ਸ਼ੈਲੀ ਐਲਬਰਟ)**- ਦੇਸ਼ ਭਰ ਵਿੱਚ ਅਕਾਦਮਿਕ ਉੱਤਮਤਾ ਨੂੰ ਮਾਨਤਾ ਦਿੰਦੇ ਹੋਏ ਅਤੇ ਸਮਰਥਨ ਕਰਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ 7ਵੇਂ ਐੱਲ ਪੀ ਯੂ ਐੱਨ ਈ ਐੱਸ ਟੀ ਸਟੱਡੀ ਗ੍ਰਾਂਟ ਅਵਾਰਡ ਸਮਾਰੋਹ ਵਿੱਚ ਭਾਰਤ ਭਰ ਦੇ 58 ਹੋਣਹਾਰ ਵਿਦਿਆਰਥੀਆਂ ਨੂੰ ?58



ਲੱਖ ਦੀ ਸਟੱਡੀ ਗ੍ਰਾਂਟ ਪ੍ਰਦਾਨ ਕੀਤੀ। ਇਹ ਵਿਦਿਆਰਥੀ ਦੇਸ਼ ਦੇ ਕੁਝ ਸਭ ਤੋਂ ਵੱਕਾਰੀ ਸੰਸਥਾਵਾਂ ਵਿੱਚ ਉੱਚ ਸਿੱਖਿਆ ਪ੍ਰਾਪਤ ਕਰ ਰਹੇ ਹਨ, ਜਿਨ੍ਹਾਂ ਵਿੱਚ ਆਈ ਆਈ ਟੀ, ਐੱਨ ਆਈ ਟੀ, ਆਈ ਆਈ ਐੱਮ, ਐੱਨ ਐੱਲ ਯੂ, ਆਈ ਐੱਚ ਐੱਮ, ਐੱਨ ਆਈ ਡੀ, ਐੱਨ ਆਈ ਐੱਫ ਟੀ, ਏ ਆਈ ਐੱਮ ਐੱਸ, ਅਤੇ ਕਈ ਕੇਂਦਰੀ ਅਤੇ ਰਾਜ ਸਰਕਾਰੀ ਯੂਨੀਵਰਸਿਟੀਆਂ ਅਤੇ ਕਾਲਜ (ਐੱਨ ਆਈ ਆਰ ਐੱਫ ਇੰਡੀਆ ਰੈਂਕਿੰਗ-ਮੈਡੀਕਲ ਵਿੱਚ ਦਰਜਾ ਪ੍ਰਾਪਤ) ਸ਼ਾਮਲ ਹਨ। ਐੱਲ ਪੀ ਯੂ ਐੱਨ ਈ ਐੱਸ ਟੀ ਸਟੱਡੀ ਗ੍ਰਾਂਟ ਪ੍ਰਤਿਭਾਸ਼ਾਲੀ ਅਤੇ ਹੋਣਹਾਰ ਵਿਦਿਆਰਥੀਆਂ ਦੀ ਪਛਾਣ ਕਰਨ ਅਤੇ ਸਮਰਥਨ ਕਰਨ ਲਈ ਇੱਕ ਪਹਿਲ ਹੈ, ਭਾਵੇਂ ਉਹ ਐੱਲ ਪੀ ਯੂ ਵਿੱਚ ਦਾਖਲ ਹਨ ਜਾਂ ਨਹੀਂ। ਇਸ ਪ੍ਰੋਗਰਾਮ ਰਾਹੀਂ, ਯੂਨੀਵਰਸਿਟੀ ਦਾ ਉਦੇਸ਼ ਅਕਾਦਮਿਕ ਉੱਤਮਤਾ ਨੂੰ ਮਾਨਤਾ ਦੇਣਾ ਅਤੇ ਉਨ੍ਹਾਂ ਦੇ ਵਿਦਿਅਕ ਸਫ਼ਰ ਵਿੱਚ ਯੋਗ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨਾ ਹੈ।ਇਸ ਗ੍ਰਾਂਟ ਤੋਂ ਇਲਾਵਾ, ਐੱਲ ਪੀ ਯੂ ਜ਼ਰੂਰੀ ਪ੍ਰੀਖਿਆਵਾਂ (10+2 ਜਾਂ ਗ੍ਰੈਜੂਏਸ਼ਨ), ਖੇਡਾਂ, ਸੱਭਿਆਚਾਰ, ਖੋਜ ਅਤੇ ਵਿਕਾਸ, ਸਹਿ-ਪਾਠਕ੍ਰਮ ਗਤੀਵਿਧੀਆਂ, ਸਮਾਜ ਸੇਵਾ ਅਤੇ ਬਹਾਦਰੀ ਲਈ ਕਈ ਤਰ੍ਹਾਂ ਦੀਆਂ ਸਕਾਲਰਸ਼ਿਪਾਂ ਅਤੇ ਪੁਰਸਕਾਰ ਵੀ ਪ੍ਰਦਾਨ ਕਰਦਾ ਹੈ।

ਇਸ ਤੋਂ ਇਲਾਵਾ, ਯੂਨੀਵਰਸਿਟੀ ਅਨਾਥਾਂ, ਸਰੀਰਕ ਤੌਰ 'ਤੇ ਅਪਾਹਜ ਵਿਦਿਆਰਥੀਆਂ ਅਤੇ ਫੌਜੀ ਪਿਛੋਕੜ ਵਾਲੇ ਵਿਦਿਆਰਥੀਆਂ ਲਈ ਵਿਸ਼ੇਸ਼ ਸਕਾਲਰਸ਼ਿਪਾਂ ਦੀ ਪੇਸ਼ਕਸ਼ ਕਰਦੀ ਹੈ।

# ਐੱਸ ਆਈ ਆਰ ਲਈ ਬੀ ਐੱਲ ਓਜ਼ ਨੂੰ ਦਿੱਤੀ ਜਾ ਰਹੀ ਵਿਸ਼ੇਸ਼ ਟ੍ਰੇਨਿੰਗ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਚਲਾਏ ਜਾ ਰਹੇ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐੱਸ ਆਈ ਆਰ) ਪ੍ਰੋਗਰਾਮ ਨੂੰ ਜ਼ਿਲ੍ਹੇ ਵਿੱਚ ਪ੍ਰਭਾਵਸ਼ਾਲੀ ਅਤੇ ਸੁਚਾਰੂ ਢੰਗ ਨਾਲ ਲਾਗੂ ਕਰਨ ਦੇ ਉਦੇਸ਼



ਨਾਲ ਈ ਆਰ ਓਜ਼ ਵੱਲੋਂ ਬੂਥ ਲੈਵਲ ਅਫ਼ਸਰਾਂ (ਬੀ ਐੱਲ ਓਜ਼) ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾ ਰਹੀ ਹੈ। ਇਸੇ ਕੜੀ ਤਹਿਤ ਵਿਧਾਨ ਸਭਾ ਹਲਕਾ 044 ਚੱਬੇਵਾਲ ਦੇ ਟ੍ਰੇਨਿੰਗ ਪ੍ਰੋਗਰਾਮ ਦਾ ਮੰਗਲਵਾਰ ਨੂੰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਨਿਰੀਖਣ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸਹੀ ਬਣਾਉਣ ਵਿੱਚ ਬੀ ਐੱਲ ਓ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਪ੍ਰੋਗਰਾਮ ਤਹਿਤ ਵੋਟਰ ਸੂਚੀਆਂ ਨੂੰ ਅਪਡੇਟ ਕਰਨ ਦਾ ਕੰਮ ਪੂਰੀ ਗੰਭੀਰਤਾ ਅਤੇ ਜ਼ਿੰਮੇਵਾਰੀ ਨਾਲ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਹਰ ਯੋਗ ਨਾਗਰਿਕ ਦਾ ਨਾਂਅ ਵੋਟਰ ਸੂਚੀ ਵਿੱਚ ਸ਼ਾਮਲ ਹੋ ਸਕੇ ਅਤੇ ਕਿਸੇ ਵੀ ਤਰ੍ਹਾਂ ਦੀ ਗਲਤੀ ਦੀ ਸੰਭਾਵਨਾ ਨਾ ਰਹੇ।ਉਨ੍ਹਾਂ ਸਿਖਲਾਈ ਹਾਸਲ ਕਰ ਰਹੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਵੋਟਰ ਸੂਚੀ ਨਾਲ ਸਬੰਧਤ ਕੰਮਾਂ ਨੂੰ ਸਮੇਂ ਸਿਰ ਮੁਕੰਮਲ ਕਰਨ। ਉਨ੍ਹਾਂ ਕਿਹਾ ਕਿ ਸਿਖਲਾਈ ਪ੍ਰਾਪਤ ਬੀ.ਐਲ.ਓਜ਼ ਵੋਟਰਾਂ ਨੂੰ ਜਾਗਰੂਕ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੇ, ਜਿਸ ਨਾਲ ਲੋਕਤੰਤਰੀ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇਗਾ।ਇਸ ਦੌਰਾਨ ਅਸੈਂਬਲੀ ਲੈਵਲ ਮਾਸਟਰ ਟ੍ਰੇਨਰ ਡਾ. ਪ੍ਰਦੀਪ ਕੌਰ, ਵਿਜੈ ਕੁਮਾਰ, ਹਰਦੀਪ ਸਿੰਘ ਅਤੇ ਦਵਿੰਦਰ ਸਿੰਘ ਨੇ ਬੀ ਐੱਲ ਓਜ਼ ਨੂੰ ਐੱਸ ਆਈ ਆਰ ਪ੍ਰੋਗਰਾਮ ਦੇ ਵੱਖ-ਵੱਖ ਪਹਿਲੂਆਂ, ਪ੍ਰਕਿਰਿਆਵਾਂ ਅਤੇ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨਿਧੀ ਕੁਮੁਦ ਬੰਬਾਹ, ਤਹਿਸੀਲਦਾਰ ਚੋਣ ਰਮਨਦੀਪ ਕੌਰ ਅਤੇ ਚੋਣ ਕਾਨੂੰਨਗੋ ਲਖਬੀਰ ਸਿੰਘ ਵੀ ਹਾਜ਼ਰ ਸਨ।

# ਪੰਜਾਬ ਮੰਡੀ ਬੋਰਡ ਨੇ ਸਿਰਜੇ ਵਿਕਾਸ ਦੇ ਨਵੇਂ ਕੀਰਤੀਮਾਨ : ਬਰਸਟ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਕਿਸਾਨ ਭਵਨ, ਚੰਡੀਗੜ੍ਹ ਵਿਖੇ ਬੋਰਡ ਆਫ ਡਾਇਰੈਕਟਰਜ਼ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਮੰਡੀ ਬੋਰਡ ਨਾਲ ਸੰਬੰਧਤ ਵੱਖ-ਵੱਖ ਏਜੰਡਿਆਂ ਉੱਤੇ ਵਿਸਥਾਰ ਨਾਲ ਗੱਲਬਾਤ ਹੋਈ। ਇਸ ਮੌਕੇ ਅਹਿਮ ਏਜੰਡਿਆਂ ਨੂੰ ਪਾਸ ਕੀਤਾ ਗਿਆ ਅਤੇ ਜਲਦ ਤੋਂ ਜਲਦ ਅਮਲੀ-ਜਾਮਾਂ ਪਹਿਨਾਉਣ ਦਾ ਫੈਸਲਾ ਲਿਆ ਗਿਆ। ਇਸ ਮਗਰੋਂ ਪੱਤਰਕਾਰਵਾਰਤਾ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਪਿਛਲੇ ਚਾਰ ਸਾਲਾਂ ਵਿੱਚ ਮੰਡੀ ਬੋਰਡ ਵੱਲੋਂ ਵਿਕਾਸੀ ਕੰਮਾਂ ਅਤੇ ਬੁਨਿਆਦੀ ਢਾਂਚੇ ਦੇ ਸੁਧਾਰ ਵਿੱਚ ਪ੍ਰਾਪਤ ਕੀਤੀਆਂ ਇਤਿਹਾਸਕ ਉਪਲਬੱਧੀਆਂ ਦਾ ਵੇਰਵਾ ਸਾਂਝਾ ਕੀਤਾ। ਚੇਅਰਮੈਨ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਡੀ ਬੋਰਡ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਅਤੇ ਆਮ ਲੋਕਾਂ ਦੀ ਸਹੂਲਤ ਲਈ ਵਚਨਬੱਧਤਾ ਨਾਲ ਕੰਮ ਕਰ ਰਿਹਾ ਹੈ। ਇਸ ਦੌਰਾਨ ਚੇਅਰਮੈਨ ਬਰਸਟ ਨੇ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਨੂੰ ਵਿਧਾਨ ਸਭਾ ਹਲਕਾ ਸਮਾਣਾ ਦੇ ਪਿੰਡ ਦਦਹੇੜਾ ਦੀ ਪੰਚਾਇਤ ਵੱਲੋਂ 18 ਕਿੱਲੇ ਜ਼ਮੀਨ ਫ੍ਰੀ ਆਫ਼ ਕਾਸਟ ਦਿੱਤੀ ਗਈ ਹੈ ਤਾਂ ਜੋ ਉੱਥੇ ਮੰਡੀ ਬਣਾਈ ਜਾ ਸਕੇ। ਸ. ਬਰਸਟ ਵੱਲੋਂ ਪਿੰਡ ਦਦਹੇੜਾ ਦੇ ਸਰਪੰਚ ਗੁਰਜੀਤ ਸਿੰਘ, ਪੰਚ ਤੋਤੀ, ਗੁਰਪ੍ਰੀਤ ਸਿੰਘ, ਗਿਆਨ ਦਾਸ, ਗੋਬਿੰਦ ਸਿੰਘ, ਗੁਰਬਖਸ਼ ਸਿੰਘ, ਸੁਸ਼ੀਲਾ ਰਾਣੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸੇ ਤਰ੍ਹਾਂ ਹਲਕਾ ਸਮਾਣਾ ਦੇ ਪਿੰਡ ਮਹਿਮਦਪੁਰ (ਪਟਿਆਲਾ) ਵਿਖੇ ਗ੍ਰਾਮ ਪੰਚਾਇਤ ਵੱਲੋਂ ਫਰੀ ਆਫ਼ ਕਾਸਟ ਦਿੱਤੀ 19 ਏਕੜ 6 ਕਨਾਲ 13 ਮਰਲੇ ਜ਼ਮੀਨ 'ਤੇ ਸਬ-ਯਾਰਡ ਬਣਾਇਆ ਗਿਆ ਹੈ, ਜਿਸ ਨੂੰ ਆਲੂ ਮੰਡੀ ਹੱਬ ਵੱਜੋਂ ਵਿਕਸਤ ਕੀਤਾ ਜਾ ਰਿਹਾ ਹੈ।

# 'ਆਪ' ਆਗੂ ਤੇ ਪੰਚਾਂ-ਸਰਪੰਚਾਂ ਨੇ ਸਰਕਾਰ ਦੀਆਂ ਪ੍ਰਾਪਤੀਆਂ ਲੋਕਾਂ ਤੱਕ ਪਹੁੰਚਾਉਣ ਦਾ ਲਿਆ ਅਹਿਦ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਗੁੱਜਰ ਸਮਾਜ ਭਲਾਈ ਬੋਰਡ ਦੇ ਚੇਅਰਮੈਨ ਬ੍ਰਿਗੇਡੀਅਰ (ਰਿਟਾ.) ਰਾਜ ਕੁਮਾਰ ਦੀ ਅਗਵਾਈ ਹੇਠ



ਰਾਜ ਬਾਗ ਰਿਸੋਰਟਸ ਸੁਧਾ ਮਾਜਰਾ ਵਿਖੇ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਖ਼ਾਸ ਕਰਕੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ, ਵਰਕਰ ਅਤੇ ਪਿੰਡਾਂ ਦੇ ਪੰਚ-ਸਰਪੰਚ ਵੱਡੀ ਗਿਣਤੀ ਵਿੱਚ ਇਕੱਠੇ ਹੋਏ। ਮੀਟਿੰਗ ਦੌਰਾਨ ਸਾਰਾ ਦਿਨ ਹਲਕੇ ਦੇ ਸਾਥੀਆਂ ਅਤੇ ਸਮਰਥਕਾਂ ਦੀ ਭਾਰੀ ਰੌਣਕ ਲੱਗੀ ਰਹੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬ੍ਰਿਗੇਡੀਅਰ ਰਾਜ ਕੁਮਾਰ ਅਤੇ ਹੋਰਨਾਂ ਬੁਲਾਰਿਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਗਏ ਲੋਕ-ਭਲਾਈ ਦੇ ਕੰਮਾਂ ਅਤੇ ਇਤਿਹਾਸਕ ਪ੍ਰਾਪਤੀਆਂ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਸਦਕਾ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਦੇ ਨਾਲ ਹੀ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਪਾਰਟੀ ਦੀ ਮਜ਼ਬੂਤੀ ਲਈ ਵਿਸ਼ੇਸ਼ ਰਣਨੀਤੀ ਤਿਆਰ ਕੀਤੀ ਗਈ। ਆਗੂਆਂ ਨੇ ਦਾਅਵਾ ਕੀਤਾ ਕਿ ਸਰਕਾਰ ਦੀ ਬਿਹਤਰ ਕਾਰਗੁਜ਼ਾਰੀ ਸਦਕਾ 2027 ਵਿੱਚ ਇੱਕ ਵਾਰ ਫਿਰ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ।ਇਸ ਮੀਟਿੰਗ ਵਿੱਚ ਗੁੱਜਰ ਕਲਿਆਣ ਬੋਰਡ ਦੇ ਸਟੇਟ ਮੈਂਬਰ ਚੌਧਰੀ ਜਗਦੀਸ਼ ਬਜਾੜ, ਹੁਸ਼ਿਆਰਪੁਰ ਜ਼ਿਲ੍ਹੇ ਦੇ ਚੇਅਰਮੈਨ ਸੁਰੇਸ਼ ਕੁਮਾਰ, ਕਪੂਰਥਲਾ ਜ਼ਿਲ੍ਹੇ ਦੇ ਚੇਅਰਮੈਨ ਸੰਜੀਵ ਕੁਮਾਰ, ਐੱਸ ਬੀ ਐੱਸ ਨਗਰ ਜ਼ਿਲ੍ਹੇ ਤੋਂ ਸਾਬਕਾ ਸਰਪੰਚ ਤੇ ਚੇਅਰਮੈਨ ਓਮ ਪ੍ਰਕਾਸ਼, ਲੁਧਿਆਣਾ ਜ਼ਿਲ੍ਹੇ ਦੇ ਗੁੱਜਰ ਸਮਾਜ ਦੇ ਚੇਅਰਮੈਨ ਅੰਕੁਸ਼ ਚੌਧਰੀ ਤੇ ਡਾ. ਸ਼ਾਂਤੀ ਬੱਸੀ ਸਮੇਤ ਕਈ ਉੱਘੇ ਸਮਾਜ ਸੇਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

# ਜਗਤਜੀਤ ਫੈਕਟਰੀ ਹਮੀਰਾ ਦੇ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ

**ਸਭਾਨਪੁਰ (ਹਰਮੇਸ਼ ਦੱਤ)**- ਜਗਤਜੀਤ ਫੈਕਟਰੀ ਹਮੀਰਾ ਦੇ ਵਰਕਰਾਂ ਵੱਲੋਂ ਜਗਤਜੀਤ ਫੈਕਟਰੀ ਮੂਹਰੇ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਰਕਰਾਂ ਨੇ ਦੱਸਿਆ



ਕਿ ਜਗਤਜੀਤ ਫੈਕਟਰੀ ਦੀ ਮੈਨੇਜਮੈਂਟ ਵੱਲੋਂ ਜੋ ਸਰਕਾਰ ਵੱਲੋਂ ਤਨਖਾਵਾਂ ਵਿੱਚ ਵਾਧਾ ਕੀਤਾ ਗਿਆ ਸੀ ਉਹ ਤਨਖਾਹ ਵਧਾ ਕੇ ਨਹੀਂ ਦਿੱਤੀ ਜਾ ਰਹੀ ਸੀ। ਇਸ ਸਬੰਧ ਵਿੱਚ ਜਦੋਂ ਵਰਕਰਾਂ ਵੱਲੋਂ ਮੈਨੇਜਮੈਂਟ ਨਾਲ ਗੱਲ ਕੀਤੀ ਤਾਂ ਮੈਨੇਜਮੈਂਟ ਵੱਲੋਂ ਅੱਠ ਵਰਕਰਾਂ ਦੇ ਗੇਟ ਬੰਦ ਕਰ ਦਿੱਤੇ। ਗੁੱਸੇ ਵਿੱਚ ਆਏ ਵਰਕਰਾਂ ਵੱਲੋਂ ਫੈਕਟਰੀ ਦਾ ਕੰਮ ਬੰਦ ਕਰਕੇ ਫੈਕਟਰੀ ਖਿਲਾਫ ਨਾਰੇਬਾਜ਼ੀ ਕੀਤੀ ਗਈ। ਇਸ ਮੌਕੇ ਵਰਕਰਾਂ ਨੇ ਦੱਸਿਆ ਕਿ ਫੈਕਟਰੀ ਮੈਨੇਜਮੈਂਟ ਵੱਲੋਂ ਇਹਨਾਂ ਨਾਲ ਪਹਿਲਾਂ ਵੀ ਕਈ ਵਾਰੀ ਧੱਕਾ ਕਰ ਚੁੱਕੇ ਹਨ ਅਤੇ ਇਹਨਾਂ ਜੋ ਸਰਕਾਰ ਵੱਲੋਂ ਸੁਵਿਧਾ ਮਿਲਦੀਆਂ ਹਨ ਉਹ ਵੀ ਨਹੀਂ ਦਿੱਤੀਆਂ ਜਾਂਦੀਆਂਸ਼ ਇਹਨਾਂ ਵੱਲੋਂ ਜੋ ਐਗਰੀਮੈਂਟ ਹੋਇਆ ਸੀ ਉਸ ਵਿੱਚ ਬੂਟ ਵਰਦੀ ਦੀ ਗੱਲ ਕੀਤੀ ਸੀ ਪਰ ਉਹ ਵੀ ਨਹੀਂ ਦਿੱਤੀ ਗਈ ਅਤੇ ਫੈਕਟਰੀ ਦੇ ਵਰਕਰ ਹੋਣ ਦੇ ਬਾਵਜੂਦ ਵੀ ਠੇਕੇਦਾਰੀ ਸਿਸਟਮ ਨੂੰ ਬੜਾਵਾ ਦਿੱਤਾ ਜਾ ਰਿਹਾ। ਇਸ ਸੰਬੰਧ ਵਿੱਚ ਵਿੱਚ ਵਰਕਰਾਂ ਵੱਲੋਂ ਡੀ ਸੀ ਕਪੂਰਥਲਾ ਨੂੰ ਵੀ ਮੰਗ ਪੱਤਰ ਦਿੱਤਾ ਗਿਆ ਅਤੇ ਲੇਬਰ ਦਾ ਕਹਿਣਾ ਹੈ ਜਦੋਂ ਤੱਕ ਅੱਠ ਵਿਅਕਤੀਆਂ ਦੇ ਗੇਟ ਨਹੀਂ ਖੋਲੇ ਜਾਣਗੇ ਉਦੋਂ ਤੱਕ ਫੈਕਟਰੀ ਦਾ ਕੰਮ ਨਹੀਂ ਚੱਲੇਗਾ। ਇਸ ਸਬੰਧ ਵਿੱਚ ਫੈਕਟਰੀ ਪਹੁੰਚੇ ਲੇਬਰ ਇੰਸਪੈਕਟਰ ਨੇ ਦੱਸਿਆ ਕਿ ਸਾਨੂੰ ਪਤਾ ਲੱਗਿਆ ਹੈ ਕਿ ਅੱਠ ਵਰਕਰਾਂ ਦੇ ਗੇਟ ਬੰਦ ਕੀਤੇ ਗਏ ਹਨ।ਫੈਕਟਰੀ ਮੈਨੇਜਮੈਂਟ ਵਲੋ ਕਿਹਾ ਗਿਆ ਹੈ ਕਿ ਇਹਨਾਂ ਦੀ ਜੋ ਵੀ ਗੱਲਬਾਤ ਸੀ ਉਹ ਅਸੀਂ ਦਿੱਲੀ ਹੈਡ ਆਫਿਸ ਭੇਜ ਦਿੱਤੀ ਹੈ। ਅਤੇ ਜਦੋਂ ਤੱਕ ਜਵਾਬ ਨਹੀਂ ਆ ਜਾਂਦਾ ਉਸ ਤੋਂ ਬਾਅਦ ਇਹਨਾਂ ਨੂੰ ਫੈਕਟਰੀ ਵਿੱਚ ਰੱਖਿਆ ਜਾਵੇਗਾ। ਉਸ ਸਮੇਂ ਤੱਕ ਇਹਨਾਂ ਦਾ ਗੇਟ ਬੰਦ ਰਹੇਗਾ। ਇਸ ਸਬੰਧ ਵਿੱਚ ਜਦੋਂ ਫੈਕਟਰੀ ਮੈਨੇਜਮੈਂਟ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਸਰਕਾਰ ਵੱਲੋਂ ਜੋ ਮਿਨੀਮਿਮ ਵੇਜ ਵਿੱਚ ਵਾਧਾ ਹੋਇਆ ਉਹ ਵਰਕਰਾਂ ਨੂੰ ਦਿੱਤਾ ਜਾ ਰਿਹਾ ਹੈ। ਤੇ ਜਿਸ ਅੱਠ ਵਿਅਕਤੀਆਂ ਦੇ ਗੇਟ ਬੰਦ ਕੀਤੇ ਹਨ ਉਹਨਾਂ ਦੀ ਇਨਕੁਆਇਰੀ ਚੱਲ ਰਹੀ ਹੈ। ਇਨਕੁਆਇਰੀ ਤੋਂ ਬਾਅਦ ਉਹਨਾਂ ਦੇ ਗੇਟ ਖੋਲ ਦਿੱਤੇ ਜਾਣਗੇ।

## ਬਾਬਾ ਹਾਥੀ ਰਾਮ ਮਹਾਰਾਜ ਦਾ ਸਾਲਾਨਾ ਮੇਲਾ ਮਨਾਇਆ

**ਫਿਲੌਰ (ਨਿਰਮਲ)**- ਧੰਨ ਧੰਨ ਬਾਬਾ ਹਾਥੀ ਰਾਮ ਜੀ ਮਹਾਰਾਜ ਜੀ ਦੇ 48ਵੇ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਹ ਮੇਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਕੁਲਵੰਤ ਰਾਮਾ ਦੀ ਦੇਖ ਰੇਖ ਹੇਠ ਕਰਵਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਦੇਸ਼ ਵਿਦੇਸ਼ ਦੀਆਂ ਸੰਗਤਾਂ ਸ਼ਰਧਾ ਨਾਲ ਸੇਵਾ ਕਰਦੀਆਂ ਹਨ । ਇਸੇ ਲੜੀ



ਤਹਿਤ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਕੁਲਵੰਤ ਰਾਮਾ ਅਤੇ ਉਸ ਦੇ ਸਪੁੱਤਰ ਭਾਰਤਵੀਰ ਵਾਸੀ ਕੈਨੇਡਾ ਵੱਲੋਂ ਮੇਲੇ ਚ 1 ਲੱਖ 25 ਹਜ਼ਾਰ ਰੁਪਏ ਅਤੇ ਬਾਬਾ ਜੀ ਦੀ ਪਵਿੱਤਰ ਜੋਤ ਜਗਾਉਣ ਵਾਲਾ ਜੋਤ ਘਰ ਦੀ ਸੇਵਾ ਨਿਭਾਈ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਡਾਕਟਰ ਕੁਲਵੰਤ ਰਾਮਾ ਅਤੇ ਭਾਰਤਵੀਰ ਵਾਸੀ ਕੈਨੇਡਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਢਾਈ ਸਾਲ ਤੋਂ ਡਾਕਟਰ ਕੁਲਵੰਤ ਰਾਮਾ ਬਾਬਾ ਹਾਥੀ ਰਾਮ ਮਹਾਰਾਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣੇ ਹਨ ਉਸ ਦਿਨ ਤੋਂ ਧਾਰਮਿਕ ਸਥਾਨ ਦੀ ਸੇਵਾ ਲਗਾਤਾਰ ਚੱਲਦੀ ਆ ਰਹੀ ਹੈ ਜ਼ੋ ਕਿ ਇਹ ਇੱਕ ਸ਼ਲਾਘਾਯੋਗ ਹੈ। ਇਸ ਮੌਕੇ ਪ੍ਰਧਾਨ ਡਾਕਟਰ ਕੁਲਵੰਤ ਰਾਮਾ ਨੇ ਕਿਹਾ ਕਿ ਉਹ ਸਾਰੀਆਂ ਸੰਗਤਾ ਦੇ ਧੰਨਵਾਦੀ ਹਨ ਜੋ ਉਨ੍ਹਾਂ ਨੂੰ ਇਨ੍ਹਾਂ ਮਾਣ ਸਤਿਕਾਰ ਦਿੰਦੇ ਹਨ।

## ਖੇਡਾਂ ਤੇ ਬੂਟ ਨਿਰਮਾਣ ਖੇਤਰ ਨੂੰ ਹੁਲਾਰਾ ਦੇਣ ਲਈ ਐੱਫ ਡੀ ਡੀ ਆਈ ਨਾਲ ਸਮਝੌਤਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਵਿੱਚ ਹੁਨਰ ਵਿਕਾਸ, ਨੌਕਰੀਆਂ ਦੇ ਮੌਕਿਆਂ ਅਤੇ ਨਿਰਯਾਤ ਨੂੰ ਵੱਡਾ ਹੁਲਾਰਾ ਦੇਣ ਦੇ ਉਦੇਸ਼ ਨਾਲ, ਪੰਜਾਬ ਦੇ ਉਦਯੋਗ ਅਤੇ ਵਣਜ ਵਿਭਾਗ ਵੱਲੋਂ ਰਾਸ਼ਟਰੀ ਪੱਧਰ ਦੀ ਇੱਕ ਕੇਂਦਰੀ



ਸੰਸਥਾ ਫੁੱਟਵੀਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਚਿਊਟ (ਐੱਫ ਡੀ ਡੀ ਆਈ) ਨਾਲ ਰਣਨੀਤਕ ਸਮਝੌਤਾ (ਐੱਮ ਓ ਯੂ) ਸਹੀਬੱਧ ਕੀਤਾ ਗਿਆ ਹੈ। ਇਸ ਸਮਝੌਤੇ ਨਾਲ ਸੂਬੇ ਵਿੱਚ ਖੇਡਾਂ ਦੇ ਸਮਾਨ, ਜੁੱਤੀਆਂ ਅਤੇ ਚਮੜੇ ਦਾ ਸਾਮਾਨ ਬਣਾਉਣ ਦੀ ਪ੍ਰਕਿਰਿਆ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਸਮਝੌਤੇ ਲਈ ਵਿਭਾਗ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਸਮਝੌਤਾ ਸੂਬੇ ਦੀਆਂ ਰਵਾਇਤੀ ਸਮਰੱਥਾਵਾਂ ਨੂੰ ਤਕਨਾਲੋਜੀ-ਅਧਾਰਤ, ਵਿਸ਼ਵ ਪੱਧਰ 'ਤੇ ਮੁਕਾਬਲੇ ਵਾਲੀਆਂ ਸੰਸਥਾਵਾਂ ਵਿੱਚ ਬਦਲਣ ਦੀ ਦਿਸ਼ਾ ਵਿੱਚ ਇੱਕ ਫੈਸਲਾਕੁੰਨ ਕਦਮ ਹੈ। ਉਦਯੋਗ ਮੰਤਰੀ ਨੇ ਅੱਗੇ ਕਿਹਾ ਕਿ ਇਸ ਭਾਈਵਾਲੀ ਤਹਿਤ ਖੇਡ ਉਪਕਰਨਾਂ ਲਈ ਦੇਸ਼ ਦੇ ਪ੍ਰਮੁੱਖ ਨਿਰਮਾਣ ਕੇਂਦਰਾਂ ਵਿੱਚੋਂ ਇੱਕ ਜਲੰਧਰ ਵਿੱਚ ਪ੍ਰਸਤਾਵਿਤ ਸਪੋਰਟਸ ਗੁੱਡਜ਼ ਟੈਸਟਿੰਗ ਅਤੇ ਡਿਵੈਲਪਮੈਂਟ ਲੈਬ ਸਥਾਪਤ ਕੀਤੀ ਜਾਵੇਗੀ।

# ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰੋਗਰਾਮ ਅਫਸਰ ਹੁਸ਼ਿਆਰਪੁਰ ਅਤੇ ਸੀ ਡੀ ਪੀ ਓ ਰਾਵਿੰਦਰ ਕੌਰ ਹੁਸ਼ਿਆਰਪੁਰ-1 ਦੀ



ਅਗਵਾਈ ਹੇਠ ਸਰਕਲ ਸੁਪਰਵਾਈਜ਼ਰ ਸ਼ਰਮੀਲਾ ਰਾਣੀ ਦੀ ਦੇਖ-ਰੇਖ ਹੇਠ ਸਰਕਲ ਲਾਚੋਵਾਲ ਅਧੀਨ ਆਉਂਦੇ ਪਿੰਡ ਪੰਜ ਗਰਾਈਆਂ ਅਤੇ ਧੁੱਗਾ ਵਿੱਚ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ 15 ਜੂਨ ਤੋਂ ਜ਼ੋਰਾਂ-ਸ਼ੋਰਾਂ ਨਾਲ ਕੀਤੀ ਗਈ। ਇਸ ਮੌਕੇ ਯੋਗ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਅਤੇ ਲਗਭਗ 15 ਫਾਰਮ ਭਰਵਾਏ ਗਏ। ਸਖੀਆਂ ਵੱਲੋਂ ਪਿੰਡਾਂ ਵਿੱਚ ਮਹਿਲਾਵਾਂ ਦੇ ਫਾਰਮ ਭਰੇ ਗਏ, ਜਿਸ ਉਪਰੰਤ ਮਹਿਲਾਵਾਂ ਆਪਣੇ ਫਾਰਮ ਲੈ ਕੇ ਆਂਗਣਵਾੜੀ ਸੈਂਟਰ ਪੰਜ ਗਰਾਈਆਂ ਅਤੇ ਧੁੱਗਾ ਵਿਖੇ ਪਹੁੰਚੀਆਂ। ਜਿੱਥੇ ਆਂਗਣਵਾੜੀ ਵਰਕਰ ਪਰਮਿੰਦਰ ਕੌਰ ਅਤੇ ਪ੍ਰਭਜੋਤ ਕੌਰ ਵੱਲੋਂ ਰਜਿਸਟ੍ਰੇਸ਼ਨ ਦਾ ਕੰਮ ਕੀਤਾ ਗਿਆ। ਇਸ ਮੌਕੇ ਪਿੰਡ ਧੁੱਗੇ ਦੀ ਸਰਪੰਚ ਦਲਜੀਤ ਕੌਰ ਅਤੇ ਪਿੰਡ ਪੰਜ ਗਰਾਈਆਂ ਦੇ ਸਰਪੰਚ ਬਲਦੇਵ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਵੱਲੋਂ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮਹਿਲਾਵਾਂ ਨੂੰ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਯੋਜਨਾ ਨਾਲ ਮਹਿਲਾਵਾਂ ਨੂੰ ਆਰਥਿਕ ਸਹਾਇਤਾ ਪ੍ਰਾਪਤ ਹੋਵੇਗੀ, ਜਿਸ ਨਾਲ ਉਹ ਆਪਣੀਆਂ ਰੋਜ਼ਾਨਾ ਦੀਆਂ ਛੋਟੀਆਂ-ਛੋਟੀਆਂ ਲੋੜਾਂ ਨੂੰ ਆਸਾਨੀ ਨਾਲ ਪੂਰਾ ਕਰ ਸਕਣਗੀਆਂ ਅਤੇ ਆਤਮ-ਨਿਰਭਰ ਬਣਨ ਵੱਲ ਹੋਰ ਅੱਗੇ ਵੱਧ ਸਕਣਗੀਆਂ। ਇਸ ਮੌਕੇ ਆਂਗਣਵਾੜੀ ਵਰਕਰਾਂ ਦੇ ਨਾਲ-ਨਾਲ ਹੈਲਪਰ ਸੰਤੋਸ਼ ਕੌਰ ਅਤੇ ਜਸਵੀਰ ਕੌਰ ਵੱਲੋਂ ਵੀ ਯੋਜਨਾ ਨੂੰ ਸਫਲ ਬਣਾਉਣ ਲਈ ਅਹਿਮ ਯੋਗਦਾਨ ਪਾਇਆ ਗਿਆ।

# ਤਰਸੇਮ ਸਿੰਘ ਕਾਹਲੋਂ ਦੀ ਬਰਸੀ ਮੌਕੇ 5100 ਰੁੱਖ ਲਗਾਉਣ ਦੀ ਮੁਹਿੰਮ ਸ਼ੁਰੂ

**ਅੱਡਾਂ ਸਰਾਂ/ਟਾਂਡਾ (ਜਸਵੀਰ ਕਾਜਲ)**- ਉੱਘੇ ਸਮਾਜ ਸੇਵਕ ਅਤੇ ਧਾਰਮਿਕ ਆਗੂ ਤਰਸੇਮ ਸਿੰਘ ਕਾਹਲੋਂ ਦੀ ਤੀਸਰੀ ਬਰਸੀ ਮੌਕੇ ਕੀਤੇ ਗਏ ਸਮਾਗਮ ਦੌਰਾਨ ਸ਼ਰਧਾਜਲੀਆਂ ਭੇਟ ਕਰਨ ਉਪਰੰਤ ਪਿੰਡ ਭਟੋਲੀਆ ਵਿਖੇ ਬੂਟੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ। ਇਸ



ਮੁਹਿੰਮ ਤਹਿਤ ਵੱਖ ਵੱਖ ਜੱਥੇਬੰਦੀਆ ਅਤੇ ਕਲੱਬਾਂ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਦੀ ਅਗਵਾਈ ਹੇਠ 5100 ਵੱਖ ਵੱਖ ਕਿਸਮ ਦੇ ਪੌਦੇ ਲਗਾਏ ਜਾਣਗੇ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋਂ ਨੇ ਤਰਸੇਮ ਸਿੰਘ ਕਾਹਲੋਂ ਦੇ ਜੀਵਨ ਅਤੇ ਸਮਾਜ ਸੇਵਾ ਦੇ ਕੰਮਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਉਨ੍ਹਾਂ ਦੀ ਤੀਸਰੀ ਬਰਸੀ ਤੇ 5100 ਰੁੱਖ ਲਗਾਉਣ, ਲੋੜਵੰਦਾ ਦੀ ਸਹਾਇਤਾ, ਪਾਣੀ ਬਚਾਉ ਅਤੇ ਨਸ਼ਾਂ ਮੁਕਤ ਪੰਜਾਬ ਦੇ ਕਾਰਜ ਕੀਤੇ ਜਾਣਗੇ। ਇਸ ਮੌਕੇ ਪਰਮਜੀਤ ਸਿੰਘ ਪ੍ਰਧਾਨ ਸ਼ਿਵਾਲਿਕ ਐਫ ਪੀ ਓ ਤੇ ਸੁਮਨਾ ਦੇਵੀ ਸੀ ਈ ਓ ਕੰਡੀ ਐਫ ਪੀ ਓ. ਦਸੂਹਾ, ਬਾਬਾ ਜੋਗਿੰਦਰ ਸਿੰਘ ਖਾਲਸਾ ਬੋਰਡ ਆਫ ਡਾਇਰੈਕਟਰ ਅਮ੍ਰਿਤ ਧਾਰਾ ਐਫ ਪੀ ਓ. ਭੂੰਗਾਂ, ਬਾਬਾ ਉਕਾਰ ਸਿੰਘ ਧਾਮੀ ਨੂਰਪੁਰ ਵਾਲੇ, ਵਿਕਾਸ਼ ਸ਼ਰਮਾ ਸੀ ਈ ਓ ਅੰਮ੍ਰਿਤ ਧਾਰਾ ਐਫ ਪੀ ਓ ਭੂੰਗਾਂ, ਆਦਿ ਨੇ ਰੁੱਖਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਵਾਤਾਵਰਣ ਨੂੰ ਬਚਾਉਣ ਲਈ ਰੁੱਖ ਲਗਾਉਣਾ ਬਹੁਤ ਜਰੂਰੀ ਹੈ। ਇਸ ਮੌਕੇ ਹਰਦੇਵ ਕੌਰ ਕਾਹਲੋਂ, ਮਨਕੀਰਤ ਸਿੰਘ ਕਾਹਲੋਂ, ਜਸਦੀਪ ਸਿੰਘ ਕਾਹਲੋਂ, ਰਾਜ ਕੁਮਾਰੀ ਪ੍ਰਧਾਨ ਵਿਲੇਜ ਡਿਵੈਲਪਮੈਂਟ ਸੁਸਾਇਟੀ, ਅਮਨ ਅਰਮਾਨ ਸਮਾਜ ਸੇਵਿਕ, ਨਰੇਸ਼ ਕੁਮਾਰ, ਸਪਨਾ, ਦਮਨਪ੍ਰੀਤ ਕੌਰ, ਸੰਤੋਖ ਕੌਰ ਬੋਰਡ ਆਫ ਡਾਇਰੈਕਟਰ ਅਮ੍ਰਿਤ ਧਾਰਾ ਐਫ ਪੀ ਓ ਭੂੰਗਾਂ, ਸਿੰਦਰਪਾਲ ਸਿੰਘ, ਕੀਮਤੀ ਲਾਲ, ਅਕਾਸ਼, ਰਜਿੰਦਰਪਾਲ ਸਿੰਘ, ਜਗਤਾਰ ਸਿੰਘ, ਦਵਿੰਦਰ ਸਿੰਘ, ਅਸ਼ੋਕ ਕੁਮਾਰ, ਮਨੋਜ ਕੁਮਾਰ, ਮੋਹਣ ਧਾਮੀ, ਸੁਖਵਿੰਦਰ ਸਿੰਘ, ਕੈਲਾਸ਼ ਚੰਦ, ਗੁਰਚਰਨ, ਲਭਪ੍ਰੀਤ ਸਿੰਘ, ਚਰਨਜੀਤ ਕੌਰ, ਮਨਮੀਤ ਕੌਰ, ਅਜੀਤ ਸਿੰਘ ਕਾਹਲੋ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਖਸਤਾ ਹਾਲਤ ਫਿਰਨੀ ਨੂੰ ਲੈ ਕੇ ਰੋਸ ਮੁਜ਼ਾਹਰਾ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਪਿੰਡ ਭਾਣਾ ਵਿਖੇ ਪਿੰਡ ਨੂੰ ਜਾਣ ਵਾਲੀ ਖਖੜੀਆਂ ਹੋਈ ਤੇ ਪਿੰਡ ਦੀ ਫਿਰਨੀ ਦੀ ਖਸਤਾ ਵਾਲੇ ਲੋਕਾਂ ਦੀ ਮੁਸ਼ਕਿਲਾਂ ਮੈਂਬਰ ਪੰਚਾਇਤ ਹਰਮੇਸ਼ ਲਾਲ ਦੀ ਅਗਵਾਈ ਸੁਣੀਆਂ ਤੇ ਸਰਕਾਰ ਵਲੋਂ ਮੁਸ਼ਕਿਲਾਂ ਨੂੰ ਹੱਲ ਕਰਨ ਵੱਲ ਨਾ ਧਿਆਨ ਦੇਣ ਨੂੰ ਲੈ ਕੇ ਮੁਜਾਹਰਾ ਕੀਤਾ ਤੇ ਕਿਹਾ ਕਿ ਪਿੰਡ ਵਿਚ ਕੁਝ ਗਲੀਆਂ ਵਿਚ ਸੀਵਰੇਜ ਦੀ ਪਾਈਪ ਰਿਪੇਅਰ ਹੋਣ ਵਾਲੀ ਹੈ। ਪੈਸਿਆਂ ਕਾਰਨ ਸਾਰੇ ਕੰਮ ਅੱਧਵਾਟੇ ਲਟਕੇ ਪਏ ਹਨ।

ਜਿਹੜੀ ਫਿਰਨ ਪੁਟੀ ਗਈ ਹੈ ਉਥੇ ਸਾਰਾ ਦਿਨ ਧੂੜ ਮਿੱਟੀ ਖਿਲਰੀ ਰਹਿੰਦੀ ਹੈ ਤੇ ਉਹੀ ਧੂੜ ਆਸ ਪਾਸ ਲੋਕਾਂ ਦੇ ਘਰਾਂ ਵਿਚ ਵੀ ਜਾਂਦੀ ਹੈ। ਜਿਹੜੇ ਗਲੀਆਂ ਵਿਚ ਹੋਦੀਆਂ ਬਣਾ ਕੇ ਪਾਇਪ ਪਾਏ ਜਾਂਦੇ ਹਨ, ਸਿਰਫ ਟਾਇਮ ਪਾਸ ਹੀ ਉਨ੍ਹਾਂ ਮੰਗ ਕੀਤੀ ਕਿ ਭਾਣਾ ਪਿੰਡ ਨੂੰ ਕੰਮ ਪੂਰੇ ਕਰਨ ਲਈ ਤੁਰੰਤ ਗ੍ਰਾਂਟ ਜਾਰੀ ਕੀਤੀ ਜਾਵੇ ਤਾਂ ਕਿ ਪਿੰਡ ਦੇ ਲੋਕ ਮੁਸ਼ਕਿਲਾਂ ਵਿਚੋਂ ਬਾਹਰ ਨਿਕਲ ਸਕਣ।

## ਚੰਦਨ ਗਰੇਵਾਲ ਨੇ ਸਫ਼ਾਈ ਤੇ ਸੀਵਰੇਜ ਵਿਵਸਥਾ ਦਾ ਲਿਆ ਜਾਇਜ਼ਾ

**ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)**- ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਮੰਗਲਵਾਰ ਨੂੰ ਨਗਰ ਨਿਗਮ ਦੇ ਜੁਆਇੰਟ



ਕਮਿਸ਼ਨਰ ਮਨਦੀਪ ਕੌਰ ਅਤੇ ਹੋਰਨਾਂ ਅਧਿਕਾਰੀਆਂ ਸਮੇਤ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਸਮੇਤ ਸ਼ਹਿਰ ਦੀਆਂ ਹੋਰ ਵੱਖ-ਵੱਖ ਥਾਵਾਂ 'ਤੇ ਸਫ਼ਾਈ ਤੇ ਸੀਵਰੇਜ ਵਿਵਸਥਾ ਦਾ ਜਾਇਜ਼ਾ ਲੈਂਦਿਆਂ ਸਫ਼ਾਈ ਸੇਵਕਾਂ ਦੀ ਹਾਜ਼ਰੀ ਦੀ ਜਾਂਚ ਕੀਤੀ। ਚੇਅਰਮੈਨ ਚੰਦਨ ਗਰੇਵਾਲ ਨੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਦਿਆਂ ਕਿਹਾ ਕਿ ਸ਼ਹਿਰ ਵਿੱਚ ਸਫ਼ਾਈ ਵਿਵਸਥਾ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੀਆਂ ਦੇ ਸਾਰੇ ਵਾਰਡਾਂ, ਬਾਜ਼ਾਰਾਂ, ਚੌਂਕਾਂ ਅਤੇ ਹੋਰ ਥਾਵਾਂ 'ਤੇ ਸੁਚੱਜੀ ਸਾਫ਼-ਸਫ਼ਾਈ ਯਕੀਨੀ ਬਣਾਈ ਜਾਵੇ।ਗਰੇਵਾਲ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਸਫ਼ਾਈ ਸੇਵਕਾਂ ਦੀ ਹਾਜ਼ਰੀ ਯਕੀਨੀ ਬਣਾਉਣ ਲਈ ਨਿਯਮਿਤ ਤੌਰ 'ਤੇ ਚੈਕਿੰਗ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਸਫ਼ਾਈ ਸੇਵਕਾਂ ਨੂੰ ਵੀ ਅਪੀਲ ਕੀਤੀ ਕਿ ਸ਼ਹਿਰ ਦੀ ਸਾਫ਼-ਸਫ਼ਾਈ ਵੱਲ ਉਚੇਚਾ ਧਿਆਨ ਦਿੱਤਾ ਜਾਵੇ ਤਾਂ ਜੋ ਸ਼ਹਿਰ ਨੂੰ ਹੋਰ ਸੁੰਦਰ ਬਣਾਇਆ ਜਾ ਸਕੇ। ਇਸ ਮੌਕੇ ਜੁਆਇੰਟ ਕਮਿਸ਼ਨਰ ਮਨਦੀਪ ਕੌਰ ਨੇ ਦੱਸਿਆ ਕਿ ਨਗਰ ਨਿਗਮ ਵਲੋਂ ਸ਼ਹਿਰ ਵਿੱਚ ਸਾਫ਼-ਸਫਾਈ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਵਧੀਕ ਸਿਹਤ ਅਫ਼ਸਰ ਨਗਰ ਨਿਗਮ ਡਾ. ਕ੍ਰਿਸ਼ਨ ਦੇਵ, ਚੀਫ਼ ਸੈਨੇਟਰੀ ਇੰਸਪੈਕਟਰ ਸੋਨੀ ਗਿੱਲ, ਸਾਹਿਲ ਮਲਹੋਤਰਾ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਬਸਪਾ ਸਮੀਖਿਆ ਬੈਠਕ ਭਲਕੇ : ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਬਸਪਾ ਦਾ ਸੰਗਠਨ ਜ਼ਮੀਨੀ ਪੱਧਰ ਤੱਕ ਮਜਬੂਤ ਕਰਨ, ਡਾ. ਅੰਬੇਡਕਰ ਦੇ ਸੰਘਰਸ਼ ਸਦਕਾ ਮਿਲੇ ਇੱਕ-ਇੱਕ ਵੋਟ ਦੀ ਰਾਖੀ ਕਰਨ ਲਈ ਬਸਪਾ ਦੀ ਜ਼ਿਲਾ ਅਤੇ ਵਿਧਾਨ ਸਭਾ



ਦੀ ਜਿੰਮੇਵਾਰ ਲੀਡਰਸ਼ਿਪ ਦੀ ਵਿਸ਼ੇਸ਼ ਮੀਟਿੰਗ ਹੁਸ਼ਿਆਰਪੁਰ ਵਿਖੇ ਹੋਈ ਜਿਸ ਵਿੱਚ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਅਤੇ 19 ਜੂਨ ਨੂੰ ਹੁਸ਼ਿਆਰਪੁਰ ਵਿਖੇ ਕੀਤੀ ਜਾਣ ਵਾਲੀ ਸਮੀਖਿਆ ਬੈਠਕ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।ਇਸ ਮੌਕੇ ਕਰੀਮਪੁਰੀ ਵੱਲੋਂ ਐਸ ਆਈ ਆਰ ਪ੍ਰਕਿਰਿਆ ਨੂੰ ਮੁਕੰਮਲ ਕਰਾਉਣ ਲਈ ਬੀ ਐੱਲ ਏ ਦੀਆਂ ਨਿਯੁਕਤੀਆਂ ਬਾਰੇ ਵੀ ਜਾਣਕਾਰੀ ਹਾਸਿਲ ਕੀਤੀ ਅਤੇ ਬੀ ਐੱਲ ਏ ਦਾ ਐਸ ਆਈ ਆਰ ਵਿੱਚ ਕੀ ਰੋਲ ਹੋਵੇਗਾ ਇਸ ਦੇ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ।

ਕਰੀਮਪੁਰੀ ਨੇ 2027 ਦੀਆਂ ਚੋਣਾਂ ਦੌਰਾਨ ਬਸਪਾ ਨੂੰ ਪੰਜਾਬ ਅੰਦਰ ਵੱਡਾ ਲੋਕ ਸਮਰਥਨ ਹਾਸਿਲ ਹੋਵੇਗਾ ਇਸ ਲਈ ਹਰ ਬੂਥ ਤੇ ਇਕ ਇਕ ਵੋਟ ਦੀ ਰਾਖੀ ਕਰਨਾ ਵੀ ਅਤਿ ਜ਼ਰੂਰੀ ਹੈ ਜਿਸ ਲਈ ਬਸਪਾ ਲੀਡਰਸ਼ਿਪ ਅਤੇ ਵਰਕਰ ਡੱਟ ਕੇ ਪਹਿਰਾ ਦੇਣ।ਇਸ ਮੌਕੇ ਸਟੇਟ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ, ਜੋਨ ਇੰਚਾਰਜ ਚੌਧਰੀ ਗੁਰਨਾਮ ਸਿੰਘ, ਸਟੇਟ ਸੈਕਟਰੀ ਰਣਬੀਰ ਬੱਬਰ, ਸਟੇਟ ਸੈਕਟਰੀ ਰਾਮ ਲਾਲ ਸੰਧੂ ਰਿਟਾਇਰਡ ਚੀਫ ਇੰਜੀਨੀਅਰ ਇੰਚਾਰਜ ਬਸਪਾ ਦਸੂਹਾ ਅਤੇ ਮਕੇਰੀਆਂ, ਸਟੇਟ ਸੈਕਟਰੀ ਮਨਿੰਦਰ ਸ਼ੇਰਪੁਰੀ, ਸਟੇਟ ਸੈਕਟਰੀ ਸੁਖਦੇਵ ਬਿੱਟਾ, ਜਿਲਾ ਪ੍ਰਧਾਨ ਦਲਜੀਤ ਰਾਏ, ਸੋਮਨਾਥ ਬੈਂਸ, ਸਰਪੰਚ ਜਗਮੋਹਨ ਸੱਜਣਾ, ਐਡਵੋਕੇਟ ਧਰਮਿੰਦਰ ਦਾਦਰਾ,ਮਦਨ ਬੈਂਸ ਇੰਚਾਰਜ ਹੁਸ਼ਿਆਰਪੁਰ ਵਿਧਾਨ ਸਭਾ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਚੱਬੇਵਾਲ ਵਿਧਾਨ ਸਭਾ, ਨਿਸ਼ਾਨ ਚੌਧਰੀ ਇੰਚਾਰਜ ਸ਼ਾਮ ਚੌਰਾਸੀ, ਬਖਸ਼ੀਸ਼ ਭੀਮ ਇੰਚਾਰਜ ਗੜ੍ਹਸ਼ੰਕਰ, ਯਸ਼ ਭੱਟੀ ਚੱਬੇਵਾਲ, ਰਾਕੇਸ਼ ਕਿੱਟੀ, ਦਵਿੰਦਰ ਬਾਹੋਵਾਲ, ਹਰਜੀਤ ਲਾਡੀ ਤੋਂ ਇਲਾਵਾ ਹੋਰ ਪਾਰਟੀ ਲੀਡਰਸ਼ਿਪ ਹਾਜ਼ਰ ਸੀ।

# ਪਰਮ ਸੇਵਾ ਵੈੱਲਫੇਅਰ ਸੁਸਾਇਟੀ ਵੱਲੋਂ ਲੋੜਵੰਦ ਦੀ ਵਿੱਤੀ ਸਹਾਇਤਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪਰਮ ਸੇਵਾ ਵੈੱਲਫੇਅਰ ਸੋਸਾਇਟੀ ਦੇ ਸਰਗਰਮ ਮੈਂਬਰ ਲਖਬੀਰ ਸਿੰਘ, ਜੋ ਸੋਸਾਇਟੀ ਦੇ ਹਰ ਸੇਵਾ ਭਾਵਨਾ ਵਾਲ਼ੇ ਕੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਂਦੇ ਹਨ, ਦੇ ਛੋਟੇ ਭਰਾ ਵਰਿੰਦਰ ਸਿੰਘ ਦੀ ਅਚਾਨਕ ਮੌਤ ਹੋ ਗਈ। ਵਰਿੰਦਰ ਸਿੰਘ ਕਿਸੇ ਫੈਕਟਰੀ ਵਿੱਚ ਕੰਮ ਕਰਦੇ ਸਨ, ਜਿਸ ਦੇ ਦੋ ਛੋਟੇ ਛੋਟੇ ਬੱਚੇ ਹਨ। ਸੋਸਾਇਟੀ ਦੇ ਜਨਰਲ ਸਕੱਤਰ ਸੁਰਜੀਤ ਸੁਮਨ ਵੱਲੋਂ ਸੋਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ, ਜੋ ਇਸ ਸਮੇਂ ਕੈਨੇਡਾ ਵਿਖੇ ਹਨ, ਨਾਲ ਤਾਲਮੇਲ ਕਰਕੇ ਵਰਿੰਦਰ ਸਿੰਘ ਦੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਵਿੱਤੀ ਸਹਾਇਤਾ ਵੀ ਕੀਤੀ ਗਈ। ਜ਼ਿਕਰਯੋਗ ਹੈ ਕਿ ਸੋਸਾਇਟੀ ਦੇ ਸਮੂਹ ਮੈਂਬਰਜ਼ ਇਸ ਨੇਕ ਕੰਮ ਵਿੱਚ ਹਰ ਸਮੇਂ ਵਧ-ਚੜ੍ਹ ਕੇ ਆਪਣਾ ਯੋਗਦਾਨ ਪਾਉਂਦੇ ਹਨ, ਜਿਨ੍ਹਾਂ ਵਿੱਚ ਨਿਰਮਲ ਸਿੰਘ, ਪ੍ਰਿੰ. ਸੰਤ ਸੁਰਿੰਦਰਪਾਲ ਸਿੰਘ, ਬਹਾਦਰ ਸਿੰਘ, ਸੁਰਜੀਤ ਮੰਡ, ਹਰਬੰਸ ਸਿੰਘ, ਸੁਰਜੀਤ ਸੁਮਨ, ਸਮਰੱਥ ਸਿੰਘ, ਬਲਜਿੰਦਰ ਸਿੰਘ, ਲਖਬੀਰ ਸਿੰਘ, ਜਸਬੀਰ ਸਿੰਘ, ਗੁਰਸ਼ਰਨਜੀਤ ਸਿੰਘ, ਸੁਦੇਸ਼ ਗੌਤਮ, ਬਲਵੰਤ ਸਿੰਘ, ਮਦਨ ਲਾਲ ਸ਼ਰਮਾ, ਮਾਸਟਰ ਲਛਮਣ ਸਿੰਘ, ਵਿਨੋਦ ਮਹਾਜਨ, ਵਲੈਤੀ ਰਾਮ, ਹਰਮੇਸ਼ ਚੰਦਰ ਭੱਲਾ, ਚਰਨਜੀਤ ਸਿੰਘ, ਸਤੀਸ਼ ਕੁਮਾਰ, ਸੁਰਿੰਦਰਪਾਲ ਸਿੰਘ ਚੰਡੀਗੜ੍ਹ, ਅਨਿਲ ਕੁਮਾਰ, ਰਕੇਸ਼ ਕੁਮਾਰ, ਰਵਿੰਦਰ ਕੁਮਾਰ ਕੌਸ਼ਲ, ਨਰੇਸ਼ ਕੁਮਾਰ, ਕਰਨਵੀਰ ਸਿੰਘ, ਅਰਮਾਨ ਸਿੰਘ, ਮਾਸਟਰ ਰਵਿੰਦਰ ਸਿੰਘ, ਸੁਨੀਲ ਕੁਮਾਰ ਸ਼ਰਮਾ ਅਤੇ ਔਰਤ ਮੈਂਬਰਾਂ ਵਿੱਚ ਸ਼ਾਮਿਲ ਪਰਵੀਨ ਭੱਟ, ਚੰਦਰ ਕਾਂਤਾ, ਆਰਤੀ ਸਹਿਗਲ, ਮੀਨਾਕਸ਼ੀ, ਨਲਿਨੀ ਬੰਗਾ, ਰਾਜ ਕੁਮਾਰੀ, ਸੁਨੀਤਾ ਦੇਵੀ, ਵਨੀਤਾ ਪੰਚਕੂਲਾ, ਪ੍ਰਿੰ. ਕੁਲਦੀਪ ਕੌਰ, ਸੁਨੀਤਾ ਗੌਤਮ, ਅੰਜੂ ਵਰਮਾ, ਸੁਰਿੰਦਰ ਕੌਰ, ਸੁਚਿਤਾ ਤਿਵਾੜੀ, ਮਧੂ ਸ਼ਰਮਾ ਅੰਬਾਲਾ, ਕਮਲੇਸ਼ ਕਾਲਕਾ, ਸੋਨੀਆ ਮਹਾਜਨ, ਮਮਤਾ ਅਤੇ ਹੋਰ, ਜੋ ਸੁਸਾਇਟੀ ਦੇ ਇਸ ਪਵਿੱਤਰ ਕਾਰਜ ਵਿੱਚ ਮੋਹਰੀ ਭੂਮਿਕਾ ਅਦਾ ਕਰਦੇ ਹਨ।

## ਅਦੁੱਤੀ ਸ਼ਹੀਦੀ ਦੇ ਦੂਰ-ਰਸ ਅਦੁੱਤੀ ਪ੍ਰਭਾਵ.... (ਸਫ਼ਾ 4 ਦੀ ਬਾਕੀ)

ਸ੍ਰੀ ਅਕਾਲ ਬੁੰਗਾ (ਪਿੱਛੋਂ ਨਾਮਕਰਨ ਸ੍ਰੀ ਅਕਾਲ ਤਖ਼ਤ) ਸਾਹਿਬ ਦੀ ਸਥਾਪਨਾ ਕਰਨ, ਕਰਵਾਉਣ ਵਿੱਚ ਬਾਬਾ ਬੁੱਢਾ ਜੀ ਅਤੇ ਭਾਈ ਗੁਰਦਾਸ ਜੀ ਸਹਿਤ ਖੁਦ ਵੀ ਕਾਰ ਸੇਵਾ ਕੀਤੀ। ਜਦ ਗੁਰੂ ਜੀ ਵੱਲੋਂ ਸੰਬੋਧਨ ਸੱਚੇ ਪਾਤਸ਼ਾ ਸਜ, ਧਜ ਕੇ ਇੱਥੇ ਅਕਾਲ ਤਖ਼ਤ ਸਾਹਿਬ ਵਿਖੇ ਸੁਸ਼ੋਭਿਤ ਹੁੰਦੇ ਸਨ, ਤਦ ਸ਼ੋਭਾ ਵਧਾ ਰਹੀ ਸੰਗਤ ਸਾਹਮਣੇ "ਨੱਥਾ ਭਾਈ ਅਤੇ ਭਾਈ ਅਬਦੁੱਲਾ" (ਮਹਾਨ ਕੋਸ਼ ਕ੍ਰਿਤ ਭਾਈ ਕਾਹਨ ਸਿੰਘ ਨਾਭਾ-ਪੰਨਾ 680-ਰੀਪ੍ਰਿੰਟ 1998 ਐਡੀਸ਼ਨ) ਢਾਡੀਆਂ ਨੇ ਇਹ ਵਾਰ ਵਾਰ-ਵਾਰ ਗਾਈ:

"ਦੋ ਤਲਵਾਰੀਂ ਬੱਧੀਆਂ, ਇੱਕ ਮੀਰ ਦੀ, ਇਕ ਪੀਰ ਦੀ।
ਇੱਕ ਅਜ਼ਮਤ ਦੀ, ਇੱਕ ਰਾਜ ਦੀ; ਇੱਕ ਰਾਖੀ ਕਰੇ ਵਜ਼ੀਰ ਦੀ
ਪੱਗ ਤੇਰੀ ਕੀ ਜਹਾਂਗੀਰ ਦੀ।"

ਜਦ ਸਰਕਾਰੀ ਸੂਹੀਆਂ ਨੇ ਆਗਰਾ ਵਿਖੇ ਬਾਦਸ਼ਾਹ 'ਸਲਾਮਤ' (ਸਲੀਮ ਤੋਂ ਬਣੇ ਜਹਾਂਗੀਰ) ਨੂੰ ਰਾਮਦਾਸਪੁਰ ਵਾਪਰ ਰਹੇ ਬਿਰਤਾਂਤ ਬਾਰੇ ਬਾਖ਼ਬਰ ਕੀਤਾ, ਤਦ ਉਸ ਨੂੰ ਸੱਤੀਂ ਕੱਪੜੀਂ ਅੱਗ ਲੱਗ ਗਈ। ਆਗਰਾ ਦੇ ਕਿਲ੍ਹੇ ਦੇ ਮੁੱਖ ਦਰਵਾਜ਼ੇ ਦੀ ਦੀਵਾਰ ਨਾਲ ਅਦਲ-ਏ ਇਨਸਾਫ਼ ਦੀ ਘੰਟੀ ਲਾਉਣ ਵਾਲੇ ਢੰਡੋਰਚੀ, ਜਹਾਂਗੀਰ ਬਾਦਸ਼ਾਹ ਨੇ ਗੁਰੂ ਜੀ ਨੂੰ ਸ਼ਾਹੀ ਦਰਬਾਰ ਵਿਖੇ ਪੇਸ਼ੀ ਭੁਗਤਣ ਲਈ ਹੁਕਮ ਚਾੜ੍ਹ ਦਿੱਤਾ। ਜਦ ਗੁਰੂ ਜੀ ਨੇ ਪਹੁੰਚ ਕੀਤੀ, ਤਦ ਗੁਰੂ ਜੀ ਨੂੰ ਗ੍ਰਿਫ਼ਤਾਰ ਕਰਕੇ ਗਵਾਲੀਅਰ ਦੇ ਕਿਲ੍ਹੇ ਵਿੱਚ ਭੇਜ ਦਿੱਤਾ। "ਗੁਰੂ ਜੀ ਦੇ ਕਿਲ੍ਹੇ ਵਿੱਚ ਆਉਣ ਨਾਲ ਸਭ ਕੈਦੀਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ। ਬੰਦੀ ਵਿੱਚ ਤਕਰੀਬਨ ਡੇਢ ਸਾਲ (1611 ਤੋਂ 1613 ਈ: ਲੇਖਕ) ਰਹੇ।" (ਸਾਡਾ ਇਤਿਹਾਸ-ਪੰਨੇ 268 ਅਤੇ 270)। ਜਦ ਸਿੱਖ ਸੰਗਤ ਦਾ ਗੁਰੂ ਜੀ ਦੀ ਗ੍ਰਿਫ਼ਤਾਰੀ ਵਿਰੁੱਧ ਰੋਸ ਸਿਖਰ ਛੋਹ ਰਿਹਾ ਸੀ ਤਦ "ਵਜ਼ੀਰ ਖਾਨ ਤੇ ਮੀਆਂ ਮੀਰ ਨੇ ਕੋਸ਼ਿਸ਼ ਕਰਕੇ ਗੁਰੂ ਜੀ ਦੀ ਰਿਹਾਈ ਦੇ ਹੁਕਮ ਜਹਾਂਗੀਰ ਕੋਲੋਂ ਲੈ ਲਏ।" (ਪੰਨੇ 269 ਅਤੇ 270 ਸਾਡਾ ਇਤਿਹਾਸ) ਪਰ ਗੁਰੂ ਜੀ ਨੇ ਇਕੱਲਿਆਂ ਰਿਹਾਈ ਪ੍ਰਾਪਤ ਕਰਨ ਦੀ ਥਾਂ ਬੇਦੋਸ਼ੇ ਬਵੰਜਾ ਰਾਜਿਆਂ ਦੇ ਹੱਕ ਵਿੱਚ ਦ੍ਰਿੜ੍ਹਤਾ ਨਾਲ ਖਲੋ ਕੇ ਉਨ੍ਹਾਂ ਦੀ ਵੀ ਆਪਣੇ ਨਾਲ ਹੀ ਖਲਾਸੀ ਕਰਵਾ ਲਈ। ਇਸੇ ਕਰਕੇ ਇਨ੍ਹਾਂ ਰਾਜਿਆਂ, ਉਨ੍ਹਾਂ ਦੀ ਪਰਜਾ ਅਤੇ ਸਿੱਖ ਸੰਗਤਾਂ ਨੇ ਗੁਰੂ ਜੀ ਨੂੰ 'ਬੰਦੀ ਛੋੜ ਦਾਤਾ' ਦੀ ਉਪਾਧੀ ਦੇ ਕੇ ਸਨਮਾਨਿਤ ਕੀਤਾ।

ਗੁਰੂ ਜੀ ਦੀ 1613 ਵਿੱਚ ਰਿਹਾਈ ਉਪਰੰਤ ਬਾਦਸ਼ਾਹ ਜਹਾਂਗੀਰ ਨੇ ਤਕਰੀਬਨ ਤੇਰਾਂ ਸਾਲ ਗੁਰੂ ਜੀ ਨਾਲ ਦੋਸਤਾਨਾ ਸੰਬੰਧਤ ਬਰਕਰਾਰ ਰੱਖੇ ਟਾਈਮ ਟਪਾਉਣ ਲਈ। ਜਹਾਂਗੀਰ ਦੇ ਫੌਤ ਹੋਣ ਪਿੱਛੋਂ ਸ਼ਹਿਜ਼ਾਦਾ ਖੁਰਮ ਸ਼ਾਹ ਜਹਾਂ ਦੇ ਤਖ਼ੱਲਸ ਨਾਲ ਤਖਤਨਸ਼ੀਨ ਹੋਇਆ। ਉਸ ਨੇ ਆਪਣੇ ਦਾਦੇ, ਮਹਾਨ ਅਕਬਰ ਅਤੇ ਬਾਪ, ਬਾਦਸ਼ਾਹ ਜਹਾਂਗੀਰ ਦੀ ਸੁਲ੍ਹਾਕੁਲ ਰਾਜਨੀਤੀ ਨੂੰ ਪੁੱਠੀ ਭੁਆਂਟਣੀ ਦੇ ਦਿੱਤੀ। ਸਿੱਟੇ ਵਜੋਂ ਪੰਜਵੇਂ ਮੁਗਲ ਬਾਦਸ਼ਾਹ ਅਤੇ ਛੇਵੇਂ ਸਿੱਖ ਪਾਤਸ਼ਾਹ ਦੀਆਂ ਫੌਜਾਂ ਵਿਚਕਾਰ ਚਾਰ ਮੁੱਖ ਜੰਗਾਂ ਹੋਈਆਂ। ਮੁਗਲ ਹਕੂਮਤ ਵੱਲੋਂ ਥੋਪੀਆਂ ਇਨ੍ਹਾਂ ਜੰਗਾਂ ਵਿੱਚ ਸਿੱਖ ਫੌਜਾਂ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਸੁਚੱਜੀ ਅਗਵਾਈ ਸਦਕਾ ਜਿੱਤਾਂ ਦੇ ਡੰਕੇ ਵਜਾ ਕੇ ਭਾਈ ਗੁਰਦਾਸ ਜੀ ਦੇ ਇਸ ਇਤਿਹਾਸਕ ਨਿਰਣੇ ਉਪਰ ਸਹੀ ਦੀ ਮੋਹਰ ਲਾ ਦਿੱਤੀ:

"ਪੰਜ ਪਿਆਲੇ ਪੰਜ ਪੀਰ ਛਠਮੁ ਪੀਰੁ ਬੈਠਾ ਗੁਰ ਭਾਰੀ।
ਅਰਜਨੁ ਕਾਇਆ ਪਲਟਿ ਕੈ ਮੂਰਤਿ ਹਰਿਗੋਬਿੰਦ ਸਵਾਰੀ।।
ਦਲਿ ਭੰਜਨ ਗੁਰੁ ਸੂਰਮਾ ਵਡਜੋਧਾ ਬਹੁ ਪਰਉਪਕਾਰੀ।' (ਵਾਰ 1:48)

ਛੇਵੇਂ ਗੁਰੂ ਸਾਹਿਬ ਨੇ 37 ਵਰ੍ਹੇ 10 ਮਹੀਨੇ 7 ਦਿਨ ਗੁਰੂਤਾ ਕੀਤੀ।" (ਮਹਾਨ ਕੋਸ਼-ਪੰਨਾ 265)। ਇਸ ਸਮੇਂ ਦੌਰਾਨ ਛੇਵੇਂ ਪਾਤਸ਼ਾਹ ਜੀ ਨੇ ਪੰਜਵੇਂ ਪਾਤਸ਼ਾਹ ਜੀ ਦਾ ਰਾਜ ਸੰਬੰਧੀ ਇਹ ਸੰਕਲਪ ਹਮੇਸ਼ਾ ਆਪਣੇ ਸਾਹਮਣੇ ਰੱਖਿਆ :

"ਹੁਣਿ ਹੁਕਮੁ ਹੋਆ ਮਿਹਰਵਾਣ ਦਾ।।
ਪੈ ਕੋਇ ਨ ਕਿਸੈ ਰਞਾਣ ਦਾ।।
ਸਭ ਸੁਖਾਲੀ ਵੁਠੀਆ ਇਹੁ ਹੋਆ ਹਲੇਮੀ ਰਾਜੁ ਜੀਉ।" (ਸ੍ਰੀ ਗੁਰੂ ਗ੍ਰੰਥ ਸਾਹਿਬ-ਅੰਗ 74)

ਛੇਵੇਂ ਗੁਰੂ ਜੀ ਨੇ ਗੁਰਗੱਦੀ ਕਾਲ ਦੌਰਾਨ ਸਭ ਗੁਰੂ ਘਰਾਂ, ਧਰਮਸ਼ਾਲਾਵਾਂ, ਮਸੰਦ ਪ੍ਰਣਾਲੀ, ਦਸਵੰਧ ਫੌਜੀ ਜਥੇਬੰਦੀ ਆਦਿ ਦਾ ਇੰਨੀ ਸਫ਼ਲਤਾ ਨਾਲ ਸਾਫ਼-ਸੁਥਰਾ ਪ੍ਰਬੰਧ ਕੀਤਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਬਿਰਾਜਕੇ ਸਿੱਖ ਸੰਗਤ ਦੇ ਮਤਭੇਦਾਂ ਵਾਲੇ ਮਸਲਿਆਂ ਨੂੰ ਸੰਤੁਲਿਤ ਪਹੁੰਚ ਨਾਲ ਨਜਿੱਠਿਆ ਕਿ ਸਾਡੀ ਸਮਝ ਅਨੁਸਾਰ ਇਹ ਹਲੇਮੀ ਅਥਵਾ ਹਲੀਮੀ ਰਾਜ ਦੀ ਸਥਾਪਨਾ ਦੀ ਹੀ ਸ਼ਾਨਦਾਰ ਝਲਕ ਸੀ।

ਪਿਛਲੇ ਸੱਤਰ ਸਾਲਾਂ ਤੋਂ ਸਿੱਖ ਧਰਮ ਅਤੇ ਸਿੱਖ ਇਤਿਹਾਸ ਸਮੇਤ ਸਮੇਂ-ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਕਰਨ ਸਮੇਂ ਸਾਨੂੰ ਇਸ ਹਲੇਮੀ ਰਾਜ ਤੋਂ ਬਿਨਾਂ ਕਿਸੇ ਹੋਰ ਰਾਜ ਦੀ ਉਤਮਤਾ ਕਿਤੇ ਨਜ਼ਰ ਨਹੀਂ ਪਈ। ਜਿੰਨਾ ਚਿਰ ਤੱਕ ਸਾਡੇ ਅਨੁਸਾਰ, ਬ੍ਰਿਟਿਸ਼ ਰਾਜ ਦੇ ਅੰਤ ਤੱਕ, ਸਿੱਖ ਪੰਥ ਨੇ ਮੀਰੀ ਅਤੇ ਪੀਰੀ ਦੇ ਸਿਧਾਂਤ ਤੋਂ ਸਹੀ ਸੇਧ ਲੈ ਕੇ ਇਸੇ ਰਾਜ ਦੇ ਸੰਕਲਪ ਨੂੰ ਅਮਲੀ ਜਾਮਾ ਪੁਆਉਣ ਲਈ ਸੰਘਰਸ਼ ਕੀਤਾ, ਇਤਿਹਾਸਕ ਸਫ਼ਲਤਾਵਾਂ ਨੇ ਉਨ੍ਹਾਂ ਦੇ ਪੈਰ ਚੁੰਮੇ, ਪਰ 1947 ਵਿੱਚ ਅਜ਼ਾਦੀ ਪ੍ਰਾਪਤੀ ਅਨੁਸਾਰ, ਸਾਡੀ ਤੁੱਛ ਬੁੱਧੀ ਅਨੁਸਾਰ ਇਸ ਸਿਧਾਂਤ ਨੂੰ ਸਹੀ ਸੂਝ ਨਾਲ ਲਾਗੂ ਨਹੀਂ ਕੀਤਾ ਜਾ ਸਕਿਆ। ਇਸ ਧਾਰਮਿਕ ਧਰੁਵੀਕਰਨ ਦੇ ਮੌਜੂਦਾ ਧੁੰਦ ਵਿੱਚ ਸਮੂਹ ਸਿੱਖ ਸੰਸਥਾਵਾਂ ਹੀ ਨਹੀਂ, ਸਿੱਖ ਧਰਮ ਵੀ ਸੰਕਟਾਂ ਵਿੱਚ ਘਿਰਿਆ ਪ੍ਰਤੀਤ ਹੁੰਦਾ ਹੈ। ਨਿਰਾ ਰਿਜ਼ਰਵ ਭਾਈਚਾਰੇ ਦੇ ਸਿੱਖ ਹੀ ਨਹੀਂ, ਸਗੋਂ ਜਨਰਲ ਭਾਈਚਾਰੇ ਦੇ ਕਈ ਸਿੱਖ ਵੀ ਈਸਾਈ ਮਤ ਧਾਰਨ ਕਰ ਚੁੱਕੇ ਹਨ ਅਤੇ ਧਾਰਨ ਕਰ ਰਹੇ ਹਨ। ਸੋ, ਪੰਥ ਪੰਜਾਬ ਅਤੇ ਦੇਸ਼ ਨੂੰ ਸਰਬ ਪੱਖੀ ਸੰਕਟਾਂ ਵਿੱਚੋਂ ਤਦ ਹੀ ਬਾਹਰ ਕੱਢਿਆ ਜਾ ਸਕਦਾ ਹੈ, ਜਦ ਸਿੱਖ ਧਰਮ ਦੇ ਸਮੂਹ ਸ਼ਰਧਾਲੂ ਆਪਸੀ ਮਤਭੇਦ ਭੁਲਾ ਕੇ, ਲੋੜੀਂਦੀ ਧਾਰਮਿਕ ਏਕਤਾ ਸਥਾਪਤ ਕਰਨਗੇ ਅਤੇ ਸਿਰਫ਼ ਸਰਬਤ ਦੇ ਭਲੇ ਦੀ ਸਿਆਸਤ ਨੂੰ ਹੀ ਸਮਰਪਿਤ ਹੋਣਗੇ, ਨਾ ਕਿ ਨਿੱਜੀ ਭਲੇ ਦੀ। ਸਾਂਝੀਵਾਲ ਸਮਾਜ ਉਸਾਰ ਕੇ ਸਰਬੱਤ ਦੇ ਭਲੇ ਦਾ ਰਾਜ ਕਾਇਮ ਕਰਨ ਦੇ ਝੰਡਾ ਬਰਦਾਰ ਵੀ ਆਪਸੀ ਅਸੂਲੀ ਏਕਤਾ ਬਣਾ ਕੇ ਅਤੇ ਸਾਂਝੇ ਸੰਘਰਸ਼ਮਈ ਅਮਲਾ ਨਾਲ ਹੀ ਅੱਗੇ ਵਧਣੇ ਚਾਹੀਦੇ ਹਨ। ਜੇ ਕਿਸੇ ਧਿਰ ਨੇ ਕੰਧ ਉਪਰ ਲਿਖਿਆ ਅਜੇ ਵੀ ਚੰਗੀ ਤਰ੍ਹਾਂ ਨਹੀਂ ਪੜ੍ਹਨਾ, ਤਦ ਉਰਦੂ ਦੇ ਇੱਕ ਸ਼ਾਇਰ ਦੀ ਇਹ ਚਿਤਾਵਨੀ ਦੇਣੀ ਅਸੀਂ ਜ਼ਰੂਰੀ ਸਮਝਦੇ ਹਾਂ:

'ਗਰ ਕਿਸ਼ਤੀ ਮੇਂ ਤੂਫ਼ਾਂ ਹੋ, ਤੋ ਮਿਟ ਜਾਤੀ ਹੈ ਤਕਦੀਰ,
'ਗਰ ਕਿਸ਼ਤੀ ਤੂਫ਼ਾਂ ਮੇਂ ਜੋ, ਤੋ ਕਾਮ ਆਤੀ ਹੈਂ ਤਦਬੀਰੇ।

# ਸੰਪਰਕ : 99152-43184

# ਰਵਾਇਤੀ ਸਿਆਸੀ ਪਾਰਟੀਆਂ ਆਮ ਆਦਮੀ ਦੇ ਪੁੱਤਰ ਨਾਲ ਈਰਖਾ ਕਰ ਰਹੀਆਂ : ਭਗਵੰਤ ਮਾਨ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਵਾਇਤੀ ਸਿਆਸੀ ਪਾਰਟੀਆਂ 'ਤੇ ਤਿੱਖਾ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਇਹ ਪਾਰਟੀਆਂ ਧਰਮ ਦੀ ਦੁਰਵਰਤੋਂ ਕਰ ਰਹੀਆਂ ਹਨ ਅਤੇ ਉਨ੍ਹਾਂ ਨੂੰ ਬਦਨਾਮ ਕਰਨ ਲਈ ਲਗਾਤਾਰ ਕੂੜ ਪ੍ਰਚਾਰ ਕਰ ਰਹੀਆਂ ਹਨ, ਕਿਉਂਕਿ ਉਹ ਨਾ ਤਾਂ ਇਤਿਹਾਸਕ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ-2026 ਦੇ ਪਾਸ ਹੋਣ ਨੂੰ ਹਜ਼ਮ ਕਰ ਪਾ ਰਹੀਆਂ ਹਨ ਅਤੇ ਨਾ ਹੀ ਇਸ ਗੱਲ ਨੂੰ ਕਿ ਇੱਕ ਆਮ ਘਰ ਦਾ ਪੁੱਤਰ ਪੰਜਾਬ ਵਿੱਚ ਸੁਚੱਜੇ ਢੰਗ ਨਾਲ ਸਰਕਾਰ ਚਲਾ ਰਿਹਾ ਹੈ। ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡ ਬਿਹਾਲਾ ਵਿਖੇ ਲੋਕ ਮਿਲਣੀ ਦੌਰਾਨ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਲੋਕਾਂ ਵੱਲੋਂ ਦਿੱਤੇ ਅਥਾਹ ਪਿਆਰ, ਸਤਿਕਾਰ ਅਤੇ ਅਸੀਸਾਂ ਲਈ ਧੰਨਵਾਦ ਕਰਦਿਆਂ ਕਿਹਾ ਕਿ ਜਨਤਾ ਦਾ ਇਹ ਵੱਡਾ ਹੁੰਗਾਰਾ ਸੂਬਾ ਸਰਕਾਰ ਦੀਆਂ ਨੀਤੀਆਂ ਅਤੇ ਨੀਅਤ ਵਿੱਚ ਉਨ੍ਹਾਂ ਦੇ ਅਟੁੱਟ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਸ ਲੋਕ ਮਿਲਣੀ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ, ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸੁਣਨ ਲਈ ਨਾ ਸਿਰਫ਼ ਪੰਡਾਲ ਵਿੱਚ ਬਲਕਿ ਆਲੇ-ਦੁਆਲੇ ਦੇ ਘਰਾਂ ਦੀਆਂ ਛੱਤਾਂ, ਬਾਲਕੋਨੀਆਂ ਅਤੇ ਬਨੇਰਿਆਂ ਤੇ ਵੀ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਇਕੱਠੇ ਹੋਏ। ਇਸ ਮੌਕੇ ਪਿੰਡ ਵਾਸੀਆਂ ਨੇ ਮੁੱਖ ਮੰਤਰੀ ਵੱਲੋਂ ਕੀਤੇ ਜਾ ਰਹੇ ਲੋਕ ਪੱਖੀ ਕਾਰਜਾਂ ਦੇ ਸਤਿਕਾਰ ਵਜੋਂ ਉਨ੍ਹਾਂ ਨੂੰ ਸਨਮਾਨਤ ਕਰਦਿਆਂ ਸ੍ਰੀ ਸਾਹਿਬ (ਤਲਵਾਰ) ਭੇਟ ਕੀਤੀ। ਲੋਕਾਂ ਦੇ ਇਸ ਪਿਆਰ ਅਤੇ ਸਹਿਯੋਗ ਲਈ ਧੰਨਵਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਅਜਿਹਾ ਅਥਾਹ ਪਿਆਰ ਉਨ੍ਹਾਂ ਨੂੰ ਪੰਜਾਬ ਅਤੇ ਇਸ ਦੇ ਲੋਕਾਂ ਦੀ ਭਲਾਈ, ਤਰੱਕੀ ਅਤੇ ਖੁਸ਼ਹਾਲੀ ਲਈ ਦਿਨ-ਰਾਤ ਮਿਹਨਤ ਕਰਨ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਦਾ ਹੈ। ਮੁੱਖ ਮੰਤਰੀ ਨੇ



ਦਾਅਵਾ ਕੀਤਾ ਕਿਅਕਾਲੀਆਂ ਨੇ ਆਪਣੇ ਨਿੱਜੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ ਹੈ। ਜਥੇਦਾਰ ਅਕਾਲੀਆਂ ਦੀਆਂ ਜੇਬਾਂ ਵਿੱਚੋਂ ਲਾਏ ਜਾਂਦੇ ਹਨ ਅਤੇ ਇਸੇ ਕਰਕੇ ਉਹ ਰਾਜਨੀਤੀ ਕਰ ਰਹੇ ਹਨ। ਇੱਕ ਜਥੇਦਾਰ ਨੇ ਲੋਕਾਂ ਦੇ ਵਿਰੋਧ ਦੇ ਡਰੋਂ ਤੜਕੇ ਹੀ ਅਹੁਦਾ ਸੰਭਾਲ ਲਿਆ ਸੀ ਅਤੇ ਹੁਣ ਉਹ ਧਰਮ ਦੀ ਆੜ ਵਿੱਚ ਮੇਰੇ ਖਿਲਾਫ ਸਾਜ਼ਿਸ਼ਾਂ ਰਚ ਰਹੇ ਹਨ। ਇਨ੍ਹਾਂ ਲੋਕਾਂ ਕੋਲ ਮੈਨੂੰ ਕਿਸੇ ਵੀ ਤਰ੍ਹਾਂ ਬਦਨਾਮ ਕਰਨ ਤੋਂ ਇਲਾਵਾ ਕੋਈ ਹੋਰ ਏਜੰਡਾ ਨਹੀਂ ਹੈ। ਕੰਢੀ ਖੇਤਰ ਵਿੱਚ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਖੇਤੀਬਾੜੀ ਨੂੰ ਵੱਡਾ ਹੁਲਾਰਾ ਦੇਣ ਲਈ ਜਲਦੀ ਹੀ ਨਹਿਰੀ ਪਾਣੀ ਕੰਢੀ ਖੇਤਰ ਦੇ ਕੋਨੇ-ਕੋਨੇ ਤੱਕ ਪਹੁੰਚੇਗਾ।ਰਵਾਇਤੀ ਸਿਆਸੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, 'ਇਨ੍ਹਾਂ ਪਾਰਟੀਆਂ ਨੇ ਸੱਤਾ ਵਿੱਚ ਰਹਿ ਕੇ ਆਪਣੇ ਹਿੱਤਾਂ ਦੀ ਰਾਖੀ ਲਈ ਆਪਸੀ ਮਿਲੀਭੁਗਤ ਨਾਲ ਪੰਜਾਬ ਨੂੰ ਸਾਲਾਂਬੱਧੀ ਲੁੱਟਿਆ। ਪਹਿਲਾਂ ਸਿਰਫ਼ ਦੋ ਪਾਰਟੀਆਂ ਹੀ ਵਾਰੋ ਵਾਰੀ ਸੱਤਾ ਸੁੱਖ ਭੋਗਦੀਆਂ ਸਨ ਅਤੇ ਸੂਬੇ ਦੀ ਦੌਲਤ ਲੁੱਟਦੇ ਹੋਏ ਲੋਕਾਂ ਦੀਆਂ ਭਾਵਨਾਵਾਂ ਦਾ ਸ਼ੋਸ਼ਣ ਕਰਦੀਆਂ ਸਨ। ਹੁਣ ਲੋਕਾਂ ਕੋਲ ਝਾੜੂ ਦਾ ਬਦਲ ਹੈ, ਜਿਸ ਨੇ ਪੰਜਾਬ ਦੇ ਸਿਆਸੀ ਤਾਣੇ-ਬਾਣੇ ਨੂੰ ਸਾਫ਼ ਕਰ ਦਿੱਤਾ ਹੈ।' ਭਗਵੰਤ ਸਿੰਘ ਮਾਨ ਨੇ ਕਿਹਾ, 'ਰਵਾਇਤੀ ਸਿਆਸੀ ਪਾਰਟੀਆਂ ਇਸ ਲਈ ਈਰਖਾ ਕਰ ਰਹੀਆਂ ਹਨ ਕਿਉਂਕਿ ਉਹ ਇਸ ਗੱਲ ਨੂੰ ਹਜ਼ਮ ਨਹੀਂ ਕਰ ਸਕਦੀਆਂ ਕਿ ਇੱਕ ਆਮ ਆਦਮੀ ਦਾ ਪੁੱਤਰ ਸੂਬੇ ਦਾ ਸ਼ਾਸਨ ਇੰਨੇ ਸੁਚੱਜੇ ਢੰਗ ਨਾਲ ਚਲਾ ਰਿਹਾ ਹੈ'।

## ਆਰਮੀ ਵੈਟਰਨ ਵੈੱਲਫੇਅਰ ਯੂਨੀਅਨ ਵੱਲੋਂ ਡੀ ਐੱਸ ਪੀ ਦਾ ਵਿਸ਼ੇਸ਼ ਸਨਮਾਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ)-ਸਮਾਜ ਪ੍ਰਤੀ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਨੂੰ ਮੁੱਖ ਰੱਖਦਿਆਂ 'ਆਰਮੀ ਵੈਟਰਨ ਵੈੱਲਫੇਅਰ ਯੂਨੀਅਨ ਸ੍ਰੀ ਮੁਕਤਸਰ ਸਾਹਿਬ' ਵੱਲੋਂ ਡੀਐੱਸਪੀ ਬਚਨ ਸਿੰਘ ਸ੍ਰੀ ਮੁਕਤਸਰ ਸਾਹਿਬ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਯੂਨੀਅਨ ਦੇ ਅਹੁਦੇਦਾਰਾਂ ਨੇ ਡੀਐੱਸਪੀ ਦਫ਼ਤਰ ਵਿਖੇ ਪਹੁੰਚ ਕੇ ਉਨ੍ਹਾਂ ਦੀਆਂ ਬਿਹਤਰੀਨ ਸੇਵਾਵਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ ਤੇ ਸਿਰੋਪਾਓ ਪਾ ਕੇ ਨਿਵਾਜਿਆ ਗਿਆ।ਇਸ ਸਨਮਾਨ ਸਮਾਰੋਹ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਗੰਧੜ ਸਾਬਕਾ ਸੂਬੇਦਾਰ ਨੇ ਕੀਤੀ।ਉਨ੍ਹਾਂ ਨਾਲ ਸ਼ਹਿਰੀ ਪ੍ਰਧਾਨ ਹੌਲਦਾਰ ਇਕਬਾਲ ਸਿੰਘ, ਕੈਪਟਨ ਗੁਰਮੀਤ ਸਿੰਘ ਸਲਾਹਕਾਰ, ਸੂਬੇਦਾਰ ਸੁਨਿੰਦਰ ਸਿੰਘ ਭੁੱਲਰ, ਹੌਲਦਾਰ ਬੋਹੜ ਸਿੰਘ ਬਲਾਕ ਪ੍ਰਧਾਨ ਮੁਕਤਸਰ, ਵਾਇਸ ਖਜਾਨਚੀ ਹੌਲਦਾਰ ਹਰਬੰਸ ਲਾਲ ਮੌਜੂਦ ਸਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੂਬੇਦਾਰ ਜਸਵਿੰਦਰ ਸਿੰਘ ਗੰਧੜ ਨੇ ਕਿਹਾ ਕਿ ਡੀਐੱਸਪੀ ਬਚਨ ਸਿੰਘ ਵਰਗੇ ਇਮਾਨਦਾਰ ਤੇ ਮਿਹਨਤੀ ਅਧਿਕਾਰੀ ਸਮਾਜ ਲਈ ਪ੍ਰੇਰਨਾ ਸਰੋਤ ਹਨ।ਉਨ੍ਹਾਂ ਵੱਲੋਂ ਪਬਲਿਕ ਤੇ ਸਾਬਕਾ ਫੌਜੀਆਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਸ਼ਲਾਘਾਯੋਗ ਕਦਮ ਹੈ।ਇਸ ਮੌਕੇ ਯੂਨੀਅਨ ਵੱਲੋਂ ਮਿਲੇ ਮਾਨ-ਸਨਮਾਨ ਲਈ ਧੰਨਵਾਦ ਕਰਦਿਆਂ ਡੀਐੱਸਪੀ ਬਚਨ ਸਿੰਘ ਨੇ ਕਿਹਾ ਕਿ ਆਰਮੀ ਵੈਟਰਨ ਵੈੱਲਫੇਅਰ ਯੂਨੀਅਨ ਵੱਲੋਂ ਮਿਲਿਆ ਇਹ ਸਨਮਾਨ ਮੇਰੀ ਜ਼ਿੰਮੇਵਾਰੀ ਨੂੰ ਹੋਰ ਵਧਾਉਂਦਾ ਹੈ।

## ਪੰਜਾਬ ਦਾ ਵਿਕਾਸ ਹਮੇਸ਼ਾ ਅਕਾਲੀ ਸਰਕਾਰ ਸਮੇਂ ਹੋਇਆ : ਜਸਵੰਤ ਸਿੰਘ ਢਿੱਲੋਂ



ਸਮਾਣਾ (ਗੁਰਪਿਆਰ ਸਿੰਘ ਬੱਲ)-ਪੰਜਾਬ ਦੇ ਲੋਕ ਭਗਵੰਤ ਸਿੰਘ ਮਾਨ ਦੀਆਂ ਗੱਲਾਂ ਵਿੱਚ ਆ ਕੇ ਧੋਖਾ ਖਾ ਗਏ ਹਨ ਅਤੇ ਹੁਣ ਪਛਤਾ ਰਹੇ ਹਨ, ਵਿਕਾਸ ਪੱਖੋਂ ਪਿੰਡਾਂ ਅਤੇ ਸ਼ਹਿਰਾਂ ਦਾ ਕਾਫੀ ਭੈੜਾ ਹਾਲ ਹੈ ਤੇ ਪੰਜਾਬ ਵਿੱਚ ਵਿਕਾਸ ਹਮੇਸ਼ਾ ਅਕਾਲੀ ਸਰਕਾਰ ਸਮੇਂ ਹੀ ਹੋਇਆ ਹੈ। ਇਹ ਪ੍ਰਗਟਾਵਾ ਜਸਵੰਤ ਸਿੰਘ ਢਿੱਲੋਂ ਪ੍ਰਧਾਨ ਬੀ ਸੀ ਵਿੰਗ ਸ਼੍ਰੋਮਣੀ ਅਕਾਲੀ ਦਲ ਹਲਕਾ ਦਿੜਬਾ ਨੇ ਇੱਥੇ ਇੱਕ ਪ੍ਰੈਸ ਕਾਨਫਰੰਸ ਵਿੱਚ ਕੀਤਾ। ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਸਮੇਂ ਬੀ ਸੀ ਵਰਗ ਦੀ ਭਲਾਈ ਲਈ ਅਨੇਕਾਂ ਹੀ ਸਕੀਮਾਂ ਉਲੀਕੀਆਂ ਗਈਆਂ ਸਨ ਜਿਨ੍ਹਾਂ ਦਾ ਬੀ ਸੀ ਵਰਗ ਨੇ ਰੱਜ ਕੇ ਲਾਭ ਲਿਆ ਪਰ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਇਹ ਸਾਰੀਆਂ ਸਕੀਮਾਂ ਲਗਭਗ ਠੱਪ ਹੋ ਕੇ ਰਹਿ ਗਈਆਂ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਹੀ ਆਵੇਗੀ।

## ਪੂਨਮ ਸਿੰਘ ਨੇ ਮਾਨਸਾ ਦੇ ਵਧੀਕ ਡਿਪਟੀ ਕਮਿਸ਼ਨਰ ਵਜੋਂ ਸੰਭਾਲਿਆ ਅਹੁਦਾ



ਮਾਨਸਾ (ਆਤਮਾ ਸਿੰਘ ਪਮਾਰ)-2014 ਬੈਚ ਦੇ ਸੀਨੀਅਰ ਪੀ.ਸੀ.ਐਸ. ਅਧਿਕਾਰੀ ਪੂਨਮ ਸਿੰਘ ਨੇ ਮਾਨਸਾ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਅਹੁਦਾ ਸੰਭਾਲ ਲਿਆ ਹੈ।ਜ਼ਿਕਰਯੋਗ ਹੈ ਕਿ ਪੂਨਮ ਸਿੰਘ ਨੂੰ ਪ੍ਰਸ਼ਾਸਨਿਕ ਕੰਮਾਂ ਦਾ ਲੰਬਾ ਅਤੇ ਵਧੀਆ ਤਜਰੱਬਾ ਹੈ। ਇਸ ਤੋਂ ਪਹਿਲਾਂ ਉਹ ਜ਼ਿਲ੍ਹਾ ਮਾਨਸਾ ਦੀ ਹੀ ਸਬ ਡਵੀਜ਼ਨ ਸਰਦੂਲਗੜ੍ਹ ਵਿਖੇ ਬਤੌਰ ਉਪ ਮੰਡਲ ਮੈਜਿਸਟਰੇਟ ਅਤੇ ਮਾਨਸਾ ਦੇ ਸਹਾਇਕ ਕਮਿਸ਼ਨਰ ਵਜੋਂ ਵੀ ਸ਼ਾਨਦਾਰ ਸੇਵਾਵਾਂ ਨਿਭਾ ਚੁੱਕੇ ਹਨ। ਅਹੁੱਦਾ ਸੰਭਾਲਣ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਅਤੇ ਵੱਖ ਵੱਖ ਸਰਕਾਰੀ ਸਕੀਮਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨਾ ਅਤੇ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਨਿਪਟਾਰਾ ਕਰਨਾ ਹੀ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ।

## ਡੇਰਾ ਸ੍ਰੀ ਭਜਨਗੜ੍ਹ ਗੋਲੂ ਕਾ ਮੋੜ ਵਿਖੇ ਸਲਾਨਾ ਸਮਾਗਮ ਸ਼ੁਰੂ



ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)-ਡੇਰਾ ਸ੍ਰੀ ਭਜਨਗੜ੍ਹ ਗੋਲੂ ਕਾ ਮੋੜ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਲਾਨਾ ਸਮਾਗਮਾਂ ਦੀ ਸ਼ੁਰੂਆਤ ਕੀਤੀ ਗਈ।ਜਿਸ ਵਿੱਚ ਡੇਰਾ ਭਜਨਗੜ੍ਹ ਤੇ ਸੰਸਥਾਪਕ ਸੰਤ ਸ਼੍ਰੀਮਾਨ 108 ਬਾਬਾ ਵਚਨ ਸਿੰਘ ਵੱਲੋਂ ਚਲਾਈ ਮਰਿਆਦਾ ਅਨੁਸਾਰ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਆਰੰਭ ਕੀਤੀ ਗਈ, ਜਿਸ ਦੇ ਭੋਗ 16 ਜੁਲਾਈ ਇੱਕ ਸਾਵਨ ਨੂੰ ਪਾਏ ਜਾਣਗੇ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਡੇਰਾ ਭਜਨਗੜ੍ਹ ਦੇ ਗੱਦੀ ਨਸ਼ੀਨ ਸੰਤ ਬਾਬਾ ਰਜਿੰਦਰ ਸਿੰਘ ਨੇ ਦੱਸਿਆ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਲਾਨਾ ਸਮਾਗਮਾਂ ਦੀ ਸ਼ੁਰੂਆਤ ਕੀਤੀ ਗਈ ਹੈ ਇਨ੍ਹਾਂ ਸਮਾਗਮਾਂ ਦੀ ਸਮਾਪਤੀ 16 ਜੁਲਾਈ 1 ਸਾਵਣ ਨੂੰ ਹੋਵੇਗੀ।ਸਾਰਾ ਮਹੀਨਾ ਸ੍ਰੀ ਅਖੰਡ ਪਾਠ ਸਾਹਿਬ ਚਲਦੇ ਰਹਿਣਗੇ। ਇਸ ਮੌਕੇ ਬਾਬਾ ਵਚਨ ਸਿੰਘ ਸੰਗੀਤ ਅਕੈਡਮੀ ਦੇ ਵਿਦਿਆਰਥੀਆਂ ਨੇ ਸੰਗਤਾਂ ਨੂੰ ਰਸ ਭਿੰਨੇ ਕੀਰਤਨ ਨਾਲ ਨਿਹਾਲ ਕੀਤਾ।

## ਨਰੇਗਾ ਮੁਲਾਜ਼ਮਾਂ ਵੱਲੋਂ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਧਰਨਾ 16ਵੇਂ ਦਿਨ 'ਚ ਦਾਖਲ



ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)-ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਨਰੇਗਾ ਤਹਿਤ ਆਰਜ਼ੀ ਆਸਾਮੀਆਂ 'ਤੇ ਠੇਕਾ ਆਧਾਰਿਤ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਵਾਉਣ ਦੀ ਮੰਗ ਨੂੰ ਲੈ ਕੇ ਚੱਲ ਰਹੇ ਸ਼ੰਘਰਸ਼ਾਂ ਦੀ ਲੜੀ ਤਹਿਤ ਮੰਗਲਵਾਰ ਬਲਾਕ ਪੱਧਰੀ ਧਰਨਾ 16 ਵੇਂ ਦਿਨ ਵੀ ਜਾਰੀ ਰਿਹਾ।ਰੋਹ ਭਰਪੂਰ ਨਾਅਰੇਬਾਜ਼ੀ ਤੋਂ ਬਾਅਦ ਧਰਨੇ-ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਨੇ ਕਿਹਾ ਕਿ ਪਿਛਲੇ ਲਗਭਗ 17-18 ਸਾਲ ਤੋਂ ਉਹ ਕੱਚੀ ਨੌਕਰੀ ਕਰ ਰਹੇ ਹਨ। ਹਰ ਸਮੇਂ ਨੌਕਰੀ ਤੋਂ ਕੱਢ ਦੇਣ, ਤਨਖ਼ਾਹ ਰੋਕ ਲੈਣ, ਦੂਰ-ਦੁਰਾਡੇ ਬਦਲੀ ਕਰਨ ਦਾ ਡਰ ਉਨ੍ਹਾਂ ਦੇ ਮਨਾਂ ਅੰਦਰ ਬਣਿਆ ਰਹਿੰਦਾ ਹੈ।ਅਫ਼ਸਰਸ਼ਾਹੀ ਵੱਲੋਂ ਨਰੇਗਾ ਤੋਂ ਇਲਾਵਾ ਹਰ ਤਰ੍ਹਾਂ ਦੇ ਪੇਂਡੂ ਵਿਕਾਸ ਨਾਲ ਸੰਬੰਧਿਤ ਕੰਮ ਨਰੇਗਾ ਮੁਲਾਜ਼ਮਾਂ ਤੋਂ ਲਏ ਜਾਂਦੇ ਹਨ। ਜੇਕਰ ਉਹ ਵਾਧੂ ਕੰਮਾਂ ਨੂੰ ਕਰਨ ਤੋਂ ਮਨ੍ਹਾਂ ਕਰਦੇ ਹਨ ਤਾਂ ਉਨ੍ਹਾਂ ਦਾ ਕੰਟਰੈਕਟ ਰੋਕ ਲੈਣ, ਬਦਲੀ ਕਰਨ ਵਰਗੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਮੂਹ ਨਰੇਗਾ ਮੁਲਾਜ਼ਮਾਂ ਦੀ ਭਰਤੀ ਪੂਰੇ ਪਾਰਦਰਸ਼ੀ ਢੰਗ ਨਾਲ ਰੈਗੂਲਰ ਭਰਤੀ ਲਈ ਅਪਨਾਏ ਜਾਂਦੇ ਤੈਅ ਮਾਪਦੰਡਾਂ ਅਨੁਸਾਰ ਬਿਲਕੁਲ ਨਿਗੂਣੀਆਂ ਤਨਖ਼ਾਹਾਂ 'ਤੇ ਕੀਤੀ ਗਈ ਸੀ।ਪਿਛਲੇ ਛੇ ਮਹੀਨਿਆਂ ਤੋਂ ਤਨਖ਼ਾਹਾਂ ਬਕਾਇਆ ਹਨ। ਇਸ ਸਮੇਂ ਅਜੀਤ ਸਿੰਘ, ਅੰਜੂ ਬਾਲਾ, ਰੀਤੂ ਬਾਲਾ, ਮਨਪ੍ਰੀਤ ਸਿੰਘ, ਅਮਨਦੀਪ ਕੌਰ, ਰਜਿੰਦਰ ਕੁਮਾਰ, ਮੋਹਿਤ, ਮਨੀਸ਼ ਕੁਮਾਰ ਤੇ ਵੀਨਾ ਰਾਣੀ ਆਦਿ ਹਾਜ਼ਰ ਸਨ।

## ਸੀਵਰੇਜ ਤੇ ਵਾਟਰ ਸਪਲਾਈ ਬੋਰਡ ਦੇ ਕਾਮਿਆਂ ਵੱਲੋਂ ਧਰਨਾ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਸਥਾਨਕ ਸੀਵਰੇਜ ਅਤੇ ਵਾਟਰ ਸਪਲਾਈ ਬੋਰਡ ਦੇ ਕਾਮਿਆਂ ਨੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਇੱਕ ਰੋਜ਼ਾ ਰੋਸ ਧਰਨਾ ਜਥੇਬੰਦੀ ਦੇ ਪ੍ਰਧਾਨ ਨਰੈਣ ਦੱਤ ਦੀ ਅਗਵਾਈ ਹੇਠ ਦਿੱਤਾ।ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਵਿਭਾਗ ਵੱਲੋਂ ਕਾਮਿਆਂ ਦੀਆਂ ਜਾਇਜ਼ ਮੰਗਾਂ ਵੱਲ ਲੰਮੇ ਸਮੇਂ ਤੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਧਰਨਾਕਾਰੀਆਂ ਦੀਆਂ ਮੁੱਖ ਮੰਗਾਂ ਵਿੱਚ ਹਰ ਮਹੀਨੇ ਸਮੇਂ ਸਿਰ ਤਨਖਾਹਾਂ ਦੀ ਅਦਾਇਗੀ ਕਰਨਾ, ਪਿਛਲੇ 10 ਮਹੀਨਿਆਂ ਤੋਂ ਰੁਕੇ ਹੋਏ ਫੰਡਾਂ ਨੂੰ ਤੁਰੰਤ ਜਾਰੀ ਕਰਨਾ ਅਤੇ ਬੀਤੇ ਸਮੇਂ ਦੌਰਾਨ ਤਨਖਾਹਾਂ ਵਿੱਚ ਕੀਤੀ ਗਈ ਕਟੌਤੀ ਦੇ ਬਕਾਏ ਮੋੜਨਾ ਸ਼ਾਮਲ ਹਨ।ਕਾਮਿਆਂ ਨੇ ਸਾਫ਼ ਸ਼ਬਦਾਂ ਵਿੱਚ ਆਖਿਆ ਕਿ ਇਹ ਸਿਰਫ਼ ਇੱਕ ਰੋਜ਼ਾ ਸੰਕੇਤਕ ਧਰਨਾ ਸੀ।ਜੇਕਰ ਸਰਕਾਰ ਅਤੇ ਸਬੰਧਤ ਵਿਭਾਗ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਜਲਦੀ ਪ੍ਰਵਾਨ ਨਾ ਕੀਤਾ, ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

## ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਯਤਨਸ਼ੀਲ : ਸ਼ਰਮਾ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਪੰਜਾਬ ਰਾਜ ਵਪਾਰੀ ਕਮਿਸ਼ਨ ਹਲਕਾ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਦੀ ਅਗਵਾਈ ਹੇਠ ਧੂਰੀ ਦੇ ਕੱਕੜਵਾਲ ਰੋਡ ਸਥਿਤ ਵਪਾਰੀਆਂ ਨਾਲ ਮੀਟਿੰਗ ਦੌਰਾਨ ਵਪਾਰੀਆਂ ਨੇ ਆਪਣੇ ਕਾਰੋਬਾਰ ਨਾਲ ਸਬੰਧਿਤ ਵੱਖ-ਵੱਖ ਮੁਸ਼ਕਲਾਂ ਅਤੇ ਸੁਝਾਵਾਂ ਨੂੰ ਸਾਂਝਾ ਕੀਤਾ।ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਵਪਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਪਾਰੀ ਵਰਗ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਵਪਾਰੀਆਂ ਵੱਲੋਂ ਉਠਾਏ ਗਏ ਸਾਰੇ ਮੁੱਦਿਆਂ ਨੂੰ ਸਰਕਾਰ ਤੱਕ ਪਹੁੰਚਾ ਕੇ ਉਨ੍ਹਾਂ ਦੇ ਹੱਲ ਲਈ ਯੋਗ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਆਰਥਿਕ ਤਰੱਕੀ ਦਾ ਇੱਕ ਮਹੱਤਵਪੂਰਨ ਹਿੱਸਾ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕਰਨਾ ਸਰਕਾਰ ਦੀ ਤਰਜੀਹ ਹੈ।ਇਸ ਮੌਕੇ ਟਰੇਡ ਵਿੰਗ ਦੇ ਮੈਂਬਰ ਬਸੰਤ ਲਾਲ, ਕੁਲਦੀਪ ਸਿੰਘ, ਬਿਲਾਲ ਖਾਨ, ਦੀਪਕ ਵਰਮਾ, ਅਮਨ ਖਾਨ, ਰਜਿੰਦਰ ਕੁਮਾਰ, ਜਗਤਾਰ ਸਿੰਘ, ਦਰਸ਼ਨ ਕੁਮਾਰ ਅਤੇ ਜਸਵੀਰ ਸਿੰਘ ਐਮ ਸੀ ਸਮੇਤ ਹੋਰ ਵਪਾਰੀ ਵੀ ਹਾਜ਼ਰ ਸਨ।

# ਗੁਰੂ ਅਰਜਨ ਦੇਵ ਦੀ ਸ਼ਹੀਦੀ ਨੂੰ ਸਮਰਪਤ ਡਾ. ਰਤਨ ਸਿੰਘ ਜੱਗੀ ਯਾਦਗਾਰੀ ਭਾਸ਼ਣ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬ ਸਰਕਾਰ ਦੀ ਸਰਪ੍ਰਸਤੀ ਵਿੱਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਉੱਘੇ ਵਿਦਵਾਨ ਪਦਮ ਸ੍ਰੀ ਡਾ. ਰਤਨ ਸਿੰਘ ਜੱਗੀ ਦੀ ਯਾਦ 'ਚ ਇਕ ਯਾਦਗਾਰੀ ਭਾਸ਼ਣ ਭਾਸ਼ਾ ਭਵਨ ਪਟਿਆਲਾ ਵਿਖੇ ਕਰਵਾਇਆ ਗਿਆ।'ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਭਾਸ਼ਾ ਪ੍ਰਸੰਗ' ਵਿਸ਼ੇ 'ਤੇ ਕਰਵਾਏ ਗਏ ਇਸ ਭਾਸ਼ਣ ਦੌਰਾਨ ਡਾ. ਬਲਕਾਰ ਸਿੰਘ ਨੇ ਆਪਣਾ ਭਾਵਪੂਰਤ ਖੋਜ ਪੱਤਰ ਪੜ੍ਹਿਆ। ਸਮਾਗਮ 'ਚ ਹੌਸਲਾ ਅਫ਼ਜ਼ਾਈ ਲਈ ਡਾ. ਗੁਰਸ਼ਰਨ ਕੌਰ ਜੱਗੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਸਮਾਗਮ ਦੀ ਪ੍ਰਧਾਨਗੀ ਸ੍ਰੀ ਬੀ ਐੱਸ ਰਤਨ (ਸੇਵਾ ਮੁਕਤ ਆਈ ਆਰ ਐਸ) ਨੇ ਕੀਤੀ।ਡਾ. ਚਰਨਜੀਤ ਕੌਰ ਬਰਾੜ ਨੇ ਡਾ. ਰਤਨ ਸਿੰਘ ਜੱਗੀ ਬਾਰੇ ਵਿਚਾਰ ਪੇਸ਼ ਕੀਤੇ।ਸਮਾਗਮ ਦੌਰਾਨ ਜਿੱਥੇ ਬੁਲਾਰਿਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਭਾਸ਼ਾਈ ਪ੍ਰਸੰਗ ਦਾ ਧਿਆਨ ਧਰਦਿਆਂ ਗੁਰਮਤਿ ਦੇ ਮਹਾਨ ਖੋਜੀ ਵਿਦਵਾਨ ਡਾ. ਰਤਨ ਸਿੰਘ ਜੱਗੀ ਦੇ ਜੀਵਨ ਬਾਰੇ ਚਾਨਣਾ ਪਾਇਆ ਉਸ ਦੇ ਨਾਲ-ਨਾਲ ਉਨ੍ਹਾਂ ਦੀ ਆਪਣੇ ਕੰਮ ਪ੍ਰਤੀ ਲਗਨ ਨੂੰ ਵੀ ਬਿਆਨ ਕੀਤਾ।ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਪਹਿਲਾਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕੀਤਾ ਤੇ ਫਿਰ ਡਾ. ਰਤਨ ਸਿੰਘ ਜੱਗੀ ਵੱਲੋਂ ਗੁਰਮਤ ਕਾਵਿ ਅਤੇ ਸਿੱਖ ਇਤਿਹਾਸ ਉੱਤੇ ਕੀਤੇ ਵੱਡੇ ਖੋਜ ਕਾਰਜਾਂ ਦਾ ਜ਼ਿਕਰ ਕੀਤਾ।ਮੁੱਖ ਭਾਸ਼ਣਕਾਰ ਪ੍ਰੋਫੈਸਰ ਬਲਕਾਰ ਸਿੰਘ ਨੇ ਸਮਾਗਮ ਦੇ ਵਿਸ਼ੇ 'ਤੇ ਆਪਣਾ ਖੋਜ ਪੱਤਰ ਸਾਂਝਾ ਕੀਤਾ।ਡਾ. ਚਰਨਜੀਤ ਕੌਰ ਬਰਾੜ ਨੇ ਡਾ. ਰਤਨ ਸਿੰਘ ਜੱਗੀ ਦੀ ਜ਼ਿੰਦਗੀ ਦੀਆਂ ਕਈ ਘਟਨਾਵਾਂ ਸਾਂਝੀਆਂ ਕਰਦਿਆਂ ਉਨ੍ਹਾਂ ਦੀ ਮਿਹਨਤ ਅਤੇ ਕਾਬਲੀਅਤ ਨੂੰ ਸਲਾਮ ਕੀਤਾ ਤੇ ਨਾਲ ਹੀ ਉਨ੍ਹਾਂ ਅੱਜ ਦੇ ਨੌਜਵਾਨਾਂ ਨੂੰ ਡਾ. ਰਤਨ ਸਿੰਘ ਜੱਗੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਨੂੰ ਕਿਹਾ। ਇਸ ਮੌਕੇ ਮਹਿਮਾਨ ਸ਼ਖਸ਼ੀਅਤਾਂ ਨੂੰ ਵਿਭਾਗ ਵੱਲੋਂ ਵਿਭਾਗੀ ਸ਼ਾਲਾਂ ਅਤੇ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨਿਤ ਕੀਤਾ ਗਿਆ।ਮੰਚ ਸੰਚਾਲਨ ਖੋਜ ਅਫ਼ਸਰ ਡਾ. ਮਨਜਿੰਦਰ ਸਿੰਘ ਨੇ ਕੀਤਾ ਤੇ ਡਾ. ਸਤਪਾਲ ਸਿੰਘ ਨੇ ਧੰਨਵਾਦੀ ਸ਼ਬਦ ਕਹੇ।

## ਨੋਡਲ ਅਫ਼ਸਰ ਲਾਏ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਐਸ.ਆਈ.ਆਰ-2026 ਪ੍ਰਕਿਰਿਆ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪੱਧਰ 'ਤੇ ਲਾਏ ਗਏ ਵੱਖ-ਵੱਖ ਸੈੱਲਾਂ ਦੇ ਨੋਡਲ ਅਫ਼ਸਰ ਤੇ ਚਾਰੇ ਵਿਧਾਨ ਸਭਾ ਹਲਕਿਆਂ ਦੇ ਸੁਪਰਵਾਈਜ਼ਰਾਂ ਨੂੰ ਟ੍ਰੇਨਿੰਗ ਦਿੱਤੀ ਗਈ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜਨ.) ਡਾ. ਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਗਠਿਤ ਕੀਤੇ ਗਏ ਵੱਖ-ਵੱਖ ਸੈੱਲਾਂ ਵਿੱਚ ਨੋਡਲ ਅਫ਼ਸਰ ਲਾਏ ਗਏ ਹਨ ਅਤੇ ਉਨ੍ਹਾਂ ਦੇ ਨਾਲ ਟੀਮ ਮੈਂਬਰ ਨਿਯੁਕਤ ਕੀਤੇ ਗਏ ਹਨ।

ਉਨ੍ਹਾਂ ਸਮੂਹ ਹਾਜ਼ਰੀਨ ਨੂੰ ਉਨ੍ਹਾਂ ਦੇ ਅਲਾਟ ਕੀਤੇ ਗਏ ਕੰਮਾਂ ਬਾਰੇ ਜਾਣੂ ਕਰਾਇਆ ਗਿਆ ਅਤੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਅਲਾਟ ਕੀਤੇ ਕੰਮਾਂ ਅਨੁਸਾਰ ਸਮੇਂ ਸਿਰ ਤਿਆਰੀਆਂ ਮੁਕੰਮਲ ਕਰ ਲਈਆਂ ਜਾਣ ਤਾਂ ਜੁ ਐਸ.ਆਈ.ਆਰ. ਪ੍ਰਕਿਰਿਆ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਜਾ ਸਕੇ।

## ਆਸਟ੍ਰੇਲੀਆ ਤੋਂ ਆਏ ਗੁਰਪ੍ਰੀਤ ਗੁਰੀ ਵੱਲੋਂ ਕਲੱਬ ਨੂੰ 1100 ਰੁਪਏ ਭੇਟ

ਕੋਟਕਪੂਰਾ (ਰਛਪਾਲ ਭੁੱਲਰ)-ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ 'ਚ ਲਗਾਤਾਰ ਯਤਨਸ਼ੀਲ ਰਹਿਣ ਕਰਕੇ ਦੁਨੀਆਂ ਭਰ ਦੇ ਪੰਜਾਬੀਆਂ ਲਈ ਸਤਿਕਾਰ ਦਾ ਪਾਤਰ ਬਣੀ ਪ੍ਰਸਿੱਧ ਸਮਾਜਸੇਵੀ ਸੰਸਥਾ ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਦੇ ਰੋਜ਼ਾਨਾ ਬਣਦੇ ਵੀਡੀਓ ਕਲਿੱਪ ਨੂੰ ਦੇਖਣ ਲਈ ਦੁਨੀਆਂ ਦੇ ਕੋਨੇ ਕੋਨੇ ਵਿੱਚ ਬੈਠੇ ਪੰਜਾਬੀ ਬੜੀ ਬੇਸਬਰੀ ਨਾਲ ਉਡੀਕ ਕਰਦੇ ਹਨ।

ਕਲੱਬ ਦੇ ਸੀਨੀਅਰ ਮੈਂਬਰ ਰਜਿੰਦਰ ਸਿੰਘ ਰਾਜੂ ਸਚਦੇਵਾ ਦੇ ਹੋਣਹਾਰ ਬੇਟੇ ਗੁਰਪ੍ਰੀਤ ਸਿੰਘ ਗੁਰੀ ਨੇ ਸਥਾਨਕ ਮਿਉਂਸਪਲ ਪਾਰਕ ਵਿੱਚ ਸਥਿੱਤ ਗੁੱਡ ਮੋਰਨਿੰਗ ਕਲੱਬ ਦੇ ਮੰਚ 'ਤੇ ਰੱਖੀ ਚਾਹ ਪਾਰਟੀ 'ਚ ਸ਼ਮੂਲੀਅਤ ਕਰਨ ਮੌਕੇ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਉਹ ਮੈਲਬੋਰਨ (ਆਸਟ੍ਰੇਲੀਆ) ਵਿਖੇ ਪਾਰਕਾਂ, ਸੈਰਗਾਹਾਂ, ਸਾਂਝੀਆਂ ਥਾਵਾਂ ਤੇ ਪੰਜਾਬੀਆਂ ਦੇ ਖੁਸ਼ੀ-ਗਮੀ ਦੇ ਸਮਾਗਮਾਂ ਮੌਕੇ ਗੁੱਡ ਮੌਰਨਿੰਗ ਕਲੱਬ ਦੀ ਉਸਾਰੂ ਚਰਚਾ ਸੁਣ ਕੇ ਖੁਸ਼ੀ ਤੇ ਮਾਣ ਮਹਿਸੂਸ ਕਰਦਾ ਹੈ।ਜ਼ਿਕਰਯੋਗ ਹੈ ਕਿ ਗੁਰਪ੍ਰੀਤ ਸਿੰਘ ਗੁਰੀ ਆਸਟ੍ਰੇਲੀਆ ਦਾ ਵਸਨੀਕ ਹੈ ਤੇ ਆਪਣੇ ਮਾਪਿਆਂ ਨੂੰ ਮਿਲਣ ਲਈ ਪੰਜਾਬ ਆਉਣ ਮੌਕੇ ਉਸ ਨੇ ਆਪਣੇ ਦੋਸਤਾਂ ਨਾਲ ਵਾਅਦਾ ਕੀਤਾ ਸੀ ਕਿ ਉਹ ਖੁਦ ਕਲੱਬ ਦੇ ਮੰਚ 'ਤੇ ਜਾ ਕੇ ਇਹ ਗੱਲਾਂ ਸਾਂਝੀਆਂ ਕਰੇਗਾ।ਕਲੱਬ ਦੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ 'ਚ 1100 ਰੁਪਏ ਦਾ ਯੋਗਦਾਨ ਪਾਉਂਦਿਆਂ ਗੁਰਪ੍ਰੀਤ ਸਿੰਘ ਗੁਰੀ ਨੇ ਮੰਨਿਆ ਕਿ ਨਿਸ਼ਕਾਮ ਤੇ ਲਗਾਤਾਰ ਸੇਵਾਵਾਂ ਬਦਲੇ ਇਸ ਕਲੱਬ ਨੇ ਸਿਰਮੌਰ ਸੰਸਥਾਵਾਂ ਤੇ ਜਥੇਬੰਦੀਆਂ ਦੀ ਕਤਾਰ ਵਿੱਚ ਖੁਦ ਨੂੰ ਸ਼ਾਮਲ ਕਰ ਲਿਆ ਹੈ।

# ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਬਲੱਡ ਸੈਂਟਰ ਨੂੰ ਮਿਲਿਆ ਰਾਸ਼ਟਰੀ ਸਨਮਾਨ

■ ਕੇਂਦਰ ਸਰਕਾਰ ਵੱਲੋਂ ਅਹਿਮਦਾਬਾਦ ਵਿਖੇ ਕੀਤਾ ਗਿਆ ਸਨਮਾਨਤ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)

ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਫ਼ਰੀਦਕੋਟ ਦੀ ਅੰਗ ਸੰਸਥਾ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ (ਜੀ.ਜੀ.ਐੱਸ.ਐੱਮ.ਸੀ.ਐੱਚ.) ਦੇ ਬਲੱਡ ਸੈਂਟਰ ਨੇ ਰਾਸ਼ਟਰੀ ਪੱਧਰ 'ਤੇ ਵੱਡੀ ਪ੍ਰਾਪਤੀ ਹਾਸਲ ਕਰਕੇ ਪੂਰੇ ਪੰਜਾਬ ਦਾ ਨਾਂ ਰੋਸ਼ਨ ਕੀਤਾ ਹੈ।ਖੂਨ ਚੜ੍ਹਾਉਣ ਸੇਵਾਵਾਂ ਵਿੱਚ ਨਿਭਾਈਆਂ ਮਿਸਾਲੀ ਸੇਵਾਵਾਂ ਲਈ ਇਸ ਬਲੱਡ ਸੈਂਟਰ ਨੂੰ ਭਾਰਤ ਸਰਕਾਰ ਦੇ ਸਿਹਤ ਤੇ ਪਰਵਾਰ ਭਲਾਈ ਮੰਤਰਾਲੇ ਵੱਲੋਂ ਰਾਸ਼ਟਰੀ ਪੱਧਰ 'ਤੇ ਸਨਮਾਨਤ ਕੀਤਾ ਗਿਆ ਹੈ।ਇਹ ਮਾਣਮੱਤਾ ਸਨਮਾਨ ਗੁਜਰਾਤ ਦੇ ਅਹਿਮਦਾਬਾਦ ਵਿਖੇ ਆਯੋਜਿਤ 'ਨੈਸ਼ਨਲ ਲੈਵਲ ਐੱਨ.ਜੀ.ਓ. ਕੌਨਕਲੇਵ ਆਨ ਬਲੱਡ ਟਰਾਂਸਫਿਊਜ਼ਨ ਸਰਵਿਸਿਜ਼' ਦੌਰਾਨ ਪ੍ਰਦਾਨ ਕੀਤਾ ਗਿਆ।

ਜੀ.ਜੀ.ਐੱਸ.ਐੱਮ.ਸੀ.ਐੱਚ. ਦੇ ਬਲੱਡ ਸੈਂਟਰ ਨੂੰ ਇਹ ਰਾਸ਼ਟਰੀ ਮਾਨਤਾ ਖ਼ੂਨ ਚੜ੍ਹਾਉਣ ਦੀਆਂ ਸੇਵਾਵਾਂ ਨੂੰ ਵਧੇਰੇ ਮਜ਼ਬੂਤ ਬਣਾਉਣ, ਸੁਰੱਖਿਅਤ ਖੂਨ ਦੀ ਵਰਤੋਂ ਨੂੰ ਉਤਸ਼ਾਹਤ ਕਰਨ, ਸਵੈ-ਇੱਛਕ ਖੂਨਦਾਨ ਮੁਹਿੰਮਾਂ ਨੂੰ ਸਫਲਤਾਪੂਰਵਕ ਚਲਾਉਣ ਤੇ ਲੋੜਵੰਦ ਮਰੀਜ਼ਾਂ ਲਈ ਉੱਚ ਗੁਣਵੱਤਾ ਵਾਲੇ ਖੂਨ ਤੇ ਬਲੱਡ ਕੰਪੋਨਿੰਟਾਂ ਦੀ ਉਪਲਬਧਤਾ ਨਿਰੰਤਰ ਯਕੀਨੀ ਬਣਾਉਣ ਲਈ ਦਿੱਤੀ ਗਈ ਹੈ।

ਇਸ ਵੱਡੀ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਬਾਬਾ ਫ਼ਰੀਦ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਬਲੱਡ ਸੈਂਟਰ ਦੀ ਸਮੁੱਚੀ ਟੀਮ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਹ ਸਨਮਾਨ ਨਾ ਸਿਰਫ਼ ਮੈਡੀਕਲ ਕਾਲਜ ਅਤੇ ਯੂਨੀਵਰਸਿਟੀ ਲਈ, ਸਗੋਂ ਪੂਰੇ ਪੰਜਾਬ ਸੂਬੇ ਲਈ ਬੇਹੱਦ ਮਾਣ ਵਾਲੀ ਗੱਲ ਹੈ।ਉਨ੍ਹਾਂ ਇਸ ਸਫ਼ਲਤਾ ਲਈ ਵਿਭਾਗ ਦੀ ਟੀਮ, ਸਵੈ-ਇੱਛਕ ਖੂਨਦਾਨੀਆਂ ਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ (ਐਨ.ਜੀ.ਓਜ਼.) ਦੇ ਸਾਂਝੇ ਯੋਗਦਾਨ ਦੀ ਵੀ ਭਰਪੂਰ ਸ਼ਲਾਘਾ ਕੀਤੀ।

# ਮਾਲੇਰਕੋਟਲਾ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਉਣ ਲਈ ਵਿਸ਼ੇਸ਼ ਸਫ਼ਾਈ ਮੁਹਿੰਮ ਜਾਰੀ

■ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਤੇ ਸੇਵਾਵਾਂ ਦੇਣ ਲਈ ਨਗਰ ਕੌਂਸਲ ਵਚਨਬੱਧ : ਵਧਵਾ



ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਸ਼ਹਿਰੀ ਖੇਤਰਾਂ ਵਿੱਚ ਸਾਫ਼-ਸੁਥਰੇ ਤੇ ਸੁੰਦਰ ਵਾਤਾਵਰਣ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਵਿਸ਼ੇਸ਼ ਸਫ਼ਾਈ ਮੁਹਿੰਮ ਲਗਾਤਾਰ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸਫ਼ਾਈ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਤੇ ਸੁਚਾਰੂ ਢੰਗ ਨਾਲ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ।ਨਗਰ ਕੌਂਸਲ ਮਾਲੇਰਕੋਟਲਾ ਦੇ ਕਾਰਜ ਸਾਧਕ ਅਫ਼ਸਰ (ਈ.ਓ.) ਚੰਦਰ ਪ੍ਰਕਾਸ਼ ਵਧਵਾ ਨੇ ਦੱਸਿਆ ਕਿ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਇਹ ਵਿਸ਼ੇਸ਼ ਸਫ਼ਾਈ ਮੁਹਿੰਮ ਸ਼ਹਿਰ ਦੀ ਨੁਹਾਰ ਬਦਲਣ ਤੇ ਇਸ ਨੂੰ ਹੋਰ ਸੁੰਦਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਵੱਲੋਂ ਜੇ.ਸੀ.ਬੀ. ਮਸ਼ੀਨਾਂ, ਟਿੱਪਰਾਂ ਤੇ ਸਫ਼ਾਈ ਅਮਲੇ ਦੀ ਮਦਦ ਨਾਲ ਸ਼ਹਿਰ ਦੀਆਂ ਮੁੱਖ ਸੜਕਾਂ, ਗਲੀਆਂ, ਪੁਲਾਂ, ਜਨਤਕ ਥਾਵਾਂ ਤੇ ਖ਼ਾਲੀ ਪਏ ਪਲਾਟਾਂ ਦੀ ਰੋਜ਼ਾਨਾ ਸਫ਼ਾਈ ਕੀਤੀ ਜਾ ਰਹੀ ਹੈ।ਇਸ ਦੇ ਨਾਲ ਹੀ ਕੂੜੇ ਦੇ ਪੁਰਾਣੇ ਢੇਰਾਂ ਨੂੰ ਹਟਾਉਣ ਤੇ ਗੰਦਗੀ ਵਾਲੇ ਸੰਵੇਦਨਸ਼ੀਲ ਸਥਾਨਾਂ ਦੀ ਵਿਸ਼ੇਸ਼ ਤੌਰ 'ਤੇ ਸਫ਼ਾਈ ਯਕੀਨੀ ਬਣਾਈ ਜਾ ਰਹੀ ਹੈ।ਵਧਵਾ ਨੇ ਦੱਸਿਆ ਕਿ ਇਸ ਮੁਹਿੰਮ ਦੀ ਸਫਲਤਾ ਲਈ ਸਵੇਰੇ 7:00 ਵਜੇ ਤੋਂ 8:00 ਵਜੇ ਤੱਕ ਸਫ਼ਾਈ ਕਰਮਚਾਰੀਆਂ ਦੀ ਹਾਜ਼ਰੀ ਤੇ ਕੰਮਕਾਜ ਦੀ ਨਿਗਰਾਨੀ ਲਈ ਅਧਿਕਾਰੀਆਂ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਉਹ ਖੁਦ ਤੇ ਵਧੀਕ ਡਿਪਟੀ ਕਮਿਸ਼ਨਰ ਰੋਜ਼ਾਨਾ ਸਵੇਰੇ ਮੈਦਾਨ ਵਿੱਚ ਜਾ ਕੇ ਚੱਲ ਰਹੀ ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ ਲੈਂਦੇ ਹਨ ਤਾਂ ਜੋ ਕੋਈ ਕੋਤਾਹੀ ਨਾ ਰਹੇ।ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਬਿਹਤਰ ਸਫ਼ਾਈ, ਸਾਫ਼ ਵਾਤਾਵਰਣ ਤੇ ਮਿਆਰੀ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਇਹ ਮੁਹਿੰਮ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹੇਗੀ।ਅਖੀਰ ਵਿੱਚ ਈ.ਓ. ਵਧਵਾ ਨੇ ਸ਼ਹਿਰ ਵਾਸੀਆਂ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਕਿ ਉਹ ਇਸ ਸਫ਼ਾਈ ਮੁਹਿੰਮ ਵਿੱਚ ਪ੍ਰਸ਼ਾਸਨ ਦਾ ਵੱਧ ਤੋਂ ਵੱਧ ਸਹਿਯੋਗ ਦੇਣ।

## ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਸਮਾਗਮ ਅੱਜ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ।ਸ਼ਹੀਦੀ ਦਿਹਾੜੇ ਸਬੰਧੀ ਜਾਣਕਾਰੀ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਭਾਗ ਸਿੰਘ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਪੰਚਮ ਪਾਤਸ਼ਾਹ ਦੇ ਸ਼ਹੀਦੀ ਦਿਹਾੜੇ ਸਬੰਧੀ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਦੀਵਾਨ ਹਾਲ ਵਿਖੇ 18 ਜੂਨ ਨੂੰ ਸਵੇਰੇ 10.30 ਵਜੇ ਸ੍ਰੀ ਆਖੰਡ ਪਾਠ ਦੇ ਭੋਗ ਪਾਏ ਜਾਣਗੇ। ਇਸ ਮੌਕੇ ਹਜ਼ੂਰੀ ਰਾਗੀ ਕੀਰਤਨੀ ਜੱਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਅਰਦਾਸ ਉਪਰੰਤ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਮੈਨੇਜਰ ਭਾਗ ਸਿੰਘ, ਭਾਈ ਗੁਲਵਿੰਦਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਸਟਾਫ ਮੈਂਬਰ ਆਦਿ ਮੌਜੂਦ ਸਨ।

## ਨਗਰ ਕੌਂਸਲ ਦੇ ਅਧਿਕਾਰੀਆਂ ਦੀ ਮੀਟਿੰਗ ਹੋਈ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਸ਼ਹਿਰ ਦੇ ਵਿਕਾਸ ਲਈ ਨਗਰ ਕੌਂਸਲ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਵਾਰਡਾਂ ਦੇ ਵਿਕਾਸ ਲਈ 4 ਕਰੋੜ ਦੇ ਟੈਂਡਰ ਹੋਏ ਪਾਸ ਹੋ ਗਏ ਹਨ ਤੇ ਜਲਦੀ ਹੀ ਇਹ ਕੰਮ ਸ਼ੁਰੂ ਕਰ ਦਿੱਤੇ ਜਾਣਗੇ।ਉਨ੍ਹਾਂ ਦੱਸਿਆ ਕਿ ਪਿਛਲੀਆਂ ਚੋਣਾਂ ਦੌਰਾਨ ਜਦੋਂ ਉਹ ਲੋਕਾਂ 'ਚ ਵਿਚਰੇ ਤਾਂ ਉਨ੍ਹਾਂ ਸ਼ਹਿਰ ਦੇ ਵਿਕਾਸ ਕਾਰਜ ਜਿਵੇਂ ਸੜਕਾਂ, ਸਟਰੀਟ ਲਾਈਟਾਂ ਤੇ ਸੀਵਰੇਜ ਦੀ ਸਮੱਸਿਆ ਦੇ ਪੱਕੇ ਹੱਲ ਦੀ ਮੰਗ ਕੀਤੀ ਤੇ ਅੱਜ ਉਨ੍ਹਾਂ ਦੀ ਇਹ ਮੰਗ ਪੂਰੀ ਹੋ ਗਈ ਹੈ ਤੇ ਸ਼ਹਿਰ ਦੇ ਵਿਕਾਸ ਲਈ 4 ਕਰੋੜ ਦੇ ਟੈਂਡਰ ਪਾਸ ਹੋ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾ ਵੀ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਹੱਲ ਲਈ 7 ਕਰੋੜ ਦੀ ਲਾਗਤ ਖਰਚ ਕੇ ਪਾਈਪ ਲਾਈਨ ਪਾਈ ਗਈ।ਇਸੇ ਤਰ੍ਹਾਂ ਸੀਵਰੇਜ ਦੀ ਸਮੱਸਿਆ ਦੇ ਹੱਲ ਲਈ 7 ਕਰੋੜ ਖਰਚੇ ਗਏ।ਇਸੇ ਤਰ੍ਹਾਂ 60 ਕਰੋੜ ਦੀ ਲਾਗਤ ਨਾਲ ਸਹਿਰ ਵਿੱਚ ਲਾਈਟਾਂ, ਇੰਟਰਲਾਕ ਸੜਕਾਂ ਆਦਿ ਵਿਕਾਸ ਦੇ ਕਾਰਜ ਕੀਤੇ ਗਏ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਹਿਲ ਦੇ ਆਧਾਰ ਤੇ ਸਹਿਰ ਦੇ ਵਿਕਾਸ ਕਾਰਜ ਹੋ ਰਹੇ ਹਨ ਤੇ ਇਹ 4 ਕਰੋੜ ਦੇ ਹੋਰ ਵਿਕਾਸ ਕਾਰਜ ਵੀ ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੀ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਹੋਰ ਵੀ ਸ਼ਹਿਰ ਵਾਸੀਆਂ ਦੀਆਂ ਡਿਮਾਂਡਾਂ ਤੇ ਵਿਚਾਰ ਕਰਦਿਆਂ ਜਲਦ ਹੀ ਨਵੇਂ ਟੈਂਡਰ ਲਾਏ ਜਾ ਰਹੇ ਹਨ ਤੇ ਆਉਣ ਵਾਲੇ ਤਿੰਨ ਤੋਂ ਚਾਰ ਮਹੀਨਿਆਂ ਵਿੱਚ ਸਾਰੇ ਕੰਮ ਮੁਕੰਮਲ ਕਰ ਦਿੱਤੇ ਜਾਣਗੇ॥

# ਨੌਵੇਂ ਦਿਨ ਵੀ ਮੋਬਾਇਲ ਟਾਵਰ 'ਤੇ ਡਟਿਆ ਰਿਹਾ ਹਰਜੀਤ ਸਿੰਘ ਬਰਨਾਲਾ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)

2994 ਈ.ਟੀ.ਟੀ. ਅਧਿਆਪਕਾਂ ਦੀ ਬੈਕਲਾਗ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਾਉਣ ਦੀ ਮੰਗ ਨੂੰ ਲੈ ਕੇ ਟੈਲੀਫੋਨ ਐਕਸਚੇਂਜ ਦੇ ਮੋਬਾਇਲ ਟਾਵਰ 'ਤੇ ਚੜ੍ਹਿਆ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ ਬਰਨਾਲਾ ਲਗਾਤਾਰ ਨੌਵੇਂ ਦਿਨ ਵੀ ਪੂਰੇ ਦ੍ਰਿੜ੍ਹ ਇਰਾਦੇ ਨਾਲ ਡਟਿਆ ਰਿਹਾ।ਦੂਜੇ ਪਾਸੇ ਟਾਵਰ ਦੇ ਬਿਲਕੁਲ ਹੇਠਾਂ ਬੇਰੁਜ਼ਗਾਰ ਅਧਿਆਪਕ ਸਾਥੀਆਂ ਵੱਲੋਂ ਲਾਇਆ ਰੋਸ ਧਰਨਾ ਵੀ ਨਿਰੰਤਰ ਜਾਰੀ ਹੈ।ਇਸ ਸੰਘਰਸ਼ ਨੂੰ ਵੱਖ-ਵੱਖ ਸਿਆਸੀ ਆਗੂਆਂ ਤੇ ਜਨਤਕ ਜਥੇਬੰਦੀਆਂ ਵੱਲੋਂ ਸਮਰਥਨ ਮਿਲ ਰਿਹਾ ਹੈ, ਜਿਨ੍ਹਾਂ ਨੇ ਧਰਨਾ ਸਥਾਨ 'ਤੇ ਪਹੁੰਚ ਕੇ ਅਧਿਆਪਕਾਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ। ਸਿਆਸੀ ਆਗੂਆਂ ਨੇ ਸਰਕਾਰ ਦੀ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਇਨ੍ਹਾਂ ਯੋਗ ਉਮੀਦਵਾਰਾਂ ਨੂੰ ਤੁਰੰਤ ਰੁਜ਼ਗਾਰ ਦਿੱਤਾ ਜਾਵੇ।ਧਰਨਾਕਾਰੀ ਅਧਿਆਪਕ ਆਗੂਆਂ ਨੇ ਤਿੱਖੇ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਮੁੱਖ ਮੰਤਰੀ ਦੇ ਹਲਕੇ 'ਚ ਐਨੇ ਦਿਨਾਂ ਤੋਂ ਇੱਕ ਨੌਜਵਾਨ ਜ਼ਿੰਦਗੀ ਨੂੰ ਖ਼ਤਰੇ ਵਿੱਚ ਪਾ ਕੇ ਟਾਵਰ 'ਤੇ ਬੈਠਾ ਹੈ, ਪਰ ਸਰਕਾਰ ਦੇ ਕੰਨ 'ਤੇ ਜੂੰਅ ਤੱਕ ਨਹੀਂ ਸਰਕ ਰਹੀ।ਉਨ੍ਹਾਂ ਸਾਫ਼ ਲਫ਼ਜ਼ਾਂ ਵਿੱਚ ਆਖਿਆ ਕਿ ਜੇਕਰ ਪੰਜਾਬ ਸਰਕਾਰ ਨੇ ਜਲਦ ਹੀ ਉਨ੍ਹਾਂ ਦੀ ਮੰਗ ਦਾ ਨਿਪਟਾਰਾ ਨਾ ਕੀਤਾ ਤੇ ਨੋਟੀਫਿਕੇਸ਼ਨ ਜਾਰੀ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਇਸ ਗੁਪਤ ਤੇ ਤਿੱਖੇ ਸੰਘਰਸ਼ ਨੂੰ ਹੋਰ ਵੀ ਪ੍ਰਚੰਡ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸ਼ਾਸਨ ਤੇ ਪ੍ਰਸ਼ਾਸਨ ਦੀ ਹੋਵੇਗੀ।

# ਅਮਨ ਅਰੋੜਾ ਦੇ ਬਿਆਨ ਸਿੱਖ ਭਾਵਨਾਵਾਂ ਨੂੰ ਠੇਸ ਪੁਚਾਉਣ ਵਾਲੇ : ਇੰਜ. ਖਡਿਆਲ



ਸੁਨਾਮ (ਹਾਕਮ ਭੱਟੀ, ਅਸ਼ੋਕ ਬਾਂਸਲ)

ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਇੰਜਨੀਅਰ ਵਿਨਰਜੀਤ ਸਿੰਘ ਖਡਿਆਲ ਨੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਵੱਲੋਂ ਬੇਅਦਬੀ ਕਾਨੂੰਨ ਸਬੰਧੀ ਦਿੱਤੇ ਗਏ ਬਿਆਨਾਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਖਡਿਆਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੁੱਚਾ ਸਿੱਖ ਪੰਥ ਬੇਅਦਬੀ ਕਾਨੂੰਨ ਦੇ ਖਿਲਾਫ਼ ਨਹੀਂ ਹੈ।ਸਾਡਾ ਸਪੱਸ਼ਟ ਮੱਤ ਹੈ ਕਿ ਕਿਸੇ ਵੀ ਧਰਮ, ਗ੍ਰੰਥ ਜਾਂ ਧਾਰਮਿਕ ਪ੍ਰਤੀਕ ਦੀ ਬੇਅਦਬੀ ਕਰਨ ਵਾਲੇ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ, ਪ੍ਰੰਤੂ ਕਾਨੂੰਨ ਵਿੱਚ ਕਸਟੋਡੀਅਨ ਸ਼ਬਦ ਜੋੜ ਕੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਧਾਰਮਿਕ ਸੰਸਥਾਵਾਂ ਨੂੰ ਬੇਵਜ੍ਹਾ ਦੋਸ਼ੀ ਬਣਾਉਣ ਦੀ ਕੋਸ਼ਿਸ਼ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਜ਼ਾਰਾਂ ਗੁਰਦੁਆਰੇ ਸਥਾਨਕ ਕਮੇਟੀਆਂ ਵੱਲੋਂ ਚਲਾਏ ਜਾਂਦੇ ਹਨ। ਜੇਕਰ ਕੋਈ ਸ਼ਰਾਰਤੀ ਅਨਸਰ ਜਾਣ-ਬੁੱਝ ਕੇ ਕਿਸੇ ਗੁਰਦੁਆਰੇ ਵਿੱਚ ਬੇਅਦਬੀ ਦੀ ਘਟਨਾ ਨੂੰ ਅੰਜਾਮ ਦੇਵੇ, ਤਾਂ ਕੀ ਉਸ ਦਾ ਦੋਸ਼ ਗੁਰਦੁਆਰਾ ਕਮੇਟੀ ਦੇ ਹਰ ਮੈਂਬਰ 'ਤੇ ਮੜ੍ਹਿਆ ਜਾਵੇਗਾ? ਇਹ ਨਾ ਸਿਰਫ਼ ਗੈਰ-ਵਾਜਬ ਹੈ, ਸਗੋਂ ਧਾਰਮਿਕ ਸੰਸਥਾਵਾਂ ਨੂੰ ਡਰਾਉਣ ਤੇ ਬਦਨਾਮ ਕਰਨ ਵਾਲੀ ਸੋਚ ਨੂੰ ਵੀ ਦਰਸਾਉਂਦਾ ਹੈ।ਖਡਿਆਲ ਨੇ ਕਿਹਾ ਕਿ ਅਮਨ ਅਰੋੜਾ ਵੱਲੋਂ ਇਹ ਕਹਿਣਾ ਕਿ ਗੋਲਕਾਂ ਦਾ ਪੈਸਾ ਤਾਂ ਸੰਭਾਲਿਆ ਜਾਂਦਾ ਹੈ ਪਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਹੀਂ, ਸਿੱਖ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਣ ਵਾਲਾ ਬਿਆਨ ਹੈ।ਅਜਿਹੇ ਬਿਆਨ ਆਮ ਆਦਮੀ ਪਾਰਟੀ ਦੀ ਸਿੱਖ ਤੇ ਪੰਥਕ ਸੰਸਥਾਵਾਂ ਪ੍ਰਤੀ ਨਕਾਰਾਤਮਕ ਸੋਚ ਨੂੰ ਬੇਨਕਾਬ ਕਰਦੇ ਹਨ।ਖਡਿਆਲ ਨੇ ਕਿਹਾ ਕਿ ਅੱਜ ਪੰਜਾਬ ਦੇ ਲੋਕ ਅਮਨ ਅਰੋੜਾ ਅਤੇ ਆਮ ਆਦਮੀ ਪਾਰਟੀ ਤੋਂ ਇਹ ਸਵਾਲ ਪੁੱਛ ਰਹੇ ਹਨ ਕਿ ਜਦੋਂ ਬੇਅਦਬੀ ਦੀਆਂ ਵੱਡੀਆਂ ਘਟਨਾਵਾਂ ਵਾਪਰੀਆਂ ਸਨ ਤਾਂ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਸਰਕਾਰ ਨੇ ਕੀ ਠੋਸ ਕਦਮ ਚੁੱਕੇ? ਸਿਰਫ਼ ਬਿਆਨਬਾਜ਼ੀ ਕਰਕੇ ਅਤੇ ਪੰਥਕ ਸੰਸਥਾਵਾਂ ਨੂੰ ਨਿਸ਼ਾਨਾ ਬਣਾ ਕੇ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਨਹੀਂ ਹਟਾਇਆ ਜਾ ਸਕਦਾ।

## ਪੂਜਾ ਸਿਆਲ ਗਰੇਵਾਲ ਨੇ ਨਗਰ ਨਿਗਮ ਕਮਿਸ਼ਨਰ ਦਾ ਅਹੁਦਾ ਸੰਭਾਲਿਆ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-2012 ਬੈਚ ਦੇ ਸੀਨੀਅਰ ਪੀਸੀਐਸ ਅਧਿਕਾਰੀ ਪੂਜਾ ਸਿਆਲ ਗਰੇਵਾਲ ਨੇ ਅੱਜ ਨਗਰ ਨਿਗਮ ਕਮਿਸ਼ਨਰ ਦਾ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਅਹੁਦਾ ਸੰਭਾਲਦਿਆਂ ਹੀ ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ ਤੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਸਮੇਤ ਨਗਰ ਨਿਗਮ ਦੀਆਂ ਸਾਰੀਆਂ ਬ੍ਰਾਂਚਾਂ ਦੇ ਮੁਖੀਆਂ ਨਾਲ ਅਹਿਮ ਬੈਠਕ ਕਰਕੇ ਪਟਿਆਲਾ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦੇਣ ਦੀ ਹਦਾਇਤ ਕੀਤੀ।ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਉਨ੍ਹਾਂ ਲਈ ਨਵਾਂ ਨਹੀਂ ਹੈ, ਕਿਉਂਕਿ ਉਹ ਪਟਿਆਲਾ ਵਿਖੇ ਪਹਿਲਾਂ ਐਸਡੀਐਮ ਤੇ ਏ.ਡੀ.ਸੀ ਵਜੋਂ ਵੀ ਸੇਵਾਵਾਂ ਨਿਭਾਅ ਚੁੱਕੇ ਹਨ।ਪੂਜਾ ਸਿਆਲ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਪਟਿਆਲਾ ਸ਼ਹਿਰ ਵਿਖੇ ਚੱਲ ਰਹੇ ਵਿਕਾਸ ਕਾਰਜਾਂ, ਅਹਿਮ ਪ੍ਰਾਜੈਕਟਾਂ ਨੂੰ ਨੇਪਰੇ ਚੜ੍ਹਾਉਣ, ਸੀਵਰੇਜ ਦੀ ਡੀਸਿਲਟਿੰਗ, ਸਟਰੀਟ ਲਾਈਟਾਂ, ਕੂੜਾ ਪ੍ਰਬੰਧਨ, ਲੈਗੇਸੀ ਵੇਸਟ ਦਾ ਨਿਪਟਾਰਾ ਤੇ ਸਾਫ਼-ਸਫ਼ਾਈ ਪੱਖੋਂ ਸ਼ਹਿਰ ਨੂੰ ਮਾਡਲ ਬਣਾਉਣ ਸਮੇਤ ਲੋਕਾਂ ਨੂੰ ਸਮਾਂਬੱਧ ਸੇਵਾਵਾਂ ਤੇ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕਰਨਾ ਵੀ ਯਕੀਨੀ ਬਣਾਇਆ ਜਾਵੇਗਾ।ਨਗਰ ਨਿਗਮ ਕਮਿਸ਼ਨਰ ਨੇ ਦੱਸਿਆ ਕਿ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਮੇਅਰ ਕੁੰਦਨ ਗੋਗੀਆ ਦੇ ਸਹਿਯੋਗ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਤਾਲਮੇਲ ਨਾਲ ਪਟਿਆਲਾ ਸ਼ਹਿਰ ਦੇ ਸਾਰੇ ਵਿਕਾਸ ਕਾਰਜ ਤੇ ਲੰਬਿਤ ਪ੍ਰਾਜੈਕਟ ਸਮੇਂ ਸਿਰ ਮੁਕੰਮਲ ਕਰਨੇ ਵੀ ਯਕੀਨੀ ਬਣਾਏ ਜਾਣਗੇ।ਨਗਰ ਨਿਗਮ ਦੇ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ ਮੌਕੇ ਨਗਰ ਨਿਗਮ ਅਧਿਕਾਰੀਆਂ ਤੇ ਕ੍ਰਮਚਾਰੀਆਂ ਵੱਲੋਂ ਨਵੇਂ ਕਮਿਸ਼ਨਰ ਦਾ ਸਵਾਗਤ ਕੀਤਾ ਗਿਆ।

## ਹਠੂਰ ਦੇ ਨੌਜਵਾਨ ਦੀ ਵੀਰਾਨ ਜਗ੍ਹਾ ਵਿਚੋਂ ਮਿਲੀ ਲਾਸ਼



ਹਠੂਰ (ਲਵਲੀ ਕੁਮਾਰ)-ਕਸਬਾ ਹਠੂਰ ਤੋਂ ਪਿੰਡ ਬੁਰਜ ਕੁਲਾਰਾ ਵਾਲੀ ਸੜਕ ਦੇ ਨਜ਼ਦੀਕ ਵੈਰਾਨ ਜਗ੍ਹਾ ਵਿਚੋਂ ਇਕ ਨੌਜਵਾਨ ਦੀ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆ ਮ੍ਰਿਤਕ ਨੌਜਾਵਾਨ ਦੇ ਪਿਤਾ ਰਾਮ ਸਿੰਘ ਪੁੱਤਰ ਬੱਗੜ ਸਿੰਘ ਵਾਸੀ ਹਠੂਰ ਨੇ ਦੱਸਿਆ ਕਿ ਉਨ੍ਹਾ ਦਾ ਪੁੱਤਰ ਹਰਜਿੰਦਰ ਸਿੰਘ (35) ਜੋ ਕਬੱਡੀ ਦਾ ਖਿਡਾਰੀ ਸੀ ਅਤੇ ਮੌਜੂਦਾ ਸਮੇਂ ਹਿਮਾਚਲ ਪ੍ਰਦੇਸ ਵਿਖੇ ਸ਼ਰਾਬ ਦੇ ਠੇਕੇ ਵਾਲਿਆਂ ਨਾਲ ਪ੍ਰਾਈਵੇਟ ਨੌਕਰੀ ਕਰਦਾ ਸੀ ਅਤੇ ਤਿੰਨ ਦਿਨ ਪਹਿਲਾਂ ਹੀ ਆਪਣੇ ਪਰਿਵਾਰ ਨੂੰ ਮਿਲਣ ਲਈ ਹਠੂਰ ਵਿਖੇ ਆਇਆ ਸੀ।ਉਨ੍ਹਾ ਦੱਸਿਆ ਕਿ ਹਰਜਿੰਦਰ ਸਿੰਘ ਐਤਵਾਰ ਨੂੰ ਸਵੇਰੇ ਗਿਆਰਾਂ ਵਜੇ ਇਹ ਆਖ ਕੇ ਘਰੋਂ ਗਿਆ ਕਿ ਉਹ ਕਿਸੇ ਦੋਸਤ ਨਾਲ ਝੋਨਾ ਲਗਾਉਣ ਲਈ ਕੱਦੂ ਕਰਵਾਉਣ ਜਾ ਰਿਹਾ ਹੈ। ਹਰਜਿੰਦਰ ਸਿੰਘ ਸਾਰੀ ਰਾਤ ਘਰ ਨਹੀਂ ਆਇਆ ਅਤੇ ਸਾਡਾ ਫੋਨ ਵੀ ਨਹੀਂ ਸੁਣਿਆ।ਉਨ੍ਹਾ ਦੱਸਿਆ ਕਿ ਮੰਗਲਵਾਰ ਸਵੇਰੇ ਸਾਨੂੰ ਪਤਾ ਲੱਗਾ ਕਿ ਹਠੂਰ ਤੋਂ ਬੁਰਜ ਕੁਲਾਰਾ ਵਾਲੀ ਸੜਕ 'ਤੇ ਬਣੀ ਗਊਸ਼ਾਲਾ ਦੇ ਸਾਹਮਣੇ ਖਾਲੀ ਜਗ੍ਹਾ ਵਿਚ ਹਰਜਿੰਦਰ ਸਿੰਘ ਦੀ ਲਾਸ਼ ਪਈ ਹੈ ਜਿਸ ਦੇ ਨੱਕ ਵਿਚੋਂ ਖੂਨ ਨਿਕਲਿਆ ਦਿਖਾਈ ਦੇ ਰਿਹਾ ਸੀ।ਥਾਣਾ ਹਠੂਰ ਦੇ ਇੰਚਾਰਜ ਗੁਰਸੇਵਕ ਸਿੰਘ ਅਤੇ ਤਫਤੀਸ਼ ਕਰ ਰਹੇ ਏ ਐਸ ਆਈ ਸੁਲੱਖਣ ਸਿੰਘ ਨੇ ਕਿਹਾ ਕਿ ਮ੍ਰਿਤਕ ਦੇ ਪਿਤਾ ਰਾਮ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ 174 ਦੀ ਕਾਰਵਾਈ ਕੀਤੀ ਗਈ ਹੈ ਅਤੇ ਬਾਕੀ ਤਫਤੀਸ਼ ਜਾਰੀ ਹੈ।

## ਅਗਨੀਵੀਰ ਹੋਇਆ ਸੜਕ ਹਾਦਸੇ ਦਾ ਸ਼ਿਕਾਰ



ਬਰੇਟਾ (ਰੀਤਵਾਲ)-ਨੇੜਲੇ ਪਿੰਡ ਮੰਡੇਰ ਦੇ ਨੌਜਵਾਨ ਫੌਜੀ ਬਲਬੀਰ ਸਿੰਘ ਦੀ ਸੜਕ ਹਾਦਸੇ ਵਿੱਚ ਮੌਤ ਹੋਣ ਦੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਬਲਬੀਰ ਸਿੰਘ ਪੁੱਤਰ ਰੂਪ ਸਿੰਘ ਵਾਸੀ ਪਿੰਡ ਮੰਡੇਰ ਛੁੱਟੀ ਕੱਟਣ ਲਈ ਪਿੰਡ ਆ ਰਿਹਾ ਸੀ, ਰਸਤੇ ਵਿੱਚ ਮਾਨਸਾ ਰੋਡ ਉੱਪਰ ਹੋਏ ਸੜਕ ਹਾਦਸੇ ਦੌਰਾਨ ਮੌਤ ਹੋ ਗਈ। ਬਲਬੀਰ ਸਿੰਘ ਅਗਨੀਵੀਰ ਯੋਜਨਾ ਦੇ ਪਹਿਲੇ ਬੈਚ ਦਾ ਜਵਾਨ ਸੀ ਅਤੇ ਭਾਰਤੀ ਫ਼ੌਜ ਦੀ 62 ਮੀਡੀਅਮ ਆਰਟਿਲਰੀ ਯੂਨਿਟ ਵਿੱਚ ਤਾਇਨਾਤ ਸੀ। ਅੰਤਿਮ ਸਸਕਾਰ ਮੌਕੇ ਭਾਰਤੀ ਫ਼ੌਜ ਵੱਲੋਂ ਬਲਬੀਰ ਸਿੰਘ ਨੂੰ ਪੂਰੇ ਫ਼ੌਜੀ ਸਨਮਾਨ ਨਾਲ ਗਾਰਡ ਆਫ਼ ਆਨਰ ਦਿੱਤਾ ਗਿਆ ਅਤੇ ਸਲਾਮੀ ਦੇ ਕੇ ਅੰਤਿਮ ਵਿਦਾਈ ਦਿੱਤੀ ਗਈ।ਅੰਤਿਮ ਯਾਤਰਾ ਦੌਰਾਨ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ।

## ਵਿਕਾਸ ਕਪੂਰ ਦਾ ਖੱਤਰੀ ਸਭਾ ਵੱਲੋਂ ਸਨਮਾਨ



ਮੋਗਾ (ਇਕਬਾਲ ਸਿੰਘ ਖਹਿਰਾ)-ਖੱਤਰੀ ਭਵਨ ਵਿਖੇ ਖੱਤਰੀ ਸਭਾ ਚੇਅਰਮੈਨ ਵਿਜੇ ਧੀਰ ਐਡਵੋਕੇਟ ਅਤੇ ਪ੍ਰਧਾਨ ਡਾ. ਐਮ ਐਲ ਜੈਦਕਾ ਦੀ ਅਗਵਾਈ ਵਿੱਚ ਇਕ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ।ਜਿਸ ਵਿੱਚ ਖੱਤਰੀ ਮਹਾਂ ਸਭਾ ਪੰਜਾਬ ਦੇ ਪ੍ਰਦੇਸ਼ ਸੀਨੀਅਰ ਮੀਤ ਪ੍ਰਧਾਨ ਅਤੇ ਮਹਾਂ ਸਭਾ ਦੇ ਜਿਲਾ ਜਨਰਲ ਸਕੱਤਰ ਉੱਘੇ ਗਊ ਸੇਵਕ ਵਿਕਾਸ ਕਪੂਰ ਦੇ ਪੰਜਾਬ ਸਰਕਾਰ ਵੱਲੋਂ ਖਤਰੀ ਅਰੋੜਾ ਵੈਲਫੇਅਰ ਬੋਰਡ ਦਾ ਜਿਲਾ ਮੋਗਾ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਖੱਤਰੀ ਸਭਾ ਨੇ ਫੁੱਲ ਮਾਲਾਵਾਂ, ਦੌਸ਼ਾਲਾ ਪਹਿਨਾ ਕੇ ਅਤੇ ਗੁਲਦਸਤਾ ਦੇ ਕੇ ਵਿਕਾਸ ਕਪੂਰ ਨੂੰ ਸਨਮਾਨਿਤ ਕੀਤਾ।ਇਸ ਮੌਕੇ ਖੱਤਰੀ ਮਹਾਂਸਭਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਸਾਬਕਾ ਕਾਰਜਕਾਰੀ ਮਜਿਸਟਰੇਟ ਜਸਵੰਤ ਦਾਨੀ, ਬਰਾਂਡ ਅੰਬੈਸਡਰ ਰਕੇਸ਼ ਸਿਤਾਰਾ, ਸੂਬਾ ਆਫਿਸ ਸਕੱਤਰ ਬਲਜਿੰਦਰ ਸਿੰਘ ਸਹਿਗਲ, ਜ਼ਿਲ੍ਹਾ ਪ੍ਰਧਾਨ ਨਰੋਤਮ ਪੁਰੀ, ਜ਼ਿਲ੍ਹਾ ਪ੍ਰਧਾਨ ਯੁਵਾ ਖੱਤਰੀ ਮਹਾਂਸਭਾ ਦੀਪਕ ਕੌੜਾ, ਪ੍ਰਧਾਨ ਯੁਵਾ ਖੱਤਰੀ ਸਭਾ ਹਰਪ੍ਰੀਤ ਸਿੰਘ ਸਹਿਗਲ, ਸੀਨੀਅਰ ਮੀਤ ਪ੍ਰਧਾਨ ਨਿਸ਼ੀ ਰਕੇਸ਼ ਵਿੱਜ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ।ਵਿਕਾਸ ਕਪੂਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਇਸ ਅਹਿਮ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਖੱਤਰੀ ਅਰੋੜਾ ਬਿਰਾਦਰੀਆਂ ਦੇ ਮੁੱਦੇ ਪ੍ਰਮੁੱਖਤਾ ਨਾਲ ਉਭਾਰਨਗੇ ।ਇਸ ਮੌਕੇ ਖੱਤਰੀ ਸਭਾ ਚੇਅਰਮੈਨ ਵਿਜੇ ਧੀਰ ਐਡਵੋਕੇਟ ਅਤੇ ਪ੍ਰਧਾਨ ਡਾ. ਐਮ ਐਲ ਜੈਦਕਾ ਨੇ ਕਿਹਾ ਕਿ ਵਿਕਾਸ ਕਪੂਰ ਦੀ ਖੱਤਰੀ ਸਭਾ ਮੋਗਾ, ਖੱਤਰੀ ਮਹਾਂਸਭਾ ਪੰਜਾਬ ਅਤੇ ਜ਼ਿਲ੍ਹਾ ਮਹਾਂਸਭਾ ਵਿੱਚ ਇੱਕ ਅਹਿਮ ਭੂਮਿਕਾ ਹੈ ਅਤੇ ਬਤੌਰ ਖੱਤਰੀ ਅਰੋੜਾ ਵੈਲਫੇਅਰ ਬੋਰਡ ਜ਼ਿਲ੍ਹਾ ਚੇਅਰਮੈਨ ਦੀ ਵੀ ਅਹਿਮ ਅਤੇ ਸਰਗਰਮ ਭੂਮਿਕਾ ਅਦਾ ਕਰਨਗੇ।

## ਕੌਂਸਲਰ ਅਰਪਿਤ ਚੌਧਰੀ ਖ਼ਿਲਾਫ਼ ਦਰਜ ਮਾਮਲਾ ਰੱਦ ਕਰਵਾਉਣ ਲਈ ਜ਼ੋਰਦਾਰ ਪ੍ਰਦਰਸ਼ਨ




ਮਾਨਸਾ (ਆਤਮਾ ਸਿੰਘ ਪਮਾਰ)-ਵਾਰਡ ਨੰਬਰ 18 ਦੇ ਕੌਂਸਲਰ ਅਰਪਿਤ ਚੌਧਰੀ ਦਾ ਨਾਮ ਅਸਲਾ ਮਾਮਲੇ 'ਚ ਸ਼ਾਮਲ ਕਰਨ ਦੇ ਵਿਰੋਧ 'ਚ ਮੰਗਲਵਾਰ ਨੂੰ ਮਾਨਸਾ ਦੀਆਂ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਸੜਕਾਂ 'ਤੇ ਉੱਤਰ ਆਈਆਂ। ਜਥੇਬੰਦੀਆਂ ਵੱਲੋਂ ਸ੍ਰੀ ਲਕਸ਼ਮੀ-ਨਾਰਾਇਣ ਮੰਦਰ ਤੋਂ ਥਾਣਾ ਸਿਟੀ-1 ਤੱਕ ਜਬਰਦਸਤ ਰੋਸ ਮਾਰਚ ਕੀਤਾ ਗਿਆ ਅਤੇ ਮਾਮਲਾ ਰੱਦ ਕਰਨ ਦੀ ਮੰਗ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ।ਸੰਘਰਸ਼ ਕਮੇਟੀ ਅਤੇ ਹੋਰ ਜਥੇਬੰਦੀਆਂ ਨੇ ਪੁਲਿਸ ਅਤੇ ਪ੍ਰਸ਼ਾਸਨ ਨੂੰ ਤਿੰਨ ਦਿਨਾਂ ਦਾ ਅਲਟੀਮੇਟਮ ਦਿੰਦਿਆਂ ਚਿਤਾਵਨੀ ਦਿੱਤੀ ਕਿ ਜੇਕਰ ਸ਼ੁੱਕਰਵਾਰ ਤੱਕ ਅਰਪਿਤ ਚੌਧਰੀ ਖ਼ਿਲਾਫ਼ ਦਰਜ ਮਾਮਲਾ ਰੱਦ ਨਾ ਕੀਤਾ ਗਿਆ ਤਾਂ ਸ਼ਨੀਵਾਰ ਨੂੰ ਮਾਨਸਾ ਸ਼ਹਿਰ ਮੁਕੰਮਲ ਤੌਰ 'ਤੇ ਬੰਦ ਰੱਖਿਆ ਜਾਵੇਗਾ। ਇਸ ਮੌਕੇ ਸਾਬਕਾ ਵਿਧਾਇਕ ਅਜੀਤ ਇੰਦਰ ਸਿੰਘ ਮੋਫਰ, ਸੁਖਵਿੰਦਰ ਸਿੰਘ ਔਲਖ, ਚਮਕੌਰ ਸਿੰਘ ਮੂਸਾ, ਡਾ. ਜਨਕ ਰਾਜ, ਹਰਵਿੰਦਰ ਭਾਰਦਵਾਜ, ਸਵਰਨਜੀਤ ਸਿੰਘ ਧਾਲੀਵਾਲ, ਕੁਲਵਿੰਦਰ ਸਿੰਘ ਉੱਡਤ ਅਤੇ ਹੋਰ ਵੀ ਕਈ ਆਗੂ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਲੰਘੀ 26 ਮਈ ਨੂੰ ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ 18 ਵਿੱਚ ਅਰਪਿਤ ਚੌਧਰੀ ਦੇ ਕੁੱਝ ਰਿਸ਼ਤੇਦਾਰ ਮੌਜੂਦ ਸਨ ਅਤੇ ਉਨ੍ਹਾਂ ਨਾਲ ਇੱਕ ਗੰਨਮੈਨ ਵੀ ਪਿਸਤੌਲ ਸਮੇਤ ਉੱਥੇ ਪਹੁੰਚਿਆ ਸੀ। ਇਸ ਮਾਮਲੇ ਵਿੱਚ ਸਿਟੀ ਮਾਨਸਾ-1 ਪੁਲਿਸ ਨੇ ਪਹਿਲਾਂ ਦੋ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਅਤੇ ਬਾਅਦ ਵਿੱਚ ਅਰਪਿਤ ਚੌਧਰੀ ਦੇ ਜੀਜੇ ਨੂੰ ਵੀ ਨਾਮਜ਼ਦ ਕਰ ਲਿਆ। ਕੁੱਝ ਸਮੇਂ ਬਾਅਦ ਪੁਲਿਸ ਨੇ ਜਾਂਚ ਦੌਰਾਨ ਅਰਪਿਤ ਚੌਧਰੀ ਨੂੰ ਵੀ ਇਸ ਮਾਮਲੇ ਵਿੱਚ ਨਾਮਜ਼ਦ ਕਰ ਦਿੱਤਾ, ਜਿਸ ਤੋਂ ਬਾਅਦ 21 ਮੈਂਬਰੀ ਸੰਘਰਸ਼ ਕਮੇਟੀ ਅਤੇ ਹੋਰ ਜਥੇਬੰਦੀਆਂ ਵੱਲੋਂ ਇਸ ਧੱਕੇਸ਼ਾਹੀ ਦਾ ਵਿਰੋਧ ਕੀਤਾ ਗਿਆ।

## ਦੁਕਾਨਦਾਰਾਂ ਨੇ ਠੰਢੇ ਮਿੱਠੇ ਜਲ ਦੀ ਛਬੀਲ ਲਾਈ



ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਸ਼ਹੀਦੀ ਦਿਹਾੜੇ ਨੂੰ ਸਮਰਪਤ ਨਿਹਾਲ ਸਿੰਘ ਵਾਲਾ ਦੇ ਦੁਕਾਨਦਾਰਾਂ ਵੱਲੋਂ ਇਲਾਕਾ ਵਾਸੀਆਂ ਤੇ ਰਾਹਗੀਰਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਲਾਈ ਗਈ।ਸੇਵਾ ਭਾਵਨਾ ਨਾਲ ਲੋਕਾਂ ਨੂੰ ਮਿੱਠਾ ਜਲ ਛਕਾਇਆ ਗਿਆ ਤੇ ਗਰਮੀ ਤੋਂ ਰਾਹਤ ਦਿੱਤੀ ਗਈ।ਦੁਕਾਨਦਾਰਾਂ ਨੇ ਕਿਹਾ ਕਿ ਸ਼ਹੀਦੀ ਦਿਹਾੜੇ ਸਾਨੂੰ ਮਨੁੱਖਤਾ, ਸੇਵਾ ਤੇ ਪਰਉਪਕਾਰ ਦਾ ਸੰਦੇਸ਼ ਦਿੰਦੇ ਹਨ ਅਤੇ ਇਸੇ ਭਾਵਨਾ ਤਹਿਤ ਇਹ ਛਬੀਲ ਲਾਈ ਗਈ ਹੈ।ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਤੇ ਸਮਾਜਿਕ ਉਪਰਾਲੇ ਸਮਾਜ ਵਿੱਚ ਆਪਸੀ ਪਿਆਰ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਦੇ ਹਨ।ਇਸ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਛਬੀਲ ਦਾ ਪ੍ਰਸ਼ਾਦ ਗ੍ਰਹਿਣ ਕੀਤਾ ਤੇ ਸੇਵਾ ਕਰ ਰਹੇ ਦੁਕਾਨਦਾਰਾਂ ਦੀ ਸ਼ਲਾਘਾ ਕੀਤੀ।

## ਸੂਬੇ 'ਚ ਐਮਰਜੈਂਸੀ ਵਰਗੇ ਹਾਲਾਤ ਬਣੇ : ਹਰਦੀਪ ਦੌਲਤਪੁਰ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਦੇ ਸੀਨੀਅਰ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਮਾੜੇ ਤੇ ਨਾਕਾਮ ਰਾਜ ਪ੍ਰਬੰਧਾਂ ਕਾਰਨ ਪੂਰੇ ਸੂਬੇ ਵਿੱਚ ਐਮਰਜੈਂਸੀ ਵਰਗੇ ਹਾਲਾਤ ਬਣ ਚੁੱਕੇ ਹਨ, ਜਿਸ ਕਾਰਨ ਜਨਤਾ ਵਿੱਚ ਭਾਰੀ ਸਹਿਮ ਦਾ ਮਾਹੌਲ ਹੈ।ਸੀਨੀਅਰ ਆਗੂ ਨੇ ਆਖਿਆ ਕਿ ਸੂਬੇ ਦੀ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਲੀਹੋਂ ਲੱਥ ਚੁੱਕੀ ਹੈ। ਦਿਨ-ਦਿਹਾੜੇ ਵਾਪਰ ਰਹੀਆਂ ਅਪਰਾਧਿਕ ਵਾਰਦਾਤਾਂ ਕਾਰਨ ਪੰਜਾਬ ਦਾ ਹਰ ਨਾਗਰਿਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ।ਸਰਕਾਰ ਪ੍ਰਸ਼ਾਸਨਿਕ ਮਸ਼ੀਨਰੀ ਨੂੰ ਸਹੀ ਢੰਗ ਨਾਲ ਚਲਾਉਣ 'ਚ ਨਾਕਾਮ ਸਾਬਤ ਹੋਈ ਹੈ, ਜਿਸ ਦਾ ਖ਼ਾਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।ਹਰਦੀਪ ਸਿੰਘ ਦੌਲਤਪੁਰ ਨੇ ਜ਼ੋਰ ਦੇ ਕੇ ਕਿਹਾ ਕਿ ਜਨਤਾ ਨਾਲ ਕੀਤੇ ਵੱਡੇ-ਵੱਡੇ ਵਾਅਦੇ ਹਵਾ ਵਿੱਚ ਉੱਡ ਗਏ ਹਨ ਤੇ ਜ਼ਮੀਨੀ ਹਕੀਕਤ ਬੇਹੱਦ ਚਿੰਤਾਜਨਕ ਹੈ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਆਪਣੀ ਕਾਰਜਸ਼ੈਲੀ ਵਿੱਚ ਸੁਧਾਰ ਕਰੇ ਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਠੋਸ ਕਦਮ ਚੁੱਕੇ, ਤਾਂ ਜੁ ਸੂਬੇ ਦੇ ਵਸਨੀਕਾਂ ਵਿੱਚ ਮੁੜ ਅਮਨ ਅਤੇ ਵਿਸ਼ਵਾਸ ਦੀ ਭਾਵਨਾ ਪੈਦਾ ਹੋ ਸਕੇ।

# ਕਿਸਾਨੀ ਸ਼ੇਅਰਾਂ ਨਾਲ ਬਣੀ ਸਹਿਕਾਰੀ ਖੰਡ ਮਿੱਲ ਸ਼ੇਰੋਂ ਨੂੰ ਕਦਾਚਿਤ ਨਹੀਂ ਵੇਚਣ ਦਿਆਂਗੇ: ਐੱਸ ਕੇ ਐੱਮ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸੰਯੁਕਤ ਕਿਸਾਨ ਮੋਰਚਾ ਵੱਲੋਂ ਸ਼ੇਰੋਂ ਖੰਡ ਮਿੱਲ ਨੂੰ ਮੁੜ ਚਾਲੂ ਕਰਨ ਲਈ ਜਾਰੀ ਸੰਘਰਸ਼ ਦੇ 28ਵੇਂ ਦਿਨ ਮੋਰਚੇ ਵੱਲੋਂ ਤਰਕ ਦਿੱਤਾ ਗਿਆ ਕਿ ਪੰਜਾਬ ਦਾ ਧਰਤੀ ਹੇਠਲਾ ਪਾਣੀ ਬਚਾਉਣ ਲਈ ਇਹ ਬਹੁਤ ਜ਼ਰੂਰੀ ਹੈ ਕਿ ਬੰਦ ਕੀਤੀਆਂ ਖੰਡ ਮਿੱਲਾਂ ਚਲਾਈਆਂ ਜਾਣ।

ਆਗੂਆਂ ਕਿਹਾ ਕਿ ਗੰਨਾ ਇੱਕ ਅਜਿਹੀ ਫ਼ਸਲ ਹੈ ਜੋ ਝੋਨੇ ਦਾ ਸਹੀ ਬਦਲ ਬਣਦਾ ਹੈ ਤੇ ਕਿਸਾਨ ਦਾ ਘਰ ਵੀ ਪੂਰਾ ਕਰਦਾ ਹੈ।ਇਕੱਠ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਆਗੂ ਹਰਜਿੰਦਰ ਸਿੰਘ ਟਾਂਡਾ, ਦਲਜੀਤ ਸਿੰਘ ਦਿਆਲਪੁਰ, ਸੁਖਦੇਵ ਸਿੰਘ ਤੁੜ, ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਪੰਨੂ, ਜੱਸਾ ਸਿੰਘ ਕੱਦਗਿਲ, ਅੰਮ੍ਰਿਤਪਾਲ ਸਿੰਘ ਜੌੜਾ, ਇੰਦਰਜੀਤ ਸਿੰਘ ਮਰਹਾਣਾ, ਤਰਸੇਮ ਸਿੰਘ ਲੁਹਾਰ, ਰਤਨ ਸਿੰਘ ਢੰਡ, ਸੁਖਦੇਵ ਸਿੰਘ ਮਾਨੋਚਾਹਲ ਨੇ ਕਿਹਾ ਕਿ ਸਰਕਾਰੀ ਖੰਡ ਮਿੱਲ ਸ਼ੇਰੋਂ ਕਿਸਾਨਾਂ ਦੇ 60 ਫੀਸਦੀ ਸ਼ੇਅਰਾਂ ਨਾਲ ਬਣੀ ਹੋਈ ਹੈ, ਇਸ ਲਈ ਕਿਸਾਨਾਂ ਦਾ ਇੰਨਾ ਵੱਡਾ ਸ਼ੇਅਰ ਹੋਣ ਦੇ ਬਾਵਜੂਦ ਸਰਕਾਰ ਨੇ ਜ਼ਮੀਨ ਦੀ ਮਾਲਕੀ ਬਦਲਣ ਵੇਲੇ ਕਿਸਾਨਾਂ ਕੋਲੋਂ ਪੁੱਛਣਾ ਜ਼ਰੂਰੀ ਨਹੀਂ ਸਮਝਿਆ।

ਜੇਕਰ ਸਰਕਾਰ ਨੇ ਆਪਣੇ ਫੈਸਲੇ ਨੂੰ ਨਾ ਬਦਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਇਹ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੇਵਲ ਸਿੰਘ ਮਾੜੀ ਕੰਬੋਕੇ, ਸੁਖਬਾਜ ਸਿੰਘ ਸਿੱਧੂ, ਧਨਵੰਤ ਸਿੰਘ ਬਲਜਿੰਦਰ ਸਿੰਘ ਕੰਗ, ਵਿਕਰਮਦੇਵ, ਕਵਲਜੀਤ ਸਿੰਘ, ਜਸਵਿੰਦਰ ਸਿੰਘ, ਸੁਖਚੈਨ ਸਿੰਘ ਸਰਹਾਲੀ, ਸਰਦਾਰਾ ਸਿੰਘ ਸਖੀਰਾ, ਪਰਮਜੀਤ ਸਿੰਘ ਸਖੀਰਾ, ਜਸਬੀਰ ਸਿੰਘ ਸਰਹਾਲੀ, ਗੁਰਦਿਆਲ ਸਿੰਘ ਵਰਨਾਲਾ, ਸਰਬਜੀਤ ਸਿੰਘ, ਹਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਦੁੱਗਲਵਾਲਾ, ਕੁਲਦੀਪ ਸਿੰਘ ਮਾੜੀ ਕੰਬੋਕੇ, ਪੰਜਾਬ ਸਿੰਘ ਦੁੱਗਲਵਾਲਾ, ਗੁਰਪ੍ਰੀਤ ਸਿੰਘ, ਅਮਰਜੀਤ ਸਿੰਘ ਤੁੜ, ਲਖਵਿੰਦਰ ਸਿੰਘ ਤੁੜ, ਗੁਰਸੇਵਕ ਸਿੰਘ ਮਾੜੀ ਉਧੋਕੇ, ਬਲਵਿੰਦਰ ਸਿੰਘ, ਨਿਰਮਲ ਸਿੰਘ, ਕੁਲਦੀਪ ਸਿੰਘ, ਜਗਰੂਪ ਸਿੰਘ, ਗੁਰਪ੍ਰੀਤ ਸਿੰਘ, ਰਤਨ ਸਿੰਘ, ਜੱਸਾ ਸਿੰਘ ਕੱਦਗਿਲ, ਸਰਪੰਚ ਸੁਖਦੇਵ ਸਿੰਘ ਦੁਗਲਵਾਲਾ, ਹਰਵਿੰਦਰ ਸਿੰਘ, ਅਮਰੀਕ ਸਿੰਘ ਫੌਜੀ, ਕਸ਼ਮੀਰ ਸਿੰਘ, ਅੰਗਰੇਜ਼ ਸਿੰਘ, ਬਲਦੇਵ ਸਿੰਘ ਸਮੇਤ ਕਈ ਆਗੂ ਹਾਜ਼ਰ ਸਨ।

# ਵੱਲਾ ਦੇ ਵਾਟਰ ਟ੍ਰੀਟਮੈਂਟ ਪਲਾਂਟ ਵਿਖੇ ਲੱਗਾ ਐੱਚ ਆਈ ਵੀ-ਏਡਜ਼ ਟੈਸਟਿੰਗ ਤੇ ਜਾਗਰੂਕਤਾ ਕੈਂਪ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਨਗਰ ਨਿਗਮ ਅਤੇ ਲਾਰਸਨ ਐਂਡ ਟੂਬਰੋ ਕੰਪਨੀ ਵੱਲੋਂ ਵੱਲਾ ਨੇੜੇ ਬਣਾਏ ਜਾ ਰਹੇ ਵਾਟਰ ਟਰੀਟਮੈਂਟ ਪਲਾਂਟ ਵਿਖੇ ਇੱਕ ਐੱਚਆਈਵੀ ਟੈਸਟਿੰਗ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਆਰਪੀ ਐਜੂਕੇਸ਼ਨ ਸੋਸਾਇਟੀ ਐਨਜੀਓ ਦੇ ਸਹਿਯੋਗ ਨਾਲ ਆਯੋਜਿਤ ਇਸ ਕੈਂਪ ਵਿੱਚ ਪ੍ਰੋਜੈਕਟ 'ਤੇ ਕੰਮ ਕਰਨ ਵਾਲੇ ਵਰਕਰਾਂ ਅਤੇ ਕਰਮਚਾਰੀਆਂ ਦੀ ਐੱਚਆਈਵੀ ਟੈਸਟਿੰਗ ਅਤੇ ਏਡਜ਼ ਪਾਰਟੀ ਜਾਗਰੂਕ ਵੀ ਕੀਤਾ ਗਿਆ। ਇਸ ਦੌਰਾਨ ਡਾਕਟਰਾਂ ਵਲੋਂ ਕੈਂਪ ਵਿੱਚ ਮੌਜੂਦ ਮਜਦੂਰਾਂ ਅਤੇ ਕਰਮਚਾਰੀਆਂ ਦੀ ਸਿਹਤ ਜਾਂਚ ਵੀ ਕੀਤੀ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰ ਨੂੰ ਸ਼ੁੱਧ ਪਾਣੀ ਦੀ ਸਪਲਾਈ ਲਈ ਵਰਲਡ ਬੈਂਕ ਅਤੇ ਏਸ਼ੀਅਨ ਇਨਫਰਾਸਟ੍ਰਕਚਰ ਇਨਵੈਸਟਮੈਂਟ ਬੈਂਕ ਦੇ ਸਹਿਯੋਗ ਨਾਲ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ। ਜਿਸ ਤਹਿਤ ਅੱਪਰ ਬਾਰੀ ਦੋਆਬ ਨਹਿਰ ਦੇ ਪਾਣੀ ਨੂੰ ਸਾਫ ਕਰਕੇ ਆਉਣ ਵਾਲੇ ਸਮੇਂ ਵਿੱਚ ਘਰ-ਘਰ ਸਪਲਾਈ ਕੀਤਾ ਜਾਵੇਗਾ। ਇਸ ਮੌਕੇ ਜਾਣਕਾਰੀ ਦਿੰਦਿਆਂ ਪ੍ਰੋਜੈਕਟ ਦੇ ਸਿਹਤ ਅਤੇ ਸੁਰੱਖਿਆ ਅਧਿਕਾਰੀ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਕਿਸੇ ਵੀ ਪ੍ਰੋਜੈਕਟ ਨੂੰ ਸਮੇਂ 'ਤੇ ਪੂਰਾ ਕਰਨ ਲਈ ਜ਼ਰੂਰੀ ਹੈ ਕਿ ਪ੍ਰੋਜੈਕਟ ਵਿੱਚ ਕੰਮ ਕਰਨ ਵਾਲੇ ਕਰਮਚਾਰੀ ਤੰਦਰੁਸਤ ਰਹਿਣ। ਇਸੇ ਲਈ ਇਹ ਕੈਂਪ ਲਗਾਇਆ ਗਿਆ ਜਿਸ ਵਿੱਚ ਲਗਭਗ 100 ਮਜ਼ਦੂਰਾਂ ਦੇ ਐਚ.ਆਈ.ਵੀ. ਟੈਸਟ ਅਤੇ ਸਿਹਤ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ. ਪ੍ਰਗਟ ਸਿੰਘ, ਬਲਵਿੰਦਰ ਕੌਰ, ਪ੍ਰੋਜੈਕਟ ਮੈਨੇਜਰ, ਆਰਪੀ ਐਜੂਕੇਸ਼ਨ ਸੋਸਾਇਟੀ, ਅਤੇ ਹਰਪ੍ਰੀਤ ਸਿੰਘ ਵੀ ਮੌਜੂਦ ਸਨ।

# ਕਿਸਾਨ ਜਥੇਬੰਦੀਆਂ ਦਾ ਵਫਦ ਮੁੱਖ ਖੇਤੀਬਾੜੀ ਅਫਸਰ ਨੂੰ ਮਿਲਿਆ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਸਕੱਤਰ ਲੱਖਬੀਰ ਸਿੰਘ ਨਿਜ਼ਾਮਪੁਰ ਅਤੇ ਸਬਜ਼ੀ ਉਤਪਾਦਿਕ ਕਿਸਾਨ ਜਥੇਬੰਦੀ ਦੇ ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰ ਦੀ ਅਗਵਾਈ ਹੇਠ ਕਿਸਾਨ ਜਥੇਬੰਦੀਆਂ ਦਾ ਇੱਕ ਵਫਦ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਖਾਦਾਂ ਦੀ ਸਪਲਾਈ ਅਤੇ ਟੈਗਿੰਗ ਦੇ ਸਬੰਧ ਵਿੱਚ ਮੁੱਖ ਖੇਤੀਬਾੜੀ ਅਫਸਰ ਪਰਮਜੀਤ ਸਿੰਘ ਅਤੇ ਖਾਦਾਂ ਨੂੰ ਡੀਲ ਕਰਨ ਵਾਲੇ ਏਡੀਓ ਪਰਜੀਤ ਸਿੰਘ ਨੂੰ ਖੇਤੀ ਭਵਨ ਰਣਜੀਤ ਐਵੇਨਿਊ ਵਿਖੇ ਮਿਲਿਆ। ਜਥੇਬੰਦੀ ਵੱਲੋਂ ਅੰਮ੍ਰਿਤਸਰ ਜਿਲੇ ਅੰਦਰ ਖਾਦਾਂ ਦੀ ਸਪਲਾਈ ਕਰਨ ਵਾਲੀਆਂ ਵੱਖ-ਵੱਖ ਫਰਮਾਂ ਵੱਲੋਂ ਪੈਸਟੀਸਾਈਡ ਡੀਲਰਾਂ ਨੂੰ ਖਾਦ ਦੀ ਸਪਲਾਈ ਨਾਲ ਗੈਰ ਜ਼ਰੂਰੀ ਸਾਮਾਨ ਟੈਗਿੰਗ ਕਰਨ ਅਤੇ ਪਿਛਲੇ ਸਮੇਂ ਜਥੇਬੰਦੀ ਵੱਲੋਂ ਖਾਦਾਂ ਦੀ ਗੈਰ ਖੇਤੀ ਕੰਮਾਂ ਲਈ ਜਾ ਰਹੇ ਫੜੇ ਟਰੱਕ ਵਿੱਚ 600 ਬੋਰੀਆਂ ਯੂਰੀਆ ਖਾਦ ਸਬੰਧੀ ਮਕਬੂਲਾਪੁਰ ਥਾਣੇ ਵਿਖੇ ਦਰਜ ਐੱਫ. ਆਈ.ਆਰ. ਨੰਬਰ 181 ਮਿਤੀ 21/8/2025 ਦੇ ਦੋਸ਼ੀਆਂ ਖਿਲਾਫ ਹੁਣ ਤੱਕ ਪੁਲਸ ਅਧਿਕਾਰੀਆਂ ਵੱਲੋਂ ਚਲਾਨ ਨਾ ਪੇਸ਼ ਕਰਨ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਉਨ੍ਹਾਂ ਦੱਸਿਆ ਕਿ ਖਾਦ ਦੇ ਕੁਝ ਹੋਲਸੇਲਰਾਂ (ਡਿਸਟੀਬਿਊਟਰਾਂ) ਵੱਲੋਂ ਸਬੰਧਤ ਫਰਮ ਵੱਲੋਂ ਇਸ ਮੁਕੱਦਮੇ ਦੇ ਮੁੱਖ ਗਵਾਹ ਫਰੈਂਡਜ਼ ਐਗਰੋ ਸੈਂਟਰ ਵੱਲਾ ਦੇ ਮਾਲਕ ਹਰਿੰਦਰ ਸਿੰਘ ਨੂੰ ਖਾਦ ਦੀ ਸਪਲਾਈ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਮੁੱਖ ਸਪਲਾਇਰਾਂ ਕਾਰਨ ਜਿਥੇ ਪੈਸਟੀਸਾਈਡ ਡੀਲਰ ਪ੍ਰੇਸ਼ਾਨ ਹਨ, ਉਥੇ ਕਿਸਾਨਾਂ ਨੂੰ ਵੀ ਜਬਰੀ ਟੈਗਿੰਗ ਕਰਨ ਨਾਲ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮੁੱਖ ਖੇਤੀਬਾੜੀ ਅਫਸਰ ਨੇ ਵਿਸ਼ਵਾਸ ਦਿਵਾਇਆ ਕਿ ਮਹਿਕਮਾ ਖੇਤੀਬਾੜੀ ਵਿਭਾਗ ਕਿਸਾਨਾਂ ਦੀ ਭਲਾਈ ਲਈ ਪੂਰੀ ਤਰਾਂ ਤੱਤਪਰ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਇਸ ਦੇ ਬਾਵਜੂਦ ਵੀ ਕਿਸਾਨਾਂ ਨੂੰ ਖਾਦਾਂ ਦੀ ਸਪਲਾਈ ਸਬੰਧੀ ਕੋਈ ਸਮੱਸਿਆ ਆਵੇਗੀ ਤਾਂ ਜਥੇਬੰਦੀ ਤੁਰੰਤ ਸੰਘਰਸ਼ ਦਾ ਬਿਗਲ ਵਜਾਵੇਗੀ।ਕਿਸਾਨ ਆਗੂਆਂ ਨੇ ਖਾਦ ਸਪਲਾਈ ਕਰਨ ਵਾਲੀਆਂ ਫਰਮਾਂ ਨੂੰ ਵੀ ਵਾਰਨਿੰਗ ਦਿੰਦਿਆ ਕਿਹਾ ਕਿ ਜੇ ਇਨ੍ਹਾਂ ਨੇ ਕਿਸਾਨ ਵਿਰੋਧੀ ਕੰਮ ਜਾਰੀ ਰੱਖੇ ਤਾਂ ਜਥੇਬੰਦੀ ਇਨ੍ਹਾਂ ਖਿਲਾਫ ਸਿੱਧਾ ਐਕਸ਼ਨ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਕਿਸਾਨ ਆਗੂ ਕਰਨੈਲ ਸਿੰਘ ਨਵਾਂ ਪਿੰਡ, ਬਲਵੰਤ ਸਿੰਘ ਤੀਰਥਪੁਰ, ਧਰਮਿੰਦਰ ਸਿੰਘ ਕਿਲਾ, ਹਰਚਰਨ ਸਿੰਘ, ਹਰਜੀਤ ਸਿੰਘ, ਅਮਰਜੀਤ ਸਿੰਘ ਨਿਜ਼ਾਮਪੁਰ ਹਾਜ਼ਰ ਸਨ।

# ਡੇਂਗੂ ਬਾਰੇ ਜਾਣਕਾਰੀ ਦੇਣ ਲਈ ਸਿਹਤ ਵਿਭਾਗ ਦੀ ਟੀਮ ਨੇ ਭੱਠਿਆਂ ਤੇ ਨਰਸਰੀਆਂ ਤੱਕ ਕੀਤੀ ਪਹੁੰਚ



ਚੋਹਲਾ ਸਾਹਿਬ (ਰਮਨ ਚੱਢਾ)-ਕਾਰਜਕਾਰੀ ਸਿਵਲ ਸਰਜਨ ਤਰਨ ਤਾਰਨ ਡਾਕਟਰ ਭਾਰਤੀ ਧਵਨ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾਕਟਰ ਰਾਘਵ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਵੱਲੋਂ ਮਰਹਾਣਾ ਅਤੇ ਹੋਰ ਸਬ ਸੈਂਟਰਾਂ ਅਧੀਨ ਆਉਂਦੇ ਭੱਠਿਆਂ ਅਤੇ ਨਰਸਰੀਆਂ ਵਿਖੇ ਪਹੁੰਚ ਕੇ ਉੱਥੋਂ ਦੇ ਮਾਲਕਾਂ ਅਤੇ ਕਾਮਿਆਂ ਨੂੰ ਡੇਂਗੂ ਦੀ ਭਿਆਨਕ ਬਿਮਾਰੀ ਬਾਰੇ ਜਾਗਰੂਕ ਕੀਤਾ ਗਿਆ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਐੱਸਆਈ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਟੁੱਟੇ ਟਾਇਰਾਂ, ਟੁੱਟੇ ਗਮਲਿਆਂ ਅਤੇ ਟੋਇਆਂ ਵਿੱਚ ਪਾਣੀ ਇੱਕਠਾ ਨਾ ਹੋਣ ਦਿਓ ਅਤੇ ਆਪਣਾ ਆਲਾ ਦੁਆਲਾ ਸਾਫ ਸੁਥਰਾ ਰੱਖੋ ਤਾਂ ਜੋ ਡੇਂਗੂ ਵਰਗੀ ਬਿਮਾਰੀਆਂ ਫੈਲਾਉਣ ਵਾਲੇ ਮੱਛਰ ਪੈਦਾ ਨਾ ਹੋ ਸਕਣ। ਇਸ ਸਮੇਂ ਹੈਲਥ ਵਰਕਰ ਪ੍ਰਧਾਨ ਜਸਪਿੰਦਰ ਸਿੰਘ ਅਤੇ ਹੈਲਥ ਵਰਕਰ ਰਾਜੀਵ ਕੁਮਾਰ ਨੇ ਸਾਂਝੇ ਰੂਪ ਵਿੱਚ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਨੂੰ ਆਪਣੇ ਕੂਲਰਾਂ ਦੀ ਹਫਤੇ ਵਿੱਚ ਇੱਕ ਵਾਰ ਸਾਫ ਸਫਾਈ ਕਰਦੇ ਰਹਿਣਾ ਚਾਹੀਦਾ ਹੈ, ਖਾਸ ਕਰਕੇ ਬਰਸਾਤੀ ਦਿਨਾਂ ਅੰਦਰ ਆਪਣੇ ਆਲੇ ਦੁਆਲੇ ਪਾਣੀ ਇੱਕਠਾ ਨਾ ਹੋਣ ਦਿਓ। ਉਨ੍ਹਾਂ ਦੱਸਿਆ ਕਿ ਰਾਤ ਸੌਣ ਸਮੇਂ ਪੂਰਾ ਤਨ ਢੱਕਣ ਵਾਲੇ ਕੱਪੜੇ ਪਾ ਕੇ ਸੌਣਾ ਚਾਹੀਦਾ ਹੈ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਲਗਾਉਣੀਆਂ ਚਾਹੀਦੀਆਂ ਹਨ ।

## ਪਿੰਡ ਹਮਜਾ ਨੇੜਿਓਂ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ

ਮਜੀਠਾ (ਸੋਇਮ ਆਨੰਦ)-ਪਿੰਡ ਹਮਜਾ ਦੇ ਖੇਤਾਂ 'ਚੋਂ ਪਾਣੀ ਦੀ ਟੈਕੀ ਨੇੜਿਓਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ।ਜਾਣਕਾਰੀ ਅਨੁਸਾਰ ਏਐੱਸਆਈ ਕੁਲਦੀਪ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੇ ਹਲਕੀ ਚੱਟੇ ਰੰਗ ਦੀ ਕਮੀਜ਼ ਅਤੇ ਫਿੱਕੀ ਸੁਰਮਈ ਲੋਅਰ ਪਹਿਨੀ ਹੋਈ ਹੈ, ਵਾਲ ਕੱਟੇ ਹੋਏ ਹਨ ਅਤੇ ਉਮਰ ਕਰੀਬ 40-45 ਸਾਲ ਹੈ ।ਪੁਲਸ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸ਼ਨਾਖਤ ਲਈ 72 ਘੰਟਿਆਂ ਲਈ ਸਿਵਲ ਹਸਪਤਾਲ ਅੰਮ੍ਰਿਤਸਰ ਦੀ ਮੋਰਚੀ 'ਚ ਰੱਖਿਆ ਗਿਆ ਹੈ। ਏਐੱਸਆਈ ਕੁਲਦੀਪ ਸਿੰਘ ਨੇ ਦੱਸਿਆ ਕਿ ਉਕਤ ਵਿਅਕਤੀ ਦੀ ਅਜੇ ਤੱਕ ਸ਼ਨਾਖਤ ਨਹੀਂ ਹੋ ਸਕੀ ਹੈ। ਇਸ ਲਈ ਜੇਕਰ ਕਿਸੇ ਨੂੰ ਵੀ ਇਸ ਬਾਰੇ ਕੋਈ ਜਾਣਕਾਰੀ ਮਿਲਦੀ ਹੈ ਤਾਂ ਉਹ ਤੁਰੰਤ ਪੁਲਸ ਥਾਣਾ ਮਜੀਠਾ ਵਿਖੇ ਇਤਲਾਹ ਕਰੇ।

## ਸਹਿਣੇਵਾਲ 'ਚ ਨਜਾਇਜ਼ ਕਬਜ਼ਾ ਛੁਡਵਾ ਕੇ ਗਰਾਊਂਡ ਬਣਾਈ ਜਾਵੇਗੀ: ਐੱਸ ਆਈ ਨਰਿੰਦਰ ਸਿੰਘ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਹਲਕਾ ਮਜੀਠਾ 'ਚ ਪੈਂਦੇ ਕਸਬਾ ਸਹਿਣੇਵਾਲ ਵਿਖੇ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਵੱਲੋਂ ਕੀਤੇ ਨਜਾਇਜ਼ ਕਬਜ਼ੇ ਛੁਡਵਾਏ ਜਾ ਰਹੇ ਹਨ। ਇਸ ਸਬੰਧੀ ਥਾਣਾ ਕੱਥੂਨੰਗਲ ਦੇ ਐੱਸ ਆਈ ਨਰਿੰਦਰ ਸਿੰਘ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਵੱਲੋਂ ਸਹਿਣੇਵਾਲ ਪਿੰਡ ਵਿੱਚ ਨਜਾਇਜ਼ ਕਬਜ਼ਾ ਛੁਡਵਾ ਕੇ ਗਰਾਊਂਡ ਦਾ ਜਲਦ ਹੀ ਉਦਘਾਟਨ ਕੀਤਾ ਜਾਵੇਗਾ ਅਤੇ ਜੋ ਨੌਜਵਾਨ ਨਸ਼ੇ ਕਰ ਰਹੇ ਹਨ ਉਹ ਖੇਡਾਂ ਵੱਲ ਧਿਆਨ ਦੇਣ। ਇਸ ਮੌਕੇ ਸਰਪੰਚ ਰਾਜਵਿੰਦਰ ਕੌਰ ਰੰਧਾਵਾ, ਅਰਵਿੰਦਰ ਸਿੰਘ ਰੰਧਾਵਾ, ਨੰਬਰਦਾਰ ਸੁਰਜੀਤ ਸਿੰਘ, ਜਥੇਦਾਰ ਗੁਰਮੀਤ ਸਿੰਘ, ਨਰਿੰਦਰ ਸਿੰਘ ਜੇਪੀ, ਏਐੱਸਆਈ ਬਿਕਰਮਜੀਤ ਸਿੰਘ, ਏਐੱਸਆਈ ਕਸ਼ਮੀਰ ਸਿੰਘ, ਕੇਵਲ ਸਿੰਘ ਅਤੇ ਸੰਦੀਪ ਸਿੰਘ ਆਦਿ ਹਾਜ਼ਰ ਸਨ।

## ਚੋਰੀ ਦੇ ਸਾਮਾਨ ਸਮੇਤ ਨੌਜਵਾਨ ਕਾਬੂ, ਮਾਮਲਾ ਦਰਜ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ) ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀ ਪੁਲਿਸ ਨੇ ਗਸ਼ਤ ਦੌਰਾਨ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਚੋਰੀ ਦੇ ਸਾਮਾਨ ਸਮੇਤ ਇੱਕ ਨੌਜਵਾਨ ਨੂੰ ਕਾਬੂ ਕੀਤਾ ਹੈ।ਦੋਸ਼ੀ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ ਦੀ ਧਾਰਾ 303 (2) ਤੇ 317(2) ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਜਾਣਕਾਰੀ ਅਨੁਸਾਰ ਹੌਲਦਾਰ ਹਰਪ੍ਰੀਤ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਤਲਾਸ਼ ਸਬੰਧੀ ਚੱਕ ਬੀੜ ਸਰਕਾਰ, ਲੰਗੂ ਢੋਣ ਅਤੇ ਥਾਂਦੇਵਾਲਾ ਇਲਾਕੇ ਵਿੱਚ ਮੌਜੂਦ ਸਨ।ਇਸ ਦੌਰਾਨ ਕੁੱਚਾ ਥਾਂਦੇਵਾਲਾ ਰੋਡ ਨੇੜੇ ਧੱਕਾ ਬਸਤੀ ਵਿਖੇ ਇੱਕ ਮੁਖ਼ਬਰ ਨੇ ਪੁਲਸ ਨੂੰ ਸੂਚਨਾ ਦਿੱਤੀ ਕਿ ਰੋਹਿਤ ਸਿੰਘ ਪੁੱਤਰ ਰਾਜੂ ਸਿੰਘ ਵਾਸੀ ਜੋਧੂ ਕਲੋਨੀ, ਸ੍ਰੀ ਮੁਕਤਸਰ ਸਾਹਿਬ, ਕਾਰਾਂ ਤੇ ਗੱਡੀਆਂ ਦਾ ਸਾਮਾਨ ਚੋਰੀ ਕਰਕੇ ਵੇਚਣ ਦਾ ਆਦੀ ਹੈ ਅਤੇ ਇਸ ਸਮੇਂ ਵੀ ਚੋਰੀ ਕੀਤਾ ਸਾਮਾਨ ਵੇਚਣ ਦੀ ਨੀਅਤ ਨਾਲ ਖੜ੍ਹਾ ਹੈ।ਸੂਚਨਾ ਦੇ ਆਧਾਰ 'ਤੇ ਪੁਲਸ ਵੱਲੋਂ ਤੁਰੰਤ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਰੋਹਿਤ ਸਿੰਘ ਨੂੰ ਕਾਬੂ ਕਰ ਲਿਆ ਗਿਆ।ਉਸ ਦੇ ਕਬਜ਼ੇ ਵਿੱਚੋਂ ਇੱਕ ਅਲਟਰਨੇਟਰ, ਇੱਕ ਸੈਲਫ ਅਤੇ ਇੱਕ ਵਾਇਰਿੰਗ ਸੈੱਟ ਬਰਾਮਦ ਕੀਤਾ ਗਿਆ, ਜੋ ਚੋਰੀ ਦਾ ਸਾਮਾਨ ਹੋਣ ਦਾ ਸ਼ੱਕ ਹੈ।ਪੁਲਸ ਵੱਲੋਂ ਦੋਸ਼ੀ ਖ਼ਿਲਾਫ਼ ਮਾਮਲਾ ਦਰਜ ਕਰਕੇ ਸਾਮਾਨ ਦੇ ਸਰੋਤ ਤੇ ਹੋਰ ਸੰਭਾਵਿਤ ਚੋਰੀ ਦੀਆਂ ਵਾਰਦਾਤਾਂ ਸਬੰਧੀ ਜਾਂਚ ਕੀਤੀ ਜਾ ਰਹੀ ਹੈ।

## 505 ਗ੍ਰਾਮ ਹੈਰੋਇਨ ਸਮੇਤ ਦੋ ਨੌਜਵਾਨ ਕਾਬੂ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀ ਪੁਲਸ ਨੇ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ 505 ਗ੍ਰਾਮ ਹੈਰੋਇਨ ਬਰਾਮਦ ਕਰਕੇ ਦੋ ਨੌਜਵਾਨਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਐਕਟ ਦੀ ਧਾਰਾ 213, 61 ਅਤੇ 85 ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਜਾਣਕਾਰੀ ਅਨੁਸਾਰ ਐਸ.ਆਈ. ਲਖਵਿੰਦਰ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਕਰ ਰਹੇ ਸਨ।ਇਸ ਦੌਰਾਨ ਰੇਲਵੇ ਲਾਈਨ ਦੇ ਨਾਲ-ਨਾਲ ਉਦੇਕਰਨ ਤੋਂ ਥਾਂਦੇਵਾਲਾ ਜਾਣ ਵਾਲੇ ਲਿੰਕ ਰੋਡ ਨੇੜੇ ਜੀ.ਟੀ. ਰੋਡ 'ਤੇ ਦੋ ਸ਼ੱਕੀ ਨੌਜਵਾਨ ਇੱਕ ਕਾਲੇ ਰੰਗ ਦੇ ਮੋਟਰਸਾਈਕਲ ਕੋਲ ਖੜ੍ਹੇ ਦਿਖਾਈ ਦਿੱਤੇ।ਪੁਲਸ ਪਾਰਟੀ ਨੂੰ ਵੇਖ ਕੇ ਦੋਵੇਂ ਨੌਜਵਾਨ ਮੋਟਰਸਾਈਕਲ ਤੇ ਇੱਕ ਮੋਮੀ ਲਿਫਾਫਾ ਛੱਡ ਕੇ ਖੇਤਾਂ ਵੱਲ ਭੱਜਣ ਦੀ ਕੋਸ਼ਿਸ਼ ਕਰਨ ਲੱਗੇ, ਪਰ ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਉਨ੍ਹਾਂ ਨੂੰ ਕਾਬੂ ਕਰ ਲਿਆ।ਪੁੱਛਗਿੱਛ ਦੌਰਾਨ ਦੋਵਾਂ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਜੰਟੀ ਪੁੱਤਰ ਮਹਿੰਦਰ ਸਿੰਘ ਤੇ ਜਸਵੰਤ ਸਿੰਘ ਉਰਫ਼ ਜੱਸੀ ਪੁੱਤਰ ਪ੍ਰਧਾਨ ਸਿੰਘ, ਵਾਸੀ ਪਿੰਡ ਚੱਕ ਬਜੀਦਾ, ਥਾਣਾ ਸਦਰ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਵਜੋਂ ਹੋਈ।



**ਨਵੇਂ ਆਏ ਥਾਣਾ ਮੁਖੀ ਬਲਜਿੰਦਰ ਸਿੰਘ ਬਾਜਵਾ ਨੂੰ ਫੁੱਲਾਂ ਦਾ ਬੁੱਕਾ ਦੇ ਕੇ ਸਨਮਾਨਿਤ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਿਕਰਮ ਸਿੰਘ ਵਿੱਲੋਂ ਝਬਾਲ ਤੇ ਗੁਰਮੀਤ ਸਿੰਘ ਸ਼ਾਹ ਝਬਾਲ।** (ਫੋਟੋ ਤੇ ਵੇਰਵਾ: ਹਰਜਿੰਦਰ ਸਿੰਘ ਸੋਨੀ)

# ਸਿਟੀ ਵੈੱਲਫੇਅਰ ਕਲੱਬ ਵੱਲੋਂ ਕ੍ਰਿਕਟ ਟੂਰਨਾਮੈਂਟ ਆਯੋਜਿਤ

**ਸ਼ਾਹਪੁਰ ਜਾਜਨ ਤੇ ਹਰਕੀਰਤ ਦੀਆਂ ਟੀਮਾਂ ਰਹੀਆਂ ਜੇਤੂ**



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਿਟੀ ਵੈੱਲਫੇਅਰ ਕਲੱਬ ਡੇਰਾ ਬਾਬਾ ਨਾਨਕ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨੀ ਨੂੰ ਨਸ਼ਿਆਂ ਦੀ ਭੈੜੀ ਅਲਾਮਤ ਤੋਂ ਬਚਾਉਣ ਦੇ ਮਕਸਦ ਨਾਲ ਇੱਕ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ ਡੇਰਾ ਬਾਬਾ ਨਾਨਕ ਦੀ ਦਾਨਾ ਮੰਡੀ ਵਿਖੇ ਕੀਤਾ ਗਿਆ।ਇਸ ਖੇਡ ਮੇਲੇ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਦੀਆਂ ਟੀਮਾਂ ਅਤੇ ਛੋਟੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਬਿਹਤਰੀਨ ਖੇਡ ਅਨੁਸ਼ਾਸਨ ਦਾ ਸਬੂਤ ਦਿੱਤਾ।ਵੱਡੀਆਂ ਟੀਮਾਂ ਦੇ ਫਸਵੇਂ ਮੁਕਾਬਲਿਆਂ ਵਿੱਚੋਂ ਸ਼ਾਹਪੁਰ ਜਾਜਨ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਿਸ ਨੂੰ 4100 ਰੁਪਏ ਨਕਦ ਇਨਾਮ ਅਤੇ ਟਰਾਫੀ ਦਿੱਤੀ ਗਈ। ਦੂਸਰੇ ਨੰਬਰ ਤੇ ਧਾਰੋਵਾਲੀ ਦੀ ਟੀਮ ਰਹੀ, ਜਿਸ ਨੂੰ 3100 ਰੁਪਏ ਅਤੇ ਟਰਾਫੀ ਨਾਲ ਨਿਵਾਜਿਆ ਗਿਆ, ਜਦਕਿ ਹਰੂਵਾਲ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ 2100 ਰੁਪਏ ਅਤੇ ਟਰਾਫੀ 'ਤੇ ਕਬਜ਼ਾ ਕੀਤਾ।ਛੋਟੇ ਬੱਚਿਆਂ ਦੇ ਮੁਕਾਬਲਿਆਂ ਵਿੱਚੋਂ ਹਰਕੀਰਤ ਦੀ ਟੀਮ ਨੇ ਪਹਿਲੀ ਪੁਜੀਸ਼ਨ ਹਾਸਲ ਕਰਕੇ 1000 ਰੁਪਏ ਅਤੇ ਟਰਾਫੀ ਜਿੱਤੀ।ਦੂਸਰੇ ਨੰਬਰ ਤੇ ਫਤਿਹਪਾਲ ਕਾਵਿਸ ਦੀ ਟੀਮ ਰਹੀ, ਜਿਸ ਨੂੰ 500 ਰੁਪਏ ਅਤੇ ਟਰਾਫੀ ਦਿੱਤੀ ਗਈ ਅਤੇ ਤੀਸਰੇ ਨੰਬਰ ਤੇ ਗੌਰਵ ਐਂਡ ਸਮਰ ਦੀਆਂ ਟੀਮਾਂ ਰਹੀਆਂ।ਇਸ ਤੋਂ ਇਲਾਵਾ ਧਰਮਕੋਟ ਰੰਧਾਵਾ, ਰਮਦਾਸ , ਜੋੜੀਆਂ ਕਲਾਂ, ਸ਼ਿਕਾਰ ਮਾਛੀਆਂ, ਡੇਰਾ ਬਾਬਾ ਨਾਨਕ-1 ਅਤੇ ਡੇਰਾ ਬਾਬਾ ਨਾਨਕ-2 ਦੀਆਂ ਟੀਮਾਂ ਨੇ ਭਾਗ ਲਿਆ ।ਖੇਡ ਸਮਾਗਮ ਦੇ ਮੌਕੇ ਮੁੱਖ ਮਹਿਮਾਨ ਵਜੋਂ ਐੱਸ. ਡੀ. ਐੱਮ. ਡੇਰਾ ਬਾਬਾ ਨਾਨਕ ਲਸ਼ਮਣ ਸਿੰਘ, ਨਾਇਬ ਤਹਿਸੀਲਦਾਰ ਗੁਰਦੀਪ ਸਿੰਘ ਅਤੇ ਨਾਇਬ ਤਹਿਸੀਲਦਾਰ ਸਰਦਾਰ ਸਿੰਘ ਸਮੇਤ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਦੇ ਹੋਏ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਕੀਤੀ ਗਈ।ਕੌਂਸਲਰ ਅਜੀਤ ਅਮਰਵਾਹ ਡਾਇਮੰਡ, ਵਪਾਰ ਮੰਡਲ ਦੇ ਪ੍ਰਧਾਨ ਸੋਨੀ, ਵੱਡੀ ਗਰਾਊਂਡ ਦੇ ਸਰਪ੍ਰਸਤ ਸਰਦਾਰ ਕੁਲਬੀਰ ਸਿੰਘ, ਹੀਰਾ ਲਾਲ ਜੀ ਝੰਡਿਆਲ, ਡਾਕਟਰ ਮਨਮੋਹਨ ਸਿੰਘ ਭੱਟੀ ਅਤੇ ਬਲਵਿੰਦਰ ਸਿੰਘ ਆੜ੍ਹਤੀ ਵਿਸ਼ੇਸ਼ ਤੌਰ ਤੇ ਪਹੁੰਚੇ।ਸਟੇਜ ਸਕੱਤਰ ਦੀ ਭੂਮਿਕਾ ਪਰਮਿੰਦਰ ਸਿੰਘ ਰੰਧਾਵਾ ਨੇ ਬਾਖ਼ੂਬੀ ਨਿਭਾਈ। ਇਸ ਪੂਰੇ ਖੇਡ ਪ੍ਰੋਗਰਾਮ ਨੂੰ ਐੱਨ. ਆਰ. ਆਈ. ਬਾਬਾ ਰਜਿੰਦਰ ਸਿੰਘ ਬੇਦੀ ਵੱਲੋਂ ਸਪਾਂਸਰ ਕੀਤਾ ਗਿਆ ਅਤੇ ਇਨਾਮਾਂ ਦੀਆਂ ਰਾਸ਼ੀਆਂ ਵੀ ਉਨ੍ਹਾਂ ਵੱਲੋਂ ਹੀ ਭੇਟ ਕੀਤੀਆਂ ਗਈਆਂ।ਇਸ ਤੋਂ ਇਲਾਵਾ ਕੈਨੇਡਾ ਤੋਂ ਮਨਸਹਿਜਪ੍ਰੀਤ ਸਿੰਘ ਨੇ ਇਸ ਟੂਰਨਾਮੈਂਟ ਲਈ ਵਿਸ਼ੇਸ਼ ਵਿੱਤੀ ਯੋਗਦਾਨ ਪਾਇਆ।ਜਤਿੰਦਰ ਸਿੰਘ ਚੀਕੂ ਅਤੇ ਹੋਰ ਸਮੂਹ ਸ਼ਹਿਰ ਵਾਸੀਆਂ ਵੱਲੋਂ ਵੀ ਇਸ ਖੇਡ ਮੇਲੇ ਨੂੰ ਸਫ਼ਲ ਬਣਾਉਣ ਲਈ ਬਹੁਤ ਵੱਡਾ ਸਹਿਯੋਗ ਦਿੱਤਾ ਗਿਆ ।ਕਲੱਬ ਦੇ ਪ੍ਰਧਾਨ ਰਾਜੇਸ਼ ਹਾਂਡਾ ਨੇ ਐੱਨ ਆਰ ਆਈ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਸਮੇਤ ਆਏ ਹੋਏ ਸਾਰੇ ਮਹਿਮਾਨਾਂ, ਸਪਾਂਸਰਾਂ, ਸੇਵਾਦਾਰਾਂ ਅਤੇ ਇਲਾਕਾ ਨਿਵਾਸੀਆਂ ਦਾ ਇਸ ਵੱਡੇ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ।

# ਕਿਸਾਨਾਂ ਵੱਲੋਂ ਸਰਕਾਰ ਤੇ ਬਿਜਲੀ ਵਿਭਾਗ ਖਿਲਾਫ਼ ਰੋਸ ਪ੍ਰਦਰਸ਼ਨ



ਮਜੀਠਾ (ਸੋਇਮ ਆਨੰਦ)-ਹਲਕਾ ਮਜੀਠਾ ਦੇ ਪਿੰਡ ਰੱਖ ਨਾਗ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਖੇਤੀ ਟਿਊਬਵੈੱਲਾਂ ਦੀ ਬਿਜਲੀ ਸਪਲਾਈ ਬੰਦ ਹੋਣ ਕਾਰਨ ਕਿਸਾਨਾਂ ਨੇ ਰੋਸ ਮੁਜ਼ਾਹਰਾ ਕਰਦਿਆਂ ਸਰਕਾਰ ਤੇ ਬਿਜਲੀ ਵਿਭਾਗ ਖਿਲਾਫ ਨਾਅਰੇਬਾਜ਼ੀ ਕੀਤੀ।ਇਸ ਮੌਕੇ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿੰਡ ਨਾਗ ਕਲਾਂ, ਰੱਖ ਨਾਗ, ਲੁਧੜ, ਡੱਡੀਆਂ ਤੇ ਜਹਾਂਗੀਰ 'ਚ ਪਿਛਲੇ ਦਿਨੀਂ ਆਈ ਤੇਜ਼ ਹਨੇਰੀ ਕਾਰਨ ਬਹੁਤ ਸਾਰੇ ਬਿਜਲੀ ਦੇ ਟ੍ਰਾਂਸਫਾਰਮਰ ਤੇ ਬਿਜਲੀ ਦੇ ਖੰਭੇ ਤੇ ਲਾਇਨਾਂ ਟੁੱਟ ਗਈਆਂ ਹਨ ਪਰ ਅੱਜ ਕਈ ਦਿਨਾਂ ਤੋਂ ਵੱਧ ਸਮਾਂ ਬੀਤ ਜਾਣ ਤੇ ਵਿਭਾਗ ਵੱਲੋਂ ਇਨ੍ਹਾਂ ਲਾਇਨਾਂ ਨੂੰ ਠੀਕ ਨਹੀਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਉਕਤ ਪੰਜਾਂ ਪਿੰਡਾਂ ਦੇ ਸਾਂਝੇ ਖੇਤਾਂ ਵਿੱਚ ਲਗਭਗ 300 ਟਿਊਬਵੈੱਲ ਬੰਦ ਪਏ ਹਨ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਬਿਜਲੀ ਸਪਲਾਈ ਜਲਦ ਚਾਲੂ ਨਾ ਕੀਤੀ ਗਈ ਤਾਂ ਕਿਸਾਨ ਜਥੇਬੰਦੀਆਂ ਵੱਲੋਂ ਸ਼ੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਮੌਕੇ ਰਣਜੀਤ ਸਿੰਘ ਸਰਪੰਚ ਰੱਖ ਨਾਗ, ਜਗਰੂਪ ਸਿੰਘ ਮੈਂਬਰ, ਗੁਰਮੇਜ ਸਿੰਘ ਮੈਂਬਰ, ਬਿਕਰਮਜੀਤ ਸਿੰਘ ਮੈਂਬਰ, ਹਰਵਿੰਦਰ ਸਿੰਘ ਡੱਡੀਆਂ, ਮਨਰਾਜ ਸਿੰਘ, ਬਿਕਰਮਜੀਤ ਸਿੰਘ, ਸੰਦੀਪ ਸਿੰਘ, ਨਵਰਾਜ ਸਿੰਘ, ਰਾਜਵੀਰ ਸਿੰਘ, ਸਤਬੀਰ ਸਿੰਘ, ਅਰੁਣ ਕੁਮਾਰ, ਰਵਿੰਦਰ ਸਿੰਘ, ਰਮਿੰਦਰ ਸਿੰਘ, ਭਰਪੂਰ ਸਿੰਘ ਗਿੱਲ, ਅਜੀਤ ਸਿੰਘ ਸੈਕਟਰੀ, ਹਰਦਿਆਲ ਸਿੰਘ, ਸੁੱਖਵਿੰਦਰ ਸਿੰਘ, ਦੀਦਾਰ ਸਿੰਘ, ਗੁਰਬੀਰ ਸਿੰਘ ਮੈਂਬਰ, ਸੁਰਜੀਤ ਸਿੰਘ, ਰਣਜੀਤ ਸਿੰਘ, ਗੁਰਪ੍ਰੀਤ ਸਿੰਘ, ਰਾਜਨਦੀਪ ਸਿੰਘ, ਕਵਲਜੀਤ ਸਿੰਘ, ਦਲਜੋਤ ਸਿੰਘ ਡੱਡੀਆਂ, ਸੁਖਦੇਵ ਸਿੰਘ, ਪ੍ਰਤਾਪ ਸਿੰਘ, ਬਚਿੱਤਰ ਸਿੰਘ, ਜੋਗਿੰਦਰ ਸਿੰਘ ਜਹਾਂਗੀਰ, ਕੁਲਵਿੰਦਰ ਸਿੰਘ ਡੱਡੀਆਂ, ਜੋਤ ਸਿੰਘ ਡੱਡੀਆਂ, ਗੁਰਵਿੰਦਰ ਸਿੰਘ ਲੁੱਧੜ, ਕੁਲਵੰਤ ਸਿੰਘ ਲੁੱਧੜ, ਗੁਰਪ੍ਰੀਤ ਸਿੰਘ ਡੱਡੀਆਂ, ਪ੍ਰਭਪਾਲ ਡੱਡੀਆਂ, ਹਰਪ੍ਰੀਤ ਸਿੰਘ ਸਮੇਤ ਬਹੁਤ ਸਾਰੇ ਕਿਸਾਨ ਹਾਜ਼ਰ ਸਨ।

## ਵਡਾਲਾ ਵੀਰਮ ਵਿਖੇ ਆਤਮਾ ਸਕੀਮ ਤਹਿਤ ਕਿਸਾਨ ਸਿਖਲਾਈ ਕੈਂਪ ਲਗਾਇਆ



ਮਜੀਠਾ (ਸੋਇਮ ਆਨੰਦ)-ਆਤਮਾ ਸਕੀਮ ਅਧੀਨ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਬਲਾਕ ਮਜੀਠਾ ਵੱਲੋਂ ਮੁੱਖ ਖੇਤੀਬਾੜੀ ਅਫ਼ਸਰ ਅੰਮ੍ਰਿਤਸਰ ਡਾ. ਅਮਰਜੀਤ ਸਿੰਘ ਦੋਸਾਂਝ ਦੇ ਦਿਸ਼ਾ ਨਿਰਦੇਸ਼ ਅਤੇ ਬਲਾਕ ਖੇਤੀਬਾੜੀ ਅਫ਼ਸਰ ਡਾ ਹਰਭਿੰਦਰ ਸਿੰਘ ਦੀ ਅਗਵਾਈ ਵਿੱਚ ਪਿੰਡ ਵਡਾਲਾ ਵੀਰਮ ਵਿਖੇ ਬਲਾਕ ਪੱਧਰੀ ਖੇਤ ਬਚਾਓ ਅਭਿਆਨ ਤਹਿਤ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ ਸਰਬਪੱਖੀ ਕੀਟ ਪ੍ਰਬੰਧਨ ਜਲੰਧਰ ਤੋਂ ਦਫਤਰ ਇੰਚਾਰਜ ਪੀ. ਸੀ. ਭਾਰਦਵਾਜ ਅਤੇ ਏ. ਪੀ. ਪੀ. ਓ. ਡਾ. ਸੰਜੇ ਵੱਲੋਂ ਕਿਸਾਨਾਂ ਨਾਲ ਕੀੜਿਆਂ ਮਕੌੜਿਆਂ ਦੀ ਰੋਕਥਾਮ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ।

ਸਿਕੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਸਾਉਣੀ ਸੀਜ਼ਨ ਨੂੰ ਮੁੱਖ ਰੱਖਦਿਆਂ ਸਿੱਧੀ ਬਿਜਾਈ, ਮੱਕੀ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਜਿਪਸਮ ਦੀ ਮਹੱਤਤਾ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ ਗਈ।ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ ਅੰਮ੍ਰਿਤਸਰ) ਤੋਂ ਡਾ. ਨਰਿੰਦਰ ਸਿੰਘ, ਡਾ. ਗੁਰਮੀਤ ਸਿੰਘ ਵੱਲੋਂ ਵੱਖ-ਵੱਖ ਵਿਸ਼ਿਆਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ।

ਇਸ ਮੌਕੇ ਏਡੀਓ ਸਿਕੰਦਰ ਸਿੰਘ, ਏਡੀਓ ਅਮਨਪ੍ਰੀਤ ਸਿੰਘ, ਏਈਓ ਦਵਿੰਦਰ ਸਿੰਘ, ਬੀਟੀਐੱਮ ਲਵਪ੍ਰੀਤ ਸਿੰਘ, ਏਈਓ ਕਮਲ ਕਾਹਲੋਂ, ਜਸ਼ਨਪ੍ਰੀਤ ਕੌਰ, ਰਵਨੀਤ ਸਿੰਘ ਅਤੇ ਤਿਲਕ ਰਾਜ ਤਿੰਨੇ ਖੇਤੀਬਾੜੀ ਸਬ ਇੰਸਪੈਕਟਰ, ਏਟੀਐੱਮ ਦਿਲਬਾਗ ਸਿੰਘ , ਸੁਖਵਿੰਦਰ ਸਿੰਘ ਫੀਲਡ ਵਰਕਰ, ਧਰਮਿੰਦਰ ਸਿੰਘ, ਸਰਪੰਚ ਚਰਨਜੀਤ ਸਿੰਘ ਵਡਾਲਾ, ਪੰਚ ਬਲਵਿੰਦਰ ਸਿੰਘ, ਪੰਚ ਸੁਖਦੇਵ ਸਿੰਘ, ਪੰਚ ਸਵਿੰਦਰ ਸਿੰਘ, ਪੰਚ ਲਾਟੀ ਮਸੀਹ, ਨੰਬਰਦਾਰ ਅਵਤਾਰ ਸਿੰਘ ਬੁੱਢਾ ਥੇਹ, ਕਿਸਾਨ ਵੀਰ ਕੇਵਲ ਸਿੰਘ, ਜਗਦੀਪ ਸਿੰਘ, ਸੁਖਜਿੰਦਰ ਸਿੰਘ, ਜਗਦੀਪ ਸਿੰਘ, ਅਮਰੀਕ ਸਿੰਘ, ਕਰਮਜੀਤ ਸਿੰਘ, ਜਸਪਾਲ ਸਿੰਘ, ਗੋਸਲ ਜਗੀਰ ਸਿੰਘ ਆਦਿ ਹਾਜ਼ਰ ਸਨ।

## ਫੂਡ ਸੇਫਟੀ ਟੀਮ ਵੱਲੋਂ ਫੂਡ ਆਊਟਲੈੱਟਾਂ ਦਾ ਅਚਨਚੇਤ ਨਿਰੀਖਣ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਸਿਹਤ ਮੰਤਰੀ ਡਾ. ਬਲਬੀਰ ਸਿੰਘ, ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਕੰਵਲਪ੍ਰੀਤ ਬਰਾੜ ਤੇ ਡਿਪਟੀ ਕਮਿਸ਼ਨਰ ਰਾਹੁਲ ਤੇ ਕਾਰਜਕਾਰੀ ਸਿਵਲ ਸਰਜਨ ਡਾ. ਭਾਰਤੀ ਧਵਨ ਦੇ ਮਾਰਗ ਦਰਸ਼ਨ ਹੇਠ ਜ਼ਿਲ੍ਹਾ ਸਿਹਤ ਅਫਸਰ ਡਾ. ਸੁਖਬੀਰ ਕੌਰ ਦੀ ਅਗਵਾਈ ਵਿਚ ਫੂਡ ਸੇਫਟੀ ਟੀਮ ਤਰਨ ਤਾਰਨ ਵੱਲੋਂ ਸਰਹੱਦੀ ਖੇਤਰਾਂ ਭੂਸੇ ਅਤੇ ਨੌਸ਼ਹਿਰਾ ਢਾਲਾ ਵਿਖੇ ਵੱਖ-ਵੱਖ ਫੂਡ ਆਊਟਲੈੱਟਾਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ।ਇਸ ਦੌਰਾਨ ਖਰੜ ਲੈਬ ਵਿਚ ਭੇਜਣ ਲਈ ਬੇਸਨ ਬਰਫੀ ਅਤੇ ਸਰ੍ਹੋਂ ਦੇ ਤੇਲ ਦੇ 4 ਨਮੂਨੇ ਇਕੱਤਰ ਕੀਤੇ ਗਏ।

ਇਸ ਦੌਰਾਨ ਫੂਡ ਸੇਫਟੀ ਆਨ ਵ੍ਹੀਲਜ ਰਾਹੀਂ ਜਾਗਰੂਕਤਾ ਮੁਹਿੰਮ ਵੀ ਚਲਾਈ ਗਈ।ਸਾਰੇ ਐੱਫ. ਬੀ. ਓਜ਼ ਨੂੰ ਸਫ਼ਾਈ ਬਣਾਈ ਰੱਖਣ, ਤੇਲ ਨੂੰ ਦੁਬਾਰਾ ਨਾ ਵਰਤਣ, ਮਿਲਾਵਟ ਨਾ ਕਰਨ ਅਤੇ ਪਕਵਾਨਾਂ ਦਾ ਠੀਕ ਤਾਪਮਾਨ ਬਰਕਰਾਰ ਰੱਖਣ ਲਈ ਹੁਕਮ ਦਿੱਤੇ ਗਏ।ਸਾਰੇ ਐੱਫ. ਬੀ. ਓਜ਼ ਨੂੰ ਆਪਣੇ ਰਜਿਸਟ੍ਰੇਸ਼ਨ/ਲਾਇਸੰਸ ਬਣਾਈ ਰੱਖਣ ਦੀ ਹਦਾਇਤ ਦਿੱਤੀ ਗਈ।ਇਸ ਮੌਕੇ ਫੂਡ ਸੇਫਟੀ ਅਫਸਰ ਸਾਕਸ਼ੀ ਖੋਸਲਾ ਅਤੇ ਹੋਰ ਅਧਿਕਾਰੀ ਮੌਜੂਦ ਸਨ।

## ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਵੱਲੋਂ ਵਪਾਰੀਆਂ ਤੇ ਦੁਕਾਨਦਾਰਾਂ ਨਾਲ ਮੀਟਿੰਗ



ਧਾਰੀਵਾਲ, (ਮਨਦੀਪ ਵਿੱਕੀ)-ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀ ਅਗਵਾਈ ਵਿੱਚ ਧਾਰੀਵਾਲ ਬੱਸ ਅੱਡੇ ਨੇੜੇ ਬਜ਼ਾਰ ਵਿਖੇ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਵਪਾਰ ਕਮਿਸ਼ਨ ਹਲਕਾ ਕਾਦੀਆਂ ਦੇ ਚੇਅਰਮੈਨ ਅਸ਼ਵਨੀ ਦੁੱਗਲ, ਨਾਇਬ ਤਹਿਸੀਲਦਾਰ ਕਿਰਨਦੀਪ ਕੌਰ, ਜੀ. ਐੱਸ. ਟੀ. ਵਿਭਾਗ ਤੋਂ ਇੰਸਪੈਕਟਰ ਯੁਵਰਾਜ ਸਿੰਘ, ਜੰਗਲਾਤ ਵਿਭਾਗ ਤੋਂ ਬੀਟ ਇੰਚਾਰਜ ਮਨਦੀਪ ਸਿੰਘ ਅਤੇ ਰਣਜੋਧ ਸਿੰਘ ਚਾਹਲ, ਬੀ. ਡੀ. ਪੀ. ਓ. ਦਫ਼ਤਰ ਤੋਂ ਜੇ. ਈ. ਪਰਮਿੰਦਰਜੀਤ ਸਿੰਘ ਸੋਹਲ, ਪਾਵਰਕਾਮ ਸਬ-ਡਵੀਜ਼ਨ ਧਾਰੀਵਾਲ ਦੇ ਐੱਸਡੀਓ ਸਤਨਾਮ ਸਿੰਘ, ਇੰਡਸਟਰੀ ਵਿਭਾਗ ਤੋਂ ਡਿਪਟੀ ਜਨਰਲ ਮੈਨੇਜਰ ਗੁਰਪ੍ਰੀਤ ਸਿੰਘ, ਐੱਸ.ਐਚ.ਓ. ਪਰਮਿੰਦਰ ਸਿੰਘ ਸਿੱਧੂ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਇਸ ਮੌਕੇ ਚੇਅਰਮੈਨ ਅਸ਼ਵਨੀ ਦੁੱਗਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਲਈ ਵਪਾਰ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ ਅਤੇ ਕਮਿਸ਼ਨ ਵੱਲੋਂ ਦੁਕਾਨਦਾਰਾ ਤੱਕ ਪਹੁੰਚ ਕਰ ਕੇ ਉਨ੍ਹਾਂ ਦੀਆਂ ਮੁਸ਼ਕਿਲਾ ਸੁਣ ਕੇ ਹੱਲ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਪਹਿਲਕਦਮੀ ਪੰਜਾਬ ਦੀ ਆਰਥਿਕਤਾ ਨੂੰ ਚਲਾਉਣ ਵਾਲੇ ਲੋਕਾਂ ਲਈ ਪ੍ਰਸ਼ਾਸਨ ਨੂੰ ਵਧੇਰੇ ਪਹੁੰਚਯੋਗ ਅਤੇ ਜਵਾਬਦੇਹ ਬਣਾਉਣ ਦੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਇਸ ਮੌਕੇ ਵੱਖ-ਵੱਖ ਕਾਰੋਬਾਰੀਆਂ ਨੇ ਆ ਰਹੀਆਂ ਦਰਪੇਸ਼ ਮੁਸ਼ਕਿਲਾਂ ਸਬੰਧੀ ਖੁੱਲ੍ਹ ਕੇ ਵਿਚਾਰ ਵਟਾਂਦਰਾ ਕੀਤਾ ਅਤੇ ਸਬੰਧਤ ਵਿਭਾਗਾਂ ਵਲੋਂ ਸਮਾਂਬੱਧ ਢੰਗ ਨਾਲ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਗਿਆ।ਇਸ ਮੌਕੇ ਸੇਵਾਮੁਕਤ ਇੰਜੀ. ਮਨਮੋਹਨਜੀਤ ਸਿੰਘ ਗਿੱਲ, ਸੇਵਾਮੁਕਤ ਐੱਸ. ਪੀ. ਚਰਨ ਸਿੰਘ ਚਾਹਲ, ਸੁਖਜੀਤ ਸਿੰਘ ਬਾਜਵਾ ਅਤੇ ਜਸਬੀਰ ਸਿੰਘ ਆਦਿ ਮੌਜੂਦ ਸਨ।

## ਆਗਾਮੀ ਵਿਧਾਨ ਸਭਾ ਚੋਣਾਂ 'ਚ ਲੋਕ ਫਤਵਾ ਹਾਸਲ ਕਰਕੇ ਮਾਨ ਸਰਕਾਰ ਮੁੜ ਸੱਤਾ 'ਚ ਆਵੇਗੀ : ਬੱਬਲੂ ਸਿੰਧੀ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਰਵਾਇਤੀ ਰਾਜਨੀਤਿਕ ਪਾਰਟੀਆਂ ਦੀ ਬਜਾਏ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸਰਪ੍ਰਸਤੀ ਹੇਠ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੇ ਸ਼ੁਰੂਆਤੀ ਦਿਨਾਂ ਵਿੱਚ ਹੀ ਲੋਕਾਂ ਨੂੰ ਚੋਣਾਂ ਸਮੇਂ ਦਿੱਤੀਆਂ ਗਾਰੰਟੀਆਂ ਤੇ ਕੀਤੇ ਵਾਅਦੇ ਇੱਕ ਤੋਂ ਬਾਅਦ ਇੱਕ ਪੂਰੇ ਕਰਕੇ ਅਨੋਖੀ ਤੇ ਇਤਿਹਾਸਿਕ ਮਿਸਾਲ ਪੈਦਾ ਕਰਦੇ ਹੋਏ ਹੁਣ ਤੱਕ ਸ਼ਾਨਦਾਰ ਕਾਰਗੁਜ਼ਾਰੀ ਦਿਖਾਈ ਹੈ ਜਦੋਂਕਿ ਰਵਾਇਤੀ ਰਾਜਨੀਤਿਕ ਪਾਰਟੀਆਂ ਅਖੀਰਲੇ 6 ਮਹੀਨਿਆਂ ਵਿੱਚ ਕੁਝ ਇੱਕਾ ਦੁੱਕਾ ਵਾਅਦੇ ਪੂਰੇ ਕਰਕੇ ਬੁੱਤਾ ਸਾਰ ਦਿੰਦੀਆਂ ਸਨ। ਉਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਬਲਾਕ ਆਬਜ਼ਰਵਰ ਹਰਬੀਰ ਸਿੰਘ ਬੱਬਲੂ ਸਿੰਧੀ ਨੇ ਆਪਣੇ ਗ੍ਰਹਿ ਵਿੱਚ ਪਿੰਡ ਪੰਡੋਰੀ ਨੇੜੇ ਰਮਦਾਸ ਵਿਖੇ ਪਾਰਟੀ ਦੇ ਸਰਗਰਮ ਵਲੰਟੀਅਰਾਂ ਦੀ ਰੱਖੀ ਗਈ ਅਹਿਮ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਸੀਨੀਅਰ ਸੂਬਾਈ ਆਗੂ ਤੇ ਬਲਾਕ ਆਬਜ਼ਰਵਰ ਰਾਜਬੀਰ ਸਿੰਘ ਸਿੰਧੀ ਨੇ ਹੋਈ ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੁਆਰਾ ਪੰਜਾਬ ਵਿੱਚ ਲੋਕ ਭਲਾਈ ਦੇ ਕੀਤੇ ਗਏ ਅਤੇ ਕੀਤੇ ਜਾ ਰਹੇ ਕੰਮਾਂ ਨੂੰ ਨਿਰੰਤਰ ਜਾਰੀ ਰੱਖਣ ਲਈ ਬੂਥ ਪੱਧਰ ਤੇ ਜਾ ਕੇ ਸੰਭਾਵਿਤ ਤੌਰ ਤੇ ਨਵੰਬਰ 2026 ਨੂੰ ਐਲਾਨੀਆਂ ਜਾ ਰਹੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਲੋਕਾਂ ਨੂੰ ਆਪ ਨਾਲ ਜੋੜ ਕੇ ਦੁਬਾਰਾ ਫਿਰ ਤੋਂ ਜਿੱਥੇ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਬਣਾ ਕੇ ਪੰਜਾਬ ਦੇ ਹੋ ਰਹੇ ਵਿਕਾਸ ਨੂੰ ਨਿਰੰਤਰ ਜਾਰੀ ਰੱਖਣ ਦੇ ਨਾਲ-ਨਾਲ ਅਜਨਾਲਾ ਹਲਕੇ ਦੇ ਵਿਕਾਸ ਲਈ ਕੁਲਦੀਪ ਸਿੰਘ ਧਾਲੀਵਾਲ ਨੂੰ ਮੁੜ ਵਿਧਾਇਕ ਚੁਣਨ ਲਈ ਪਿੰਡ-ਪਿੰਡ ਜਾ ਕੇ ਦਿਨ-ਰਾਤ ਸਖਤ ਮਿਹਨਤ ਕਰਨ ਦੀ ਰੂਪ-ਰੇਖਾ ਤਿਆਰ ਕੀਤੀ ਗਈ ਹੈ।

## ਸ਼ਹੀਦਾਂ ਸਿੰਘਾਂ ਦਾ ਦੋ ਰੋਜ਼ਾ ਮੇਲਾ ਬੜੀ ਧੂਮਧਾਮ ਨਾਲ ਮਨਾਇਆ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਹਰ ਸਾਲ ਦੀ ਤਰ੍ਹਾਂ ਪਿੰਡ ਬਹਾਦਰ ਨਗਰ ਵਿੱਚ ਸ਼ਹੀਦਾਂ ਸਿੰਘਾਂ ਦਾ ਮੇਲਾ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਸੇਵਾਦਾਰਾਂ ਨੇ ਖੂਬ ਸੇਵਾ ਕੀਤੀ। ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੇ ਲੰਗਰ ਲਾਏ ਗਏ। ਇਸ ਮੌਕੇ ਬੋਲਦਿਆਂ ਸੇਵਾਦਾਰਾਂ ਨੇ ਦੱਸਿਆ ਕਿ ਇੱਥੇ ਹਰ ਸਾਲ ਮੇਲਾ ਮਨਾਇਆ ਜਾਂਦਾ ਹੈ। ਇਸ ਵਾਰ ਦੋ ਰੋਜ਼ਾ ਮੇਲਾ ਮਨਾਇਆ ਗਿਆ। 24 ਦੇ ਕਰੀਬ ਅਖੰਡ ਪਾਠਾਂ ਦੇ ਭੋਗ ਪਾਏ ਗਏ।ਬਹਾਦਰ ਨਗਰ ਪਿੰਡ ਬੇਸ਼ੱਕ ਛੋਟਾ ਹੈ ਪਰ ਸੰਗਤਾਂ ਨੇ ਬੜੀ ਧੂਮ ਧਾਮ ਨਾਲ ਸੇਵਾ ਕੀਤੀ। ਕਵੀਸ਼ਰਾਂ ਨੇ ਲੋਕਾਂ ਨੂੰ ਕਥਾ ਸੁਣਾ ਕੇ ਨਿਹਾਲ ਕੀਤਾ। ਕਥਾਵਾਚਕਾਂ ਨੇ ਕਥਾ ਸੁਣਾ ਕੇ ਸੰਗਤ ਨੂੰ ਨਿਹਾਲ ਕੀਤਾ। ਕਬੱਡੀ ਦਾ ਮੈਚ ਹੋਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਛਤਰਪਾਲ ਸਿੰਘ ਸਾਬਕਾ ਸਰਪੰਚ, ਅਵਤਾਰ ਸਿੰਘ ਕਾਲਾ ਸਾਬਕਾ ਸਰਪੰਚ, ਗੁਰਨਾਮ ਸਿੰਘ ਸਾਬਕਾ ਸਰਪੰਚ, ਜਰਨੈਲ ਸਿੰਘ ਆੜ੍ਹਤੀ, ਸਾਰਜ ਸਿੰਘ ਸਾਬਕਾ ਸਰਪੰਚ, ਬਾਬਾ ਸਲਵਿੰਦਰ ਸਿੰਘ, ਪ੍ਰਗਟ ਸਿੰਘ, ਸੁਖਵੰਤ ਸਿੰਘ ਸਾਬਕਾ ਮੈਂਬਰ ਪੰਚਾਇਤ, ਗੁਰਨਾਮ ਸਿੰਘ, ਸੇਵਾਦਾਰ ਕੇਵਲ ਸਿੰਘ, ਕੁਲਵੰਤ ਸਿੰਘ ਖਾਈ ਵਾਲਾ, ਸੇਵਾਦਾਰ ਸਿਮਰਨ ਸਿੰਘ ਚੁਗਾਵਾਂ, ਸੇਵਾਦਾਰ ਸੁਖਦੇਵ ਸਿੰਘ ਨਵਾਂ ਪਿੰਡ ਆਦਿ ਹਾਜ਼ਰ ਸਨ।



## ਸਾਲਾਨਾ ਇਨਾਮ ਵੰਡ ਸਮਾਗਮ 'ਚ ਸ਼ਾਮਲ ਹੋਣ ਲਈ ਰਾਜਪਾਲ ਪੰਜਾਬ ਨੂੰ ਦਿੱਤਾ ਸੱਦਾ-ਪੱਤਰ



ਧਾਰੀਵਾਲ, (ਮਨਦੀਪ ਵਿੱਕੀ)-ਹਿੰਦੂ ਕੰਨਿਆ ਮਹਾਵਿਦਿਆਲਾ ਧਾਰੀਵਾਲ ਕਾਲਜ ਦੇ ਸਾਲਾਨਾ ਇਨਾਮ ਵੰਡ ਸਮਾਗਮ ਵਿੱਚ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਨਗੇ। ਇਸ ਸਬੰਧੀ ਕਾਲਜ ਕਮੇਟੀ ਦੇ ਪ੍ਰਧਾਨ ਐੱਨ. ਡੀ. ਆਨੰਦ ਦੀ ਅਗਵਾਈ ਹੇਠ ਇਕ ਵਫਦ ਨੇ ਪੰਜਾਬ ਦੇ ਰਾਜਪਾਲ ਨਾਲ ਚੰਡੀਗੜ੍ਹ ਸਥਿਤ ਰਾਜ ਭਵਨ ਵਿਖੇ ਮੁਲਾਕਾਤ ਕੀਤੀ। ਵਫਦ ਵਿੱਚ ਕਮੇਟੀ ਦੇ ਪ੍ਰਧਾਨ ਐੱਨ. ਡੀ. ਆਨੰਦ ਦੇ ਨਾਲ ਸਕੱਤਰ ਰਮੇਸ਼ ਕੋਹਲੀ, ਸੋਨੂੰ ਚੋਪੜਾ, ਰਾਜਨ ਗੋਇਲ, ਅਮਿਤ ਸੂਦ ਅਤੇ ਅੰਮ੍ਰਿਤ ਸਾਗਰ ਸ਼ਾਮਲ ਸਨ। ਇਸ ਮੌਕੇ ਮਾਣਯੋਗ ਰਾਜਪਾਲ ਨੂੰ ਸੋਨੂੰ ਚੋਪੜਾ ਨੇ ਹਿੰਦੂ ਕੰਨਿਆ ਮਹਾਵਿਦਿਆਲਾ ਦੀਆਂ ਸਿੱਖਿਆ ਸੰਸਥਾਵਾਂ ਦੇ ਸੰਖੇਪ ਇਤਿਹਾਸ, ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਸਮਾਜਿਕ ਯੋਗਦਾਨ ਬਾਰੇ ਜਾਣੂ ਕਰਵਾਇਆ। ਉਪਰੰਤ ਕਮੇਟੀ ਦੇ ਪ੍ਰਧਾਨ ਐੱਨ. ਡੀ. ਆਨੰਦ ਨੇ ਮਾਣਯੋਗ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੂੰ ਹਿੰਦੂ ਕੰਨਿਆ ਮਹਾਵਿਦਿਆਲਾ ਧਾਰੀਵਾਲ ਦੇ ਸਾਲਾਨਾ ਇਨਾਮ ਵੰਡ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਲਈ ਸੱਦਾ ਪੱਤਰ ਦਿੱਤਾ ਜਿਸ 'ਤੇ ਉਨ੍ਹਾਂ ਸੱਦੇ ਨੂੰ ਸਵੀਕਾਰ ਕਰਦਿਆਂ ਜੁਲਾਈ ਮਹੀਨੇ ਦੇ ਪਹਿਲੇ ਅੱਧ ਵਿੱਚ ਹੋਣ ਵਾਲੇ ਇਸ ਸਮਾਗਮ ਵਿੱਚ ਸ਼ਾਮਲ ਹੋਣ ਲਈ ਆਪਣੀ ਸਹਿਮਤੀ ਪ੍ਰਗਟ ਕੀਤੀ।

ਵਫਦ ਨੇ ਰਾਜਪਾਲ ਨੂੰ ਦੱਸਿਆ ਕਿ ਇਸ ਸਮਾਗਮ ਦੌਰਾਨ ਵਿਦਿਆਰਥਣਾਂ ਦੀਆਂ ਅਕਾਦਮਿਕ, ਸੱਭਿਆਚਾਰਕ ਅਤੇ ਖੇਡ ਪ੍ਰਾਪਤੀਆਂ ਦਾ ਸਨਮਾਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਨਸ਼ਿਆਂ ਦੇ ਖਿਲਾਫ਼ ਜਾਗਰੂਕ ਕਰਨ ਅਤੇ ਵਾਤਾਵਰਨ ਦੀ ਸੰਭਾਲ ਪ੍ਰਤੀ ਪ੍ਰੇਰਿਤ ਕਰਨ ਦਾ ਸੰਦੇਸ਼ ਵੀ ਦਿੱਤਾ ਜਾਵੇਗਾ। ਕਮੇਟੀ ਦੇ ਨੁਮਾਇੰਦਿਆਂ ਨੇ ਰਾਜਪਾਲ ਦਾ ਸੱਦਾ ਸਵੀਕਾਰ ਕਰਨ ਲਈ ਧੰਨਵਾਦ ਪ੍ਰਗਟ ਕੀਤਾ।

# ਪੰਜਵੇਂ ਪਾਤਸ਼ਾਹ ਦੇ ਸ਼ਹੀਦੀ ਪੁਰਬ ਮੌਕੇ ਖਾਲਸਾ ਕਾਲਜ ਵੱਲੋਂ ਛਬੀਲ ਦੀ ਸੇਵਾ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖਾਲਸਾ ਕਾਲਜ ਵੱਲੋਂ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਠੰਢੇ-ਮਿੱਠੇ ਜਲ ਦੀ ਛਬੀਲ ਸ਼ਰਧਾ ਅਤੇ ਸਤਿਕਾਰ ਸਹਿਤ ਲਗਾਈ ਗਈ। ਖਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਨੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨਾਲ ਛਬੀਲ ਦੀ ਸ਼ੁਰੂਆਤ ਕਰਦੇ ਹੋਏ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਯਾਦ ਕੀਤਾ ਅਤੇ ਮਨੁੱਖਤਾ ਦੀ ਨਿਸ਼ਕਾਮ ਸੇਵਾ ਦਾ ਸੰਦੇਸ਼ ਦਿੱਤਾ। ਇਸ ਦੌਰਾਨ ਡਾ. ਮਹਿਲ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੱਚ, ਧਰਮ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਅਦੁੱਤੀ ਕੁਰਬਾਨੀ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੀ ਸ਼ਹਾਦਤ ਸਿੱਖ ਇਤਿਹਾਸ ਦਾ ਇੱਕ ਮਹਾਨ ਅਧਿਆਇ ਹੈ, ਜੋ ਸਾਨੂੰ ਹਰ ਹਾਲਤ 'ਚ ਸੱਚ ਦੇ ਮਾਰਗ 'ਤੇ ਚੱਲਣ ਅਤੇ ਮਨੁੱਖਤਾ ਦੀ ਸੇਵਾ ਕਰਨ ਦੀ ਪ੍ਰੇਰਨਾ ਦਿੰਦੀ ਹੈ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਕਾਲਜ ਵੱਲੋਂ ਕੱਲ੍ਹ ਛੁੱਟੀ ਹੋਣ ਕਰਕੇ ਵਿਦਿਆਰਥੀਆਂ ਦੁਆਰਾ ਅੱਜ ਹੀ ਗੁਰੂ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਛਬੀਲ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ 'ਚ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦੀ ਪ੍ਰਸੰਗਿਕਤਾ ਹੋਰ ਵੀ ਵੱਧ ਗਈ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਸੀ ਭਾਈਚਾਰੇ, ਸਹਿਣਸ਼ੀਲਤਾ ਅਤੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਤੇ ਹੋਰਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਸਮਾਜ ਸੇਵਾ ਅਤੇ ਉੱਚ ਨੈਤਿਕ ਕਦਰਾਂ-ਕੀਮਤਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ। ਉਨ੍ਹਾਂ ਨੇ ਗੁਰੂ ਸਾਹਿਬ ਦੇ ਦਰਸਾਏ ਸਰਬੱਤ ਦੇ ਭਲੇ ਅਤੇ ਵੰਡ ਛਕਣ ਦੇ ਸਿਧਾਂਤਾਂ ਨੂੰ ਅਮਲੀ ਰੂਪ 'ਚ ਅਪਣਾਉਣ ਦਾ ਸੰਦੇਸ਼ ਵੀ ਦਿੱਤਾ ਗਿਆ। ਇਸ ਮੌਕੇ ਡਾ. ਮਹਿਲ ਸਿੰਘ, ਪ੍ਰਿੰ: ਡਾ. ਰੰਧਾਵਾ ਨੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨਾਲ ਮਿਲ ਕੇ ਰਾਹਗੀਰਾਂ, ਆਮ ਲੋਕਾਂ ਆਦਿ ਨੂੰ ਠੰਢਾ-ਮਿੱਠਾ ਜਲ, ਸ਼ਰਬਤ ਅਤੇ ਹੋਰ ਤਾਜ਼ਗੀ ਭਰਪੂਰ ਪਦਾਰਥਾਂ ਦੀ ਛਬੀਲ ਵਰਤਾਈ। ਇਸ ਦੌਰਾਨ ਉਨ੍ਹਾਂ ਮਨੁੱਖਤਾ ਦੀ ਭਲਾਈ ਲਈ ਅਰਦਾਸ ਵੀ ਕੀਤੀ। ਇਸ ਮੌਕੇ ਸਿੱਖ ਇਤਿਹਾਸ ਖੋਜ ਕੇਂਦਰ ਦੇ ਡਾ. ਇੰਦਰਜੀਤ ਸਿੰਘ ਗੋਗੋਆਣੀ, ਡਾ. ਤਮਿੰਦਰ ਸਿੰਘ ਭਾਟੀਆ, ਡਾ. ਦਲਜੀਤ ਸਿੰਘ, ਪ੍ਰੋ: ਸਤਨਾਮ ਸਿੰਘ ਸਮੇਤ ਹੋਰ ਕਰਮਚਾਰੀ ਅਤੇ ਵਿਦਿਆਰਥੀ ਵੱਡੀ ਗਿਣਤੀ 'ਚ ਹਾਜ਼ਰ ਸਨ।

## ਮਾਨਵਜੀਤ ਨੇ 15ਵੀਂ ਏਸ਼ੀਅਨ ਸੀਨੀਅਰ ਕੁਰਾਸ਼ ਚੈਂਪੀਅਨਸ਼ਿਪ 'ਚ ਹਿੱਸਾ ਲਿਆ



ਛੇਹਰਟਾ, (ਮਨੋਜ ਕੁਮਾਰ) : ਗਰਿਪ ਐਂਡ ਗੇਨ ਫਿਟਨੈੱਸ ਸੈਂਟਰ, ਮੋਹਨੀ ਪਾਰਕ ਦੇ ਖਿਡਾਰੀ ਮਾਨਵਜੀਤ ਸਿੰਘ ਨੇ 15ਵੀਂ ਏਸ਼ੀਅਨ ਸੀਨੀਅਰ ਕੁਰਾਸ਼ ਚੈਂਪੀਅਨਸ਼ਿਪ 'ਚ ਹਿੱਸਾ ਲੈ ਕੇ ਆਪਣੇ ਮਾਪਿਆਂ, ਅੰਮ੍ਰਿਤਸਰ, ਸੂਬੇ ਤੇ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ। ਤਜ਼ਾਕਿਸਤਾਨ ਦੀ ਰਾਜਧਾਨੀ ਦੁਸ਼ਾਂਬੇ ਵਿਚ 12 ਜੂਨ ਤੋਂ 14 ਜੂਨ ਤਕ ਹੋਈ ਇਸ ਚੈਂਪੀਅਨਸ਼ਿਪ ਵਿਚ ਮਾਨਵਜੀਤ ਸਿੰਘ 100 ਕਿਲੋਗ੍ਰਾਮ ਭਾਰ ਵਰਗ ਵਿਚ ਪੰਜਵੇਂ ਸਥਾਨ 'ਤੇ ਰਹੇ।

ਗਰਿਪ ਐਂਡ ਗੇਨ ਫਿਟਨੈੱਸ ਸੈਂਟਰ ਦੇ ਕੋਚ ਕਰਮਜੀਤ ਸਿੰਘ ਨੇ ਕਿਹਾ ਕਿ ਮਾਨਵਜੀਤ ਸਿੰਘ ਜੂਡੋ ਦੇ ਖਿਡਾਰੀ ਹਨ ਤੇ ਉਨ੍ਹਾਂ ਨੇ ਪਹਿਲੀ ਵਾਰ ਕੁਰਾਸ਼ ਦੇ ਟਰਾਇਲ ਦੇ ਕੇ ਇਸ ਏਸ਼ੀਅਨ ਚੈਂਪੀਅਨਸ਼ਿਪ ਵਿਚ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਮਾਨਵਜੀਤ ਸਿੰਘ ਇਸ ਤੋਂ ਪਹਿਲਾਂ ਆਲ ਇੰਡੀਆ ਯੂਨੀਵਰਸਿਟੀ ਚੈਂਪੀਅਨਸ਼ਿਪ ਤੇ ਖੇਲੋ ਇੰਡੀਆ (ਯੂਨੀਵਰਸਿਟੀ) ਵਿਚ ਵੀ ਸਿਲਵਰ ਮੈਡਲ ਆਪਣੇ ਨਾਂਅ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮਾਨਵਜੀਤ ਸਿੰਘ ਬਹੁਤ ਮਿਹਨਤੀ ਖਿਡਾਰੀ ਹਨ ਅਤੇ ਉਨ੍ਹਾਂ ਨੂੰ ਪੂਰੀ ਉਮੀਦ ਕਿ ਭਵਿੱਖ ਵਿਚ ਉਹ ਕੁਰਾਸ਼ ਤੇ ਜੂਡੋ ਦੋਹਾਂ ਖੇਡਾਂ ਵਿਚ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਹੋਰ ਵੀ ਵਧੀਆ ਖੇਡ ਦਾ ਪ੍ਰਦਰਸ਼ਨ ਕਰਨਗੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਇਕ ਹੋਰ ਖਿਡਾਰੀ ਹਰਸ਼ ਸ਼ਰਮਾ ਕੁਝ ਕੁ ਦਿਨ ਪਹਿਲਾਂ ਹੀ ਉਜ਼ਬੇਕਿਸਤਾਨ ਵਿੱਚ ਹੋਈ ਜੂਨੀਅਰ ਏਸ਼ੀਅਨ ਚੈਂਪੀਅਨਸ਼ਿਪ 2026 ਵਿਚ ਹਿੱਸਾ ਲੈ ਕੇ ਪਰਤਿਆ ਹੈ। ਇਸ ਮੌਕੇ ਮਾਨਵਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਟੀਚਾ ਜੂਡੋ ਦੀ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ ਵਿਚ ਸੋਨ ਤਮਗਾ ਹਾਸਿਲ ਕਰਨ ਦਾ ਹੈ, ਜਿਸ ਦੇ ਲਈ ਉਹ ਆਪਣੇ ਕੋਚ ਕਰਮਜੀਤ ਸਿੰਘ ਦੀ ਨਿਗਰਾਨੀ ਹੇਠ ਸਖ਼ਤ ਮਿਹਨਤ ਕਰ ਰਹੇ ਹਨ।

# ਹਰਸਿਮਰਤ ਸਿੰਘ ਬਾਜਵਾ ਯੂਥ ਅਕਾਲੀ ਦਲ ਹਲਕਾ ਡੇਰਾ ਬਾਬਾ ਨਾਨਕ ਦੇ ਦਿਹਾਤੀ ਪ੍ਰਧਾਨ ਨਿਯੁਕਤ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ਼੍ਰੋਮਣੀ ਅਕਾਲੀ ਦਲ ਬਾਦਲ ਲਈ ਲੰਮੇ ਸਮੇਂ ਤੋਂ ਦਿਲ-ਜਾਨ ਲਾ ਕੇ ਮਿਹਨਤ ਕਰਨ ਵਾਲੇ ਪਾਰਟੀ ਦੇ ਜੁਝਾਰੂ ਯੂਥ ਆਗੂ ਹਰਸਿਮਰਤ ਸਿੰਘ ਬਾਜਵਾ ਵੈਰੋਕੇ ਨੂੰ ਸ਼੍ਰੋਮਣੀ ਅਕਾਲੀ ਬਾਦਲ ਵੱਲੋਂ ਯੂਥ ਅਕਾਲੀ ਦਲ ਡੇਰਾ ਬਾਬਾ ਨਾਨਕ ਦਾ ਦਿਹਾਤੀ ਪ੍ਰਧਾਨ ਨਿਯੁਕਤ ਕੀਤਾ ਗਿਆ। ਸ. ਹਰਸਿਮਰਤ ਸਿੰਘ ਬਾਜਵਾ ਵੈਰੋਕੇ ਨੇ ਆਪਣੀ ਨਿਯਕਤੀ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ, ਜ਼ਿਲ੍ਹਾ ਜਥੇ. ਸੁੱਚਾ ਸਿੰਘ ਲੰਗਾਹ ਅਤੇ ਹਲਕਾ ਇੰਚਾਰਜ. ਸੁਖਜਿੰਦਰ ਸਿੰਘ ਸੋਨੂੰ ਲੰਗਾਹ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਉਹ ਪੂਰੀ ਤਨਦੇਹੀ ਅਤੇ ਇਮਾਨਦਾਰ ਨਾਲ ਨਿਭਾ ਕੇ ਪਾਰਟੀ ਲਈ ਵਫਾਦਾਰੀ ਨਾਲ ਕੰਮ ਕਰਨਗੇ।

ਇਸ ਸਮੇਂ ਉਨ੍ਹਾਂ ਨਾਲ ਤੇਜਬੀਰ ਸਿੰਘ ਦਿਓਲ ਪੀ. ਏ. ਲੰਗਾਹ, ਜ਼ਿਲ੍ਹਾ ਪ੍ਰਧਾਨ ਜਗਰੂਪ ਸਿੰਘ ਸ਼ਾਹਪੁਰ, ਸਰਕਲ ਪ੍ਰਧਾਨ ਚੇਅਰਮੈਨ ਗੁਰਦੇਵ ਸਿੰਘ ਧਰੋਵਾਲੀ, ਸਰਕਲ ਪ੍ਰਧਾਨ ਬਲਵਿੰਦਰ ਸਿੰਘ ਢਿੱਲੋਂ, ਜਥੇ. ਕੁਲਜੀਤ ਸਿੰਘ ਮਝੈਲ ਸੰਗਤੂਵਾਲ, ਸਰਪੰਚ ਕਸ਼ਮੀਰ ਸਿੰਘ ਗੋਰਾਇਆ ਰਣਸੀਕਾ, ਡਾ. ਬਲਰਾਜ ਸਿੰਘ ਕੋਟਲੀ, ਰਣਜੀਤ ਸਿੰਘ ਕਲਾਨੌਰ, ਜੋਗਾ ਸਿੰਘ ਮਾਨ, ਸਰਪੰਚ ਹਰਜਿੰਦਰ ਸਿੰਘ ਗਿੱਲਾ ਵਾਲੀ, ਸਰਪੰਚ ਗੁਰਦਿਆਲ ਸਿੰਘ ਰਾਏਮਲ, ਗੁਰਜਿੰਦਰ ਸਿੰਘ ਅਠਵਾਲ ਯੂਥ ਪ੍ਰਧਾਨ, ਧਰਮਪਾਲ ਸਿੰਘ ਡੇਰਾ ਬਾਬਾ ਨਾਨਕ, ਜਥੇਦਾਰ ਬਲਵਿੰਦਰ ਸਿੰਘ ਗਾਜੀ ਨੰਗਲ, ਜਸਵਿੰਦਰ ਸਿੰਘ ਝੰਗੀ, ਬਲਜੀਤ ਸਿੰਘ ਖੰਨਾ, ਸਰਵਣ ਸਿੰਘ ਲੁਕਮਾਨੀਆ, ਸਤਨਾਮ ਸਿੰਘ ਪਟਵਾਰੀ, ਗੁਰਪ੍ਰੀਤ ਸਿੰਘ ਬਾਦਲ, ਅਸ਼ੋਕ ਕਾਮਰੇਡ ਡੇਰਾ, ਪ੍ਰਤਾਪ ਸਿੰਘ, ਸੁਖਪਾਲ ਖਾਸਾਂਵਾਲੀ, ਮੰਗਲ ਸਿੰਘ ਗੋਲਾ ਢੋਲਾ, ਸੁਖਵਿੰਦਰ ਸਿੰਘ, ਹਰਜੀਤ ਸਿੰਘ ਬਿੱਟਾ ਸਿੰਘਪੁਰਾ, ਜੱਗਾ ਤਲਵੰਡੀ ਗੋਰਾਇਆ, ਗੁਰਮੀਤ ਸਿੰਘ ਸ਼ਾਹਪੁਰ, ਸੁਖਦੇਵ ਸਿੰਘ, ਜਸਪਾਲ ਸਿੰਘ ਵੈਰੋਕੇ, ਅਮਰੀਕ ਸਿੰਘ ਵੈਰੋਕੇ, ਰਣਬੀਰ ਸਿੰਘ ਵੈਰੋਕੇ, ਗੁਰਿੰਦਰ ਪਾਲ ਸਿੰਘ ਵੈਰੋਕੇ, ਨਵਜੀਤ ਸਿੰਘ ਉਦੋਵਾਲੀ, ਸਰਪੰਚ ਨਾਨਕ ਸਿੰਘ ਢੇਸੀਆਂ, ਪ੍ਰੀਤਮ ਸਿੰਘ ਲੱਖਣ ਕਲਾਂ ਸਰਕਲ ਪ੍ਰਧਾਨ, ਗੁਰਮੇਲ ਸਿੰਘ ਨਿਕੋਸਰਾਂ, ਸਤਪਾਲ ਸਿੰਘ ਨਿਕੋਸਰਾ, ਤਰਸੇਮ ਸਿੰਘ ਬਸਤੀ ਹਕੀਮਪੁਰ , ਥਾਣੇਦਾਰ ਗੁਰਮੇਜ ਸਿੰਘ ਕੋਟਲੀ, ਜੋਗਿੰਦਰ ਸਿੰਘ, ਗੁਰਜੀਤ ਸਿੰਘ, ਰਛਪਾਲ ਸਿੰਘ ਢਿੱਲੋਂ, ਹਰਜੀਤ ਸਿੰਘ, ਜਰਨੈਲ ਸਿੰਘ ਕਲਾਨੌਰ, ਬਿੱਟਾ ਸਿੰਘਪੁਰਾ, ਚੈਨ ਸਿੰਘ ਵੈਰੋਕੇ, ਗੁਰਜਿੰਦਰ, ਸੁਖਵਿੰਦਰ ਸਿੰਘ ਸ਼ਿੰਦਾ, ਬਲਵਿੰਦਰ ਸਿੰਘ ਲੋਪਾ, ਤਰਸੇਮ , ਅਸ਼ੋਕ ਮਾਹਲਾ, ਮੁਖਵਿੰਦਰ ਸਿੰਘ ਲੋਪਾ, ਬਲਵਿੰਦਰ ਮਾਨੇਪੁਰ ਤੇ ਪ੍ਰੀਤਮ ਲੱਖਣ ਪ੍ਰਧਾਨ ਆਦਿ ਹਾਜ਼ਰ ਸਨ ।

# 30 ਨੂੰ ਮੁੱਖ ਮੰਤਰੀ ਦੇ ਨਾਂਅ ਯਾਦ ਪੱਤਰ ਦੇ ਕੇ ਮਜ਼ਦੂਰ ਸੰਘਰਸ਼ ਦੀ ਸ਼ੁਰੂਆਤ ਕਰਨਗੇ

**ਜਲੰਧਰ (ਗਿਆਨ ਸੈਦਪੁਰੀ)**- ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਸੂਬਾਈ ਮੀਟਿੰਗ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 30 ਜੂਨ ਨੂੰ ਪੰਜਾਬ ਦੇ ਡਿਪਟੀ ਕਮਿਸ਼ਨਰਾਂ ਰਾਹੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਂਅ ਯਾਦ ਪੱਤਰ ਦਿੱਤੇ ਜਾਣਗੇ। ਸਰਕਾਰ ਬਣਨ ਵੇਲੇ ਤੋਂ ਲੈ ਕੇ ਮਜ਼ਦੂਰ ਪੱਕੇ ਰੁਜ਼ਗਾਰ ਲਈ, ਮਨਰੇਗਾ ਤਹਿਤ ਪੂਰੇ ਸਾਲ ਦੇ ਵਾਸਤੇ ਕੰਮ ਅਤੇ ਘੱਟੋ-ਘੱਟ ਦਿਹਾੜੀ 700 ਰੁਪਏ ਕਰਨ ਦੀ ਮੰਗ ਕਰ ਰਹੇ ਹਨ। ਚੋਣ ਗਰੰਟੀਆਂ ਪੂਰੀਆਂ ਅਤੇ ਔਰਤਾਂ ਦੇ ਖਾਤੇ ਵਿੱਚ ਬਕਾਏ ਸਮੇਤ ਪੈਸੇ ਪਾਉਣ, ਵਿਧਵਾ, ਬੁਢਾਪਾ ਅਤੇ ਅੰਗਹੀਣ ਪੈਨਸ਼ਨ ਪੰਜ ਹਜ਼ਾਰ ਕਰਨ, ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਜੀ ਰਾਮ ਜੀ ਅਤੇ ਕਿਰਤ ਕਾਨੂੰਨਾਂ ਦੀ ਥਾਂ ਬਣਾਏ ਚਾਰ ਲੇਬਰ ਕੋਡ ਰੱਦ ਕਰਨ, ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਨ, ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ ਵਿੱਚ ਵੰਡਣ, ਪੰਚਾਇਤੀ ਜ਼ਮੀਨਾਂ ਵਿੱਚ ਤੀਸਰੇ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਅਤੇ ਲੋੜਵੰਦ ਪਰਵਾਰਾਂ ਨੂੰ ਰਹਾਇਸ਼ੀ ਪਲਾਟ ਦੇਣ ਵਰਗੀਆਂ ਬੁਨਿਆਦੀ ਅਤੇ ਹੱਕੀ ਮੰਗਾਂ ਵਾਸਤੇ ਮਜ਼ਦੂਰ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਨ।



ਸਾਂਝੇ ਮੋਰਚੇ ਵੱਲੋਂ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮੋਰਚਾ ਆਗੂ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਦੱਸਿਆ ਕਿ 2 ਜੁਲਾਈ ਨੂੰ ਹੋਣ ਵਾਲੀ ਮੀਟਿੰਗ ਵਿੱਚ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂਆਂ ਸਰਵ ਸਾਥੀ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ, ਤਰਸੇਮ ਪੀਟਰ ਪ੍ਰਧਾਨ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਗੁਰਮੇਸ਼ ਸਿੰਘ ਸੂਬਾ ਆਗੂ ਕੁਲ ਹਿੰਦ ਮਜ਼ਦੂਰ ਯੂਨੀਅਨ, ਮੁਕੇਸ਼ ਮਲੌਦ ਪ੍ਰਧਾਨ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਗੁਰਨਾਮ ਸਿੰਘ ਦਾਊਦ ਜਨਰਲ ਸਕੱਤਰ ਦਿਹਾਤੀ ਮਜ਼ਦੂਰ ਸਭਾ, ਗੋਬਿੰਦ ਸਿੰਘ ਛਾਜਲੀ ਪ੍ਰਧਾਨ ਮਜ਼ਦੂਰ ਮੁਕਤੀ ਮੋਰਚਾ ਪੰਜਾਬ, ਬਲਦੇਵ ਸਿੰਘ ਨੂਰ ਪੁਰੀ ਅਤੇ ਬਲਵਿੰਦਰ ਸਿੰਘ ਘਰਾਨਾ ਨੇ ਕਿਹਾ ਕਿ ਸਰਕਾਰ ਮਜ਼ਦੂਰ ਮੰਗਾਂ ਦੀ ਅਣਦੇਖੀ ਕਰ ਰਹੀ ਹੈ।

ਮਜ਼ਦੂਰ ਆਗੂਆਂ ਅਮਰੀਕਾ ਇਜ਼ਰਾਈਲ ਅਤੇ ਈਰਾਨ ਦੇ ਜੰਗ ਦੇ ਬਹਾਨੇ ਪੈਟਰੋਲ, ਡੀਜ਼ਲ, ਰਸੋਈ ਗੈਸ ਅਤੇ ਹੋਰ ਚੀਜ਼ਾਂ ਦੀਆਂ ਕੀਮਤਾਂ ਵਿੱਚ ਵਾਧੇ ਦਾ ਸਖ਼ਤ ਨੋਟਿਸ ਲੈਂਦਿਆ ਕਿਹਾ ਹੈ ਕਿ ਜੰਗੀ ਮਾਹੌਲ ਦੇ ਬਹਾਨੇ ਵੱਡੇ ਸਰਮਾਏਦਾਰਾਂ ਨੂੰ ਕਿਰਤੀ ਲੋਕਾਂ ਦੀ ਲੁੱਟ ਦੀ ਖੁੱਲ੍ਹ ਦੇ ਕੇ ਭਾਰਤੀ ਹਕੂਮਤ ਨੇ ਆਪਣਾ ਲੋਕ ਵਿਰੋਧੀ ਅਤੇ ਸਾਮਰਾਜ ਪੱਖੀ ਚਿਹਰਾ ਇੱਕ ਵਾਰ ਫਿਰ ਨੰਗਾ ਕਰ ਲਿਆ ਹੈ। ਆਉਣ ਵਾਲੇ ਦਿਨਾਂ ਵਿੱਚ ਮਜ਼ਦੂਰ ਮੰਗਾਂ ਮੰਨਵਾਉਣ ਲਈ ਅਤੇ ਮਹਿੰਗਾਈ ਵਿਰੁੱਧ ਪੰਜਾਬ ਅੰਦਰ ਵੱਡਾ ਮਜ਼ਦੂਰ ਅੰਦੋਲਨ ਖੜਾ ਕੀਤਾ ਜਾਵੇਗਾ।ਮੀਟਿੰਗ ਵਿੱਚ ਸੁਪਰੀਮ ਕੋਰਟ ਵੱਲੋਂ ਅਨੁਸੂਚਿਤ ਜਾਤੀ ਅਤੇ ਜਨਜਾਤੀ ਉਪੱਰ ਜੁਰਮ ਰੋਕੂ ਐਕਟ 1989 ਸੋਧਾਂ ਰਾਹੀ ਕਮਜ਼ੋਰ ਕੀਤਾ ਜਾ ਰਿਹਾ ਹੈ। ਇਹ ਸੋਧਾਂ ਵਾਪਸ ਲੈਣ ਦੀ ਵੀ ਮੰਗ ਕੀਤੀ ਗਈ।

# ਕਰੰਟ ਲੱਗਣ ਕਾਰਨ ਕਿਸਾਨ ਦੀ ਮੌਤ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਡੇਰਾ ਬੱਸੀ ਦੇ ਨਜ਼ਦੀਕੀ ਪਿੰਡ ਸ਼ੇਖਪੁਰਾ ਕਲਾਂ ਵਿਖੇ ਸੋਮਵਾਰ ਸ਼ਾਮ ਨੂੰ ਇੱਕ ਬੇਹੱਦ ਦੁਖਦਾਈ ਅਤੇ ਦਰਦਨਾਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪਿੰਡ ਦੇ ਖ਼ੇਤਾਂ ਵਿੱਚ ਸੂਰਜਮੁਖੀ ਦੀ ਫ਼ਸਲ ਦੀ ਕਟਾਈ ਕਰਦੇ ਸਮੇਂ ਇੱਕ 17 ਸਾਲਾ ਨੌਜਵਾਨ, ਜੋ ਕਿ ਪੇਸ਼ੇ ਤੋਂ ਕਿਸਾਨ ਸੀ, ਸਿਰ ਉੱਪਰੋਂ ਲੰਘ ਰਹੀਆਂ ਹਾਈ ਵੋਲਟੇਜ ਤਾਰਾਂ ਦੀ ਲਪੇਟ ਵਿੱਚ ਆ ਗਿਆ। ਕਰੰਟ ਇੰਨਾ ਜ਼ਬਰਦਸਤ ਸੀ ਕਿ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਸ ਖ਼ਬਰ ਦੇ ਫੈਲਦਿਆਂ ਹੀ ਪੂਰੇ ਇਲਾਕੇ ਅਤੇ ਪਿੰਡ ਸ਼ੇਖਪੁਰਾ ਕਲਾਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।



?ਮਿਲੀ ਜਾਣਕਾਰੀ ਮੁਤਾਬਕ ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਪਿੰਡ ਸ਼ੇਖਪੁਰਾ ਕਲਾਂ ਦੇ ਨੇੜੇ ਪੈਂਦੇ ਖ਼ੇਤਾਂ ਵਿੱਚ ਕੰਬਾਈਨ ਮਸ਼ੀਨ ਨਾਲ ਸੂਰਜਮੁਖੀ ਦੀ ਫ਼ਸਲ ਦੀ ਕਟਾਈ ਦਾ ਕੰਮ ਚੱਲ ਰਿਹਾ ਸੀ। ਮ੍ਰਿਤਕ ਨੌਜਵਾਨ ਦੀ ਪਛਾਣ ਰਾਜਵੀਰ ਸਿੰਘ (ਉਮਰ 17 ਸਾਲ) ਪੁੱਤਰ ਬਲਜਿੰਦਰ ਸਿੰਘ, ਵਾਸੀ ਪਿੰਡ ਸ਼ੇਖਪੁਰਾ ਕਲਾਂ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਰਾਜਵੀਰ ਸਿੰਘ ਫ਼ਸਲ ਦੀ ਕਟਾਈ ਦੌਰਾਨ ਖ਼ੇਤ ਵਿੱਚ ਚੱਲ ਰਹੀ ਮਸ਼ੀਨ (ਕੰਬਾਈਨ) ਦੇ ਉੱਪਰ ਚੜ੍ਹਿਆ ਹੋਇਆ ਸੀ, ਤਾਂ ਜੋ ਕੰਮ ਦੀ ਨਿਗਰਾਨੀ ਕਰ ਸਕੇ। ਇਸੇ ਦੌਰਾਨ ਮਸ਼ੀਨ ਖ਼ੇਤਾਂ ਦੇ ਉੱਪਰੋਂ ਲੰਘ ਰਹੀ 11,000 ਕੇ.ਵੀ. ਦੀ ਹਾਈ ਵੋਲਟੇਜ ਓਵਰਹੈੱਡ ਤਾਰਾਂ ਦੇ ਬਿਲਕੁਲ ਹੇਠਾਂ ਤੋਂ ਗੁਜ਼ਰਨ ਲੱਗੀ। ਮਸ਼ੀਨ ਦੀ ਉਚਾਈ ਜ਼ਿਆਦਾ ਹੋਣ ਕਾਰਨ ਉੱਪਰ ਬੈਠਾ ਰਾਜਵੀਰ ਸਿੰਘ ਅਚਾਨਕ ਇਨ੍ਹਾਂ ਹਾਈ ਵੋਲਟੇਜ ਤਾਰਾਂ ਦੀ ਲਪੇਟ ਵਿੱਚ ਆ ਗਿਆ। ਕਰੰਟ ਦਾ ਝਟਕਾ ਇੰਨਾ ਭਿਆਨਕ ਅਤੇ ਜ਼ੋਰਦਾਰ ਸੀ ਕਿ ਰਾਜਵੀਰ ਸਿੰਘ ਮੌਕੇ 'ਤੇ ਹੀ ਬੇਹੋਸ਼ ਹੋ ਕੇ ਡਿੱਗ ਪਿਆ ਅਤੇ ਉਸ ਦੀ ਧੜਕਣ ਰੁਕ ਗਈ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਪੁਲਿਸ ਚੌਕੀ ਦੀ ਟੀਮ ਨੇ ਮੌਕੇ 'ਤੇ ਅਤੇ ਹਸਪਤਾਲ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਜਾਂਚ ਅਫ਼ਸਰ ਏ ਐੱਸ ਆਈ ਗੁਲਾਬ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਨੌਜਵਾਨ ਦੀ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ। ਪੁਲਿਸ ਵੱਲੋਂ ਫ਼ਿਲਹਾਲ ਇਸ ਸਬੰਧੀ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ (ਬੀ ਐੱਨ ਐੱਸ) ਦੀ ਧਾਰਾ 194 ਤਹਿਤ ਸ਼ੁਰੂਆਤੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

# ਆਦਮਪੁਰ ਏਅਰਪੋਰਟ 'ਤੇ ਫੂਡ ਐਂਡ ਬੇਵਰੇਜ ਸ਼ਾਪ ਦੀ ਸ਼ੁਰੂਆਤ



**ਆਦਮਪੁਰ (ਪਰਮਜੀਤ ਸਿੰਘ)**- ਭਾਰਤੀ ਹਵਾਈ ਅੱਡਾ ਪ੍ਰਾਧੀਕਰਨ (ਏ ਏ ਆਈ) ਵੱਲੋਂ ਸੰਚਾਲਿਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਸਿਵਲ ਹਵਾਈ ਅੱਡੇ ਆਦਮਪੁਰ ਨੇ ਯਾਤਰੀਆਂ ਦੀ ਸੁਵਿਧਾ ਨੂੰ ਪਹਿਲ ਦੇਂਦਿਆਂ ਫੂਡ ਐਂਡ ਬੇਵਰੇਜ ਸੇਵਾਵਾਂ ਲਈ 7 ਸਾਲਾਂ ਦੀ ਮਿਆਦ ਦਾ ਲੰਬੇ ਸਮੇਂ ਵਾਲਾ ਠੇਕਾ ਪ੍ਰਦਾਨ ਕੀਤਾ ਹੈ। ਇਹ ਠੇਕਾ ਐਸ ਕੇਟਰਰਜ਼ ਨਾਮਕ ਕੰਪਨੀ ਨੂੰ ਦਿੱਤਾ ਗਿਆ ਹੈ। ਇਸ ਮੌਕੇ 'ਤੇ ਏਅਰਪੋਰਟ ਡਾਇਰੈਕਟਰ ਪੁਸ਼ਪੇਂਦਰ ਕੁਮਾਰ ਨਿਰਾਲਾ ਨੇ ਦੱਸਿਆ ਕਿ ਆਦਮਪੁਰ ਹਵਾਈ ਅੱਡੇ 'ਤੇ ਇਸ ਕਿਸਮ ਦਾ ਲੰਬੀ ਮਿਆਦ ਵਾਲਾ ਇਹ ਪਹਿਲਾ ਠੇਕਾ ਹੈ, ਜਿਸ ਦਾ ਉਦੇਸ਼ ਯਾਤਰੀਆਂ ਨੂੰ ਨਿਰੰਤਰ ਅਤੇ ਗੁਣਵੱਤਾ ਵਾਲੀਆਂ ਫੂਡ ਐਂਡ ਬੇਵਰੇਜ ਸੇਵਾਵਾਂ ਉਪਲਬਧ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲ ਨਾਲ ਆਉਣ ਵਾਲੇ 7 ਸਾਲਾਂ ਤੱਕ ਯਾਤਰੀਆਂ ਨੂੰ ਬਿਨਾਂ ਕਿਸੇ ਅਸੁਵਿਧਾ ਦੇ ਬਿਹਤਰ ਖਾਣ-ਪੀਣ ਦੀਆਂ ਸਹੂਲਤਾਂ ਮਿਲਣਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਪਹਿਲਾਂ ਫੂਡ ਐਂਡ ਬੇਵਰੇਜ ਸੇਵਾਵਾਂ ਲਈ ਸਾਲਾਨਾ ਅਧਾਰ 'ਤੇ ਠੇਕਾ ਪ੍ਰਕਿਰਿਆ ਅਪਣਾਈ ਜਾਂਦੀ ਸੀ, ਜਿਸ ਵਿੱਚ ਵੱਧ ਸਮਾਂ ਲੱਗਦਾ ਸੀ। ਇਸ ਮੌਕੇ ਭਾਰਤੀ ਹਵਾਈ ਅੱਡਾ ਪ੍ਰਾਧੀਕਰਨ ਵੱਲੋਂ ਅਮਿਤ ਕੁਮਾਰ, ਸਹਾਇਕ ਮਹਾਪ੍ਰਬੰਧਕ (ਸਿਵਲ), ਸੂਰਜ ਯਾਦਵ, ਪ੍ਰਬੰਧਕ (ਬਿਜਲੀ), ਸੂਰਜ ਪ੍ਰਤਾਪ ਸਿੰਘ, ਕਨਿਸ਼ਠ ਕਾਰਜਕਾਰੀ (ਵਪਾਰ) ਏ ਮੋਹਨ ਪਵਾਰ, ਮੁੱਖ ਸੁਰੱਖਿਆ ਅਧਿਕਾਰੀ ਸਮੇਤ ਹੋਰ ਸੁਰੱਖਿਆ ਅਧਿਕਾਰੀ ਹਾਜ਼ਰ ਰਹੇ।

## ਮੈਰਿਟ 'ਚ ਪਹਿਲੇ ਨੰਬਰ 'ਤੇ ਆਉਣ 'ਤੇ ਮਹਿਕਪ੍ਰੀਤ ਕੌਰ ਦਾ ਵਿਸ਼ੇਸ਼ ਸਨਮਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮੋਰਿੰਡਾ ਵੱਲੋਂ ਆਪਣੇ ਸਾਥੀਆਂ ਸਮੇਤ ਪਿੰਡ ਪਪਰਾਲੀ ਪਹੁੰਚ ਕੇ ਏਅਰ ਫੋਰਸ ਅਕੈਡਮੀ ਦੀ ਮੈਰਿਟ ਸੂਚੀ ਵਿੱਚ ਦੇਸ਼ ਭਰ ਵਿੱਚ ਪਹਿਲੇ ਨੰਬਰ 'ਤੇ ਆਉਣ 'ਤੇ ਵਿਸ਼ੇਸ਼ ਤੌਰ 'ਤੇ ਮਹਿਕਪ੍ਰੀਤ ਕੌਰ ਦਾ ਸਨਮਾਨ ਕੀਤਾ ਗਿਆ ਇਸ ਮੌਕੇ ਸਨਮਾਨ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ ਨੇ ਕਿਹਾ ਕਿ ਮਹਿਕਪ੍ਰੀਤ ਨੇ ਦੇਸ਼ ਭਰ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਨਾ ਕੇਵਲ ਪਿੰਡ ਪਪਰਾਲੀ ਨਹੀ ਬਲਕਿ ਸਮੁੱਚੇ ਪੰਜਾਬ ਦਾ ਨਾਂਅ ਦੇਸ਼ ਭਰ ਵਿੱਚ ਰੋਸ਼ਨ ਕੀਤਾ ਹੈ। ਕਕਰਾਲੀ ਨੇ ਮਹਿਕਪ੍ਰੀਤ ਦੇ ਪਿਤਾ ਅਮਰਜੀਤ ਸਿੰਘ ਅਤੇ ਮਾਤਾ ਰੁਪਿੰਦਰ ਦੀ ਸ਼ਲਾਘਾ ਕੀਤੀ ਜਿਨ੍ਹਾਂ ਸਦਕਾ ਅੱਜ ਮਹਿਕਪ੍ਰੀਤ ਕੌਰ ਨੇ ਦੇਸ਼ ਭਰ ਵਿੱਚ ਉਹਨਾਂ ਦਾ ਨਾਂ ਚਮਕਾ ਦਿੱਤਾ ਹੈ। ਇਸ ਮੌਕੇ ਯੂਥ ਕਾਂਗਰਸ ਦੇ ਸੀਨੀਅਰ ਆਗੂ ਯੁਵਰਾਜ ਸਿੰਘ ਮਾਵੀ, ਬਲਾਕ ਸੰਮਤੀ ਮੈਂਬਰ ਕੀਰਤ ਸਿੰਘ ਮੜੌਲੀ ਕਲਾ, ਸਰਜੀਤ ਸਿੰਘ ਬਲਦੇਵ ਨਗਰ, ਸਰਪੰਚ ਸੰਦੀਪ ਸਿੰਘ ਸੋਨਾ ਬੂਥਗੜ੍ਹ ਸਮਾਜ ਸੇਵੀ ਰਾਹੁਲ ਸ਼ਰਮਾ ਗੁਰਦੇਵ ਸਿੰਘ ਕੌਂਸਲਰ ਸ੍ਰੀ ਚਮਕੌਰ ਸਾਹਿਬ ਬਬਲਾ ਸਰਪੰਚ ਗੋਸਲਾ, ਵਿਕਾਸ ਫੁੱਲ ਬਲਾਕ ਸੰਮਤੀ ਮੈਂਬਰ ਕਾਈਨੌਰ ਅਤੇ ਸਰਪੰਚ ਸੁਰਿੰਦਰ ਸਿੰਘ ਪਪਰਾਲੀ ਹਾਜ਼ਰ ਸਨ।



# ਤੇਂਦੂਏ ਦੀ ਆਮਦ ਕਾਰਨ ਲੋਕਾਂ 'ਚ ਸਹਿਮ, ਮਹੀਨੇ 'ਚ ਦੋ ਵਾਰ ਪਸ਼ੂਆਂ ਨੂੰ ਸ਼ਿਕਾਰ ਬਣਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਨੇੜਲੇ ਪਿੰਡ ਹਲੇੜ 'ਚ ਤੇਂਦੂਏ ਦੀ ਦਸਤਕ ਕਾਰਨ ਲੋਕਾਂ 'ਚ ਸਹਿਮ ਹੈ। ਲੰਘੇ ਸ਼ਨੀਚਰਵਾਰ ਦੀ ਰਾਤ ਤੇਂਦੂਏ ਨੇ ਇੱਕ ਸਾਂਭਰ ਦੇ ਬੱਚੇ ਨੂੰ ਆਪਣਾ ਸ਼ਿਕਾਰ ਬਣਾਇਆ ਹੈ। ਮੁੱਹਲਾ ਵਾਸੀਆਂ ਨੇ ਦਸਿਆ ਕਿ ਤੇਂਦੂਏ ਦੇ ਡਰੋਂ ਉਹ ਗਰਮੀ ਦੇ ਮੌਸਮ 'ਚ ਵੀ ਆਪਣੇ ਪਸ਼ੂ ਰਾਤਾਂ ਨੂੰ ਅੰਦਰ ਬੰਨ੍ਹਣ ਅਤੇ ਰਾਤ ਭਰ ਲਾਈਟਾਂ ਜਗਾ ਕੇ ਰੱਖਣ ਨੂੰ ਮਜ਼ਬੂਰ ਹਨ। ਪਿਛਲੇ ਮਹੀਨੇ ਉਨ੍ਹਾਂ ਦੀ ਡੇਢ ਕੁ ਸਾਲ ਦੀ ਵੱਛੀ ਨੂੰ ਤੇਂਦੂਏ ਨੇ ਮਾਰ ਮੁਕਾਇਆ ਸੀ। ਪਰ ਅਜੇ ਤੱਕ ਉਨ੍ਹਾਂ ਨੂੰ ਵਿਭਾਗ ਵੱਲੋਂ ਨਾ ਤਾਂ ਕੋਈ ਮੁਆਵਜ਼ਾ ਮਿਲਿਆ ਹੈ,ਅਤੇ ਨਾ ਹੀ ਤੇਂਦੂਏ ਤੋਂ ਬਚਾਅ ਲਈ ਵਿਭਾਗ ਨੇ ਕੋਈ ਕਾਰਵਾਈ ਕੀਤੀ ਹੈ। ਪਿੰਡ ਹਲੇੜ ਦੇ ਵਾਰਡ ਨੰਬਰ-2 ਦੇ ਮੁੱਹਲਾ ਖਨੌੜ ਵਾਸੀਆਂ ਨੇ ਦਸਿਆ ਕਿ ਤੇਂਦੂਏ ਦੇ ਡਰੋਂ ਉਹ ਰਾਤਾਂ ਜਾਗ ਕੇ ਕੱਢ ਰਹੇ ਹਨ। ਸ਼ਾਂਤੀ ਦੇਵੀ ਨੇ ਦੱਸਿਆ ਪਿਛਲੇ ਮਹੀਨੇ 14 ਤਾਰੀਕ ਨੂੰ ਤੇਂਦੂਏ ਨੇ ਉਨ੍ਹਾਂ ਦੀ ਡੇਢ ਸਾਲ ਦੀ ਵੱਛੀ ਮਾਰ ਮੁਕਾ ਦਿੱਤੀ ਸੀ। ਜਿਸਦੀ ਸ਼ਿਕਾਇਤ ਵਣ ਵਿਭਾਗ ਦੇ ਸਥਾਨਕ ਜੀਵ ਜੰਤੂ ਵਿੰਗ ਨੂੰ ਕੀਤੀ ਸੀ। ਪਸ਼ੂ ਪਾਲਣ ਵਿਭਾਗ ਦੇ ਡਾਕਟਰ ਨੇ ਵੱਛੀ ਦਾ ਪੋਸਟਮਾਰਟਮ ਤਾਂ ਕਰ ਦਿੱਤਾ, ਪਰ ਵਿਭਾਗਾਂ 'ਚ ਆਪਸੀ ਤਾਲਮੇਲ ਦੀ ਘਾਟ ਕਾਰਨ ਉਨ੍ਹਾਂ ਨੂੰ ਅਜੇ ਤੱਕ ਕੋਈ ਮੁਆਵਜਾ ਨਹੀਂ ਮਿਲਿਆ। ਘਟਨਾਂ ਉਪਰੰਤ ਤੇਂਦੂਆ ਲਗਾਤਾਰ ਉਨ੍ਹਾਂ ਦੇ ਮੁਹੱਲੇ ਗਾਹੇ ਬਗਾਹੇ ਦਸਤਕ ਦੇ ਰਿਹਾ ਹੈ। ਸਾਬਕਾ ਫੌਜੀ ਉੱਤਮ ਸਿੰਘ ਅਤੇ ਨੌਜਵਾਨ ਆਗੂ ਅਮਿਤ ਕੁਮਾਰ ਨੇ ਦੱਸਿਆ ਕਿ ਲੰਘੇ ਸ਼ਨਿਚਰਵਾਰ ਨੂੰ ਉਨ੍ਹਾਂ ਦੀ ਰਿਹਾਇਸ਼ ਨੇੜੇ ਮੁੜ ਅੱਧ ਖਾਧੇ ਸਾਂਭਰ ਦੇ ਬੱਚੇ ਦਾ ਮ੍ਰਿਤਕ ਸਰੀਰ ਮਿਲਿਆ ਹੈ। ਉਨ੍ਹਾਂ ਇਸ ਦੀ ਇਤਲਾਹ ਸਥਾਨਕ ਜੀਵ ਜੰਤੂ ਵਿਭਾਗ ਨੂੰ ਕੀਤੀ ਸੀ। ਮੁੱਹਲਾ ਵਾਸੀਆਂ ਸਹਿਮ 'ਚ ਹਨ। ਰਾਤਾਂ ਜਾਗ ਕੇ ਕੱਢ ਰਹੇ ਹਨ। ਪਰ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਸਮਸਿਆ ਦਾ ਕੋਈ ਨਿਪਟਾਰਾ ਨਹੀਂ ਕੀਤਾ ਜਾ ਰਿਹਾ ਹੈ।



ਵਣ ਵਿਭਾਗ ਦੇ ਸਥਾਨਕ ਜੀਵ ਜੰਤੂ ਵਿੰਗ ਦੇ ਵਣ ਗਾਰਡ ਰਛਪਾਲ ਨੇ ਕਿਹਾ ਕਿ ਸਮਸਿਆ ਧਿਆਨ 'ਚ ਹੈ। ਪ੍ਰਭਾਵਿਤ ਇਲਾਕੇ 'ਤੇ ਨਜ਼ਰ ਰੱਖੀ ਜਾ ਰਹੀ ਹੈ। ਪੀੜਤ ਕਿਸਾਨ ਨੂੰ ਮੁਆਵਜਾ ਦੇਣ ਦੀ ਪ੍ਰਕਿਰਿਆ ਚੱਲ ਰਹੀ ਹੈ।

# ਡੀ ਐੱਸ ਪੀ ਨੇ ਵਪਾਰੀਆਂ ਤੇ ਪੰਚਾਂ-ਸਰਪੰਚਾਂ ਨਾਲ ਕੀਤੀ ਨੁੱਕੜ ਮੀਟਿੰਗ

**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਪੰਜਾਬ ਸਰਕਾਰ ਤੇ ਪੰਜਾਬ ਪੁਲਸ ਵੱਲੋਂ ਇਲਾਕੇ ਵਿੱਚ ਵਧ ਰਹੇ ਕਰਾਈਮ ਨੂੰ ਨੱਥ ਪਾਉਣ, ਨਸ਼ਿਆਂ ਦੇ ਮੁਕੰਮਲ ਖ਼ਾਤਮੇ ਅਤੇ ਵਪਾਰੀ ਵਰਗ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪਿੰਡ ਸੜੋਆ ਵਿਖੇ ਇੱਕ ਵਿਸ਼ੇਸ਼ ਨੁੱਕੜ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਹ ਮੀਟਿੰਗ ਡੀ ਜੀ ਪੀ ਪੰਜਾਬ ਅਤੇ ਐੱਸ ਐੱਸ ਪੀ ਸ਼ਹੀਦ ਭਗਤ ਸਿੰਘ ਨਗਰ ਤੁਸ਼ਾਰ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਡੀ ਐੱਸ ਪੀ ਸਬ ਡਿਵੀਜ਼ਨ ਬਲਾਚੌਰ ਹਿੰਮਤ ਮਲਹੋਤਰਾ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਵਿੱਚ ਬਲਾਕ ਸੜੋਆ ਮਾਰਕੀਟ ਕਮੇਟੀ ਦੇ ਮੈਂਬਰਾਂ, ਸਥਾਨਕ ਦੁਕਾਨਦਾਰਾਂ, ਵਪਾਰੀਆਂ ਅਤੇ ਵੱਖ-ਵੱਖ ਪਿੰਡਾਂ ਦੇ ਪੰਚਾਂ-ਸਰਪੰਚਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਮੀਟਿੰਗ ਦੌਰਾਨ ਥਾਣਾ ਪੋਜੇਵਾਲ ਦੇ ਐਸ ਐਚ ਓ ਕਮਲ ਤਨੇਜਾ ਅਤੇ ਸੜੋਆ ਚੌਕੀ ਇੰਚਾਰਜ ਏ ਐਸ ਆਈ. ਗਗਨਦੀਪ ਸਿੰਘ ਵੀ ਮੁੱਖ ਰੂਪਵਿੱਚ ਹਾਜ਼ਰ ਸਨ।ਮੀਟਿੰਗ ਦੌਰਾਨ ਪੁਲਿਸ ਅਧਿਕਾਰੀਆਂ ਨੇ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਰੋਜ਼ਾਨਾ ਆਉਣ ਵਾਲੀਆਂ ਮੁਸ਼ਕਿਲਾਂ ਨੂੰ ਸਿੱਧੇ ਤੌਰ 'ਤੇ ਸੁਣਿਆ। ਇਸ ਦੌਰਾਨ ਇਲਾਕੇ ਵਿੱਚ ਹੋ ਰਹੀਆਂ ਚੋਰੀ ਦੀਆਂ ਵਾਰਦਾਤਾਂ, ਫਿਰੌਤੀ ਦੀਆਂ ਧਮਕੀਆਂ ਅਤੇ ਅਮਨ-ਕਾਨੂੰਨ ਦੀ ਸਥਿਤੀ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ।



ਵਪਾਰੀਆਂ ਨੂੰ ਸੁਰੱਖਿਆ ਦਾ ਪੂਰਾ ਭਰੋਸਾ ਦਿੰਦੇ ਹੋਏ ਡੀ.ਐਸ.ਪੀ. ਨੇ ਸਾਫ਼ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕੇ 'ਜੇਕਰ ਵਪਾਰ ਦੇ ਸਿਲਸਿਲੇ ਵਿੱਚ ਕਿਸੇ ਵੀ ਵਿਅਕਤੀ ਵੱਲੋਂ ਕਿਸੇ ਵਪਾਰੀ ਨੂੰ ਕੋਈ ਧਮਕੀ ਮਿਲਦੀ ਹੈ, ਕੋਈ ਫਿਰੌਤੀ ਜਾਂ ਥ੍ਰੇਟ ਕਾਲ ਆਉਂਦੀ ਹੈ, ਜਾਂ ਕਿਸੇ ਵੀ ਤਰ੍ਹਾਂ ਪ੍ਰੇਸ਼ਾਨ ਕੀਤਾ ਜਾਂਦਾ ਹੈ, ਤਾਂ ਉਸ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਗਲਤ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ'। ਇਸ ਮੌਕੇ ਸਰਪੰਚ ਰਜੀਵ ਕੁਮਾਰ, ਸੁਰਿੰਦਰ ਪਾਲ ਪੰਚ, ਮਨਜੀਤ ਕੌਰ ਪੰਚ, ਸੋਨੀਆ ਦੇਵੀ ਪੰਚ, ਸਿਕੰਦਰ ਰਾਣਾ, ਜਸਵੀਰ ਸਿੰਘ ਪੰਚ, ਦੀਪਾ ਕੌਸ਼ਲ, ਚੌਧਰੀ ਕੁਲਦੀਪ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਕੁਲਵਿੰਦਰ ਕਿੰਦੂ ਸਾਬਕਾ ਸਰਪੰਚ, ਲਾਲਾ ਮਲ੍ਹੀ, ਵਿਜੇ ਸਹਿਗਲ,ਪੰਡਿਤ ਜੋਸ਼ੀ ਹਵਲਦਾਰ ਜਗਦੀਪ ਕਟਾਰੀਆ, ਸਤੀਸ਼ ਕੁਮਾਰ, ਗੌਰਵ ਅਰੋੜਾ, ਵਿਪਨ ਜਗੋਤਾ, ਪੰਕਜ ਅਰੋੜਾ, ਅਸ਼ਵਨੀ ਕੁਮਾਰ, ਰਵਿੰਦਰ ਪੁਰੀ, ਨੀਰਜ ਕੁਮਾਰ, ਸੰਜੂ ਸਹਿਜਪਾਲ, ਵਿਨੋਦ ਅਰੋੜਾ, ਪ੍ਰਵੀਨ ਜੋਸ਼ੀ, ਪਾਖਰ ਰੱਤੂ, ਦੀਪਕ ਕੌਸ਼ਲ, ਕੁਲਦੀਪ, ਸੁਰਿੰਦਰ ਪਾਲ, ਜਸਵੀਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਵਪਾਰੀ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਹਰਜੋਤ ਬੈਂਸ ਨੇ ਮਾਣਕਪੁਰ 'ਚ ਵਿਕਾਸ ਲਈ ਵੰਡੀਆਂ ਗ੍ਰਾਂਟਾਂ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਅਧੀਨ ਆਉਂਦੇ ਪਿੰਡ ਮਾਣਕਪੁਰ ਵਿੱਚ ਵਿਕਾਸ ਦੀ ਨਵੀਂ ਲਹਿਰ ਦੇਖਣ ਨੂੰ ਮਿਲ ਰਹੀ ਹੈ। ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਵੱਲੋਂ ਬੀਤੇ ਦਿਨ ਪਿੰਡ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਲਈ ਵੱਡੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ਨਾਲ ਪਿੰਡ ਦੇ ਬੁਨਿਆਦੀ ਢਾਂਚੇ ਅਤੇ ਖੇਡ ਸਹੂਲਤਾਂ ਨੂੰ ਮਜ਼ਬੂਤੀ ਮਿਲੇਗੀ। ਇਹ ਜਾਣਕਾਰੀ ਗੋਪਾਲ ਸ਼ਰਮਾ, ਸਰਪੰਚ ਮਾਣਕਪੁਰ ਵੱਲੋਂ ਸਾਂਝੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਕਮਿਊਨਿਟੀ ਹਾਲ ਦੇ ਰਹਿੰਦੇ ਕੰਮ ਲਈ 10 ਲੱਖ ਰੁਪਏ ਦੀ ਗਰਾਂਟ ਮੁਹੱਈਆ ਕਰਵਾਈ ਗਈ ਹੈ, ਜਿਸ ਨਾਲ ਪਿੰਡ ਵਾਸੀਆਂ ਨੂੰ ਸਮਾਜਿਕ ਤੇ ਸਾਂਝੇ ਕਾਰਜਾਂ ਲਈ ਵਧੀਆ ਸਹੂਲਤ ਪ੍ਰਾਪਤ ਹੋਵੇਗੀ। ਇਸਦੇ ਨਾਲ ਹੀ ਲਗਭਗ 75 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੀ ਫਿਰਨੀ ਦਾ ਕੰਮ ਕਰਵਾਇਆ ਗਿਆ ਹੈ, ਜਿਸ ਨਾਲ ਆਵਾਜਾਈ ਵਿੱਚ ਸੁਵਿਧਾ ਤੇ ਸੁਰੱਖਿਆ ਦੋਵੇਂ ਵਿੱਚ ਵਾਧਾ ਹੋਵੇਗਾ। ਇਹ ਪ੍ਰੋਜੈਕਟ ਪਿੰਡ ਦੇ ਆਧੁਨਿਕ ਵਿਕਾਸ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਦੀ ਮੁੱਖ ਸੜਕ ਨੂੰ 18 ਫੁੱਟ ਚੌੜਾ ਕੀਤਾ ਜਾ ਚੁੱਕਾ ਹੈ, ਜਿਸ ਨਾਲ ਟ੍ਰੈਫਿਕ ਦੀ ਸਮੱਸਿਆ ਹੱਲ ਹੋਵੇਗੀ ਅਤੇ ਆਵਾਜਾਈ ਹੋਰ ਸੁਗਮ ਬਣੇਗੀ। ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵੀ ਖਾਸ ਉਪਰਾਲੇ ਕੀਤੇ ਗਏ ਹਨ। ਸਰਪੰਚ ਨੇ ਦੱਸਿਆ ਕਿ ਸਕੂਲ ਵਿੱਚ ਕਬੱਡੀ ਖੇਡ ਲਈ 9 ਲੱਖ ਰੁਪਏ ਦੀ ਲਾਗਤ ਨਾਲ ਮੈਟ ਪ੍ਰਦਾਨ ਕੀਤੇ ਗਏ ਹਨ, ਜਿਸ ਨਾਲ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵਧੀਆ ਮੌਕੇ ਮਿਲਣਗੇ।



## ਸ਼ਹੀਦੀ ਗੁਰਪੁਰਬ ਤੇ ਨਿਰਜਲਾ ਇਕਾਦਸ਼ੀ ਨੂੰ ਸਮਰਪਿਤ ਛਬੀਲ ਲਗਾਈ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ, ਸੁਰਜੀਤ ਸੁਮਨ)**-ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਅਤੇ ਨਿਰਜਲਾ ਇਕਾਦਸ਼ੀ ਨੂੰ ਸਮਰਪਿਤ ਕਰਦਿਆਂ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ ਵੱਲੋਂ ਪੰਜਾਬ ਸਿਵਲ ਸਕੱਤਰੇਤ - 1, ਚੰਡੀਗੜ੍ਹ ਵਿਖੇ 'ਛਬੀਲ ਅਤੇ ਛੋਲਿਆਂ ਅਤੇ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ।ਇਸ ਨੇਕ ਕਾਰਜ ਰਾਹੀਂ ਸੰਗਤ ਦੀ ਸੇਵਾ ਕਰਦਿਆਂ, ਵਿਭਾਗ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਲਗਪਗ ਪੰਜ ਘੰਟਿਆਂ ਤੱਕ ਪੂਰੀ ਸ਼ਰਧਾ ਨਾਲ ਲੋਕਾਂ ਨੂੰ ਠੰਡਾ ਮਿੱਠਾ ਜਲ ਅਤੇ ਕੜਾਹ -ਛੋਲਿਆਂ ਦਾ ਪ੍ਰਸ਼ਾਦ ਵਰਤਾਇਆ।ਲੋਕ ਭਲਾਈ ਦੇ ਇਸ ਕਾਰਜ ਵਿੱਚ ਵਿਭਾਗ ਦੀ ਅਗਵਾਈ ਵਿਸ਼ੇਸ਼ ਸਕੱਤਰ ਕਮ ਡਾਇਰੈਕਟਰ ਸ੍ਰੀ ਪੁਨੀਤ ਗੋਇਲ ਅਤੇ ਡਿਪਟੀ ਸਕੱਤਰ ਸ੍ਰੀ ਦੀਪਾਂਕਰ ਗਰਗ ਨੇ ਕੀਤੀ।ਇਸ ਮੌਕੇ ਵਿਭਾਗ ਦੇ ਵਧੀਕ ਡਾਇਰੈਕਟਰ ਰਣਦੀਪ ਸਿੰਘ ਆਹਲੂਵਾਲੀਆ, ਜੁਆਇੰਟ ਡਾਇਰੈਕਟਰ ਇਸ਼ਵਿੰਦਰ ਸਿੰਘ ਗਰੇਵਾਲ, ਪ੍ਰੀਤ ਕੰਵਲ ਸਿੰਘ ਅਤੇ ਮਨਵਿੰਦਰ ਸਿੰਘ, ਡਿਪਟੀ ਡਾਇਰੈਕਟਰ ਨਵਦੀਪ ਸਿੰਘ ਗਿੱਲ ਅਤੇ ਸ਼ੇਰਜੰਗ ਸਿੰਘ ਹੁੰਦਲ ਸਮੇਤ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਵੀ ਸ਼ਰਧਾ ਭਾਵਨਾ ਨਾਲ ਸੰਗਤ ਦੀ ਸੇਵਾ ਕੀਤੀ।ਇਸ ਨੇਕ ਕਾਰਜ ਵਿੱਚ ਵੱਡੀ ਗਿਣਤੀ 'ਚ ਮੀਡੀਆ ਕਰਮੀਆਂ ਨੇ ਵੀ ਹਾਜ਼ਰੀ ਭਰੀ। ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੀ ਲੰਗਰ ਸੇਵਾ ਦੌਰਾਨ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਸ਼ਬਦ ਕੀਰਤਨ ਰਾਹੀਂ ਵੀ ਸੰਗਤਾਂ ਨਿਹਾਲ ਹੋਈਆਂ।



# ਜ਼ਿਲ੍ਹਾ ਚੋਣ ਅ.ਫ਼ਸਰ ਵੱਲੋਂ ਚੋਣਕਾਰ ਰਜਿਸਟ੍ਰੇਸ਼ਨ ਅ.ਫ਼ਸਰਾਂ ਨਾਲ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਵੋਟਰ ਸੂਚੀਆਂ ਦੀ ਸਪੈਸ਼ਲ ਇਨਟੈਨਸਿਵ ਰੀਵੀਜ਼ਨ—2026 (ਐੱਸ ਆਈ ਆਰ) ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਵਲੋਂ 25 ਜੂਨ, 2026 ਨੂੰ ਸ਼ੁਰੂ ਹੋਣ ਵਾਲੀ ਸਪੈਸ਼ਲ ਇਨਟੈਨਸਿਵ ਰੀਵੀਜ਼ਨ ਦੀਆ ਤਿਆਰੀਆ ਸੰਬੰਧੀ ਜਾਇਜਾ ਲਿਆ ਗਿਆ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾ ਵੱਲੋਂ ਐੱਸ ਆਈ ਆਰ ਸੰਬੰਧੀ ਹੁਣ ਤੱਕ ਦੀਆਂ ਕੀਤੀ ਗਈਆ ਤਿਆਰੀਆਂ, ਟ੍ਰੇਨਿੰਗ , ਚੋਣ ਸਮੱਗਰੀ ਦੀ ਉਪਲੱਬਧਾ ਆਦਿ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਰਾਜਨੀਤਿਕ ਪਾਰਟੀਆਂ ਵੱਲੋਂ ਬੂਥ ਲੈਵਲ ਏਜੰਟ (ਬੀ ਐੱਲ ਏ) ਦੀ ਬੂਥ ਵਾਈਜ਼ ਨਿਯੁਕਤੀ ਦੀ ਤਾਜਾ ਸਥਿਤੀ ਦੀ ਜਾਣਕਾਰੀ ਲਈ ਗਈ ਅਤੇ ਜਿਨ੍ਹਾਂ ਰਾਜਨੀਤਿਕ ਪਾਰਟੀਆ ਵੱਲੋਂ ਅਜੇ ਤੱਕ ਬੀ ਐੱਲ ਏ ਦੀ ਨਿਯੁਕਤੀ ਨਹੀ ਕੀਤੀ ਗਈ ਉਨ੍ਹਾਂ ਨੂੰ ਟੇਲੀਫੋਨੀਕਲੀ ਸੰਪਰਕ ਵੀ ਕੀਤਾ ਗਿਆ ਅਤੇ ਜਲਦੀ ਤੋਂ ਪੋਲਿੰਗ ਬੂਥ ਵਾਈਜ ਬੀ ਐੱਲ ਏ ਨਿਯੁਕਤ ਕਰਨ ਲਈ ਬੇਨਤੀ ਕੀਤੀ ਗਈ, ਤਾਂ ਜੋ ਜਿਹੜੇ ਵੋਟਰ ਦੀ ਮੌਜੂਦਾ ਵੋਟ ਦੀ ਮੈਪਿੰਗ ਵੋਟਰ ਸੂਚੀ 2003 ਨਾਲ ਨਹੀ ਹੋ ਸਕੀ ਨੂੰ ਮੈਪ ਕੀਤਾ ਜਾ ਸਕੇ। ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਆਦੇਸ਼ ਜਾਰੀ ਕਰਦੇ ਹੋਏ ਕਿਹਾ ਗਿਆ ਕਿ ਕਿਸੇ ਵੀ ਵੋਟਰ ਦੀ ਨਜਾਇਜ ਵੋਟ ਨਾ ਕੱਟੀ ਜਾਵੇ ਤੇ ਜਿਹੜੇ ਵੋਟਰ ਮੌਜੂਦ ਨਹੀ ਹਨ, ਦੀ ਵੋਟ ਵੋਟਰ ਸੂਚੀ ਵਿੱਚ ਕੱਟ ਦਿੱਤੀ ਜਾਵੇ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਸੰਜੀਵ ਸ਼ਰਮਾ, ਈ ਆਰ ਓ—ਕਮ—ਉਪ ਮੰਡਲ ਮੈਜਿਸਟ੍ਰੇਟ, ਬਲਾਚੌਰ ਸੁਨੀਲ, ਈ ਆਰ ਓ-ਕਮ-ਉਪ ਮੰਡਲ ਮੈਜਿਸਟ੍ਰੇਟ, ਨਵਾਂਸ਼ਹਿਰ ਅਨਮਜੋਤ ਕੌਰ, ਈ ਆਰ ਓ-ਕਮ—ਉਪ ਮੰਡਲ ਮੈਜਿਸਟ੍ਰੇਟ, ਬੰਗਾ ਵਿਪਲ ਭੰਡਾਰੀ, ਏ ਈ ਆਰ. ਓ- 1-ਕਮ-ਤਹਿਸੀਲਦਾਰ ਨਵਾਂਸ਼ਹਿਰ ਗੁਰਮੁੱਖ ਸਿੰਘ, ਏ ਈ ਆਰ ਓ-2- ਕਮ-ਨਾਇਬ ਤਹਿਸੀਲਦਾਰ ਨਵਾਂਸ਼ਹਿਰ, ਜਸਕਰਨ ਸਿੰਘ ਬਰਾੜ, ਏ.ਈ. ਆਰ. ਓ-1-ਕਮ-ਕਾਰਜ ਸਾਧਕ ਅਫ਼ਸਰ, ਬੰਗਾ ਰਾਜੀਵ ਸਰੀਨ, ਤੋਂ ਇਲਾਵਾ ਚੋਣ ਤਹਿਸੀਲਦਾਰ ਅਮਨਦੀਪ ਸਿੰਘ ਹਾਜ਼ਰ ਸਨ।



## ਲਵਿਤ ਪ੍ਰਾਸ਼ਰ ਯੂਥ ਵਿੰਗ ਦੇ ਉਪ ਪ੍ਰਧਾਨ ਨਿਯੁਕਤ



**ਫਿਲੌਰ (ਨਿਰਮਲ)**- ਸ਼ਿਵ ਸੈਨਾ ਅਖੰਡ ਭਾਰਤ ਦੀ ਇੱਕ ਵਿਸ਼ੇਸ਼ ਮੀਟਿੰਗ ਬਿਲਗਾ ਵਿੱਚ ਰਾਸ਼ਟਰੀ ਪ੍ਰਧਾਨ ਅਜੈ ਮਹਿਤਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਲਵਿਤ ਪ੍ਰਾਸ਼ਰ ਨੂੰ ਪੰਜਾਬ ਦੇ ਯੂਥ ਵਿੰਗ ਦਾ ਉਪ ਪ੍ਰਧਾਨ, ਸੌਰਵ ਜੋਸ਼ੀ ਨੂੰ ਜ਼ਿਲ੍ਹਾ ਜਲੰਧਰ ਯੂਥ ਵਿੰਗ ਦਾ ਪ੍ਰਧਾਨ ਅਤੇ ਧੀਰਜ ਮਹਿਮੀ ਨੂੰ ਜ਼ਿਲ੍ਹਾ ਜਲੰਧਰ ਯੂਥ ਵਿੰਗ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ। ਤਿੰਨਾਂ ਆਗੂਆਂ ਨੇ ਰਾਸ਼ਟਰੀ ਪ੍ਰਧਾਨ ਅਜੈ ਮਹਿਤਾ ਦਾ ਉਨ੍ਹਾਂ ਦੀ ਨਿਯੁਕਤੀ ਲਈ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਨੂੰ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਰਾਸ਼ਟਰੀ ਉਪ ਪ੍ਰਧਾਨ ਹਰਜਿੰਦਰ ਬਿੱਲਾ ਅਤੇ ਪੰਜਾਬ ਇੰਚਾਰਜ ਸਤਪਾਲ ਰਾਲ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਨੂੰ ਆਪਣੀਆਂ ਟੀਮਾਂ ਬਣਾਉਣ ਅਤੇ 15 ਦਿਨਾਂ ਦੇ ਅੰਦਰ ਰਿਪੋਰਟ ਪੇਸ਼ ਕਰਨ ਦੀ ਅਪੀਲ ਕੀਤੀ।

## ਪਿੰਡਾਂ 'ਚ ਅਕਾਲੀ ਦਲ ਦੀਆਂ ਮੀਟਿੰਗਾਂ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ

**ਮੋਹਾਲੀ (ਗੁਰਜੀਤ ਬਿੱਲਾ)**- ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਮੋਹਾਲੀ ਦੇ ਵੱਖ-ਵੱਖ ਪਿੰਡਾਂ ਵਿੱਚ ਚੋਣ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਲੜੀ ਤਹਿਤ ਬੀਤੇ ਦਿਨ ਪਿੰਡ ਮੋਟੇ ਮਾਜਰੇ ਅਤੇ ਤੰਗੋਰੀ ਵਿਖੇ ਵਿਸ਼ੇਸ਼ ਮੀਟਿੰਗਾਂ ਕੀਤੀਆਂ ਗਈਆਂ। ਇਹ ਮੀਟਿੰਗਾਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਅਤੇ ਹਲਕਾ ਇੰਚਾਰਜ ਸਰਦਾਰ ਪਰਵਿੰਦਰ ਸਿੰਘ ਸੋਹਾਣਾ ਦੀ ਅਗਵਾਈ ਹੇਠ ਹੋਈਆਂ, ਜਿਸ ਵਿੱਚ ਪਾਰਟੀ ਦੀ ਪਹਿਲੀ ਕਤਾਰ ਦੇ ਸੀਨੀਅਰ ਆਗੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਨ੍ਹਾਂ ਮੀਟਿੰਗਾਂ ਵਿੱਚ ਇਲਾਕੇ ਦੇ ਲੋਕਾਂ ਨੇ ਭਾਰੀ ਗਿਣਤੀ ਵਿੱਚ ਪਹੁੰਚ ਕੇ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਆਪਣਾ ਫਤਵਾ ਦਿੱਤਾ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸ. ਪਰਵਿੰਦਰ ਸਿੰਘ ਸੋਹਾਣਾ ਨੇ ਦਾਅਵਾ ਕੀਤਾ ਕਿ ਅਗਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਹੂੰਝਾ ਫੇਰ ਜਿੱਤ ਹੋਵੇਗੀ। ਮੀਟਿੰਗ ਦੌਰਾਨ ਪਿੰਡ ਵਾਸੀਆਂ ਨੇ ਪਾਰਟੀ ਆਗੂਆਂ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਹਰਵਿੰਦਰ ਸਿੰਘ ਐਮ ਸੀ, ਹਰਪਾਲ ਸਿੰਘ ਬਠਲਾਣਾ, ਕਰਮਜੀਤ ਸਿੰਘ ਨੰਬਰਦਾਰ ਮੋਲੀਬੈਦਵਾਣ, ਬਲਜੀਤ ਸਿੰਘ ਦੈੜੀ, ਬਲਵਿੰਦਰ ਸਿੰਘ ਮੋਟੇਮਾਜਰਾ, ਜਸਪ੍ਰੀਤ ਸਿੰਘ ਸੋਨੀ ਬੜੀ, ਅਮਨ ਪੂਨੀਆਂ, ਗੁਰਪ੍ਰੀਤ ਸਿੰਘ ਤੰਗੋਰੀ, ਬਲਦੇਵ ਸਿੰਘ ਸਮੇਤ ਭਾਰੀ ਗਿਣਤੀ 'ਚ ਨਗਰ ਨਿਵਾਸੀ ਮੌਜੂਦ ਸਨ।



## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਪਿੰਡ ਟਪਰੀਆਂ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਲਈ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਜੈਕਾਰਿਆਂ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਰਵਾਨਾ ਕੀਤਾ ਗਿਆ। ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕ, ਸ਼ਰਧਾਲੂ ਅਤੇ ਪਿੰਡ ਵਾਸੀ ਹਾਜ਼ਰ ਰਹੇ।



ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ ਅਤੇ ਸੰਗਤਾਂ ਨੇ ਗੁਰੂ ਘਰ ਦੇ ਜੈਕਾਰਿਆਂ ਨਾਲ ਮਾਹੌਲ ਨੂੰ ਭਗਤੀਮਈ ਰੰਗ ਵਿੱਚ ਰੰਗ ਦਿੱਤਾ। ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿਤਾ ਸੋਹਣ ਸਿੰਘ ਬੈਂਸ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਦੇ ਨਾਲ ਸਰਪੰਚ ਨੀਲਮ ਕੁਮਾਰੀ, ਮੀਡੀਆ ਕੋਆਰਡੀਨੇਟਰ ਦੀਪਕ ਸੋਨੀ, ਰਾਹੁਲ ਸੋਨੀ, ਮਨੂ ਕੁਮਾਰ, ਲਾਲਾ ਸੁਨੀਲ ਸੋਨੀ, ਵਿਜੇ ਕੁਮਾਰ ਸੋਨੀ ਅਤੇ ਬੀਐਲਓ ਮਨਦੀਪ ਸਿੰਘ ਵੀ ਮੌਜੂਦ ਸਨ। ਇਹ ਯਾਤਰਾ ਹਲਕਾ ਕੋਆਰਡੀਨੇਟਰ ਸ਼ਾਮ ਲਾਲ ਦੀ ਦੇਖ-ਰੇਖ ਹੇਠ ਸੁਚੱਜੇ ਢੰਗ ਨਾਲ ਰਵਾਨਾ ਕੀਤੀ ਗਈ।ਬੱਸ ਰਵਾਨਗੀ ਮੌਕੇ ਮਾਹੌਲ ਪੂਰੀ ਤਰ੍ਹਾਂ ਭਗਤੀਮਈ ਬਣਿਆ ਹੋਇਆ ਸੀ।

## ਖਾਲਸਾ ਏਡ ਦੇ ਯਤਨਾਂ ਨਾਲ ਲਿਬਨਾਨ 'ਚ ਫਸੇ 5 ਪੰਜਾਬੀ ਨੌਜਵਾਨਾਂ ਦੀ ਸੁਰੱਖਿਅਤ ਵਤਨ ਵਾਪਸੀ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਦੁਨੀਆ ਭਰ ਵਿੱਚ ਮਨੁੱਖਤਾ ਦੀ ਨਿਸ਼ਕਾਮ ਸੇਵਾ ਲਈ ਜਾਣੀ ਜਾਂਦੀ ਸੰਸਥਾ ਖਾਲਸਾ ਏਡ ਦੇ ਲਗਾਤਾਰ ਯਤਨਾਂ ਸਦਕਾ ਲਿਬਨਾਨ ਵਿੱਚ ਫਸੇ ਪੰਜਾਬ ਦੇ ਪੰਜ ਨੌਜਵਾਨ ਸੁਰੱਖਿਅਤ ਤੌਰ 'ਤੇ ਆਪਣੇ ਵਤਨ ਭਾਰਤ ਪਰਤ ਆਏ ਹਨ। ਇਹ ਨੌਜਵਾਨ ਅਮਰੀਕਾ-ਈਰਾਨ ਤਣਾਅ ਦੇ ਮੱਦੇਨਜ਼ਰ ਲਿਬਨਾਨ ਵਿੱਚ ਬਣੇ ਅਣਸੁਖਾਵੇਂ ਅਤੇ ਅਸਥਿਰ ਹਾਲਾਤਾਂ ਕਾਰਨ ਉੱਥੇ ਫਸੇ ਹੋਏ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਖਾਲਸਾ ਏਡ (ਭਾਰਤ) ਦੇ ਟਰੱਸਟੀ ਜਸਪ੍ਰੀਤ ਸਿੰਘ ਦਾਹੀਆ ਨੇ ਪ੍ਰੈੱਸ ਕਲੱਬ ਜਲੰਧਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਖੇਤਰ ਵਿੱਚ ਵਧੇ ਤਣਾਅ ਕਾਰਨ ਕਈ ਵਿਦੇਸ਼ੀ ਨਾਗਰਿਕਾਂ ਵਾਂਗ ਪੰਜਾਬ ਦੇ ਇਹ ਨੌਜਵਾਨ ਵੀ ਮੁਸ਼ਕਲ ਹਾਲਾਤਾਂ ਦਾ ਸਾਹਮਣਾ ਕਰ ਰਹੇ ਸਨ ਅਤੇ ਲੰਬੇ ਸਮੇਂ ਤੋਂ ਆਪਣੇ ਘਰ ਪਰਤਣ ਦੀ ਉਡੀਕ ਕਰ ਰਹੇ ਸਨ।ਉਨ੍ਹਾਂ ਦੱਸਿਆ ਕਿ ਖਾਲਸਾ ਏਡ ਦੇ ਮੁਖੀ ਸਰਦਾਰ ਰਵੀ ਸਿੰਘ ਲਿਬਨਾਨ ਵਿੱਚ ਚੱਲ ਰਹੇ ਮਨੁੱਖਤਾ ਸੇਵਾ ਅਤੇ ਰਾਹਤ ਕਾਰਜਾਂ ਦੌਰਾਨ ਬੇਰੂਤ ਸਥਿਤ ਗੁਰਦੁਆਰਾ ਸਾਹਿਬ ਵਿਖੇ ਇਨ੍ਹਾਂ ਨੌਜਵਾਨਾਂ ਨੂੰ ਮਿਲੇ। ਗੱਲਬਾਤ ਦੌਰਾਨ ਨੌਜਵਾਨਾਂ ਨੇ ਆਪਣੇ ਵਤਨ ਵਾਪਸੀ ਸੰਬੰਧੀ ਦਰਪੇਸ਼ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ, ਜਿਸ ਤੋਂ ਬਾਅਦ ਖਾਲਸਾ ਏਡ ਨੇ ਤੁਰੰਤ ਇਸ ਮਾਮਲੇ ਨੂੰ ਤਰਜੀਹ ਦੇ ਆਧਾਰ 'ਤੇ ਉਠਾਇਆ। ਜਸਪ੍ਰੀਤ ਸਿੰਘ ਦਾਹੀਆ ਨੇ ਦੱਸਿਆ ਕਿ ਰਵੀ ਸਿੰਘ ਤੋਂ ਜਾਣਕਾਰੀ ਮਿਲਣ ਉਪਰੰਤ ਉਨ੍ਹਾਂ ਨੇ ਤੁਰੰਤ ਭਾਰਤ ਸਰਕਾਰ ਦੇ ਸਾਬਕਾ ਵਿਦੇਸ਼ ਸਚਿਵ ਅਤੇ ਮੌਜੂਦਾ ਰਾਜਪਾਲ ਤਰਨਜੀਤ ਸਿੰਘ ਸੰਧੂ ਨਾਲ ਸੰਪਰਕ ਕੀਤਾ। ਉਨ੍ਹਾਂ ਦੇ ਸਹਿਯੋਗ ਨਾਲ ਭਾਰਤ ਸਰਕਾਰ ਅਤੇ ਬੇਰੂਤ ਸਥਿਤ ਭਾਰਤੀ ਦੂਤਾਵਾਸ ਨਾਲ ਲੋੜੀਂਦਾ ਤਾਲਮੇਲ ਸਥਾਪਿਤ ਕੀਤਾ ਗਿਆ। ਸਾਰੀਆਂ ਜ਼ਰੂਰੀ ਪ੍ਰਕਿਰਿਆਵਾਂ ਪੂਰੀਆਂ ਹੋਣ ਤੋਂ ਬਾਅਦ ਖਾਲਸਾ ਏਡ, ਭਾਰਤੀ ਦੂਤਾਵਾਸ ਅਤੇ ਤਰਨਜੀਤ ਸਿੰਘ ਸੰਧੂ ਦੇ ਸਹਿਯੋਗ ਨਾਲ ਇਨ੍ਹਾਂ ਪੰਜਾਂ ਨੌਜਵਾਨਾਂ ਦੀ ਸੁਰੱਖਿਅਤ ਵਤਨ ਵਾਪਸੀ ਸੰਭਵ ਹੋ ਸਕੀ।ਵਤਨ ਪਰਤਣ ਉਪਰੰਤ ਨੌਜਵਾਨਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੇ ਖਾਲਸਾ ਏਡ, ਰਵੀ ਸਿੰਘ, ਜਸਪ੍ਰੀਤ ਸਿੰਘ ਦਾਹੀਆ, ਬੇਰੂਤ ਸਥਿਤ ਭਾਰਤੀ ਦੂਤਾਵਾਸ ਤੇ ਤਰਨਜੀਤ ਸਿੰਘ ਸੰਧੂ ਦਾ ਦਿਲੋਂ ਧੰਨਵਾਦ ਕੀਤਾ। ਵਤਨ ਵਾਪਸ ਪਰਤੇ ਨੌਜਵਾਨਾਂ ਵਿੱਚ ਕਰਮ ਸਿੰਘ (ਪਟਿਆਲਾ), ਦਲਬੀਰ ਸਿੰਘ (ਜਲੰਧਰ), ਹਰਜਿੰਦਰ ਕੁਮਾਰ (ਜਲੰਧਰ), ਸਮਪ੍ਰੀਤ ਸਿੰਘ (ਪਟਿਆਲਾ) ਅਤੇ ਵਚਿੱਤਰ ਸਿੰਘ (ਹੁਸ਼ਿਆਰਪੁਰ) ਸ਼ਾਮਲ ਹਨ।




## ਕਾਰ ਸਵਾਰ ਬਦਮਾਸ਼ਾਂ ਵੱਲੋਂ ਫਾਇਰਿੰਗ, ਨੌਜਵਾਨ ਦੇ ਪੇਟ 'ਚ ਲੱਗੀ ਗੋਲੀ, ਹਾਲਤ ਨਾਜ਼ੁਕ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਵਿੱਚ ਗੋਲੀਬਾਰੀ ਦੀਆਂ ਘਟਨਾਵਾਂ ਲਗਾਤਾਰ ਜਾਰੀ ਹਨ। ਗੋਲੀਬਾਰੀ ਦੀਆਂ ਘਟਨਾਵਾਂ ਰੋਜ਼ਾਨਾ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਸਵੇਰੇ ਤੜਕੇ ਗੋਲੀਬਾਰੀ ਦੀ ਘਟਨਾ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਗੋਲੀਬਾਰੀ ਸਵੇਰੇ 6 ਵਜੇ ਬਾਬੂ ਲਾਭ ਸਿੰਘ ਨਗਰ ਵਿਚ ਹੋਈ।ਪ੍ਰਾਪਤ ਜਾਣਕਾਰੀ ਅਨੁਸਾਰ , ਜਲੰਧਰ ਦੇ ਬਾਬੂ ਲਾਭ ਸਿੰਘ ਨਗਰ ਵਿੱਚ ਗੋਲੀਬਾਰੀ ਵਿੱਚ ਇੱਕ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ। ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ ਅਤੇ ਉਸ ਦਾ ਇਲਾਜ ਚੱਲ ਰਿਹਾ ਹੈ।ਦੱਸਿਆ ਜਾ ਰਿਹਾ ਹੈ ਕਿ ਨਿਹੰਗ ਪਹਿਰਾਵੇ ਵਿੱਚ ਆਪਣੇ ਸਾਥੀਆਂ ਨਾਲ ਮਿਲ ਕੇ ਰਾਹੁਲ ਨਾਮ ਦੇ ਇੱਕ ਨੌਜਵਾਨ 'ਤੇ ਗੋਲੀ ਚਲਾ ਦਿੱਤੀ। ਗੋਲੀਬਾਰੀ ਦੌਰਾਨ ਰਾਹੁਲ ਦੇ ਪੇਟ ਵਿੱਚ ਗੋਲੀ ਲੱਗੀ। ਅਤੇ ਉਸ ਨੂੰ ਇਲਾਜ ਲਈ ਇਕ ਨਿੱਜੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ, ਇਹ ਘਟਨਾ ਮਕਸੂਦਾਂ ਮੰਡੀ ਵਿੱਚ ਇੱਕ ਨੌਜਵਾਨ ਦੇ ਕਤਲ ਨੂੰ ਲੈ ਕੇ ਪੁਰਾਣੀ ਰੰਜਿਸ਼ ਨਾਲ ਸਬੰਧਤ ਮੰਨੀ ਜਾ ਰਹੀ ਹੈ ।ਜੁਰਮ ਕਰਨ ਤੋਂ ਬਾਅਦ ਕਥਿਤ ਦੋਸ਼ੀ ਮੌਕੇ ਤੋਂ ਭੱਜ ਗਏ। ਘਟਨਾ ਦੀ ਜਾਣਕਾਰੀ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ। ਪੁਲਿਸ ਨੇੜਲੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਦੀ ਸਮੀਖਿਆ ਕਰ ਰਹੀ ਹੈ ਅਤੇ ਦੋਸ਼ੀ ਨੂੰ ਲੱਭਣ ਲਈ ਛਾਪੇਮਾਰੀ ਕਰ ਰਹੀ ਹੈ। ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਸ਼ਹੀਦੀ ਦਿਹਾੜੇ 'ਤੇ ਛਬੀਲ ਲਗਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਅਕਾਲੀ ਬਾਬਾ ਫੂਲਾ ਸਿੰਘ ਤੇ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੇ ਜੱਦੀ ਪਿੰਡ ਅਜਨੋਹਾ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ । ਇਸ ਮੌਕੇ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜੁਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਦਿਹਾੜਾ ਤੇ ਪਿੰਡ ਅਜਨੋਹਾ ਦੇ ਪਹਿਲੇ ਮੇਨ ਪੁਲ ਮਾਈਓਪੱਟੀ ਵਾਲੇ ਪੁਲ ਤੇ ਸਮੂਹ ਪਿੰਡ ਅਜਨੋਹਾ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਹਾਜ਼ਰ ਸੰਗਤਾਂ ਕੁਲਵਿੰਦਰ ਸਿੰਘ ਗਿਆਨੀ, ਸਾਗਰ, ਰਣਯੋਧ ਸਿੰਘ ਘੋਦੂ, ਪੰਚ ਸਤਨਾਮ ਸਿੰਘ, ਵਰਿੰਦਰ ਸਿੰਘ, ਤਲਵਿੰਦਰ ਸਿੰਘ, ਮਨਮੋਹਨ ਕਿਸ਼ਨ ਕੁਮਾਰ ਕਾਲਾ, ਜੋਤੀ, ਅਮਨਜੋਤ , ਇੰਦਰਜੀਤ, ਜਸ਼ਨ , ਚਾਹਤ, ਵਿੱਕੀ, ਜੋਬਨ, ਸਨੀ, ਕੰਨੂੰ, ਬਿੱਲਾ, ਗੋਲੂ, ਮੋਹਿਤ, ਬਲਜੀਤ, ਮਾਪੂ, ਪੀਕੇ, ਮੋਹਨਪਾਲ ਸਿੰਘ, ਕਾਲਾ ਅਤੇ ਹੈਪੀ ਆਦਿ ਹਾਜ਼ਰ ਸਨ।



## ਸੰਤ ਬਾਬਾ ਭਾਗ ਸਿੰਘ 'ਵਰਸਿਟੀ ਵੱਲੋਂ 'ਇੱਕ ਪੇੜ ਮਾਂ ਦੇ ਨਾਂਅ' ਮੁਹਿੰਮ ਕਰਵਾਈ

**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਅਤੇ ਹਰਦਮਨ ਸਿੰਘ ਮਿਨਹਾਸ ਜੀ (ਸਕੱਤਰ), ਉਪ-ਕੁਲਪਤੀ ਡਾ. ਵਿਜੈ ਧੀਰ ਦੀ ਅਗਵਾਈ ਵਿਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵੱਲੋਂ ਵਾਤਾਵਰਣ ਦੀ ਸੰਭਾਲ ਅਤੇ ਟਿਕਾਊ ਵਿਕਾਸ ਪ੍ਰਤੀ ਆਪਣੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਭਾਰਤ ਸਰਕਾਰ ਦੇ ਵਾਤਾਵਰਨ, ਵਣ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੇ ਪ੍ਰੋਗਰਾਮ ਤਹਿਤ 'ਇੱਕ ਪੇੜ ਮਾਂ ਦੇ ਨਾਮ'ਰੁੱਖ ਲਗਾਓ ਮੁਹਿੰਮ ਦਾ ਸਫ਼ਲ ਆਯੋਜਨ ਕੀਤਾ ਗਿਆ।ਡਾ. ਕੁਲਬੀਰ ਸਿੰਘ (ਡੀਨ, ਐੱਫ ਓ ਏ) ਤੇ ਡਾ. ਗੁਰਪ੍ਰੀਤ ਕੌਰ ਨੇ ਸਮਾਗਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ,ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਬਹੁਤ ਹੀ ਸ਼ਾਨਦਾਰ ਤਰੀਕੇ ਨਾਲ ਸੰਭਾਲਿਆ।ਇਸ ਮੁਹਿੰਮ ਦੀ ਖ਼ਾਸੀਅਤ ਇਹ ਰਹੀ ਕਿ ਭਾਗੀਦਾਰਾਂ ਨੂੰ ਆਪਣੀ ਮਾਂ ਦੇ ਨਾਂਅ 'ਤੇ ਇੱਕ ਪੌਦਾ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ, ਜੋ ਕਿ ਕੁਦਰਤ ਪ੍ਰਤੀ ਸ਼ੁਕਰਗੁਜ਼ਾਰੀ, ਮਮਤਾ ਅਤੇ ਦੇਖਭਾਲ ਦੀ ਜ਼ਿੰਮੇਵਾਰੀ ਦਾ ਪ੍ਰਤੀਕ ਹੈ। ਯੂਨੀਵਰਸਿਟੀ ਦੇ ਫੈਕਲਟੀ ਮੈਂਬਰਾਂ ਡਾ. ਕਨਿਕਾ ਪਾਂਡੇ, ਡਾ. ਅਜੀਤਪਾਲ ਸਿੰਘ, ਡਾ. ਵਿਜੇ ਸਿੰਘ, ਅਤੇ ਡਾ. ਗੌਬਿਨ ਨੇ ਅੰਡਰਗ੍ਰੈਜੂਏਟ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨਾਲ ਮਿਲ ਕੇ ਕੈਂਪਸ ਦੇ ਵੱਖ-ਵੱਖ ਹਿੱਸਿਆਂ ਵਿੱਚ ਉਤਸ਼ਾਹ ਨਾਲ ਕਈ ਕਿਸਮਾਂ ਦੇ ਸੁੰਦਰ ਅਤੇ ਲਾਭਦਾਇਕ ਪੌਦੇ ਲਗਾਏ।


ਜਨਮ ਦਿਨ ਮੁਬਾਰਕ



ਸਮਾਇਰਾ, ਬਟਾਲਾ

ਵਰ੍ਹੇਗੰਢ ਮੁਬਾਰਕ



ਸੰਜੀਵ ਯੋਗੀ ਅਤੇ ਮਧੂ ਸ਼ਰਮਾ ਵਾਸੀ ਸਮਾਣਾ ਨੇ ਵਿਆਹ ਦੀ 31ਵੀਂ ਵਰ੍ਹੇਗੰਢ ਮਨਾਈ।


# ਅੱਖਾਂ ਦਾ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਲਾਇਨਜ਼ ਕਲੱਬ ਆਦਮਪੁਰ ਤੇ ਲਾਇਨਜ਼ ਆਈ ਹਸਪਤਾਲ ਸੋਸਾਇਟੀ ਆਦਮਪੁਰ ਅਤੇ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਰਜਿ.ਅਜਨੋਹਾ ਵਲੋਂ ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ ਡਿਸਪੈਂਸਰੀ ਯੂਨਿਟ-ਬੀ ਦੇ ਵਿੱਚ ਸਕਿਉਰਿਟੀ ਗੇਟ ਦੇ ਨੇੜੇ ਲਗਾਇਆ ਗਿਆ । ਲਾਇਨਜ਼ ਆਈ ਹਸਪਤਾਲ ਆਦਮਪੁਰ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 400 ਮਰੀਜ਼ਾਂ ਦਾ ਚੈੱਕਅੱਪ ਕਰਕੇ ਦਵਾਈਆਂ ਅਤੇ ਐਨਕਾ ਫ੍ਰੀ ਵਿੱਚ ਦਿੱਤੀਆਂ ਗਈਆਂ। ਇਸ ਮੌਕੇ ਰਣਬੀਰ ਸਿੰਘ,ਕੁਲਵਿਨ ਸਿੰਘ ਸ਼ੀਰਾ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਐੱਚ ਆਰ ਸੁਨੀਤਾ ਸ਼ਰਮਾ, ਕਲੱਬ ਚੇਅਰਮੈਨ ਦਸਵਿੰਦਰ ਕੁਮਾਰ, ਓਂਕਾਰ ਸਿੰਘ ਖਾਲਸਾ ਨਰੂੜ, ਏ ਐੱਸ ਓ ਅਮਰੀਕ ਸਿੰਘ, ਆਈ ਡੋਨੇਟ ਚੇਅਰਮੈਨ ਹਰਵਿੰਦਰ ਸਿੰਘ ਪਰਹਾਰ ਕਾਲਰਾ ਅਤੇ ਵਾਈਸ ਕਲੱਬ ਚੇਅਰਮੈਨ ਅਮਰਜੀਤ ਸਿੰਘ ਆਦਿ ਹਾਜ਼ਰ ਸਨ।



# ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਧੰਨ ਧੰਨ ਬਾਬਾ ਜਵਾਹਰ ਸਿੰਘ ਝੰਡਾ ਪਿੰਡ ਸਰਹਾਲ ਕਾਜ਼ੀਆਂ ਵਿਖੇ ਸਾਲਾਨਾ ਜੋੜ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਕੀਰਤਨੀ ਜਥਿਆਂ ਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸ਼ਾਮ ਨੂੰ ਵੱਖਰੇ ਤੌਰ ਤੇ ਸਟੇਜ ਸਜਾਈ ਗਈ ਜਿਸ ਵਿੱਚ ਦੋਗਾਣਾ ਜੋੜੀ ਲਾਭ ਰਾਜਸਥਾਨੀ ਅਤੇ ਕਮਲ ਸ਼ੇਰਗਿੱਲ ਨੇ ਧਾਰਮਿਕ ਅਤੇ ਸੱਭਿਆਚਾਰ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਮੇਲੇ 'ਚ ਇਸ ਪਿੰਡ ਦੇ ਹੀ ਜੰਮਪਲ ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ ਬੰਗਾ, ਉਪ ਚੇਅਰਮੈਨ ਵਾਟਰ ਰਿਸੋਰਸ ਮੈਨੇਜਮੈਂਟ ਅਤੇ ਡਿਵੈਲਪਮੈਂਟ ਕਾਰਪੋਰੇਸ਼ਨ ਪੰਜਾਬ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੇਲੇ ਕਰਵਾਉਣ ਨਾਲ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ ਅਤੇ ਆਪਸੀ ਪਿਆਰ ਅਤੇ ਸਦਭਾਵਨਾ ਵਧਦੀ ਹੈ। ਪ੍ਰਬੰਧਕਾਂ ਵੱਲੋਂ ਕੁਲਜੀਤ ਸਿੰਘ ਸਰਹਾਲ, ਬਲਵੀਰ ਸਿੰਘ ਕਰਨਾਣਾ ਚੇਅਰਮੈਨ ਮਾਰਕੀਟ ਬੰਗਾ, ਕਲਾਕਾਰਾਂ ਅਤੇ ਦਾਨੀ ਸੱਜਣਾਂ ਦਾ ਸਨਮਾਨ ਕੀਤਾ ਗਿਆ।



ਕਮੇਟੀ ਪ੍ਰਧਾਨ ਜਸਵਿੰਦਰ ਸਿੰਘ ਅਤੇ ਉਪ ਪ੍ਰਧਾਨ ਰਣਜੀਤ ਸਿੰਘ ਪੰਚ ਨੇ ਮੁੱਖ ਮਹਿਮਾਨਾਂ ਅਤੇ ਅਤੇ ਸਮੂਹ ਸੰਗਤਾਂ, ਦਾਨੀ ਸੱਜਣਾਂ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਪ੍ਰਤਾਪ ਚੌਹਾਨ ਨੇ ਬਾਖੂਬੀ ਨਿਭਾਈ। ਇਸ ਮੌਕੇ ਪ੍ਰਧਾਨ ਜਸਵਿੰਦਰ ਸਿੰਘ ਨੰਬਰਦਾਰ, ਉਪ ਪ੍ਰਧਾਨ ਰਣਜੀਤ ਸਿੰਘ ਪੰਚ, ਗੁਰਮੇਲ ਸਿੰਘ ਖਜਾਨਚੀ, ਸਰਪੰਚ ਬਲਵੀਰ ਕੌਰ, ਸਰਬਜੀਤ ਸਿੰਘ, ਭੁਪਿੰਦਰ ਕਲੇਰ, ਸੋਨੂੰ ਯੂ ਐਸ ਏ, ਅਮਰੀਕ ਸਿੰਘ ਕਲੇਰ, ਪ੍ਰਦੀਪ ਸਿੰਘ ਬੀਸਲਾ, ਬਿੰਦਰ ਕਲੇਰ, ਕੁਲਵਿੰਦਰ ਕਲੇਰ, ਮਾਸਟਰ ਪਰਮਜੀਤ, ਡਾ. ਗੁਰਪ੍ਰੀਤ ਸਿੰਘ ਬਾਗਲਾ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

## ਪੁਲ ਦੇ ਨਿਰਮਾਣ ਕਾਰਜਾਂ ਦਾ ਵਿਧਾਇਕ ਵੱਲੋਂ ਨਿਰੀਖਣ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)** ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਜ਼ੀਰਕਪੁਰ ਦੇ ਬਲਟਾਨਾ ਵਿਖੇ ਸੁਖਨਾ ਚੋਅ ਉੱਪਰ ਲਗਭਗ ?6 ਕਰੋੜ ਦੀ ਲਾਗਤ ਨਾਲ ਬਣ ਰਹੇ ਉੱਚ ਪੱਧਰੀ ਪੁਲ ਦੇ ਨਿਰਮਾਣ ਕਾਰਜਾਂ ਦਾ ਨਿਰੀਖਣ ਕੀਤਾ ਅਤੇ ਅਧਿਕਾਰੀਆਂ ਤੇ ਠੇਕੇਦਾਰ ਨੂੰ ਕੰਮ ਨਿਰਧਾਰਤ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਇਹ ਉੱਚ ਪੱਧਰੀ ਪੁਲ ਇਲਾਕੇ ਦੇ ਹਜ਼ਾਰਾਂ ਲੋਕਾਂ ਲਈ ਆਵਾਜਾਈ ਨੂੰ ਹੋਰ ਸੁਖਾਲਾ ਅਤੇ ਸੁਰੱਖਿਅਤ ਬਣਾਏਗਾ। ਉਨ੍ਹਾਂ ਕਿਹਾ ਕਿ ਮੀਂਹ ਦੇ ਮੌਸਮ ਦੌਰਾਨ ਸੁਖਨਾ ਚੋਅ ਵਿੱਚ ਪਾਣੀ ਦਾ ਪੱਧਰ ਵੱਧਣ ਕਾਰਨ ਲੋਕਾਂ ਨੂੰ ਆਉਣ-ਜਾਣ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਤੋਂ ਵੀ ਇਸ ਪੁਲ ਦੇ ਬਣਨ ਨਾਲ ਵੱਡੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਰਹੀ ਹੈ ਅਤੇ ਡੇਰਾਬੱਸੀ ਹਲਕੇ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਸੜਕਾਂ, ਪੁਲਾਂ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।ਐ ਇਸ ਮੌਕੇ ਐਮ ਸੀ ਕਰਮਜੀਤ ਚੌਹਾਨ ਤੇ ਗੁਰਪ੍ਰੀਤ ਸਿੰਘ ਵਿਰਕ ਮੌਜੂਦ ਰਹੇ ।

